ਵੀਰਵਾਰ, 14 ਮਈ, 2026
31 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 343

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 14 MAY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਝੋਨੇ ਦਾ ਭਾਅ 72 ਰੁਪਏ ਵਧਾਇਆ

## ਸੂਰਜਮੁਖੀ ਦੇ ਭਾਅ 'ਚ ਸਭ ਤੋਂ ਵੱਧ 622 ਰੁਪਏ ਦਾ ਵਾਧਾ



**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਆਰਥਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਨੇ ਬੁੱਧਵਾਰ 2026-27 ਦੇ ਮਾਰਕੀਟਿੰਗ ਸੀਜ਼ਨ ਲਈ 14 ਸਾਉਣੀ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਵਿੱਚ ਵਾਧੇ ਨੂੰ ਮਨਜ਼ੂਰੀ ਦਿੱਤੀ।

ਸੂਰਜਮੁਖੀ ਦੇ ਬੀਜ ਲਈ ਐੱਮ ਐੱਸ ਪੀ ਵਿੱਚ ਸਭ ਤੋਂ ਵੱਧ 622 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਹੋਇਆ ਹੈ, ਇਸ ਤੋਂ ਬਾਅਦ ਕਪਾਹ ਵਿੱਚ 557 ਰੁਪਏ, ਨਾਈਜਰ ਸੀਡ 'ਚ 515 ਰੁਪਏ ਅਤੇ ਤਿਲਾਂ 'ਚ 500 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ।

ਮੁੱਖ ਅਨਾਜਾਂ ਵਿੱਚੋਂ ਆਮ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ 72 ਰੁਪਏ ਵਧਾ ਕੇ 2441 ਰੁਪਏ, ਜਦਕਿ ਗ੍ਰੇਡ ਏ ਝੋਨੇ ਦਾ ਮੁੱਲ 2461 ਰੁਪਏ ਕੀਤਾ ਗਿਆ ਹੈ। ਮੱਕੀ ਦਾ ਭਾਅ 2410 ਰੁਪਏ, ਜਦੋਂ ਕਿ ਬਾਜਰੇ ਦਾ 2900 ਰੁਪਏ ਅਤੇ ਰਾਗੀ ਦਾ 5205 ਰੁਪਏ ਕੀਤਾ ਗਿਆ ਹੈ। ਅਰਹਰ ਦਾ ਘੱਟੋ-ਘੱਟ ਸਮਰਥਨ ਮੁੱਲ ਵਧਾ ਕੇ 8450 ਰੁਪਏ, ਮੂੰਗ ਦਾ 8780 ਰੁਪਏ ਅਤੇ ਮਾਂਹ ਦਾ 8200 ਰੁਪਏ ਪ੍ਰਤੀ ਕੁਇੰਟਲ ਕੀਤਾ ਗਿਆ ਹੈ। ਤੇਲ ਬੀਜ ਸ਼੍ਰੇਣੀ ਵਿੱਚ ਸੂਰਜਮੁਖੀ ਦੇ ਬੀਜ ਦਾ ਘੱਟੋ-ਘੱਟ ਸਮਰਥਨ ਮੁੱਲ 8343 ਰੁਪਏ, ਸੋਇਆਬੀਨ ਦਾ 5708 ਰੁਪਏ, ਤਿਲ ਦਾ 10346 ਰੁਪਏ, ਮੂੰਗਫਲੀ ਦਾ 7517 ਰੁਪਏ ਅਤੇ ਨਾਈਜਰ ਸੀਡ ਦਾ 10052 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ।

ਦਰਮਿਆਨੇ ਸਟੈਪਲ ਵਾਲੀ ਕਪਾਹ ਦਾ ਘੱਟੋ-ਘੱਟ ਸਮਰਥਨ ਮੁੱਲ 8267 ਅਤੇ ਲੰਮੇ ਸਟੈਪਲ ਵਾਲੀ ਕਪਾਹ ਦਾ ਮੁੱਲ 8667 ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ।

ਅਧਿਕਾਰਤ ਅਨੁਮਾਨਾਂ ਅਨੁਸਾਰ ਕਿਸਾਨਾਂ ਨੂੰ ਮੂੰਗੀ ਵਿੱਚ ਉਤਪਾਦਨ ਲਾਗਤ ਤੋਂ ਵੱਧ 61 ਪ੍ਰਤੀਸ਼ਤ ਦਾ ਸਭ ਤੋਂ ਵੱਧ ਮਾਰਜਨ ਮਿਲਣ ਦੀ ਉਮੀਦ ਹੈ, ਉਸ ਤੋਂ ਬਾਅਦ ਬਾਜਰਾ ਤੇ ਮੱਕੀ ਤੋਂ 56 ਪ੍ਰਤੀਸ਼ਤ ਅਤੇ ਅਰਹਰ ਤੋਂ 54 ਪ੍ਰਤੀਸ਼ਤ ਦਾ ਫਾਇਦਾ ਮਿਲੇਗਾ। ਬਾਕੀ ਫਸਲਾਂ ਲਈ ਲਾਗਤ ਤੋਂ ਵੱਧ ਮਾਰਜਨ ਲਗਭਗ 50 ਪ੍ਰਤੀਸ਼ਤ ਹੋਣ ਦਾ ਅਨੁਮਾਨ ਹੈ।

## ਰੂਸ ਵੱਲੋਂ 35 ਹਜ਼ਾਰ ਕਿੱਲੋਮੀਟਰ ਤੱਕ ਮਾਰ ਕਰਨ ਵਾਲੀ ਮਿਜ਼ਾਈਲ 'ਸਰਮਤ' ਦੀ ਪਰਖ

**ਮਾਸਕੋ** : ਰੂਸ ਨੇ ਇੱਕ ਨਵੀਂ ਅੰਤਰ-ਮਹਾਂਦੀਪੀ ਬੈਲਿਸਟਿਕ ਮਿਜ਼ਾਈਲ 'ਸਰਮਤ' ਦੀ ਪਰਖ ਕੀਤੀ ਹੈ, ਜਿਸ ਨੂੰ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਦੁਨੀਆ ਦੀ ਸਭ ਤੋਂ ਸ਼ਕਤੀਸ਼ਾਲੀ ਮਿਜ਼ਾਈਲ ਦੱਸਿਆ ਹੈ। ਪੁਤਿਨ ਨੇ ਕਿਹਾ ਕਿ 35 ਹਜ਼ਾਰ ਕਿੱਲੋਮੀਟਰ ਤੱਕ ਮਾਰ ਕਰਨ ਦੇ ਸਮਰੱਥ ਸਰਮਤ ਮਿਜ਼ਾਈਲ ਸਾਲ ਦੇ ਅੰਤ ਵਿੱਚ ਫੌਜ 'ਚ ਸ਼ਾਮਲ ਹੋ ਜਾਵੇਗੀ। ਆਮ ਅਨੁਮਾਨ ਮੁਤਾਬਕ ਇਸ ਦੀ ਰੇਂਜ 18 ਹਜ਼ਾਰ ਕਿੱਲੋਮੀਟਰ ਤੋਂ ਵੱਧ ਹੈ। ਸਰਮਤ ਪ੍ਰਮਾਣੂ ਹਥਿਆਰ ਲਿਜਾਣ ਵਾਲੀ ਮਿਜ਼ਾਈਲ ਹੈ। ਇਸ ਨੂੰ 'ਸੈਟਨ-2' ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ। ਇਹ ਪੁਰਾਣੀ ਐੱਸ ਐੱਸ-18 ਮਿਜ਼ਾਈਲ ਤੇ ਆਧੁਨਿਕ ਤੇ ਵਧੇਰੇ ਖਤਰਨਾਕ ਰੂਪ ਹੈ। ਇਸ ਦੀ ਸਭ ਤੋਂ ਖਾਸ ਖ਼ੂਬੀ ਇਹ ਹੈ ਕਿ ਇਹ ਉੱਤਰੀ ਧਰੁਵ ਤੇ ਦੱਖਣੀ ਧਰੁਵ ਦੋਹਾਂ ਰਾਹਾਂ ਤੋਂ ਨਿਸ਼ਾਨੇ ਨੂੰ ਵਿੰਨ੍ਹ ਸਕਦੀ ਹੈ। ਇਹ ਦੁਸ਼ਮਣ ਦੇ ਮਿਜ਼ਾਈਲ ਡਿਫੈਂਸ ਸਿਸਟਮ ਨੂੰ ਝਕਾਨੀ ਦੇਣ 'ਚ ਮਾਹਰ ਹੈ। ਇਹ ਦੁਨੀਆ ਦੇ ਕਿਸੇ ਵੀ ਕੋਨੇ 'ਤੇ ਨਿਸ਼ਾਨਾ ਲਾ ਸਕਦੀ ਹੈ।



## 12ਵੀਂ 'ਚ ਤਿੰਨ ਖਿਡਾਰਨਾਂ ਦੇ 500/500



ਸੁਪਨੀਤ ਕੌਰ — ਸੁਹਾਨੀ ਚੌਹਾਨ — ਦਿਵਾਂਸ਼ੀ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੁੱਧਵਾਰ ਨੂੰ ਬਾਰ੍ਹਵੀਂ ਜਮਾਤ ਦੇ ਸਾਲਾਨਾ ਨਤੀਜਿਆਂ ਦਾ ਅਧਿਕਾਰਤ ਐਲਾਨ ਕਰ ਦਿੱਤਾ ਗਿਆ ਹੈ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਦੱਸਿਆ ਕਿ ਇਸ ਸਾਲ ਮੈਰਿਟ ਸੂਚੀ ਵਿੱਚ ਕੁੜੀਆਂ ਨੇ ਮੁੜ ਆਪਣਾ ਦਬਦਬਾ ਬਣਾਇਆ ਹੈ। ਸੂਬੇ ਦੇ ਪਹਿਲੇ ਤਿੰਨੋਂ ਸਥਾਨਾਂ 'ਤੇ ਰਹਿਣ ਵਾਲੀਆਂ ਵਿਦਿਆਰਥਣਾਂ ਨੇ 500 ਵਿੱਚੋਂ 500 ਅੰਕ ਹਾਸਲ ਕਰਕੇ ਇਤਿਹਾਸ ਰਚ ਦਿੱਤਾ ਹੈ। ਪਹਿਲਾ ਸਥਾਨ ਸੁਪਨੀਤ ਕੌਰ ਗੁਰੂ ਕੁਲ ਅਕੈਡਮੀ ਪਬਲਿਕ ਸੀਨੀ. ਸੈਕੰ. ਸਕੂਲ, ਉੱਭਾ ਨੇ ਪ੍ਰਾਪਤ ਕੀਤਾ ਹੈ। ਇਹ ਹੋਣਹਾਰ ਵਿਦਿਆਰਥਣ ਸ਼ੂਟਿੰਗ ਦੀ ਖਿਡਾਰਨ ਹੈ ਅਤੇ ਰਾਸ਼ਟਰੀ (ਨੈਸ਼ਨਲ) ਪੱਧਰ 'ਤੇ ਮੈਡਲ ਜਿੱਤ ਚੁੱਕੀ ਹੈ। ਸੁਹਾਨੀ ਚੌਹਾਨ ਨੇ ਦੂਜਾ ਸਥਾਨ ਹਾਸਲ ਕੀਤਾ ਹੈ। ਸੁਹਾਨੀ ਬੇਸਬਾਲ ਦੀ ਖਿਡਾਰਨ ਹੈ। ਦਿਵਾਂਸ਼ੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਦਿਵਾਂਸ਼ੀ ਸੌਫਟਬਾਲ ਦੀ ਖਿਡਾਰਨ ਹੈ । ਨਤੀਜਿਆਂ ਤੋਂ ਬਾਅਦ ਜਿੱਥੇ ਮਾਨਸਾ ਦੇ ਪਿੰਡ ਉੱਭਾ ਵਿੱਚ ਸੁਪਨੀਤ ਕੌਰ ਦੀ ਪ੍ਰਾਪਤੀ ਦੇ ਜਸ਼ਨ ਮਨਾਏ ਜਾ ਰਹੇ ਹਨ, ਉੱਥੇ ਹੀ ਲੁਧਿਆਣਾ ਦੇ ਦੋ ਸਕੂਲਾਂ ਨੇ ਸੂਬੇ ਦੀ ਮੈਰਿਟ ਵਿੱਚ ਦੂਜਾ ਤੇ ਤੀਜਾ ਸਥਾਨ ਹਾਸਲ ਕਰਕੇ ਸਨਅਤੀ ਸ਼ਹਿਰ ਦਾ ਨਾਂਅ ਸਿੱਖਿਆ ਦੇ ਖੇਤਰ ਵਿੱਚ ਉੱਚਾ ਕੀਤਾ ਹੈ।

ਕੁੱਲ 2,65,417 ਵਿਦਿਆਰਥੀਆਂ ਨੇ 12ਵੀਂ ਜਮਾਤ ਦੀ ਸਾਲਾਨਾ ਪ੍ਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ 2,42,755 ਪਾਸ ਹੋਏ। ਇਸ ਹਿਸਾਬ ਨਾਲ ਪਾਸ ਪ੍ਰਤੀਸ਼ਤਤਾ 91.46 ਫ਼ੀਸਦ ਰਹੀ। ਕਾਮਰਸ ਸਟ੍ਰੀਮ ਵਿੱਚ ਸਭ ਤੋਂ ਵੱਧ ਪਾਸ ਦਰ 98.78 ਫ਼ੀਸਦ ਦਰਜ ਕੀਤੀ ਗਈ ਹੈ, ਜਿਸ ਤਹਿਤ 34,496 ਵਿਦਿਆਰਥੀਆਂ ਵਿੱਚੋਂ 34,074 ਵਿਦਿਆਰਥੀ ਪਾਸ ਹੋਏ। ਸਾਇੰਸ ਸਟ੍ਰੀਮ ਵਿੱਚ 98.47 ਫ਼ੀਸਦ ਪਾਸ ਪ੍ਰਤੀਸ਼ਤਤਾ ਰਹੀ, 56,456 ਵਿੱਚੋਂ 55,593 ਵਿਦਿਆਰਥੀ ਪਾਸ ਹੋਏ। ਹਿਊਮੈਨਿਟੀਜ਼ ਸਟ੍ਰੀਮ ਦੇ 1,65,457 ਵਿਦਿਆਰਥੀਆਂ ਵਿੱਚੋਂ 1,45,179 ਪਾਸ ਹੋਏ, ਜਿਸ ਨਾਲ 87.74 ਫ਼ੀਸਦ ਦਰ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਵੋਕੇਸ਼ਨਲ ਸਟ੍ਰੀਮ ਵਿੱਚ 87.80 ਫ਼ੀਸਦ ਪਾਸ ਪ੍ਰਤੀਸ਼ਤਤਾ ਦਰਜ ਕੀਤੀ, ਜਿਸ ਵਿੱਚ 9,008 ਵਿਦਿਆਰਥੀਆਂ ਵਿੱਚੋਂ 7,909 ਨੇ ਪ੍ਰੀਖਿਆ ਪਾਸ ਕੀਤੀ। ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਿਹਾ ਕਿ ਇਹ ਨਤੀਜਾ ਸਾਡੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ, ਸਾਡੇ ਅਧਿਆਪਕਾਂ ਦੇ ਸਮਰਪਣ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਬੇਮਿਸਾਲ ਸੁਧਾਰਾਂ ਨੂੰ ਉਜਾਗਰ ਕਰਦਾ ਹੈ। ਅੱਵਲ ਰਹੀਆਂ ਤਿੰਨੋਂ ਵਿਦਿਆਰਥਣਾਂ ਦੀ ਸ਼ਾਨਦਾਰ ਉਪਲੱਬਧੀ ਲਈ ਸ਼ਲਾਘਾ ਕਰਦਿਆਂ ਬੈਂਸ ਨੇ ਸਾਰੇ ਸਫਲ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾ ਕਿਹਾ ਕਿ ਵੱਖ-ਵੱਖ ਸਟ੍ਰੀਮਾਂ ਵਿੱਚ ਵਿਦਿਆਰਥੀਆਂ ਵੱਲੋਂ ਪੂਰੇ ਅੰਕ ਪ੍ਰਾਪਤ ਕੀਤੇ ਗਏ ਹਨ, ਜੋ ਕਿ ਸ਼ਲਾਘਾਯੋਗ ਹੈ। ਉਨ੍ਹਾ ਨੇ ਬਿਹਤਰ ਨਤੀਜਿਆਂ ਦਾ ਸਿਹਰਾ ਡਿਜੀਟਲ ਕਲਾਸਰੂਮਾਂ, ਅਧਿਆਪਕ ਸਿਖਲਾਈ ਅਤੇ ਸਮੇਂ ਸਿਰ ਸਿਲੇਬਸ ਪੂਰਾ ਕਰਨ ਲਈ ਸੂਬਾ ਸਰਕਾਰ ਦੀ ਤਰਜੀਹ ਨੂੰ ਦਿੱਤਾ।

# ਮੋਦੀ ਸਰਕਾਰ ਕਮਿਊਨਿਸਟਾਂ ਨੂੰ ਖਤਮ ਨਹੀਂ ਕਰ ਸਕਦੀ : ਬੰਤ ਬਰਾੜ

## ਮਾਰਕਸਵਾਦ ਲਕੀਰ ਦਾ ਫਕੀਰ ਨਹੀਂ ਹੋ ਸਕਦਾ : ਹਰਭਜਨ ਸਿੰਘ




**ਤਰਨ ਤਾਰਨ** : ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਸੁਖਚੈਨ ਸਿੰਘ ਝਬਾਲ ਤੇ ਕਿਰਨਜੀਤ ਕੌਰ ਵਲਟੋਹਾ ਦੀ ਪ੍ਰਧਾਨਗੀ ਹੇਠ ਮਹਾਨ ਦੇਸ਼ ਭਗਤ ਅਰਜਨ ਸਿੰਘ ਗੜਗੱਜ ਭਵਨ ਤਰਨ ਤਾਰਨ ਵਿਖੇ ਸਰਗਰਮ ਪਾਰਟੀ ਮੈਂਬਰਾਂ ਦਾ ਪੰਜਾਬ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਕੇਂਦਰ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਬਾਬਤ ਮਾਰਕਸਵਾਦੀ ਨਜ਼ਰੀਏ ਤੋਂ ਸਿਧਾਂਤਕ ਕੈਂਪ ਲਾਇਆ ਗਿਆ। ਕੈਂਪ ਦਾ ਉਦਘਾਟਨ ਕਰਦਿਆਂ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਹਰਭਜਨ ਸਿੰਘ ਤਰਨ ਤਾਰਨ ਨੇ ਕਿਹਾ ਕਿ ਜਿਨ੍ਹਾਂ ਬਾਬੇ ਨਾਨਕ ਨੂੰ ਪੜ੍ਹਿਆ ਅਤੇ ਉਨ੍ਹਾਂ ਦੀ ਸਿੱਖਿਆ 'ਤੇ ਅਮਲ ਕੀਤਾ ਹੈ, ਉਹ ਹੀ ਅਸਲੀ ਸਿੱਖ ਹੋ ਸਕਦੇ ਹਨ। ਇਸੇ ਤਰ੍ਹਾਂ ਜਿਨ੍ਹਾਂ ਨੇ ਮਾਰਕਸ, ਏਂਗਲਜ਼ ਅਤੇ ਲੈਨਿਨ ਨੂੰ ਪੜ੍ਹਿਆ ਤੇ ਉਸ 'ਤੇ ਅਮਲ ਕੀਤਾ ਹੈ, ਅਸਲੀ ਕਮਿਊਨਿਸਟ ਵੀ ਉਹ ਹੀ ਹੋ ਸਕਦੇ ਹਨ। ਮਾਰਕਸਵਾਦ ਗਿਆਨ ਹੈ। ਗਿਆਨ ਅਥਾਹ ਅਤੇ ਅਮੁੱਕ ਹੁੰਦਾ ਹੈ, ਜੋ ਕਦੀ ਵੀ ਪੂਰਾ ਨਹੀਂ ਲਿਆ ਜਾ ਸਕਦਾ। ਗਿਆਨ ਰੁਕਦਾ ਨਹੀਂ, ਗਿਆਨ ਅਗਾਂਹ ਤੋਂ ਅਗਾਂਹ, ਨਵੇਂ ਤੋਂ ਨਵਾਂ ਆਉਂਦਾ ਹੀ ਰਹਿੰਦਾ ਹੈ। ਇਸੇ ਲਈ ਮਾਰਕਸਵਾਦ ਲਕੀਰ ਦਾ ਫਕੀਰ ਨਹੀਂ ਹੋ ਸਕਦਾ, ਇਸ ਵਿੱਚ ਵੀ ਨਵਾਂ ਲੋਕ-ਪੱਖੀ ਗਿਆਨ ਜੁੜ ਸਕਦਾ ਹੈ। ਉਨ੍ਹਾ ਕਿਹਾ ਕਿ ਸਾਡੀਆਂ ਸਰਕਾਰਾਂ ਦੀਆਂ ਲੋਕ-

• ਬਾਕੀ ਸਫਾ 2 'ਤੇ

## ਪੰਜਾਬ 'ਚ ਖਾਦਾਂ ਦੀ ਨਹੀਂ ਆਉਣ ਦਿੱਤੀ ਜਾਵੇਗੀ ਕਮੀ, ਬਦਲਵੀਆਂ ਫਸਲਾਂ ਨੂੰ ਮਿਲੇਗਾ ਉਤਸ਼ਾਹ : ਭਗਵੰਤ ਮਾਨ



**ਨਵੀਂ ਦਿੱਲੀ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਮੁਲਾਕਾਤ ਕਰਕੇ ਸੂਬੇ ਦੇ ਕਿਸਾਨਾਂ ਨਾਲ ਜੁੜੇ ਅਹਿਮ ਮੁੱਦੇ ਉਠਾਏ।ਮੀਟਿੰਗ ਦੌਰਾਨ ਕੇਂਦਰ ਵੱਲੋਂ ਪੰਜਾਬ ਵਿੱਚ ਖਾਦਾਂ ਦੀ ਨਿਰਵਿਘਨ ਸਪਲਾਈ ਅਤੇ ਸਾਉਣੀ ਸੀਜ਼ਨ ਦੌਰਾਨ ਸੁਚਾਰੂ ਖਰੀਦ ਪ੍ਰਬੰਧਾਂ ਦਾ ਭਰੋਸਾ ਦਿੱਤਾ ਗਿਆ।ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਝੋਨੇ ਦੇ ਬਜਾਏ ਮੱਕੀ, ਦਾਲਾਂ, ਤੇਲ ਵਾਲੇ ਬੀਜ, ਸੂਰਜਮੁਖੀ ਅਤੇ ਬਾਜਰੇ ਵਰਗੀਆਂ ਬਦਲਵੀਆਂ ਫਸਲਾਂ ਨੂੰ ਉਤਸ਼ਾਹਿਤ ਕਰੇਗੀ ਤਾਂ ਜੋ ਧਰਤੀ ਹੇਠਲੇ ਪਾਣੀ ਦੀ ਬਚਤ ਕੀਤੀ ਜਾ ਸਕੇ।ਉਨ੍ਹਾਂ ਦੱਸਿਆ ਕਿ ਸੂਬੇ ਦੇ 150 ਵਿੱਚੋਂ 117 ਬਲਾਕ ਡਾਰਕ ਜ਼ੋਨ ਵਿੱਚ ਪਹੁੰਚ ਚੁੱਕੇ ਹਨ, ਜਿਸ ਕਾਰਨ ਫਸਲੀ ਵਿਭਿੰਨਤਾ ਸਮੇਂ ਦੀ ਲੋੜ ਬਣ ਗਈ ਹੈ।ਭਗਵੰਤ ਮਾਨ ਨੇ ਕੇਂਦਰ ਕੋਲ ਬਦਲਵੀਆਂ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ (ਐਮ ਐਸ ਪੀ) ਲਾਗੂ ਕਰਨ ਦੀ ਵੀ ਮੰਗ ਕੀਤੀ ਤਾਂ ਜੋ ਕਿਸਾਨਾਂ ਨੂੰ ਕਣਕ-ਝੋਨੇ ਦੇ ਚੱਕਰ ਤੋਂ ਬਾਹਰ ਕੱਢਿਆ ਜਾ ਸਕੇ। ਉਨ੍ਹਾਂ ਕੁਝ ਹਾਈਬ੍ਰਿਡ ਝੋਨੇ ਦੇ ਬੀਜਾਂ ਦੀ ਗੁਣਵੱਤਾ 'ਤੇ ਵੀ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਇਨ੍ਹਾਂ ਕਾਰਨ ਮਿਲਿੰਗ ਦੌਰਾਨ ਦਾਣਾ ਟੁੱਟਣ ਦੀ ਸਮੱਸਿਆ ਆ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਖਰੀਦ ਸਮੇਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇਸ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਕਮੇਟੀ ਬਣਾਉਣ ਅਤੇ ਪੰਜਾਬ ਨਾਲ ਮਿਲ ਕੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਦੇ ਨਾਲ ਹੀ ਪੰਜਾਬ ਨੇ ਕੇਂਦਰੀ ਬੀਜ ਕਮੇਟੀ ਵਿੱਚ ਸੂਬੇ ਦੀ ਪ੍ਰਤੀਨਿਧਤਾ ਅਤੇ 2026-27 ਲਈ ਕਣਕ ਦੇ ਬੀਜਾਂ 'ਤੇ ਸਬਸਿਡੀ ਦੀ ਮੰਗ ਵੀ ਕੀਤੀ।ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ ਨੇ ਕੇਂਦਰ ਵੱਲੋਂ ਦਿੱਤਾ 125 ਲੱਖ ਮੀਟ੍ਰਿਕ ਟਨ ਕਣਕ ਉਤਪਾਦਨ ਦਾ ਟੀਚਾ ਸਫਲਤਾਪੂਰਵਕ ਪੂਰਾ ਕਰ ਲਿਆ ਹੈ ਅਤੇ ਸੂਬਾ ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਅਹਿਮ ਯੋਗਦਾਨ ਪਾ ਰਿਹਾ ਹੈ।

## ਚਾਰ ਆਈ ਏ ਐੱਸ ਅਧਿਕਾਰੀ ਤਬਦੀਲ

**ਚੰਡੀਗੜ੍ਹ (ਸੁਰਜੀਤ ਸੁਮਨ)** -ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਵੱਲੋਂ ਬੁੱਧਵਾਰ ਚਾਰ ਆਈ ਏ ਐੱਸ ਅਧਿਕਾਰੀਆਂ ਦੀਆਂ ਬਦਲੀਆਂ/ ਤਾਇਨਾਤੀਆਂ ਕੀਤੀਆਂ ਗਈਆਂ। ਰਾਮ ਵੀਰ ਨੂੰ ਕਮਿਸ਼ਨਰ ਜਲੰਧਰ ਡਵੀਜ਼ਨ ਤੇ ਵਾਧੂ ਚਾਰਜ ਪ੍ਰਬੰਧਕੀ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ (ਨੀਲ ਕੰਠ ਐੱਸ ਆਵਾੜ ਨੂੰ ਕੇਂਦਰੀ ਡੈਪੂਟੇਸ਼ਨ ਲਈ ਰਿਲੀਵ ਕਰਦੇ ਹੋਏ), ਘਨਸ਼ਿਆਮ ਥੋਰੀ ਨੂੰ ਸਕੱਤਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਤੇ ਵਾਧੂ ਚਾਰਜ ਮਿਸ਼ਨ ਡਾਇਰੈਕਟਰ ਨੈਸ਼ਨਲ ਸਿਹਤ ਮਿਸ਼ਨ, ਪੰਜਾਬ ਵਾਧੂ ਚਾਰਜ ਸਕੱਤਰ ਮੈਡੀਕਲ ਸਿੱਖਿਆ ਤੇ ਖੋਜ ਵਿਭਾਗ, ਪੁਨੀਤ ਗੋਇਲ ਨੂੰ ਵਿਸ਼ੇਸ਼ ਸਕੱਤਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਅਤੇ ਵਾਧੂ ਚਾਰਜ ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਤੇ ਇਸੇ ਤਰ੍ਹਾਂ ਅਕਸ਼ਿਤਾ ਗੁਪਤਾ ਨੂੰ ਐਡੀਸ਼ਨਲ ਡਿਪਟੀ ਕਮਿਸ਼ਨਰ (ਜਨਰਲ) ਰੂਪਨਗਰ ਤਾਇਨਾਤ ਕੀਤਾ ਗਿਆ ਹੈ।

## ਦਲਜੀਤ ਦੁਸਾਂਝ ਦੇ ਮੈਨੇਜਰ ਦੇ ਘਰ 'ਤੇ ਫਾਇਰਿੰਗ ਪਿੱਛੇ ਸਿਆਸੀ ਮਨੋਰਥ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਹਰਿਆਣਾ ਸਰਕਾਰ ਵੱਲੋਂ ਦਿਲਜੀਤ ਦੋਸਾਂਝ ਦੇ ਮੈਨੇਜਰ ਗੁਰਪ੍ਰਤਾਪ ਸਿੰਘ ਕੰਗ ਦੇ ਗੋਂਡਰ ਪਿੰਡ (ਕਰਨਾਲ) ਸਥਿਤ ਘਰ ਦੇ ਬਾਹਰ ਫਾਇਰਿੰਗ ਦੀ ਕਿਸੇ ਵੀ ਘਟਨਾ ਤੋਂ ਇਨਕਾਰ ਕੀਤਾ ਗਿਆ ਹੈ, ਪਰ ਸੱਤਾਧਾਰੀ ਆਮ ਆਦਮੀ ਪਾਰਟੀ ਨੇ ਇਸ ਘਟਨਾ ਦੇ ਪਿੱਛੇ 'ਸਿਆਸੀ ਮਨੋਰਥ' ਹੋਣ ਦਾ ਦੋਸ਼ ਲਗਾਇਆ ਹੈ। ਪੰਜਾਬ ਵਿੱਚ ਸੱਤਾਧਾਰੀ ਪਾਰਟੀ ਦੇ ਆਗੂਆਂ ਨੇ ਦਾਅਵਾ ਕੀਤਾ ਹੈ ਕਿ ਇਹ ਘਟਨਾ ਵਾਪਰੀ ਹੈ ਅਤੇ ਲਾਰੈਂਸ ਬਿਸ਼ਨੋਈ ਗੈਂਗ ਨੇ ਇਸ ਦੀ ਜ਼ਿੰਮੇਵਾਰੀ ਲਈ ਹੈ। ਪਾਰਟੀ ਆਗੂਆਂ ਦਾ ਕਹਿਣਾ ਹੈ ਕਿ ਇਹ ਸਭ ਦੋਸਾਂਝ 'ਤੇ ਭਾਜਪਾ ਵਿੱਚ ਸ਼ਾਮਲ ਹੋਣ ਲਈ ਦਬਾਅ ਪਾਉਣ ਲਈ ਕੀਤਾ ਗਿਆ ਹੈ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜਿਵੇਂ ਹੀ ਦਿਲਜੀਤ ਦੋਸਾਂਝ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦਾ ਭਾਜਪਾ ਨਾਲ ਕੋਈ ਲੈਣਾ-ਦੇਣਾ ਨਹੀਂ ਹੈ, ਲਾਰੈਂਸ ਬਿਸ਼ਨੋਈ ਗੈਂਗ ਵੱਲੋਂ ਉਨ੍ਹਾਂ ਦੇ ਮੈਨੇਜਰ ਨੂੰ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਦੋਸ਼ ਲਾਇਆ ਕਿ ਇਹ ਗੈਂਗ ਬਿਨਾਂ ਕਿਸੇ ਡਰ ਦੇ ਕੰਮ ਕਰ ਰਿਹਾ ਹੈ ਕਿਉਂਕਿ ਭਾਜਪਾ ਨੇ ਬਿਸ਼ਨੋਈ ਨੂੰ ਸਾਬਰਮਤੀ ਜੇਲ੍ਹ ਵਿੱਚ ਪੁੱਛਗਿੱਛ ਤੋਂ ਬਚਾ ਕੇ ਰੱਖਿਆ ਹੋਇਆ ਹੈ। 'ਆਪ' ਦੇ ਕਈ ਹੋਰ ਮੰਤਰੀਆਂ ਨੇ ਵੀ ਕਿਹਾ ਕਿ ਦਲਜੀਤ ਦੋਸਾਂਝ ਨੇ ਭਾਜਪਾ ਦੀ ਪੇਸ਼ਕਸ਼ ਨੂੰ ਠੁਕਰਾ ਦਿੱਤਾ ਸੀ, ਇਸ ਲਈ ਇਹ ਫਾਇਰਿੰਗ ਦੀ ਘਟਨਾ ਹੋਈ ਹੈ।

## ਤਾਮਿਲਨਾਡੂ ਦੇ ਮੁੱਖ ਮੰਤਰੀ ਵਿਜੇ ਵੱਲੋਂ 144 ਵੋਟਾਂ ਨਾਲ ਬਹੁਮਤ ਸਾਬਤ



**ਚੇਨਈ** : ਤਮਿਲਨਾਡੂ 'ਚ ਸੀ ਜੋਸਫ਼ ਵਿਜੇ ਦੀ ਟੀ ਵੀ ਕੇ ਸਰਕਾਰ ਨੇ ਭਰੋਸੇ ਦਾ ਵੋਟ ਹਾਸਲ ਕਰ ਲਿਆ ਹੈ। ਤਮਿਲਨਾਡੂ ਵਿਧਾਨ ਸਭਾ ਸਪੀਕਰ ਜੇ ਸੀ ਡੀ ਪ੍ਰਭਾਕਰ ਅਨੁਸਾਰ ਵਿਸ਼ਵਾਸ ਮਤੇ ਦੇ ਸਮਰਥਨ 'ਚ 144 ਵਿਧਾਇਕਾਂ ਨੇ ਵੋਟ ਦਿੱਤੀ, ਜਦੋਂ ਕਿ ਵਿਰੋਧ 'ਚ 22 ਵੋਟਾਂ ਪਈਆਂ। ਇਸ ਤੋਂ ਇਲਾਵਾ 5 ਵਿਧਾਇਕ ਗੈਰ-ਹਾਜ਼ਰ ਰਹੇ, ਜਦ ਕਿ ਡੀ ਐੱਮ ਕੇ ਦੇ ਵਿਧਾਇਕ ਬਾਈਕਾਟ ਕਰ ਗਏ। ਸੱਤਾਧਾਰੀ ਟੀ ਵੀ ਕੇ ਦੇ ਵਿਧਾਇਕਾਂ ਦੀ ਕੁੱਲ ਗਿਣਤੀ 107 ਹੈ, ਜਿਸ ਵਿਚ ਸਪੀਕਰ ਵੀ ਸ਼ਾਮਲ ਹਨ। ਪਾਰਟੀ ਦੇ ਤਿਰੂਪੱਤੂਰ ਤੋਂ ਵਿਧਾਇਕ ਆਰ. ਸ੍ਰੀਨਿਵਾਸਨ ਸੇਤੂਪਤੀ ਹਾਈ ਕੋਰਟ ਦੇ ਇਕ ਫੈਸਲੇ ਤੋਂ ਬਾਅਦ ਆਪਣੀ ਵੋਟ ਨਹੀਂ ਪਾ ਸਕੇ। ਸੱਤਾਧਾਰੀ ਪਾਰਟੀ ਨੂੰ ਕਾਂਗਰਸ ਦੇ ਪੰਜ ਵਿਧਾਇਕਾਂ, ਸੀ ਪੀ ਆਈ, ਸੀ ਪੀ ਐੱਮ, ਵੀ ਸੀ ਕੇ ਅਤੇ ਆਈ ਯੂ ਐੱਮ ਐੱਲ , ਜਿਨ੍ਹਾਂ ਦੇ ਦੋ-ਦੋ ਵਿਧਾਇਕ ਹਨ, ਦਾ ਸਮਰਥਨ ਮਿਲਿਆ। ਇਸ ਤੋਂ ਇਲਾਵਾ ਏ ਆਈ ਏ ਡੀ ਐੱਮ ਕੇ ਦੇ ਵਿਧਾਇਕਾਂ ਦੇ ਇਕ ਧੜੇ ਨੇ ਸਰਕਾਰ ਨੂੰ ਸਮਰਥਨ ਦਿੱਤਾ।

## ਸ਼ਹੀਦ ਗੁਰਮੇਲ ਸਿੰਘ ਹੂੰਝਣ ਤੇ ਜੋਗਿੰਦਰ ਸਿੰਘ ਦੀ ਬਰਸੀ ਅੱਜ



ਗੁਰਮੇਲ ਸਿੰਘ ਹੂੰਝਣ — ਜੋਗਿੰਦਰ ਸਿੰਘ

**ਲੁਧਿਆਣਾ (ਐੱਮ ਐੱਸ ਭਾਟੀਆ)**-ਹਰ ਸਾਲ ਦੀ ਤਰ੍ਹਾਂ ਅੱਜ ਪਿੰਡ ਪੰਧੇਰ ਖੇੜੀ ਵਿਖੇ ਸ਼ਹੀਦ ਕਾਮਰੇਡ ਗੁਰਮੇਲ ਸਿੰਘ ਹੂੰਝਣ ਅਤੇ ਜੋਗਿੰਦਰ ਸਿੰਘ ਦੀ 37ਵੀਂ ਬਰਸੀ 'ਤੇ ਸ਼ਹੀਦੀ ਸਮਾਗਮ ਕੀਤਾ ਜਾ ਰਿਹਾ ਹੈ। ਦੇਸ਼ ਦੀ ਏਕਤਾ, ਅਖੰਡਤਾ ਦੀ ਰਾਖੀ ਅਤੇ ਸਮਾਜਿਕ ਸਦਭਾਵਨਾ ਲਈ ਸ਼ਹੀਦ ਹੋਏ ਸਾਥੀਆਂ ਦੀ ਯਾਦ ਵਿੱਚ ਹਰ ਸਾਲ 14 ਮਈ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਹੈ। ਇਸ ਵਾਰ ਸ਼ਹੀਦੀ ਸਮਾਗਮ ਨੂੰ ਸੰਬੋਧਨ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕਾਰਜਕਾਰਨੀ ਕਮੇਟੀ ਦੇ ਮੈਂਬਰ ਅਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਮੁੱਖ ਬੁਲਾਰੇ ਹੋਣਗੇ। ਸਮਾਗਮ ਦੀਆਂ ਤਿਆਰੀਆਂ ਵਿੱਚ ਡੀ ਪੀ ਮੌੜ ਜ਼ਿਲ੍ਹਾ ਸਕੱਤਰ ਅਤੇ ਭਗਵਾਨ ਸਿੰਘ ਸੋਮਲ ਖੇੜੀ ਬਲਾਕ ਸਕੱਤਰ ਦੀ ਅਗਵਾਈ ਵਿੱਚ ਪੂਰੇ ਲੁਧਿਆਣਾ ਜ਼ਿਲ੍ਹੇ ਵਿੱਚ ਅਤੇ ਬਲਾਕ ਮਲੌਦ ਦੇ ਪਾਰਟੀ ਦੇ ਅਹੁਦੇਦਾਰ ਦਿਨ-ਰਾਤ ਲੱਗੇ ਹੋਏ ਹਨ। ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਣ ਕਰਨ ਲਈ ਪਹੁੰਚਣਗੇ। ਇਸ ਮੌਕੇ ਇਪਟਾ ਪੰਜਾਬ ਵੱਲੋਂ ਨਾਟਕ ਅਤੇ ਕੋਰੀਓਗ੍ਰਾਫੀ ਪੇਸ਼ ਕੀਤੀ ਜਾਵੇਗੀ।ਪਿੰਡ ਪੰਧੇਰ ਖੇੜੀ ਦੇ ਪ੍ਰਾਇਮਰੀ ਸਕੂਲ ਦੇ ਬੱਚਿਆਂ ਨੂੰ ਕਾਪੀਆਂ ਅਤੇ ਸਕੂਲੀ ਬੈਗ ਦਿੱਤੇ ਜਾਣਗੇ।

## 'ਵੀਰਾ' ਦੇ ਨਾਲ 'ਗੁੱਡੀ'




**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਅਤੇ ਇਸ ਦੇ ਪਸਾਰ ਦੇ ਵਿਜ਼ਨ ਤਹਿਤ, ਪੰਜਾਬ ਸਿਵਲ ਸਕੱਤਰੇਤ-1 ਵਿਖੇ ਬੁੱਧਵਾਰ ਮਿਲਕਫੈੱਡ ਦੀ ਪਹਿਲੀ ਅੱਤ-ਆਧੁਨਿਕ ਵੈਂਡਿੰਗ ਮਸ਼ੀਨ ਸਥਾਪਤ ਕੀਤੀ ਗਈ। ਇਸ ਦਾ ਉਦਘਾਟਨ ਪੰਜਾਬ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਨੇ ਕੀਤਾ। ਇਹ ਮਸ਼ੀਨਾਂ ਟੈਟਰਾਪੈਕ ਫਲੇਵਰਡ ਮਿਲਕ, ਲੱਸੀ, ਫਲਾਂ ਦੇ ਜੂਸ, ਮਿਨਰਲ ਵਾਟਰ ਅਤੇ ਆਈਸ ਕਰੀਮ ਵਰਗੇ ਉਤਪਾਦਾਂ ਨੂੰ ਗਾਹਕਾਂ ਲਈ ਵਧੇਰੇ ਸੁਵਿਧਾਜਨਕ ਤਰੀਕੇ ਨਾਲ ਉਪਲੱਬਧ ਕਰਵਾਉਣਗੀਆਂ। ਇਸ ਮੌਕੇ ਵੇਰਕਾ ਦੇ ਮਸ਼ਹੂਰ ਮੈਸਕਟ 'ਵੀਰਾ' ਦੀ ਸਾਥਣ 'ਗੁੱਡੀ' ਨੂੰ ਵੀ ਉਪਭੋਗਤਾਵਾਂ ਦੇ ਰੂ-ਬਰੂ ਕੀਤਾ ਗਿਆ। ਬ੍ਰਾਂਡ ਵੇਰਕਾ ਵੱਲੋਂ 'ਗੁੱਡੀ' ਨੂੰ ਲਾਂਚ ਕਰਨਾ ਲਿੰਗ ਸਮਾਨਤਾ ਨੂੰ ਉਤਸ਼ਾਹਤ ਕਰਨ ਵੱਲ ਇੱਕ ਸਾਰਥਕ ਕਦਮ ਮੰਨਿਆ ਜਾ ਰਿਹਾ ਹੈ। ਮਿਲਕਫੈੱਡ ਪੰਜਾਬ ਦੇ ਮੈਨੇਜਿੰਗ ਡਾਇਰੈਕਟਰ ਰਾਹੁਲ ਗੁਪਤਾ ਨੇ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ ਮਿਲਕਫੈੱਡ ਦਾ ਕਾਰੋਬਾਰ ਲੱਗਭੱਗ 7,250 ਕਰੋੜ ਰੁਪਏ ਤੱਕ ਪਹੁੰਚਣ ਦਾ ਅਨੁਮਾਨ ਹੈ, ਜੋ ਕਿ ਪਿਛਲੇ ਸਾਲ ਦੇ 6,395 ਕਰੋੜ ਰੁਪਏ ਦੇ ਮੁਕਾਬਲੇ 13 ਫੀਸਦੀ ਦਾ ਸ਼ਾਨਦਾਰ ਵਾਧਾ ਹੈ।

## ਨੀਟ ਤੇ ਐੱਨ ਟੀ ਏ ਨੂੰ ਖਤਮ ਕੀਤਾ ਜਾਵੇ : ਸੀ ਪੀ ਆਈ

**ਸ਼ਾਹਕੋਟ/ਲੁਧਿਆਣਾ (ਗਿਆਨ ਸੈਦਪੁਰੀ/ਰੈਕਟਰ ਕਥੂਰੀਆ)**-ਭਾਰਤੀ ਕਮਿਊਨਿਸਟ ਪਾਰਟੀ ਨੇ ਨੀਟ ਘੁਟਾਲੇ ਲਈ ਮੋਦੀ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਸੀ ਪੀ ਆਈ ਦੇ ਕੌਮੀ ਸਕੱਤਰੇਤ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਨੀਟ ਘੁਟਾਲੇ ਨੇ ਮੋਦੀ ਸਰਕਾਰ ਦੀ ਪ੍ਰੀਖਿਆ ਪ੍ਰਣਾਲੀ ਦੇ ਪੂਰੀ ਤਰ੍ਹਾਂ ਢਹਿ-ਢੇਰੀ ਹੋ ਜਾਣ ਦਾ ਪਰਦਾ ਫਾਸ਼ ਕਰ ਦਿੱਤਾ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਪਾਰਟੀ ਪੇਪਰ ਲੀਕ ਅਤੇ ਵੱਡੇ ਪੱਧਰ 'ਤੇ ਬੇਨਿਯਮੀਆਂ ਤੋਂ ਬਾਅਦ ਨੀਟ ਪ੍ਰੀਖਿਆ ਰੱਦ ਕਰਨ ਦੀ ਸਖਤ ਨਿੰਦਾ ਕਰਦੀ ਹੈ। ਲੱਖਾਂ ਵਿਦਿਆਰਥੀਆਂ, ਜਿਨ੍ਹਾਂ ਨੇ ਉਮੀਦਾਂ ਨਾਲ ਪੜ੍ਹਾਈ ਕੀਤੀ ਸੀ, ਨੂੰ ਇੱਕ ਵਾਰ ਫਿਰ ਮੋਦੀ ਸਰਕਾਰ ਦੀ ਅਸਫਲਤਾ ਕਾਰਨ ਸਜ਼ਾ ਦਿੱਤੀ ਜਾ ਰਹੀ ਹੈ। ਇਹ ਕੋਈ ਹਾਦਸਾ ਨਹੀਂ, ਸਗੋਂ ਇਕ ਪੈਟਰਨ ਹੈ। ਵਾਰ-ਵਾਰ ਪੇਪਰ ਲੀਕ, ਪ੍ਰੀਖਿਆ ਘੁਟਾਲਿਆਂ ਅਤੇ ਰੱਦ ਕਰਨ ਨੇ ਇਸ ਸ਼ਾਸਨ ਅਧੀਨ ਪ੍ਰੀਖਿਆ ਪ੍ਰਣਾਲੀ ਦੇ ਢਹਿ-ਢੇਰੀ ਹੋਣ ਦਾ ਪਰਦਾ ਫਾਸ਼ ਕੀਤਾ ਹੈ। ਮੋਦੀ ਸਰਕਾਰ ਨੇ ਵਿਦਿਆਰਥੀਆਂ ਦੀਆਂ ਇਛਾਵਾਂ ਨੂੰ ਵਾਰ-ਵਾਰ ਕੁਚਲਿਆ ਹੈ। ਇੱਕ ਡੂੰਘੇ ਵਿਤਕਰੇ ਵਾਲੀ ਪ੍ਰਣਾਲੀ ਨੂੰ ਅੱਗੇ ਵਧਾਇਆ ਹੈ, ਜੋ ਗਰੀਬ, ਪੇਂਡੂ ਅਤੇ ਹਾਸ਼ੀਏ 'ਤੇ ਧੱਕੇ ਗਏ ਵਿਦਿਆਰਥੀਆਂ ਦੀ ਕੀਮਤ 'ਤੇ ਕੋਚਿੰਗ ਸੈਂਟਰਾਂ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਲੋਕਾਂ ਨੂੰ ਲਾਭ ਪਹੁੰਚਾਉਂਦੀ ਹੈ।

ਸੀ ਪੀ ਆਈ ਦੁਹਰਾਉਂਦੀ ਹੈ ਕਿ ਨੀਟ ਖੁਦ ਬੇਇਨਸਾਫੀ ਅਤੇ ਵਿਤਕਰੇ ਵਾਲੀ ਹੈ। ਤਾਜ਼ਾ ਅਸਫਲਤਾ ਇੱਕ ਵਾਰ ਫਿਰ ਸਾਬਤ ਕਰਦੀ ਹੈ ਕਿ ਕੇਂਦਰਕ੍ਰਿਤ ਪ੍ਰੀਖਿਆ ਪ੍ਰਣਾਲੀ ਨਿਰਪੱਖਤਾ ਜਾਂ ਭਰੋਸੇਯੋਗਤਾ ਦੀ ਗਰੰਟੀ ਨਹੀਂ ਦੇ ਸਕਦੀ। ਨੀਟ ਅਤੇ ਐੱਨ ਟੀ ਏ ਨੂੰ ਖਤਮ ਕੀਤਾ ਜਾਣਾ ਚਾਹੀਦਾ ਹੈ ਅਤੇ ਪ੍ਰੀਖਿਆ ਪ੍ਰਣਾਲੀ ਨੂੰ ਲੋਕਤੰਤਰੀ ਅਤੇ ਵਿਕੇਂਦਰੀਕ੍ਰਿਤ ਕੀਤਾ ਜਾਣਾ ਚਾਹੀਦਾ ਹੈ। ਤਾਜ਼ਾ ਘੁਟਾਲੇ ਦੀ ਸੁਪਰੀਮ ਕੋਰਟ ਦੀ ਨਿਗਰਾਨੀ ਹੇਠ ਜਾਂਚ ਹੋਣੀ ਚਾਹੀਦੀ ਹੈ। ਵਿਦਿਆਰਥੀਆਂ ਦੇ ਭਵਿੱਖ ਨਾਲ ਖੇਡਣ ਵਾਲੇ ਦੋਸ਼ੀਆਂ ਦੀ ਪਛਾਣ

• ਬਾਕੀ ਸਫਾ 2 'ਤੇ

## ਸੁਰਜੀਤ ਸਿੰਘ ਰੱਖੜਾ ਹੋਣਗੇ 'ਆਪ' 'ਚ ਸ਼ਾਮਲ

**ਘੱਗਾ (ਪਟਿਆਲਾ)**-ਸ਼੍ਰੋਮਣੀ ਅਕਾਲੀ ਦਲ 'ਪੁਨਰ ਸੁਰਜੀਤ' ਦੇ ਸੀਨੀਅਰ ਆਗੂ ਤੇ ਮੋਢੀ ਸਰਦਾਰ ਸੁਰਜੀਤ ਸਿੰਘ ਰੱਖੜਾ ਹੁਣ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦੀ ਤਿਆਰੀ ਵਿੱਚ ਹਨ। ਦੱਸਿਆ ਜਾ ਰਿਹਾ ਕਿ ਉਹ ਆਪਣੇ ਪਿਤਰੀ ਹਲਕੇ ਵਿਧਾਨ ਸਭਾ ਹਲਕਾ ਸਮਾਣਾ ਤੋਂ ਹੀ ਆਪ ਦੀ ਤਰਫੋਂ ਚੋਣ ਲੜਨ ਦੇ ਰੌਂਅ ਵਿੱਚ ਹਨ। ਸੂਤਰਾਂ ਮੁਤਾਬਿਕ ਰੱਖੜਾ ਪਰਵਾਰ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਸਾਰੀ ਗੱਲ ਤੈਅ ਹੋ ਚੁੱਕੀ ਹੈ। ਰੱਖੜਾ ਨੂੰ 'ਆਪ' ਵਿੱਚ ਜੁਆਇਨ ਕਰਵਾਉਣ ਲਈ ਮੁੱਖ ਮੰਤਰੀ ਮਾਨ ਖੁਦ ਪਟਿਆਲਾ ਵਿਖੇ ਸਥਿਤ ਉਨ੍ਹਾਂ ਦੇ ਘਰ 'ਕਰਤਾਰ ਵਿਲਾ' ਆ ਰਹੇ ਹਨ।

## ਮਿਊਂਸਪਲ ਕਰਮਚਾਰੀ ਸੰਯੁਕਤ ਕਮੇਟੀ ਵੱਲੋਂ ਧਰਨਾ



**ਲੁਧਿਆਣਾ (ਐੱਮ ਐੱਸ ਭਾਟੀਆ)**

ਨਗਰ ਨਿਗਮ ਵੱਲੋਂ ਲੁਧਿਆਣਾ ਵਿਖੇ ਠੇਕੇਦਾਰੀ ਪ੍ਰਥਾ ਨੂੰ ਮੁੱਖ ਰੱਖਦੇ ਹੋਏ 26 ਵਾਰਡਾਂ ਦੀ ਸਫਾਈ ਸੀਵਰ ਦੇ ਕੰਮ ਨੂੰ ਇੱਕ ਨਿੱਜੀ ਕੰਪਨੀ ਦੇ ਠੇਕੇਦਾਰ ਨੂੰ 38 ਕਰੋੜ ਵਿੱਚ ਦੋ ਸਾਲਾਂ ਲਈ ਦੇਣ ਵਿਰੁੱਧ ਬੁੱਧਵਾਰ ਮਿਊਂਸਪਲ ਕਰਮਚਾਰੀਆਂ ਦੀ ਸੰਯੁਕਤ ਕਮੇਟੀ ਵੱਲੋਂ ਨਗਰ ਨਿਗਮ ਦੇ ਦਫਤਰ ਮਾਤਾ ਰਾਣੀ ਚੌਂਕ ਜ਼ੋਨ-ਏ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਸੰਯੁਕਤ ਕਮੇਟੀ ਤੋਂ ਇਲਾਵਾ ਹੋਰ ਕਈ ਭਰਾਤਰੀ ਜਥੇਬੰਦੀਆਂ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ। ਬੁਲਾਰਿਆਂ ਵੱਲੋਂ ਮੰਗ ਕੀਤੀ ਗਈ ਕਿ ਡੋਰ-ਟੂ-ਡੋਰ ਕੁਲੈਕਸ਼ਨ ਦਾ ਕੰਮ ਕਰਨ ਵਾਲੇ ਕਰਮਚਾਰੀਆਂ ਦੀ ਪੱਕੀ ਭਰਤੀ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਓਵਰਏਜ ਮਾਲੀ, ਬੇਲਦਾਰ, ਸੀਵਰਮੈਨ ਅਤੇ ਸਫਾਈ ਸੇਵਕ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ।ਧਰਨੇ ਨੂੰ ਏਟਕ ਵੱਲੋਂ ਪੰਜਾਬ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਲੁਧਿਆਣਾ ਜ਼ਿਲ੍ਹਾ ਦੇ ਜਨਰਲ ਸਕੱਤਰ ਐੱਮ ਐੱਸ ਭਾਟੀਆ, ਏਟਕ ਦੇ ਸੀਨੀਅਰ ਆਗੂ ਰਮੇਸ਼ ਰਤਨ, ਵਿਜੇ ਕੁਮਾਰ, ਇੰਟਕ ਦੇ ਆਗੂ ਐਡਵੋਕੇਟ ਸਰਬਜੀਤ ਸਿੰਘ ਸਰਹਾਲੀ, ਗੁਰਜੀਤ ਸਿੰਘ ਜਗਪਾਲ, ਮਹੀਪਾਲ, ਦੀਪਕ ਹੰਸ, ਰਾਜੇਸ਼ ਕੁਮਾਰ ਅਤੇ ਨਰਿੰਦਰ ਸੋਨੀ ਆਦਿ ਨੇ ਸੰਬੋਧਨ ਕੀਤਾ। ਅੰਤ ਵਿੱਚ ਨਗਰ ਨਿਗਮ ਅਧਿਕਾਰੀ ਨੂੰ ਮੰਗ ਪੱਤਰ ਦਿੱਤਾ ਗਿਆ।

## ਅੱਜ-ਨਾਮਾ

ਸ਼ਹਿਰੀ ਚੋਣਾਂ ਲਈ ਚੱਲਿਆ ਨਵਾਂ ਚੱਕਰ,
ਲੱਗਾ ਈ ਲੀਡਰਾਂ ਦਾ ਲੱਗਣ ਜ਼ੋਰ ਮੀਆਂ।
ਜਿਹੜੇ ਡਿੱਠੇ ਸਨ ਕੱਲ੍ਹ ਤੱਕ ਐਸ਼ ਕਰਦੇ,
ਤੁਰਦੇ ਵੇਖਿਉ ਫਿਰ ਕਾਹਲੀ ਤੋਰ ਮੀਆਂ।
ਟਿਕਟਾਂ ਵਾਸਤੇ ਲੱਗਾ ਬਈ ਜ਼ੋਰ ਬਾਹਲਾ,
ਪਾਰਟੀ ਆਹ ਜਾਂ ਆਹ ਕੋਈ ਹੋਰ ਮੀਆਂ।
ਲਾ ਲੈਣ ਜ਼ੋਰ ਉਹ ਜਿੰਨਾ ਹਨ ਲਾ ਸਕਦੇ,
ਅੰਤ ਵਿੱਚ ਲੋਕਾਂ ਦੇ ਹੱਥ ਆ ਡੋਰ ਮੀਆਂ।
ਲੋਕਾਂ ਈ ਵੇਖਣਾ ਪਾਰਟੀ ਦਾ ਬੁਰਾ-ਚੰਗਾ,
ਕਰਨਗੇ ਇੰਜ ਤਾਂ ਹੋਊ ਸਭ ਠੀਕ ਮੀਆਂ।
ਠੱਗਾਂ-ਚੋਰਾਂ ਵੀ ਚੋਣ ਵਿੱਚ ਦਾਅ ਲਾਉਣੇ,
ਉਹ ਵੀ ਵਕਤ ਦੀ ਕਰਨ ਉਡੀਕ ਮੀਆਂ।

-ਤੀਸ ਮਾਰ ਖਾਂ

# ਪੰਜਾਬੀ ਨਾਲ ਵਿਤਕਰੇ ਵਿਰੁੱਧ ਸੜਕਾਂ ਤੋਂ ਕਚਹਿਰੀ ਤੱਕ ਲੜਾਈ ਦਾ ਐਲਾਨ

### ਦੋ-ਦੋ ਕਨੂੰਨ ਹੋਣ ਦੇ ਬਾਵਜੂਦ ਆਰਮੀ ਸਕੂਲਾਂ 'ਚ ਮਾਂ-ਬੋਲੀ ਪੰਜਾਬੀ ਦਾ ਘਾਣ

**ਲੁਧਿਆਣਾ** : ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਨੇ ਆਰਮੀ ਸਕੂਲਾਂ ਵਿਚ ਪੰਜਾਬੀ ਨਾਲ ਅਨਿਆਂ ਕਰਨ ਦੇ ਮਾਮਲੇ 'ਤੇ ਤਿੱਖਾ ਰੋਸ ਪ੍ਰਗਟਾਇਆ ਹੈ। ਪੰਜਾਬੀ ਭਵਨ ਲੁਧਿਆਣਾ ਵਿਚ ਹੋਈ ਸੂਬਾ ਕਮੇਟੀ ਦੀ ਬੈਠਕ ਵਿਚ ਸਰਬਸੰਮਤੀ ਨਾਲ ਆਰਮੀ ਸਕੂਲਾਂ ਦੇ ਇਸ ਪੰਜਾਬੀ ਵਿਰੋਧੀ ਫੈਸਲੇ ਦੀ ਨਿੰਦਾ ਕੀਤੀ ਗਈ। ਸਰਬ ਭਾਰਤੀ ਪ੍ਰਗਤੀਸ਼ੀਲ ਲੇਖਕ ਸਭਾ ਦੇ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਪੰਜਾਬ ਪ੍ਰਧਾਨ ਸੁਰਜੀਤ ਜੱਜ, ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ, ਉੱਘੇ ਚਿੰਤਕ ਸਵਰਾਜਬੀਰ, ਡਾ. ਸਰਬਜੀਤ ਸਿੰਘ, ਡਾ. ਪਾਲ ਕੌਰ, ਡਾ. ਅਨੂਪ ਸਿੰਘ ਅਤੇ ਪ੍ਰੋ. ਬਲਦੇਵ ਸਿੰਘ ਬੱਲੀ ਨੇ ਕਿਹਾ ਕਿ ਦੁਨੀਆ ਦਾ ਹਰ ਭਾਸ਼ਾ ਵਿਗਿਆਨੀ ਕਹਿੰਦਾ ਹੈ ਕਿ ਜਿਸ ਧਰਤੀ ਦੀ ਜਿਹੜੀ ਭਾਸ਼ਾ ਹੁੰਦੀ ਹੈ, ਉਸ ਧਰਤੀ ਦੇ ਲੋਕ ਉਸੇ ਭਾਸ਼ਾ ਨੂੰ ਮਾਧਿਅਮ ਦੇ ਤੌਰ 'ਤੇ ਚੁਣਨ ਅਤੇ ਉਸੇ ਭਾਸ਼ਾ ਵਿਚ ਆਪਣੀ ਸਾਰੀ ਪੜ੍ਹਾਈ ਪੜ੍ਹਨ। ਇਸੇ ਤੱਥ ਨੂੰ ਧਿਆਨ ਵਿਚ ਰਖਦਿਆਂ ਪੰਜਾਬ ਵਿਧਾਨ ਸਭਾ ਵਿਚ 'ਪੰਜਾਬੀ ਐਂਡ ਅਦਰ ਲੈਂਗਵੇਜਿਜ਼ ਐਜੂਕੇਸ਼ਨ ਐਕਟ' ਬਣਾਇਆ ਗਿਆ, ਜਿਸ ਦੇ ਤਹਿਤ ਰਾਜ ਦੇ ਸਾਰੇ ਸਕੂਲਾਂ ਵਿੱਚ ਪਹਿਲੀ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਨੂੰ ਸਾਰੇ ਵਿਦਿਆਰਥੀਆਂ ਲਈ ਲਾਜ਼ਮੀ ਵਿਸ਼ਾ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਇਸ ਮੱਦ ਦੀ ਪਾਲਣਾ ਨਾ ਕਰਨ ਵਾਲੀਆਂ ਸਿੱਖਿਆ ਸੰਸਥਾਵਾਂ ਉੱਤੇ ਵੱਧ ਤੋਂ ਵੱਧ 2 ਲੱਖ ਰੁਪਏ ਤੱਕ ਜੁਰਮਾਨਾ ਲਗਾਉਣ ਦੀ ਵਿਵਸਥਾ ਵੀ ਕੀਤੀ ਗਈ ਹੈ। ਇਸ ਦੇ ਨਾਲ ਨਾਲ ਕੌਮੀ ਸਿੱਖਿਆ ਨੀਤੀ 2020 ਵੀ ਸਪੱਸ਼ਟ ਰੂਪ ਵਿਚ ਇਹ ਕਹਿੰਦੀ ਹੈ ਕਿ ਮੁਢਲੀ ਸਿੱਖਿਆ ਮਾਤ ਭਾਸ਼ਾ ਵਿਚ ਹੋਣੀ ਚਾਹੀਦੀ ਹੈ, ਪਰ ਇਹਨਾਂ ਦੋਵਾਂ ਕਨੂੰਨਾਂ ਦੇ ਬਾਵਜੂਦ ਪੰਜਾਬ ਦੀ ਧਰਤੀ 'ਤੇ ਚੱਲ ਰਹੀਆਂ ਵਿਦਿਅਕ ਸੰਸਥਾਵਾਂ ਇੱਥੋਂ ਦੀ ਭਾਸ਼ਾ ਨਾਲ ਧਰੋਹ ਕਮਾ ਰਹੀਆਂ ਹਨ। ਇਸ ਦੀ ਤਾਜ਼ਾ ਉਦਾਹਰਨ ਪੰਜਾਬ ਵਿਚ ਸਥਾਪਤ ਆਰਮੀ ਪਬਲਿਕ ਸਕੂਲਾਂ ਵਿਚ ਪੰਜਾਬੀ ਭਾਸ਼ਾ ਨੂੰ ਹਾਸ਼ੀਏ 'ਤੇ ਧੱਕਣਾ ਅਤੇ ਇਸ ਦੀ ਥਾਂ ਤੇ ਸੰਸਕ੍ਰਿਤ ਨੂੰ ਲਾਜ਼ਮੀ ਵਿਸ਼ੇ ਦੇ ਤੌਰ 'ਤੇ ਪੜ੍ਹਾਉਣਾ ਹੈ। ਇਹਨਾਂ ਸਕੂਲਾਂ ਵਿਚ 5 ਮਈ ਤੋਂ ਇਹ ਨੀਤੀ ਲਾਗੂ ਕਰ ਦਿੱਤੀ ਗਈ ਹੈ ਅਤੇ ਮਾਪਿਆਂ ਤੋਂ ਘੋਸ਼ਣਾ ਪੱਤਰ ਉਤੇ ਦਸਤਖ਼ਤ ਲਏ ਜਾ ਰਹੇ ਹਨ। ਸੀ ਬੀ ਐੱਸ ਈ ਨਾਲ ਜੁੜੇ ਇਹਨਾਂ ਸਕੂਲਾਂ ਵਿਚ ਪੰਜਾਬੀ ਨੂੰ ਪਹਿਲੇ ਤਿੰਨ ਆਪਸ਼ਨਾਂ ਵਿੱਚੋਂ ਖਾਰਜ ਕਰਕੇ ਚੌਥੀ ਆਪਸ਼ਨ ਬਣਾ ਦਿੱਤਾ ਗਿਆ ਹੈ ਅਤੇ ਇਹ ਨਿਯਮ ਬਣਾ ਦਿੱਤਾ ਗਿਆ ਹੈ ਕਿ ਜੇਕਰ ਪੰਜਾਬੀ ਪੜ੍ਹਨ ਵਾਲੇ ਵਿਦਿਆਰਥੀ 15 ਤੋਂ ਘੱਟ ਹੋਣਗੇ ਤਾਂ ਉਹਨਾਂ ਲਈ ਪੰਜਾਬੀ ਦਾ ਅਧਿਆਪਕ ਉਪਲੱਬਧ ਨਹੀਂ ਹੋਵੇਗਾ। ਕਦੇ ਹਰਿਆਣਾ ਵਿਚ ਪੰਜਾਬੀ ਦੀ ਥਾਂ ਤੇ ਤੇਲਗੂ ਨੂੰ ਦੂਜੀ ਭਾਸ਼ਾ ਬਣਾ ਕੇ ਪੰਜਾਬੀ ਨਾਲ ਧੋਖਾ ਕੀਤਾ ਗਿਆ ਸੀ ਅਤੇ ਹੁਣ ਆਪਣੀ ਧਰਤੀ 'ਤੇ ਹੀ ਪੰਜਾਬੀ ਦੀ ਥਾਂ ਸੰਸਕ੍ਰਿਤ ਨੂੰ ਲਾਜ਼ਮੀ ਵਿਸ਼ੇ ਦੇ ਤੌਰ 'ਤੇ ਰੱਖ ਕੇ ਪੰਜਾਬੀ ਨੂੰ ਚੋਣਵਾਂ ਵਿਸ਼ਾ ਬਣਾ ਦਿੱਤਾ ਗਿਆ ਹੈ।

ਉੱਘੇ ਨਿਰਦੇਸ਼ਕ ਕੇਵਲ ਧਾਲੀਵਾਲ, ਰੰਗਕਰਮੀ ਡਾ. ਸਾਹਿਬ ਸਿੰਘ, ਨਾਟ ਆਲੋਚਕ ਸਤੀਸ਼ ਕੁਮਾਰ ਵਰਮਾ, ਉੱਘੇ ਕਹਾਣੀਕਾਰ ਕਿਰਪਾਲ ਕਜ਼ਾਕ, ਬਲਦੇਵ ਮੋਗਾ, ਡਾ. ਗੁਲਜ਼ਾਰ ਪੰਧੇਰ, ਡਾ. ਅਨੂਪ ਸਿੰਘ, ਪ੍ਰੋ. ਬਲਦੇਵ ਬੱਲੀ, ਰਮੇਸ਼ ਯਾਦਵ, ਜਸਪਾਲ ਮਾਨਖੇੜਾ, ਸੁਰਿੰਦਰ ਗਿੱਲ, ਦਰਸ਼ਨ ਜੋਗਾ, ਹਰਮੀਤ ਵਿਦਿਆਰਥੀ, ਡਾ. ਸੰਤੋਖ ਸੁੱਖੀ ਅਤੇ ਹਰਿਆਣਾ ਇਕਾਈ ਦੇ ਜਨਰਲ ਸਕੱਤਰ ਡਾ. ਹਰਵਿੰਦਰ ਸਿੰਘ ਸਮੇਤ ਸਾਰੇ ਹਾਜ਼ਰ ਆਗੂਆਂ ਨੇ ਕਿਹਾ ਕਿ ਆਰਮੀ ਸਕੂਲ ਦੇ ਇਸ ਫੈਸਲੇ ਨੂੰ ਕੋਰਟ ਵਿਚ ਵੀ ਚੁਣੌਤੀ ਦਿੱਤੀ ਜਾਵੇਗੀ ਅਤੇ ਸੜਕਾਂ 'ਤੇ ਵੀ ਇਸ ਦਾ ਵਿਰੋਧ ਕੀਤਾ ਜਾਵੇਗਾ।

## ਪੰਜਾਬ ਪੁਲਸ ਲਈ ਆਧੁਨਿਕ ਹਥਿਆਰ ਬਣਿਆ 'ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ'



**ਜਲੰਧਰ** : ਪੰਜਾਬ ਪੁਲਸ ਵੱਲੋਂ ਸ਼ੁਰੂ ਕੀਤਾ ਗਿਆ ਅਤਿ-ਆਧੁਨਿਕ ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ ਦੇਸ਼ ਭਰ ਵਿੱਚ ਆਧੁਨਿਕ ਪੁਲਿਸਿੰਗ ਦੇ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ। ਅਪਰਾਧੀਆਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਤੋਂ ਲੈ ਕੇ ਉਨ੍ਹਾ ਨੂੰ ਕਾਬੂ ਕਰਨ ਤੱਕ ਪੰਜਾਬ ਪੁਲਸ ਹੁਣ ਆਰਟੀਫੀਸ਼ਲ ਇੰਟੈਲੀਜੈਂਸ ਅਤੇ ਆਪਣੇ ਕਰਮਚਾਰੀਆਂ ਦੀ ਹਿਊਮਨ ਇੰਟੈਲੀਜੈਂਸ ਦੇ ਮਿਲਾਪ ਨਾਲ 'ਸੁਰੱਖਿਅਤ ਪੰਜਾਬ' ਦੇ ਟੀਚੇ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਹਾਸਲ ਕਰ ਰਹੀ ਹੈ।

ਹਾਲ ਹੀ ਵਿੱਚ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਗੌਰਵ ਯਾਦਵ ਨੇ ਲੁਧਿਆਣਾ ਵਿੱਚ ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ ਦਾ ਉਦਘਾਟਨ ਕੀਤਾ। ਇਸ ਪ੍ਰਾਜੈਕਟ ਤਹਿਤ ਸ਼ਹਿਰ ਦੇ 259 ਸਥਾਨਾਂ 'ਤੇ ਕਰੀਬ 1,700 ਹਾਈ-ਰੈਜ਼ੋਲੂਸ਼ਨ ਕੈਮਰੇ ਲਗਾਏ ਗਏ ਹਨ, ਜਿਸ ਨਾਲ ਦੇਸ਼ ਦੇ 'ਉਦਯੋਗਿਕ ਕੇਂਦਰ' ਵਜੋਂ ਜਾਣੇ ਜਾਂਦੇ ਇਸ ਸ਼ਹਿਰ ਦੀ ਨਿਗਰਾਨੀ ਪ੍ਰਣਾਲੀ ਹੋਰ ਮਜ਼ਬੂਤ ਹੋਈ ਹੈ।ਜਲੰਧਰ ਵੀ ਆਈ ਸੀ ਸੀ ਸੀ ਪ੍ਰਾਜੈਕਟ ਦੀ ਸਫਲਤਾ ਦਾ ਵੱਡਾ ਉਦਾਹਰਨ ਬਣ ਕੇ ਉੱਭਰ ਰਿਹਾ ਹੈ। ਸ਼ਹਿਰ ਭਰ ਵਿੱਚ ਲੱਗੇ 1,007 ਹਾਈ-ਰੈਜ਼ੋਲੂਸ਼ਨ ਕੈਮਰਿਆਂ ਵਾਲੇ ਇਸ ਸਰਵੇਲੈਂਸ ਨੈੱਟਵਰਕ ਨੇ ਕਈ

• ਬਾਕੀ ਸਫਾ 2 'ਤੇ

# ਰਵਾਇਤੀ ਸਿਆਸੀ ਪਾਰਟੀਆਂ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ : ਭਗਵੰਤ ਮਾਨ

**ਸਮਰਾਲਾ, (ਸੁਰਜੀਤ ਸਿੰਘ)-** ਦੇਸ਼ ਨੂੰ ਅਜਾਦ ਹੋਏ ਹੋ ਅੱਸੀ ਸਾਲ ਹੋ ਗਏ। ਪੰਜਾਬ ਤੇ ਰਾਜ ਕਰਦਿਆਂ ਰਵਾਇਤੀ ਪਾਰਟੀਆਂ ਨੇ ਲੋਕਾਂ ਨੂੰ ਛੋਟੇ ਛੋਟੇ ਕਮਾਂ ਵਿਚ ਉਲਝਾ ਕੇ ਰੱਖਿਆ। ਉਹਨਾਂ ਬੱਚਿਆਂ ਦੀ ਸਿੱਖਿਆ ਬਾਰੇ ਕੋਈ ਧਿਆਨ ਨਹੀਂ ਦਿੱਤਾ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੜ੍ਹਾਈ ਦਾ ਪੱਧਰ ਉੱਚਾ ਚੁੱਕਣ ਲਈ ਅਧਿਆਪਕਾਂ ਨੂੰ ਟ੍ਰੇਨਿੰਗ ਦੇਣ ਲਈ ਵਿਦੇਸ਼ਾਂ ਵਿਚ ਭੇਜਿਆ। ਜਿਸ ਦਾ ਸਿੱਟਾ ਹੁਣ ਸਾਹਮਣੇ ਆਇਆ ਕਿ ਸਰਕਾਰੀ ਸਕੂਲਾਂ ਦੇ ਤਿੰਨ ਬੱਚਿਆਂ ਨੇ ਦਸਵੀਂ ਜਮਾਤ ਵਿਚ ਉੱਚ ਪੁਜੀਸ਼ਨਾਂ ਪ੍ਰਾਪਤ ਕੀਤੀਆਂ, ਜਿਹਨਾਂ ਨੂੰ ਸਰਕਾਰ ਵੱਲੋਂ ਪੰਜਾਹ ਪੰਜਾਹ ਹਾਜ਼ਰ ਰੁਪਏ ਦੇ ਇਨਾਮ ਦਿੱਤੇ ਅਤੇ ਉਹਨਾਂ ਨੂੰ ਚੰਗੇ ਸਕੂਲਾਂ ਵਿਚ ਪੜ੍ਹਾਉਣ ਦਾ ਖਰਚਾ ਚੁੱਕਣ ਦਾ ਫੈਸਲਾ ਵੀ ਕੀਤਾ। ਇਹ ਵਿਚਾਰ ਅੱਜ ਇਥੋਂ ਦੇ ਪਿੰਡ ਮਾਣਕੀ ਵਿਚ ਆਯੋਜਿਤ ਇੱਕ ਰੈਲੀ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਵਿਅਕਤ ਕੀਤੇ। ਉਹਨਾਂ ਕਿਹਾ ਕਿ ਸਰਕਾਰ ਨੇ ਲੋਕਾਂ ਨੂੰ ਮੁਫਤ ਇਲਾਜ ਲਈ ਦਸ ਲੱਖ ਰੁਪਏ ਦਾ ਸਿਹਤ ਬੀਮਾ ਦਿੱਤਾ, ਨੌਜਵਾਨਾਂ ਨੂੰ 65 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ। ਉਹਨਾਂ ਵਿਰੋਧੀ ਪਾਰਟੀਆਂ ਨੂੰ ਰਗੜੇ ਲਗਾਉਂਦਿਆਂ ਕਿਹਾ ਕਿ ਉਹਨਾਂ ਨੇ ਪੰਜਾਬ ਨੂੰ ਲੁੱਟਿਆ ਹੈ। ਪੰਜਾਬ ਦੇ ਵਿਕਾਸ ਦੇ ਬਜਾਏ ਲੋਕਾਂ ਨੂੰ ਆਟਾ ਦਾਲ ਵਿਚ ਹੀ ਉਲਝਾ ਕੇ ਰੱਖਿਆ। ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿੰਡਾਂ ਨੂੰ ਕਰੋੜਾਂ ਦੀ ਗ੍ਰਾਂਟਾਂ ਦਿੱਤੀਆਂ। ਪਿੰਡ ਮਾਣਕੀ ਨੂੰ 51 ਲੱਖ ਰੁਪਏ ਦਾਂ ਚੈੱਕ ਦਿੱਤਾ। ਪਿੰਡ ਨੂੰ ਸਕੂਲ, ਗਲੀਆਂ ਨਾਲੀਆਂ, ਲਾਇਬ੍ਰੇਰੀਆਂ, ਸੋਲਰ ਪਲਾਂਟ ਅਤੇ ਸ਼ੁੱਧ ਪਾਣੀ ਲਈ ਆਰ ਓ ਲਈ ਗ੍ਰਾਂਟਾਂ ਦਿੱਤੀਆਂ। ਉਹਨਾਂ ਕਿਹਾ ਲੋਕਾਂ ਨੂੰ ਬਿਜਲੀ ਮੁਫਤ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦਿੱਤੀ। ਇਸ ਤੋਂ ਇਲਾਵਾ ਔਰਤਾਂ ਨੂੰ 1000/1500 ਰੁਪਏ ਉਹਨਾਂ ਦੇ ਖਾਤਿਆਂ ਵਿਚ ਪਾਏ। ਉਹਨਾਂ ਬੇਅਦਬੀ ਕਾਨੂੰਨ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਕਾਨੂੰਨ ਕਿਸੇ ਸੂਰਤ ਵਿਚ ਵਾਪਸ ਨਹੀਂ ਹੋਵੇਗਾ। ਉਹਨਾਂ ਦੋਸ਼ ਲਾਇਆ ਕਿ ਅਕਾਲੀ, ਕਾਂਗਰਸ ਅਤੇ ਭਾਜਪਾ ਦੰਗਿਆਂ ਦੀ ਸਿਆਸਤ ਕਰਦੇ ਹਨ। ਉਹਨਾਂ ਕਿਹਾ ਕਿ ਭਾਜਪਾ ਪੰਜਾਬ ਵਿਰੋਧੀ ਹੈ। ਉਹ ਪੰਜਾਬ ਦੇ ਪਾਣੀ, ਯੂਨੀਵਰਸਿਟੀ, ਭਾਖੜਾ ਡੈਮ ਨੂੰ ਪੰਜਾਬ ਨੂੰ ਦੇਣ ਦੇ ਹੱਕ ਵਿੱਚ ਨਹੀਂ ਹਨ। ਭਾਜਪਾ ਨੇ ਕਿਸਾਨ ਅੰਦੋਲਨ ਦੌਰਾਨ 700 ਕਿਸਾਨ ਨੂੰ ਸ਼ਹੀਦ ਕੀਤਾ ਹੈ। ਜੇਕਰ ਪੰਜਾਬ ਵਿੱਚ ਭਾਜਪਾ ਆ ਗਈ ਤਾਂ ਉਹ ਖੇਤੀ ਵਿਰੋਧੀ ਕਾਨੂੰਨ ਮੁੜ ਲਾਗੂ ਕਰੇਗੀ। ਉਹਨਾਂ ਕਿਹਾ ਭਾਜਪਾ ਵਪਾਰੀਆਂ ਦੀ ਪਾਰਟੀ ਹੈ, ਉਸ ਨੂੰ ਪੰਜਾਬ ਦੇ ਵਿਕਾਸ ਅਤੇ ਹਿਤਾਂ ਤੋਂ ਕੁਝ ਲੈਣਾ ਦੇਣਾ ਨਹੀਂ ਹੈ।



# 72 ਘੰਟਿਆਂ ਦੀ ਬਜਾਏ 193 ਦਿਨਾਂ ਤੋਂ ਬਦਲਿਆ ਬਿਜਲੀ ਦਾ ਮੀਟਰ

## ਘੇਸਲ਼ ਮਾਰੀ ਵਾਲੇ ਜੇ.ਈ ਨੂੰ ਭਰਨਾ ਪੈ ਸਕਦੈ 10 ਹਜ਼ਾਰ ਰੁਪਏ ਹਰਜਾਨਾ

**ਤਲਵੰਡੀ ਸਾਬੋ (ਜਗਦੀਪ ਗਿੱਲ)** ਬਿਜਲੀ ਉਪਭੋਗਤਾ ਸ੍ਰੀ ਪ੍ਰਵੀਨ ਕੁਮਾਰ ਗਰਗ ਦਾ ਉਹ ਬਿਜਲੀ ਮੀਟਰ ਜਿਹੜਾ ਸੜ ਜਾਣ ਪਿੱਛੋਂ ਨਿਯਮਾਂ ਅਨੁਸਾਰ ਸਿਰਫ ਤਿੰਨ ਦਿਨ ਦੇ ਅੰਦਰ ਅੰਦਰ ਬਦਲਿਆ ਜਾਣਾ ਚਾਹੀਦਾ ਸੀ, ਛੇ ਮਹੀਨਿਆਂ ਤੋਂ ਵੀ ਵੱਧ ਸਮੇਂ ਤੋਂ ਜਦੋਂ ਨਹੀਂ ਬਦਲਿਆ ਗਿਆ ਤਾਂ ਹੁਣ ਸਬੰਧਤ ਬਿਜਲੀ ਕਰਮਚਾਰੀ (ਜੇ.ਈ) ਚੇਤਨ ਗਰਗ ਨੂੰ ਇਸ ਅਣਗਹਿਲੀ ਬਦਲੇ 10 ਹਜ਼ਾਰ ਰੁਪਏ ਬਤੌਰ ਮੁਆਵਜ਼ਾ ਖਪਤਕਾਰ ਨੂੰ ਦੇਣ ਦੇ ਵਿਭਾਗੀ ਹੁਕਮ ਹੋ ਗਏ ਦੱਸੇ ਜਾ ਰਹੇ ਹਨ। ਇਹ ਜਾਣਕਾਰੀ ਸੀਨੀਅਰ ਕਾਰਜਕਾਰੀ ਇੰਜਨੀਅਰ ਵੰਡ ਉਪ ਮੰਡਲ ਮੌੜ ਵੱਲੋਂ ਜਾਰੀ ਕੀਤੇ ਪੱਤਰ ਨੰਬਰ 4053 ਮਿਤੀ 11-5-2026 ਤੋਂ ਪ੍ਰਾਪਤ ਹੋਈ ਹੈ।ਪੱਤਰ ਅਨੁਸਾਰ ਤਲਵੰਡੀ ਸਾਬੋ ਦੇ ਰਹਿਣ ਵਾਲੇ ਪੀੜਤ ਖਪਤਕਾਰ ਪਰਵੀਨ ਗਰਗ ਦਾ ਬਿਜਲੀ ਮੀਟਰ 14-8- 2023 ਨੂੰ ਸੜ ਗਿਆ ਸੀ, ਜਿਸ ਪਿੱਛੋਂ ਖਪਤਕਾਰ ਨੇ 17-8-2023 ਨੂੰ ਮਹਿਕਮੇ ਦੀ ਅਧਿਕਾਰਤ ਫੀਸ ਭਰਦਿਆਂ ਨਵਾਂ ਮੀਟਰ ਲਾਉਣ ਦੀ ਅਰਜ਼ੀ ਦਿੱਤੀ ਸੀ।ਨਿਯਮਾਂ ਅਨੁਸਾਰ ਉਕਤ ਮੀਟਰ 72 ਘੰਟਿਆਂ ਦੇ ਅੰਦਰ 20-8-2023 ਤੱਕ ਬਦਲਿਆ ਜਾਣਾ ਚਾਹੀਦਾ ਸੀ, ਪ੍ਰੰਤੂ ਸਬੰਧਤ ਜੇ-ਈ ਵੱਲੋਂ ਮਾਰੀ ਰੱਖੀ ਗਈ ਕਥਿਤ ਘੇਸਲ਼ ਦੇ ਚਲਦਿਆਂ ਨਹੀਂ ਸੀ ਬਦਲਿਆ ਜਾ ਸਕਿਆ। ਪੀੜਤ ਉਪਭੋਗਤਾ ਪ੍ਰਵੀਨ ਗਰਗ ਨੇ ਦੱਸਿਆ ਕਿ ਆਖਰ ਉਸ ਦਾ ਸੜਿਆ ਹੋਇਆ ਮੀਟਰ 1-3- 2024 ਨੂੰ ਬਿਜਲੀ ਮਹਿਕਮੇ ਵੱਲੋਂ ਬਦਲਿਆ ਗਿਆ।ਉਧਰ ਜਾਰੀ ਹੋਏ ਉਕਤ ਪੱਤਰ ਅਨੁਸਾਰ ਭਾਵੇਂ 193 ਦਿਨਾਂ ਦੀ ਦੇਰੀ ਤੇ ਪ੍ਰਤੀ ਦਿਨ 300 ਰੁਪਏ ਦੇ ਮੁਆਵਜ਼ੇ ਅਨੁਸਾਰ ਲਗਭਗ 57 ਹਜ਼ਾਰ ਰੁਪਏ ਦਾ ਮੁਆਵਜ਼ਾ ਦਿੱਤਾ ਜਾਣਾ ਬਣਦਾ ਸੀ, ਪ੍ਰੰਤੂ ਸੋਧੇ ਹੋਏ ਨਿਯਮਾਂ ਦੇ ਚੱਲਦਿਆਂ ਪਤਾ ਲੱਗਾ ਹੈ ਕਿ ਹੁਣ ਦਸ ਹਜ਼ਾਰ ਰੁਪਏ ਸਬੰਧਤ ਜੇ-ਈ ਨੂੰ ਮੁਆਵਜੇ ਦੇ ਤੌਰ 'ਤੇ ਪੀੜਤ ਖਪਤਕਾਰ ਨੂੰ ਦੇਣ ਦੇ ਵਿਭਾਗੀ ਹੁਕਮ ਹੋ ਗਏ ਹਨ। ਸ਼ਿਕਾਇਤਕਰਤਾ ਦੇ ਮੀਟਰ ਨੂੰ ਦੇਰੀ ਨਾਲ ਬਦਲਣ ਲਈ ਜ਼ਿੰਮੇਵਾਰ ਕ੍ਰਮਚਾਰੀ ਇੰਜਨੀਅਰ ਚੇਤਨ ਗਰਗ ਵਿਰੁੱਧ ਹੁਣ ਅਨੁਸ਼ਾਸਨੀ ਕਾਰਵਾਈ ਵੀ ਸ਼ੁਰੂ ਹੋ ਚੁੱਕੀ ਹੈ।ਸਬੰਧਤ ਜੂਨੀਅਰ ਇੰਜੀਨੀਅਰ ਦੇ ਫੋਨ ਨੰਬਰ ਉੱਪਰ ਉਸਦਾ ਪੱਖ ਜਾਨਣ ਲਈ ਜਦੋਂ ਸੰਪਰਕ ਕੀਤਾ ਗਿਆ ਤਾਂ ਉਹ ਇਸ ਬਾਰੇ ਕੋਈ ਵੀ ਟਿੱਪਣੀ ਦੇਣ ਤੋਂ ਟਾਲ਼ਾ ਵੱਟ ਗਏ।




# ਫ਼ਤਹਿ ਕਾਲਜ ਦੇ 119 ਵਿਦਿਆਰਥੀਆਂ ਦੀ ਬੱਲੇ-ਬੱਲੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਫ਼ਤਿਹ ਗਰੁੱਪ ਦੇ ਐਜੂਕੇਸ਼ਨ ਵਿਭਾਗ ਨੇ ਇੱਕ ਵਾਰ ਫਿਰ ਆਪਣੀ ਅਕਾਦਮਿਕ ਕੁਸ਼ਲਤਾ ਦਿੰਦਿਆਂ ਪੰਜਾਬ ਅਧਿਆਪਕ ਯੋਗਤਾ ਟੈਸਟ-2026 'ਚ ਸ਼ਾਨਦਾਰ ਤੇ ਯਾਦਗਾਰ ਨਤੀਜਾ ਦਰਜ ਕੀਤਾ ਹੈ।ਇਸ ਮਹੱਤਵਪੂਰਨ ਪ੍ਰੀਖਿਆ 'ਚ ਫ਼ਤਿਹ ਕਾਲਜ ਦੇ ਕੁੱਲ 119 ਵਿਦਿਆਰਥੀਆਂ ਨੇ ਸਫਲਤਾ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਸੂਬੇ ਭਰ 'ਚ ਰੌਸ਼ਨ ਕੀਤਾ ਹੈ।ਪ੍ਰਾਪਤ ਨਤੀਜਿਆਂ ਅਨੁਸਾਰ ਪੀਐਸਟੀਈਟੀ-ਪਹਿਲਾ ਵਿੱਚ ਈ.ਟੀ.ਟੀ. ਦੇ 51 ਵਿਦਿਆਰਥੀਆਂ ਤੇ ਪੀਐਸਟੀਈਟੀ-ਦੂਜਾ 'ਚ ਬੀ.ਐਡ. ਦੇ 68 ਵਿਦਿਆਰਥੀਆਂ ਨੇ ਪ੍ਰੀਖਿਆ ਪਾਸ ਕੀਤੀ।ਇਹ ਉਪਲੱਬਧੀ ਵਿਦਿਆਰਥੀਆਂ ਦੀ ਅਟੱਲ ਮਿਹਨਤ, ਅਧਿਆਪਕਾਂ ਦੇ ਸਮਰਪਤ ਮਾਰਗਦਰਸ਼ਨ ਅਤੇ ਸੰਸਥਾ ਦੀ ਗੁਣਵੱਤਾ-ਪੂਰਨ ਸਿੱਖਿਆ ਪ੍ਰਣਾਲੀ ਦਾ ਜੀਵੰਤ ਪ੍ਰਮਾਣ ਹੈ।ਇਸ ਵਿਸ਼ੇਸ਼ ਸਫ਼ਲਤਾ ਦੇ ਪਿੱਛੇ ਸਹਾਇਕ ਪ੍ਰੋਫੈਸਰ ਸੰਦੀਪ ਕੌਰ, ਡਾ. ਗੁਰਵਿੰਦਰ ਸਿੰਘ, ਸਹਾਇਕ ਪ੍ਰੋਫੈਸਰ ਜੌਨੀ ਰਾਣੀ, ਸਹਾਇਕ ਪ੍ਰੋਫੈਸਰ ਪੂਜਾ ਰਾਣੀ, ਸਹਾਇਕ ਪ੍ਰੋਫੈਸਰ ਮੁਕੇਸ਼, ਸਹਾਇਕ ਪ੍ਰੋਫੈਸਰ ਸੁਖਵੀਰ ਕੌਰ ਤੇ ਸਹਾਇਕ ਪ੍ਰੋਫੈਸਰ ਰੀਵਾ ਜੈਨ ਦੀ ਅਣਥੱਕ ਮਿਹਨਤ ਤੇ ਸਮਰਪਣ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਨ੍ਹਾਂ ਅਧਿਆਪਕਾਂ ਨੇ ਯੋਜਨਾਬੱਧ ਤਿਆਰੀ, ਨਿਯਮਿਤ ਅਭਿਆਸ ਪ੍ਰੀਖਿਆਵਾਂ ਤੇ ਵਿਅਕਤੀਗਤ ਮਾਰਗਦਰਸ਼ਨ ਰਾਹੀਂ ਵਿਦਿਆਰਥੀਆਂ ਨੂੰ ਇਹ ਸ਼ਾਨਦਾਰ ਸਫ਼ਲਤਾ ਹਾਸਲ ਕਰਨ ਲਈ ਤਿਆਰ ਕੀਤਾ।



# ਰਾਜੋਮਾਜਰਾ ਦੀ ਕਮਲਦੀਪ ਕੌਰ ਮੈਰਿਟ 'ਚ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਅਨੁਸਾਰ ਸਰਕਾਰੀ ਹਾਈ ਸਕੂਲ ਰਾਜੋਮਾਜਰਾ ਦੀ ਵਿਦਿਆਰਥਣ ਕਮਲਦੀਪ ਕੌਰ ਨੇ ਬੋਰਡ ਦੀ ਮੈਰਿਟ ਸੂਚੀ 'ਚ 20ਵਾਂ ਸਥਾਨ ਪ੍ਰਾਪਤ ਕਰਕੇ ਆਪਣੇ ਪਿੰਡ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਮੁਖੀ ਵਿਪਨ ਕੁਮਾਰ ਗਰਗ ਵੱਲੋਂ ਦਿੱਤੀ ਜਾਣਕਾਰੀ ਮੁਤਾਬਕ ਵਿਦਿਆਰਥਣ ਕਮਲਦੀਪ ਕੌਰ ਨੇ ਦਸਵੀਂ ਜਮਾਤ ਦੀ ਪ੍ਰੀਖਿਆ 'ਚੋਂ 625/650 ਅੰਕ ਪ੍ਰਾਪਤ ਕਰਕੇ ਜਿੱਥੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਕਲਾਸ ਇੰਚਾਰਜ ਮੈਡਮ ਕੁਲਜੀਤ ਕੌਰ, ਮੈਥ ਮਾਸਟਰ ਰੋਹਿਤ ਕੁਮਾਰ ਤੇ ਸਾਰੇ ਸਟਾਫ ਮੈਂਬਰ ਸਹਿਬਾਨ ਨੇ ਵਿਦਿਆਰਥਣ ਦੇ ਘਰ ਜਾ ਕੇ ਮੂੰਹ ਮਿੱਠਾ ਕਰਾਇਆ।



# ਮਿਊਂਸਪਲ ਚੋਣਾਂ ਦੌਰਾਨ ਹਰਪਾਲ ਸੋਨੂੰ ਨੂੰ ਬਲਾਕ ਬਰੇਟਾ ਦਾ ਅਬਜਰਵਰ ਨਿਯੁਕਤ ਕੀਤਾ

**ਸੰਗਰੂਰ (ਪ੍ਰਵੀਨ ਸਿੰਘ)** ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਪੰਜਾਬ ਅੰਦਰ ਹੋਣ ਜਾ ਰਹੀਆਂ ਮਿਊਂਸਪਲ ਕਮੇਟੀ ਦੀਆਂ ਚੋਣਾਂ ਦੌਰਾਨ ਵੱਖ-ਵੱਖ ਹਲਕਿਆਂ ਅੰਦਰ ਚੋਣ ਅਬਜਰਵਰ ਨਿਯੁਕਤ ਕੀਤੇ ਗਏ ਹਨ।ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਓ.ਬੀ.ਸੀ ਡਿਪਾਰਟਮੈਂਟ ਦੇ ਵਾਈਸ ਚੇਅਰਮੈਨ ਤੇ ਸੰਗਰੂਰ ਤੋਂ ਮੁੱਖ ਬੁਲਾਰੇ ਹਰਪਾਲ ਸਿੰਘ ਸੋਨੂੰ ਦੀ ਪਾਰਟੀ ਦੀ ਬਿਹਤਰੀ ਲਈ ਕੀਤੇ ਜਾ ਰਹੇ ਕੰਮਾਂ ਤੇ ਲਗਾਤਾਰ ਕੀਤੀ ਜਾ ਰਹੀ ਮਿਹਨਤ ਨੂੰ ਮੁੱਖ ਰੱਖਦਿਆਂ ਮਿਉਂਸਪਲ ਚੋਣਾਂ ਦੌਰਾਨ ਬਰੇਟਾ ਦਾ ਅਬਜਰਵਰ ਨਿਯੁਕਤ ਕੀਤਾ ਗਿਆ ਹੈ। ਹਰਪਾਲ ਸੋਨੂੰ ਵੱਲੋਂ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸ਼੍ਰੀ ਵਿਜੈ ਇੰਦਰ ਸਿੰਗਲਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਕਾਂਗਰਸ ਪਾਰਟੀ ਮਿਹਨਤੀ ਤੇ ਸਮਰਪਤ ਵਰਕਰਾਂ ਨੂੰ ਅੱਗੇ ਵਧਣ ਦਾ ਮੌਕਾ ਦਿੰਦੀ ਹੈ।ਸੋਨੂੰ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਹੋ ਰਹੀਆਂ ਮਿਊਂਸਪਲ ਕਾਰਪੋਰੇਸ਼ਨ, ਨਗਰ ਕੌਂਸਲ ਤੇ ਨਗਰ ਨਿਗਮ ਪੰਚਾਇਤੀ ਚੋਣਾਂ ਦੇ ਸੰਬੰਧ ਵਿੱਚ ਮੈਨੂੰ ਬਰੇਟਾ ਦਾ ਅਬਜ਼ਰਵਰ ਨਿਯੁਕਤ ਕਰਕੇ ਜੋ ਵਿਸ਼ਵਾਸ਼ ਜਤਾਇਆ ਗਿਆ ਹੈ, ਮੈਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗਾ ਤੇ ਪਾਰਟੀ ਦੀ ਬਿਹਤਰੀ ਲਈ ਦਿਨ ਰਾਤ ਇੱਕ ਕਰਕੇ ਵਧੀਆ ਰਿਜ਼ਲਟ ਲੈ ਕੇ ਆਉਣ ਲਈ ਜੀਅ ਜਾਨ ਨਾਲ ਸਖ਼ਤ ਮਿਹਨਤ ਕੀਤੀ ਜਾਵੇਗੀ।



# ਅਪਰੇਸ਼ਨ ਸਿੰਧੂਰ ਦੀ ਵਰ੍ਹੇਗੰਢ ਮੌਕੇ ਸੈਮੀਨਾਰ ਤੇ ਭਾਸ਼ਣ ਦਾ ਆਯੋਜਨ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)-** ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ, ਰਾਮਪੁਰਾ ਫੂਲ ਵਿੱਚ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਦੀ ਅਗਵਾਈ ਹੇਠ ਮਿਸ਼ਨ ਸਿੰਧੂਰ ਦੀ ਵਰ੍ਹੇਗੰਢ ਮੌਕੇ ਭਾਰਤੀ ਫੌਜ ਦੇ ਸਹਿਯੋਗ ਨਾਲ ਇੱਕ ਪ੍ਰੇਰਣਾਦਾਇਕ ਸੈਮੀਨਾਰ ਅਤੇ ਭਾਸ਼ਣ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਆਰਮੀ ਏਅਰ ਡਿਫੈਂਸ, ਬਠਿੰਡਾ ਕੈਂਟ ਤੋਂ ਲੈਫਟੀਨੈਂਟ ਕਰਨਲ ਵਿਜੈ ਰਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਲੈਫਟੀਨੈਂਟ ਕਰਨਲ ਵਿਜੈ ਰਾਵਾ ਨੇ ਆਪਣੇ ਫੌਜੀ ਅਨੁਭਵ ਵਿਦਿਆਰਥੀਆਂ ਨਾਲ ਸਾਂਝੇ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਨੇ ਜੰਮੂ-ਕਸ਼ਮੀਰ ਵਿੱਚ ਸੱਤ ਸਾਲ ਤੋਂ ਵੱਧ ਸਮੇਂ ਤੱਕ ਕਾਊਂਟਰ ਟੈਰਰਿਜ਼ਮ ਆਪਰੇਸ਼ਨਾਂ ਵਿੱਚ ਸੇਵਾ ਨਿਭਾਈ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਰੇਸ਼ਨ ਸਿੰਧੂਰ ਦੀ ਪੂਰੀ ਪ੍ਰਕਿਰਿਆ ਵਿਸਥਾਰ ਨਾਲ ਸਮਝਾਈ ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਸਹੀ ਸੋਸ਼ਲ ਮੀਡੀਆ ਅਤੇ ਖ਼ਬਰ ਮਾਧਿਅਮਾਂ ਰਾਹੀਂ ਦੇਸ਼-ਦੁਨੀਆ ਦੀਆਂ ਮਹੱਤਵਪੂਰਨ ਘਟਨਾਵਾਂ ਅਤੇ ਫੌਜ ਨਾਲ ਜੁੜੀਆਂ ਜਾਣਕਾਰੀਆਂ ਬਾਰੇ ਸਚੇਤ ਰਹਿਣ, ਤਾਂ ਜੋ ਉਨ੍ਹਾਂ ਵਿੱਚ ਰਾਸ਼ਟਰਹਿਤ ਪ੍ਰਤੀ ਸਮਝ ਅਤੇ ਜਾਗਰੂਕਤਾ ਵਿਕਸਤ ਹੋਵੇ।ਇਸ ਮੌਕੇ ਸਕੂਲ ਦੇ ਉਪ-ਚੇਅਰਮੈਨ ਅਮਿਤ ਸਰਾਫ ਨੇ ਕਿਹਾ ਕਿ ਭਾਰਤੀ ਫੌਜ ਦੇ ਅਧਿਕਾਰੀ ਵੱਲੋਂ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਨਾ ਮਾਣ ਵਾਲੀ ਗੱਲ ਹੈ। ਅਜਿਹੇ ਆਯੋਜਨ ਬੱਚਿਆਂ ਵਿੱਚ ਦੇਸ਼-ਪ੍ਰੇਮ, ਜ਼ਿੰਮੇਵਾਰੀ ਅਤੇ ਸਮਰਪਣ ਦੀ ਭਾਵਨਾ ਨੂੰ ਵਿਕਸਤ ਕਰਦੇ ਹਨ। ਅੰਤ ਵਿੱਚ ਸਕੂਲ ਪ੍ਰਬੰਧਨ ਵੱਲੋਂ ਮਿਸ ਨੰਦਿਨੀ ਗਰਗ ਨੇ ਲੈਫਟਿਨੈਂਟ ਕਰਨਲ ਵਿਜੈ ਰਾਵਾ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜੇਹੇ ਪ੍ਰੇਰਣਾਦਾਇਕ ਕਾਰਜਕ੍ਰਮ ਕਰਵਾਉਣ ਦੀ ਆਸ ਪ੍ਰਗਟ ਕੀਤੀ।



# ਸ਼ਹੀਦ ਭਗਤ ਸਿੰਘ ਕਾਲਜ ਵਿਖੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਮਨਾਇਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਫ਼ਿਰੋਜ਼ਪੁਰ ਦੇ ਸੋਢੇਵਾਲਾ ਸਥਿਤ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਵਿਖੇ 'ਅੰਤਰਰਾਸ਼ਟਰੀ ਨਰਸਿੰਗ ਦਿਵਸ' ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦਿਹਾੜੇ ਨੂੰ ਸਮਰਪਤ ਸਮਾਗਮ ਦੀ ਸ਼ੁਰੂਆਤ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ, ਜਿਸ ਵਿੱਚ ਸਾਰੇ ਸਟਾਫ ਤੇ ਵਿਦਿਆਰਥੀਆਂ ਨੇ ਆਪਣੇ ਕਿੱਤੇ ਪ੍ਰਤੀ ਇਮਾਨਦਾਰ ਰਹਿਣ ਦਾ ਅਸ਼ੀਰਵਾਦ ਲਿਆ। ਧਾਰਮਿਕ ਸਮਾਗਮ ਦੀ ਸਮਾਪਤੀ ਤੋਂ ਬਾਅਦ ਸੰਸਥਾ ਦੇ ਸੰਸਥਾਪਕ ਧਰਮਪਾਲ ਬਾਂਸਲ ਭਗਤੀ ਭਜਨ ਗਰੁੱਪ, ਹਾਰਮਨੀ ਵਨਿਅਮ ਤੇ ਆਯੂਰਵੈਦਿਕ ਕਾਲਜ) ਨੂੰ ਸਿਰੋਪਾ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨਰਸਿੰਗ ਜਗਤ ਦੀ ਮੋਢੀ ਫਲੋਰੈਂਸ ਨਾਈਟਿੰਗੇਲ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕੇਕ ਕੱਟਿਆ ਗਿਆ ਤੇ ਰਵਾਇਤੀ 'ਲੈਂਪ ਲਾਈਟਨਿੰਗ' (ਜੋਤ ਜਗਾਉਣ) ਦੀ ਰਸਮ ਨਿਭਾਈ ਗਈ। ਮੁੱਖ ਮਹਿਮਾਨ ਧਰਮਪਾਲ ਬਾਂਸਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਫਲੋਰੈਂਸ ਨਾਈਟਿੰਗੇਲ ਦੇ ਜੀਵਨ 'ਤੇ ਚਾਨਣਾ ਪਾਇਆ। ਇਸ ਮੌਕੇ ਕਾਲਜ ਮੈਨੇਜਮੈਂਟ ਵੱਲੋਂ ਸਾਰੇ ਸਟਾਫ ਮੈਂਬਰਾਂ ਨੂੰ ਸਨਮਾਨ ਚਿੰਨ੍ਹ ਤੇ ਸਿਰੋਪੇ ਦੇ ਕੇ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ। ਸਮਾਗਮ ਵਿੱਚ ਕਿਰਨ ਬਾਂਸਲ, ਯੁਗੇਸ਼ ਬਾਂਸਲ, ਸੀਏ ਪ੍ਰਿਯੰਕਾ ਬਾਂਸਲ, ਪ੍ਰਾਸ਼ੀ ਅਗਰਵਾਲ ਤੇ ਸਰਵਿਕਾ ਅਗਰਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਕਾਲਜ ਦੇ ਪ੍ਰਿੰਸੀਪਲ ਸੁਖਦੀਪ ਕੌਰ ਦੀ ਅਗਵਾਈ ਵਿਚ ਡਾ. ਸੰਜੀਵ ਮਾਨਕਟਾਲਾ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਜਗਦੇਵ ਸਿੰਘ, ਅਮਨਦੀਪ ਕੌਰ, ਸੰਗੀਤਾ ਹਾਂਡਾ ਅਤੇ ਹੋਰ ਸਟਾਫ ਮੈਂਬਰ ਨੇ ਸ਼ਮੂਲੀਅਤ ਕੀਤੀ।



# ਅਕਾਲੀ ਆਗੂ 'ਆਪ' 'ਚ ਸ਼ਾਮਲ

**ਸਨੌਰ/ਦੇਵੀਗੜ੍ਹ, (ਰਾਜਿੰਦਰ ਸਿੰਘ ਥਿੰਦ)** ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਅਕਾਲੀ ਪਾਰਟੀ ਦੇ ਟਕਸਾਲੀ ਆਗੂ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਤੋਂ ਇਲਾਵਾ ਪਾਰਟੀ ਵਿੱਚ ਵੱਖ-ਵੱਖ ਅਹੁਦਿਆਂ 'ਤੇ ਰਹੇ ਮਾਸਟਰ ਅਜਮੇਰ ਸਿੰਘ ਆਪਣੇ ਵੱਡੇ ਕਾਫ਼ਲੇ ਅਤੇ ਦਰਜਨਾਂ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਹਲਕਾ ਇੰਚਾਰਜ ਅਤੇ ਚੇਅਰਮੈਨ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਦਿਆਂ ਨਿੱਘਾ ਸਵਾਗਤ ਕੀਤਾ ਤੇ ਸਿਰੋਪਾਓ ਭੇਟ ਕੀਤੇ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਦੁਧਨਸਾਧਾ, ਰਾਜਾ ਧੰਜੂ ਸਰਪੰਚ ਸਰਸੁਤੀਗੜ ਅਤੇ ਹੋਰ ਆਪ ਆਗੂ ਵਿਸ਼ੇਸ ਤੌਰ 'ਤੇ ਮੌਜੂਦ ਸਨ।



# ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ

**ਦੋਰਾਹਾ (ਹਰਮਿੰਦਰ ਸੇਠ)** ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਦਸਵੀਂ ਦਾ ਨਤੀਜਾ ਇਸ ਸਾਲ ਵੀ ਸ਼ਾਨਦਾਰ ਰਿਹਾ ਹੈ।ਵਿਦਿਆਰਥੀਆਂ ਨੇ ਉਤਕ੍ਰਿਸ਼ਟ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਦੱਸਿਆ ਕਿ ਸੁਹਾਨਾ ਪੁੱਤਰੀ ਸੁਲਤਾਨ ਨੇ 577/650 ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਆਯੂਸ਼ੀ ਪੁੱਤਰੀ ਸੁਰਿੰਦਰ ਕੁਮਾਰ ਨੇ 535/650 ਅੰਕ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਨੰਦਨੀ ਪੁੱਤਰੀ ਬੰਸ਼ ਰਾਜ ਨੇ 530/650 ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਕ੍ਰਮਵਾਰ ਪੁਜੀਸ਼ਨਾਂ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਕਿਹਾ ਕਿ ਇਹ ਸਫ਼ਲਤਾ ਵਿਦਿਆਰਥੀਆਂ ਦੀ ਮਿਹਨਤ ਤੇ ਅਧਿਆਪਕਾਂ ਦੀ ਮਿਹਨਤ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।



# ਸਵੈ-ਗਣਨਾ ਨਾਲ ਮਜ਼ਬੂਤ ਹੋਵੇਗੀ ਵਿਕਾਸ ਯੋਜਨਾਬੰਦੀ : ਜੈਸਮੀਨ ਪਾਹਵਾ

**ਲੁਧਿਆਣਾ : (ਰਾਜ ਸਿੰਗਲਾ)** - ਡੂ ਗੁੱਡ ਫਾਊਂਡੇਸ਼ਨ, ਲੁਧਿਆਣਾ ਦੀ ਸੰਸਥਾਪਕ ਸ਼੍ਰੀਮਤੀ ਜੈਸਮੀਨ ਪਾਹਵਾ ਨੇ ਜਨਗਣਨਾ 2027 ਦੇ ਤਹਿਤ ਸਵੈ-ਗਣਨਾ (ਐਸ ਈ) ਪ੍ਰਕਿਰਿਆ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ ਅਤੇ ਨਾਗਰਿਕਾਂ ਨੂੰ ਇਸ ਮਹੱਤਵਪੂਰਨ ਰਾਸ਼ਟਰੀ ਅਭਿਆਸ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਹੈ।ਜਨਗਣਨਾ 2027 ਲਈ ਸਵੈ-ਗਣਨਾ ਪੜਾਅ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਅਧਿਕਾਰਤ ਪੋਰਟਲ ਰਾਹੀਂ ਕਰਵਾਇਆ ਜਾ ਰਿਹਾ ਹੈ। ਨਾਗਰਿਕ ਆਪਣੇ ਘਰਾਂ ਤੋਂ ਆਰਾਮ ਨਾਲ ਆਪਣੇ ਮੋਬਾਈਲ ਨੰਬਰ ਅਤੇ ਓ ਟੀ ਪੀ ਤਸਦੀਕ ਦੀ ਵਰਤੋਂ ਕਰਕੇ ਆਪਣੇ ਘਰੇਲੂ ਜਨਗਣਨਾ ਵੇਰਵੇ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ।ਗੱਲਬਾਤ ਦੌਰਾਨ ਸ਼੍ਰੀਮਤੀ ਜੈਸਮੀਨ ਪਾਹਵਾ ਨੇ ਜਨਗਣਨਾ ਪ੍ਰਕਿਰਿਆ ਵਿੱਚ ਜਨਤਕ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਪਰਿਵਾਰਾਂ, ਖਾਸ ਕਰਕੇ ਨੌਜਵਾਨਾਂ ਅਤੇ ਸਮਾਜਿਕ ਸੰਗਠਨਾਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਆਪਣੀ ਸਵੈ-ਗਣਨਾ ਪੂਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਹੀ ਜਨਗਣਨਾ ਡਾਟਾ ਵਿਕਾਸ ਯੋਜਨਾਬੰਦੀ ਅਤੇ ਭਲਾਈ ਪਹਿਲਕਦਮੀਆਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਸਵੈ-ਗਣਨਾ ਦੌਰਾਨ, ਨਾਗਰਿਕਾਂ ਨੂੰ ਘਰੇਲੂ ਅਤੇ ਪਰਿਵਾਰਕ ਵੇਰਵੇ ਪ੍ਰਦਾਨ ਕਰਨੇ ਪੈਂਦੇ ਹਨ, ਜਿਸ ਵਿੱਚ ਰਿਹਾਇਸ਼ੀ ਸਥਿਤੀਆਂ, ਘਰੇਲੂ ਸਹੂਲਤਾਂ, ਸੰਪਤੀਆਂ ਅਤੇ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਘਰ ਸੂਚੀਕਰਨ ਸੰਚਾਲਨ ਜਾਣਕਾਰੀ ਸ਼ਾਮਲ ਹੈ। ਇਕੱਠੀ ਕੀਤੀ ਗਈ ਜਾਣਕਾਰੀ ਸਰਕਾਰ ਨੂੰ ਨੀਤੀ ਨਿਰਮਾਣ ਅਤੇ ਵਿਕਾਸ ਯੋਜਨਾਬੰਦੀ ਵਿੱਚ ਸਹਾਇਤਾ ਕਰੇਗੀ।ਸ਼੍ਰੀ ਆਲੋਕ ਕੁਮਾਰ, ਸਟੈਟਿਸਟੀਕਲ ਇਨਵੈਸਟੀਗੇਟਰ ਗ੍ਰੇਡ-99 ਅਤੇ ਗਵਰਨੈਂਸ ਫੈਲੋ ਸ਼ੁਭੰਕਰ ਕੁੰਡੂ ਵੀ ਸਵੈ-ਗਣਨਾ ਪ੍ਰਕਿਰਿਆ ਦੌਰਾਨ ਮੌਜੂਦ ਸਨ।



# ਜਸਟਿਸ ਸ਼ੀਲ ਨਾਗੂ ਨੇ ਵਕੀਲਾਂ ਲਈ ਨਵੇਂ ਚੈਂਬਰਾਂ ਦੇ ਪ੍ਰੋਜੈਕਟ ਦਾ ਰੱਖਿਆ ਵਰਚੁਅਲ ਨੀਂਹ ਪੱਥਰ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-** ਜ਼ਿਲ੍ਹਾ ਅਦਾਲਤ ਫਤਿਹਗੜ੍ਹ ਸਾਹਿਬ ਵਿਖੇ ਨਿਆਂਇਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵਕੀਲਾਂ ਲਈ ਨਵੇਂ ਚੈਂਬਰਾਂ ਦੀ ਉਸਾਰੀ ਲਈ ਪ੍ਰੋਜੈਕਟ ਦੇ ਨੀਂਹ ਪੱਥਰ ਰੱਖਣ ਦੀ ਰਸਮ ਨਾਲ ਚੁੱਕਿਆ ਗਿਆ ਹੈ।ਇਸ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਣ ਦੀ ਰਸਮ ਮਾਣਯੋਗ ਜਸਟਿਸ ਸ਼ੀਲ ਨਾਗੂ, ਚੀਫ ਜਸਟਿਸ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਮਾਣਯੋਗ ਜਸਟਿਸ ਹਰਸਿਮਰਨ ਸਿੰਘ ਸੇਠੀ, ਚੇਅਰਮੈਨ ਬਿਲਡਿੰਗ ਕਮੇਟੀ, ਪੰਜਾਬ, ਜਸਟਿਸ ਸੁਵੀਰ ਸਹਿਗਲ, ਮੈਂਬਰ, ਬਿਲਡਿੰਗ ਕਮੇਟੀ ਪੰਜਾਬ ਨੇ ਵਰਚੁਅਲ ਮੋਡ ਰਾਹੀਂ ਕੀਤੀ।ਹਾਈ ਕੋਰਟ ਨੇ 24 ਸਤੰਬਰ 2024 ਨੂੰ 108 ਚੈਂਬਰਾਂ ਦੀ ਉਸਾਰੀ ਲਈ ਡਿਜ਼ਾਈਨ ਨੂੰ ਮਨਜ਼ੂਰੀ ਦੇ ਦਿੱਤੀ। ਪ੍ਰਵਾਨਿਤ ਯੋਜਨਾ ਦੇ ਅਨੁਸਾਰ, ਇਮਾਰਤ ਵਿੱਚ ਪਾਰਕਿੰਗ ਲਈ ਨਿਰਧਾਰਤ ਇੱਕ ਜ਼ਮੀਨੀ ਮੰਜ਼ਿਲ ਅਤੇ ਛੇ ਉੱਪਰਲੀਆਂ ਮੰਜ਼ਿਲਾਂ ਹੋਣਗੀਆਂ ਜਿਸ ਵਿੱਚ ਕੁੱਲ 108 ਚੈਂਬਰ ਹੋਣਗੇ। ਹਰੇਕ ਚੈਂਬਰ ਦਾ ਮਾਪ ਲਗਭਗ 9 ਫੁੱਟ 3 ਇੰਚ ਗ 13 ਫੁੱਟ ਹੋਵੇਗਾ ਅਤੇ ਪ੍ਰਤੀ ਕਮਰਾ ਦੋ ਵਕੀਲਾਂ ਲਈ ਦੋ-ਸ਼ੇਅਰਿੰਗ ਦੇ ਆਧਾਰ 'ਤੇ ਅਲਾਟ ਕੀਤਾ ਜਾਵੇਗਾ। ਜ਼ਿਲ੍ਹਾ ਨਿਆਂਪਾਲਿਕਾ ਦੀ ਤਰਫੋਂ ਨਿਰਭੌ ਸਿੰਘ ਗਿੱਲ, ਉਪ-ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਪਤਵੰਤਿਆਂ ਦਾ ਸਵਾਗਤ ਕੀਤਾ। ਪ੍ਰੋਗਰਾਮ ਜੀ. ਐਸ. ਵਿਰਕ, ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ, ਫਤਿਹਗੜ੍ਹ ਸਾਹਿਬ ਦੁਆਰਾ ਧੰਨਵਾਦ ਦੇ ਮਤੇ ਨਾਲ ਸਮਾਪਤ ਹੋਇਆ।ਇਸ ਮੌਕੇ ਡਾ. ਸੋਨਾ ਥਿੰਦ, ਡਿਪਟੀ ਕਮਿਸ਼ਨਰ, ਫਤਿਹਗੜ੍ਹ ਸਾਹਿਬ, ਸ਼ੁਭਮ ਅਗਰਵਾਲ, ਐਸ.ਐਸ.ਪੀ ਫਤਹਿਗੜ੍ਹ ਸਾਹਿਬ, ਡਾ: ਸੋਨੀਆ ਕਿੰਨੜਾ, ਐਡਜ ਫ਼ਤਹਿਗੜ੍ਹ ਸਾਹਿਬ, ਵਿਜੇ ਕੁਮਾਰ, ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ, ਸ਼. ਜਗਬੀਰ ਸਿੰਘ ਮਹਿੰਦੀਰੱਤਾ, ਏ.ਡੀ.ਜੇ., ਫਤਹਿਗੜ੍ਹ ਸਾਹਿਬ, ਨਿਆਂਇਕ ਅਧਿਕਾਰੀ, ਬਾਰ ਦੇ ਮੈਂਬਰ ਹਾਜ਼ਰ ਸਨ।



# ਸਥਾਨਕ ਚੋਣਾਂ ਲਈ ਨਾਮਜ਼ਦਗੀ ਪੱਤਰ ਭਰਨ ਦੀ ਪ੍ਰਕ੍ਰਿਆ ਸ਼ੁਰੂ

**ਮਾਨਸਾ, ਬੁਢਲਾਡਾ (ਆਤਮਾ ਸਿੰਘ ਪਮਾਰ, ਅਸ਼ੋਕ ਲਾਕੜਾ)-** ਪੰਜਾਬ ਰਾਜ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਮਾਨਸਾ 'ਚ ਨਗਰ ਕੌਂਸਲ ਮਾਨਸਾ, ਬੁਢਲਾਡਾ, ਬਰੇਟਾ ਅਤੇ ਨਗਰ ਪੰਚਾਇਤ ਜੋਗਾ ਤੇ ਬੋਹਾ ਦੀਆਂ ਆਮ ਚੋਣਾਂ 26 ਮਈ, ਨੂੰ ਹੋ ਰਹੀਆਂ ਹਨ। ਇੰਨ੍ਹਾਂ ਚੋਣਾਂ ਲਈ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ 13 ਮਈ ਤੋਂ 16 ਮਈ ਤੱਕ ਦਾਖਲ ਕੀਤੇ ਜਾਣੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਕਮ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸਿਮਰਪ੍ਰੀਤ ਕੌਰ ਨੇ ਦੱਸਿਆ ਕਿ ਨਗਰ ਕੌਂਸਲ ਬੁਢਲਾਡਾ ਲਈ ਐੱਸ.ਡੀ.ਐੱਮ. ਬੁਢਲਾਡਾ ਰਿਟਰਨਿੰਗ ਅਫ਼ਸਰ ਹੋਣਗੇ ਅਤੇ ਨਾਮਜ਼ਦਗੀ ਪੱਤਰ ਐੱਸ.ਡੀ.ਐੱਮ. ਦਫ਼ਤਰ ਬੁਢਲਾਡਾ ਵਿਖੇ ਲਏ ਜਾਣਗੇ। ਇਸੇ ਤਰ੍ਹਾਂ ਨਗਰ ਕੌਂਸਲ ਬਰੇਟਾ ਲਈ ਐੱਸ.ਡੀ.ਐੱਮ ਸਰਦੂਲਗੜ੍ਹ ਰਿਟਰਨਿੰਗ ਅਫ਼ਸਰ ਹੋਣਗੇ ਅਤੇ ਨਾਮਜ਼ਦਗੀ ਪੱਤਰ ਮਿਊਂਸਪਲ ਕਮੇਟੀ, ਬਰੇਟਾ ਵਿਖੇ ਲਏ ਜਾਣਗੇ। ਨਗਰ ਕੌਂਸਲ ਮਾਨਸਾ ਲਈ ਰਿਟਰਨਿੰਗ ਅਫ਼ਸਰ ਐੱਸ.ਡੀ.ਐੱਮ. ਮਾਨਸਾ ਹੋਣਗੇ ਅਤੇ ਨਾਮਜ਼ਦਗੀ ਪੱਤਰ ਐੱਸ.ਡੀ.ਐੱਮ. ਦਫ਼ਤਰ ਮਾਨਸਾ ਵਿਖੇ ਲਏ ਜਾਣਗੇ।ਉਨ੍ਹਾਂ ਦੱਸਿਆ ਕਿ ਨਗਰ ਪੰਚਾਇਤ ਜੋਗਾ ਲਈ ਨਾਮਜ਼ਦਗੀ ਪੱਤਰ ਸਬ ਤਹਿਸੀਲ ਜੋਗਾ ਦੇ ਦਫ਼ਤਰ ਵਿਖੇ ਦਾਖਲ ਕੀਤੇ ਜਾਣਗੇ ਅਤੇ ਰਿਟਰਨਿੰਗ ਅਫ਼ਸਰ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਮਾਨਸਾ ਹੋਣਗੇ। ਇਸੇ ਤਰ੍ਹਾਂ ਨਗਰ ਪੰਚਾਇਤ ਬੋਹਾ ਲਈ ਨਾਮਜ਼ਦਗੀ ਪੱਤਰ ਨਗਰ ਪੰਚਾਇਤ, ਬੋਹਾ ਦੇ ਦਫ਼ਤਰ ਵਿਖੇ ਲਏ ਜਾਣਗੇ ਅਤੇ ਡਵੀਜ਼ਨਲ ਇੰਜੀਨੀਅਰ, ਪੰਜਾਬ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਕਾਰਪੋਰੇਸ਼ਨ, ਮਾਨਸਾ ਨੂੰ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਗਿਆ ਹੈ।



# ਭਾਗੀਕੇ ਤੋਂ ਸੈਦੋਕੇ ਸੜਕ 'ਤੇ ਪਾਏ ਵੱਟਿਆਂ ਨੂੰ ਹੋਇਆਂ ਇੱਕ ਸਾਲ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਭਾਗੀਕੇ ਤੋਂ ਸੈਦੋਕੇ ਨੂੰ ਜਾਂਦੀ ਸੜਕ ਉੱਤੇ ਪਿਛਲੇ ਇੱਕ ਸਾਲ ਤੋਂ ਪਏ ਵੱਟਿਆਂ ਤੇ ਪ੍ਰੀਮਿਕਸ ਨਾ ਪੈਣ ਕਾਰਨ ਇਲਾਕੇ ਦੇ ਲੋਕ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।ਸੜਕ ਦੀ ਮਾੜੀ ਹਾਲਤ ਕਾਰਨ ਵਾਹਨ ਚਾਲਕਾਂ, ਸਕੂਲੀ ਬੱਚਿਆਂ ਤੇ ਰਾਹਗੀਰਾਂ ਦਾ ਲੰਘਣਾ ਮੁਸ਼ਕਲ ਹੋ ਗਿਆ ਹੈ। ਪਿੰਡ ਵਾਸੀਆਂ ਤੇ ਆਸ-ਪਾਸ ਪਿੰਡਾਂ ਦੇ ਵਸਨੀਕ ਹਮੀਚੰਦ, ਸਨਦੀਪ ਸਿੰਘ, ਕਰਨਵੀਰ ਸਿੰਘ ਤੋਂ ਇਲਾਵਾ ਬੌਰੀਆਂ ਸਮਾਜ ਨਿਹਾਲ ਸਿੰਘ ਵਾਲਾ ਤੋਂ ਸ੍ਰੋਮਣੀ ਅਕਾਲੀ ਦਲ ਦੇ ਬਲਾਕ ਪ੍ਰਧਾਨ ਨੇ ਦੱਸਿਆ ਕਿ ਸੜਕ ਉੱਤੇ ਪਾਏ ਗਏ ਵੱਟਿਆਂ ਨੂੰ ਇੱਕ ਸਾਲ ਦਾ ਸਮਾਂ ਹੋ ਚੁੱਕਾ ਹੈ, ਪਰ ਸੜਕ ਮਹਿਕਮੇ ਤੇ ਸਰਕਾਰ ਦਾ ਇਸ ਸੜਕ ਵੱਲ ਬਿਲਕੁੱਲ ਵੀ ਧਿਆਨ ਨਹੀਂ। ਇਹ ਸੜਕ ਇੱਕ ਸਾਲ ਤੋਂ ਅਧੂਰੀ ਪਈ ਹੈ, ਜਿਸ ਕਾਰਨ ਸੜਕ ਥਾਂ-ਥਾਂ ਤੋਂ ਟੁੱਟ ਚੁੱਕੀ ਹੈ। ਧੂੜ-ਮਿੱਟੀ ਤੇ ਖੱਡਿਆਂ ਕਾਰਨ ਹਰ ਰੋਜ਼ ਹਾਦਸਿਆਂ ਦਾ ਖਤਰਾ ਬਣਿਆ ਰਹਿੰਦਾ ਹੈ ਤੇ ਇਸ ਸੜਕ ਉੱਪਰ ਅਨੇਕਾਂ ਹਾਦਸੇ ਹੋ ਚੁੱਕੇ ਹਨ। ਮੀਂਹ ਦੇ ਦਿਨਾਂ ਵਿੱਚ ਇਹ ਸਮੱਸਿਆ ਹੋਰ ਵੀ ਗੰਭੀਰ ਹੋ ਜਾਂਦੀ ਹੈ ਤੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਦਿੱਕਤ ਆਉਂਦੀ ਹੈ।



# ਨਗਰ ਕੌਂਸਲ ਚੋਣਾਂ ਲਈ ਹੋਈ ਅਹਿਮ ਮੀਟਿੰਗ

**ਜਲਾਲਾਬਾਦ (ਬਲਵਿੰਦਰ ਸਿੰਘ)** ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਐਲਾਨ ਕਰ ਦਿੱਤਾ ਗਿਆ ਸੀ, ਜਿਸ ਦੇ ਸਬੰਧ ਵਿੱਚ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਘਾਂਗਾ ਵੱਲੋਂ ਜਲਾਲਾਬਾਦ ਦੇ ਸ਼ਹੀਦ ਉਧਮ ਸਿੰਘ ਪਾਰਕ ਵਿਖੇ ਕਾਨਫਰੰਸ ਕੀਤੀ ਗਈ। ਗੁਰਪ੍ਰੀਤ ਸਿੰਘ ਘਾਂਗਾ ਨੇ ਦੱਸਿਆ ਕਿ ਉਹ ਨਗਰ ਕੌਂਸਲ ਚੋਣਾਂ ਦੇ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਗੇ। ਉਨ੍ਹਾਂ ਇਹ ਵੀ ਕਿਹਾ ਕਿ ਜਿਹੜੇ ਵਾਰਡ ਵਿੱਚ ਆਜ਼ਾਦ ਉਮੀਦਵਾਰ ਚੋਣਾਂ ਲੜਨਗੇ, ਪਾਰਟੀ ਉਨ੍ਹਾਂ ਕੈਂਡੀਡੇਟਾਂ ਦੀ ਗਰਾਊਂਡ ਲੈਵਲ 'ਤੇ ਸਪੋਰਟ ਵੀ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਐਲਾਨ ਕੀਤਾ ਹੈ ਕਿ ਉਹ ਇਹ ਚੋਣਾਂ ਨਸ਼ੇ ਦੇ ਮੁੱਦੇ ਦੇ ਉੱਤੇ ਲੜਨਗੇ। ਨਾਲ ਹੀ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਘਾਂਗਾ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਸੱਤਾ ਦੇ ਵਿੱਚ ਰਹਿ ਚੁੱਕੀਆਂ ਪਾਰਟੀਆਂ ਗਲੀਆਂ ਨਾਲੀਆਂ ਦੇ ਮੁੱਦਿਆਂ ਦੇ ਉੱਤੇ ਹੀ ਚੋਣਾਂ ਲੜਦੀਆਂ ਹਨ। ਜੇਕਰ ਐਨਾ ਹੀ ਧਿਆਨ ਗਲੀਆਂ-ਨਾਲੀਆਂ ਦਾ ਦੇ ਦਿੱਤਾ ਜਾਂਦਾ ਤਾਂ ਹੁਣ ਨੂੰ ਸੋਨੇ ਤੇ ਚਾਂਦੀ ਦੀਆਂ ਗਲੀਆਂ ਨਾਲੀਆਂ ਬਣ ਜਾਣੀਆਂ ਚਾਹੀਦੀਆਂ ਸਨ, ਪਰ ਲੋਕਾਂ ਨੂੰ ਹਲੇ ਤੱਕ ਸ਼ਹਿਰ ਦੇ ਵਿੱਚ ਵੱਧ ਰਹੇ ਚੋਰੀ ਦੇ ਮਾਮਲੇ ਗੈਂਗਸਟਰਵਾਦ ਤੇ ਲੁੱਟਾਂ ਖੂਹਾਂ ਤੋਂ ਹੀ ਲੋਕਾਂ ਨੂੰ ਰਾਹਤ ਨਹੀਂ ਮਿਲ ਰਹੀ।ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਬਿਨਾਂ ਕਿਸੇ ਸੱਤਾ ਤੋਂ ਨੌਜਵਾਨਾਂ ਨੂੰ ਨਸ਼ਾ ਛੁਡਵਾ ਸਕਦੇ ਹਨ ਤਾਂ ਇਹ ਸੋਚੋ ਕਿ ਜੇਕਰ ਉਹ ਸੱਤਾ ਦੇ ਵਿੱਚ ਆ ਗਏ ਤਾਂ ਕੀ ਤੁਹਾਨੂੰ ਨਹੀਂ ਲੱਗਦਾ ਕਿ ਪੰਜਾਬ ਦੇ ਵਿੱਚ ਨਸ਼ਾ ਖਤਮ ਹੋ ਸਕਦਾ ਹੈ।

# ਪ੍ਰਭਜੋਤ ਕੌਰ ਨੇ ਮੈਰਿਟ ਸੂਚੀ ਵਿੱਚ ਬਣਾਇਆ ਸਥਾਨ

**ਸਮਾਣਾ (ਇਕਬਾਲ ਸਿੰਘ ਬੱਲ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਦਯਾਨੰਦ ਮਾਡਲ ਹਾਈ ਸਕੂਲ ਦੀ ਵਿਦਿਆਰਥਣ ਪ੍ਰਭਜੋਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੂਰੇ ਹਲਕੇ ਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ।ਗੁਰਵਿੰਦਰ ਸਿੰਘ ਦੀ ਸਪੁੱਤਰੀ ਪ੍ਰਭਜੋਤ ਕੌਰ ਨੇ ਕੁੱਲ 650 ਅੰਕਾਂ ਵਿੱਚੋਂ 629 ਅੰਕ ਪ੍ਰਾਪਤ ਕਰਕੇ ਪੰਜਾਬ ਦੀ ਮੈਰਿਟ ਸੂਚੀ ਵਿੱਚ 16ਵਾਂ ਸਥਾਨ ਅਤੇ ਜ਼ਿਲ੍ਹੇ 'ਚੋਂ 5ਵਾਂ ਸਥਾਨ ਹਾਸਲ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਅੰਜੂ ਡੇਂਬਲਾ ਨੇ ਖੁਸ਼ੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਸਾਲ ਸਕੂਲ ਦੇ ਕੁੱਲ 75 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ ਤੇ ਸਕੂਲ ਦਾ ਨਤੀਜਾ 100% ਰਿਹਾ।ਪ੍ਰਭਜੋਤ ਕੌਰ ਤੋਂ ਇਲਾਵਾ ਸਕੂਲ ਦੇ 6 ਹੋਰ ਵਿਦਿਆਰਥੀਆਂ ਨੇ ਵੀ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ, ਜਿਨ੍ਹਾਂ ਵਿੱਚ ਪ੍ਰਣਵ ਮੋਹਿੰਦਰਾ 94.2%, ?ਨਵਲੀਨ 93.7%, ? ਤਮੰਨਾ 92.5%, ?ਪਰਵ ਜੈਨ: 91.8%, ? ਅਸ਼ੀਸ਼ 91.2%, ਸਿਮਰਨ ਨੇ 90.5 ਅੰਕ ਹਾਸਲ ਕੀਤੇ। ਸਕੂਲ ਦੇ ਪ੍ਰਧਾਨ ਯਸ਼ਪਾਲ ਸਿੰਗਲਾ ਨੇ ਕਿਹਾ ਕਿ ਵਿਦਿਆਰਥੀਆਂ ਨੇ ਮੈਰਿਟ ਵਿੱਚ ਆਉਣ ਦੀ ਸਕੂਲ ਦੀ ਪੁਰਾਣੀ ਰਿਵਾਇਤ ਨੂੰ ਕਾਇਮ ਰੱਖਿਆ ਹੈ, ਜਿਸ 'ਤੇ ਪੂਰੇ ਸਕੂਲ ਨੂੰ ਮਾਣ ਹੈ।ਪ੍ਰਧਾਨ ਯਸ਼ਪਾਲ ਸਿੰਗਲਾ, ਸੈਕਟਰੀ ਨਾਰਾਇਣ ਦਾਸ ਅਤੇ ਪ੍ਰਿੰਸੀਪਲ ਅੰਜੂ ਡੇਂਬਲਾ ਨੇ ਹੋਣਹਾਰ ਬੱਚਿਆਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ।

ਸਮਾਗਮ ਦੇ ਅੰਤ ਵਿੱਚ ਸਮੂਹ ਸਟਾਫ਼ ਵੱਲੋਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਗਈ ਅਤੇ ਬੱਚਿਆਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ।




# ਕਾਂਗਰਸ ਵੱਲੋਂ ਨਗਰ ਕੌਂਸਲ ਚੋਣਾਂ ਦੇ ਸੰਬੰਧ 'ਚ ਮੀਟਿੰਗ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਨਗਰ ਕੌਂਸਲ ਚੋਣਾਂ ਸਬੰਧੀ ਕਾਂਗਰਸ ਪਾਰਟੀ ਨੇ ਆਪਣੀਆਂ ਸਰਗਰਮੀਆਂ ਨੂੰ ਤੇਜ਼ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਵਿੱਚ ਮੀਟਿੰਗ ਕੀਤੀ। ਪਾਰਟੀ ਅਬਜ਼ਰਵਰ ਮਨਜੀਤ ਸ਼ਰਮਾ ਨੇ ਚੋਣ ਲੜਨ ਦੇ ਇੱਛਕਾਂ ਵੱਲੋਂ ਪਾਰਟੀ ਟਿਕਟ ਲੈਣ ਲਈ ਅਰਜ਼ੀਆਂ ਲੈਣ ਦੀ ਸ਼ੁਰੂਆਤ ਕੀਤੀ।ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਵੱਲੋਂ ਨਗਰ ਕੌਂਸਲ ਵਿੱਚ ਸਾਰੇ ਉਮੀਦਵਾਰ ਨੂੰ ਜਿਤਾਉਣ ਦਾ ਦਾਅਵਾ ਕੀਤਾ। ਮੀਟਿੰਗ ਨੂੰ ਉਪਰੰਤ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਹਰ ਕੋਈ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ।

ਸਿੱਖਿਆ ਤੇ ਸਿਹਤ ਸਹੂਲਤਾਂ ਦੇਣ ਲਈ ਦਿੱਲੀ ਮਾਡਲ ਲਿਆਉਣ ਦੇ ਦਾਅਵੇ ਕਰ ਰਹੀ ਇਸ ਸਰਕਾਰ ਨੇ ਝੂਠੀਆਂ ਇਸ਼ਤਿਹਾਰਬਾਜ਼ੀਆਂ ਤੋਂ ਇਲਾਵਾ ਲੋਕਾਂ ਨੂੰ ਕੁਝ ਨਹੀਂ ਦਿੱਤਾ, ਜਿਸਦਾ ਸੂਬੇ ਦੇ ਲੋਕ ਚੋਣਾਂ ਦੌਰਾਨ ਆਪ ਨੂੰ ਕਰਾਰ ਜਵਾਬ ਦੇਣਗੇ। ਮਨਜੀਤ ਸ਼ਰਮਾ ਅਬਜ਼ਰਵਰ ਨਗਰ ਕੌਂਸਲ ਚੋਣਾਂ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਵਰਕਰਾਂ ਨੂੰ ਟਿਕਟਾਂ ਦੇਣ ਵੇਲੇ ਉਸ ਦਾ ਪਿਛੋਕੜ ਤੇ ਉਸ ਦੀ ਪਾਰਟੀ ਨੂੰ ਕੀ ਦੇਣ ਹੈ ਇਸ ਦਾ ਪਤਾ ਕਰਨ ਅਤੇ ਉਸ ਦਾ ਵਾਰਡ ਦੇ ਲੋਕਾਂ ਵਿੱਚ ਕਿੰਨਾ ਕੁ ਆਧਾਰ ਹੈ ਉਸ ਦੀ ਪੜਤਾਲ ਕਰਕੇ ਟਿਕਟਾਂ ਦਿੱਤੀਆਂ ਜਾਣਗੀਆਂ। ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਨੇ ਕਿਹਾ ਕਿ ਪਾਤੜਾਂ ਸ਼ਹਿਰ 'ਚ ਲੱਗੇ ਕੂੜੇ ਦੇ ਢੇਰ ਅਤੇ ਹਰ ਪਾਸੇ ਫੈਲੀ ਗੰਦਗੀ ਆਪ ਸਰਕਾਰ ਦੇ ਫੇਲ੍ਹ ਹੋਣ ਦਾ ਸਬੂਤ ਹੈ ਤੇ ਕਾਂਗਰਸ ਪਾਰਟੀ ਹੀ ਇਸ ਵਾਰ ਆਪਣਾ ਨਗਰ ਕੌਂਸਲ ਪ੍ਰਧਾਨ ਬਣਾ ਕੇ ਸ਼ਹਿਰ ਵਾਸੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਦੇਵੇਗੀ।



# ਵਿਦਿਆਰਥਣ ਮੋਦਨਾ ਗੁਪਤਾ ਵੱਲੋਂ 14ਵਾਂ ਸਥਾਨ ਪ੍ਰਾਪਤ

**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)** ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਵਿਖੇ ਉਸ ਸਮੇਂ ਖੁਸ਼ੀ ਦੀ ਲਹਿਰ ਪੈਦਾ ਹੋ ਗਈ ਜਦੋਂ ਜਮਾਤ ਬਾਰ੍ਹਵੀਂ ਦੀ ਵਿਦਿਆਰਥਣ ਮੋਦਨਾ ਗੁਪਤਾ ਨੇ ਪੂਰੇ ਪੰਜਾਬ ਵਿੱਚੋਂ 14ਵਾਂ ਸਥਾਨ ਪ੍ਰਾਪਤ ਕੀਤਾ। ਮੋਦਨਾ ਗੁਪਤਾ ਨੇ 487/500 ਅੰਕ ਹਿਊਮੈਨੀਟੀਜ਼ ਸਟਰੀਮ ਵਿੱਚੋਂ ਪ੍ਰਾਪਤ ਕੀਤੇ ਹਨ। ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ, ਪਟਿਆਲਾ ਦੀ ਵਿਦਿਆਰਥਣ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ 12ਵੀਂ ਜਮਾਤ ਦੀ ਮੈਰਿਟ ਵਿੱਚ ਆ ਕੇ ਇਲਾਕੇ, ਸੰਸਥਾ, ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕੀਤਾ। ਇਸ ਸਮੇਂ ਖੁਸ਼ੀ ਸਾਂਝੀ ਕਰਨ ਅਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਲਈ ਸਕੂਲ ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਨੇ ਸਕੂਲ ਵਿੱਚ ਵਿਦਿਆਰਥਣ ਅਤੇ ਉਸ ਦੇ ਮਾਪਿਆਂ ਦੇ ਹਾਰ ਪਾ ਕੇ ਉਹਨਾਂ ਦਾ ਸਵਾਗਤ ਕੀਤਾ ਤੇ ਮੂੰਹ ਮਿੱਠਾ ਕਰਵਾਇਆ। ਵਿਦਿਆਰਥੀਆਂ ਨਾਲ ਕੀਤੇ ਵਾਅਦੇ ਮੁਤਾਬਿਕ ਮੈਰਿਟ ਵਿੱਚ ਆਉਣ ਵਾਲੀ ਵਿਦਿਆਰਥਣ ਨੂੰ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ 21000 ਰੁਪਏ ਦੀ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ ਅਤੇ ਵਿਦਿਆਰਥਣ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।



## ...ਸਫ਼ਾ 1 ਦੇ ਬਾਕੀ

### ਮੋਦੀ ਸਰਕਾਰ ਕਮਿਊਨਿਸਟਾਂ ਨੂੰ ਖਤਮ ਨਹੀਂ ਕਰ ਸਕਦੀ ...

ਵਿਰੋਧੀ ਨੀਤੀਆਂ ਤੇ ਉਨ੍ਹਾਂ ਵੱਲੋਂ ਪੈਦਾ ਕੀਤੀਆਂ ਸਮੱਸਿਆਵਾਂ ਦਾ ਸਦੀਵੀ ਹੱਲ ਆਪਣੀ ਭਾਵ ਕਮਿਊਨਿਸਟ ਸਰਕਾਰ ਕਾਇਮ ਕਰਕੇ ਹੀ ਕੱਢਿਆ ਜਾ ਸਕਦਾ ਹੈ। ਇਸ ਲਈ ਪਾਰਟੀ ਮੈਂਬਰ ਜੇ ਗਿਆਨ ਦੇ ਪੱਖ ਤੋਂ ਮਜ਼ਬੂਤ ਹੋਣਗੇ ਤਾਂ ਜਲਦੀ ਤੇ ਮਜ਼ਬੂਤੀ ਨਾਲ ਲੋਕਾਂ ਨੂੰ ਪਾਰਟੀ ਨਾਲ ਜੋੜਨਗੇ।

ਮਜ਼ਬੂਤ ਪਾਰਟੀ ਹੀ ਇਨਕਲਾਬ ਕਰ ਸਕਦੀ ਜਾਂ ਚੋਣਾਂ ਰਾਹੀਂ ਸਰਕਾਰ ਬਣਾ ਸਕਦੀ ਹੈ।ਪੰਜਾਬ ਦੇ ਕਮਿਊਨਿਸਟ ਅਧਿਆਪਕ ਤੇ ਪਾਰਟੀ ਦੇ ਸੀਨੀਅਰ ਆਗੂ ਬੰਤ ਸਿੰਘ ਬਰਾੜ ਨੇ ਕਿਹਾ ਕਿ ਹਰਭਜਨ ਸਿੰਘ ਨੇ ਠੀਕ ਹੀ ਕਿਹਾ ਕਿ ਮਾਰਕਸਵਾਦ ਰੱਟਿਆ ਹੋਇਆ ਮੂਲ ਮੰਤਰ ਨਹੀਂ ਹੈ, ਇਸ ਵਿੱਚ ਹੋਰ ਚੰਗਾ ਗੁਣਕਾਰੀ ਭਾਵ ਲੋਕ-ਪੱਖੀ ਵਾਧਾ ਕੀਤਾ ਜਾ ਸਕਦਾ ਹੈ। ਉਨ੍ਹਾ ਉਦਾਹਰਣ ਦਿੱਤੀ ਕਿ ਕਮਿਊਨਿਸਟ ਮਜ਼ਦੂਰਾਂ ਦਾ 1871 ਪੈਰਿਸ ਅਤੇ 1905 ਰੂਸ ਦਾ ਇਨਕਲਾਬ ਫੇਲ੍ਹ ਹੋਇਆ। ਲੈਨਿਨ ਨੇ ਦੋਵੇਂ ਇਨਕਲਾਬ ਫੇਲ੍ਹ ਹੋਣ ਦੇ ਕਾਰਨਾਂ ਨੂੰ ਡੂੰਘਾਈ ਨਾਲ ਘੋਖਿਆ। ਲੈਨਿਨ ਇਸ ਸਿੱਟੇ 'ਤੇ ਪਹੁੰਚਿਆ ਕਿ ਇਹ ਇਨਕਲਾਬ ਫੇਲ੍ਹ ਹੋਣ ਦੇ ਕਾਰਨ ਕਿਸਾਨੀ ਨੂੰ ਨਾਲ ਨਾ ਲੈਣਾ ਹੈ। ਉਹ ਇਥੋਂ ਤੱਕ ਪਹੁੰਚੇ ਕਿ ਜੇ ਕਿਸਾਨ ਇਨਕਲਾਬ ਵਿੱਚ ਨਾਲ ਲਏ ਜਾਣਗੇ ਤਾਂ ਫੌਜ ਵੀ ਇਨਕਲਾਬ ਵਿੱਚ ਮਜ਼ਦੂਰਾਂ ਦਾ ਸਾਥ ਦੇਵੇਗੀ, ਕਿਉਂਕਿ ਫੌਜ ਵਿੱਚ ਜਿਆਦਾਤਰ ਸਿਪਾਹੀ ਕਿਸਾਨਾਂ ਦੇ ਪੁੱਤ ਹਨ। ਇਸ ਲਈ ਲੈਨਿਨ ਨੇ ਮਾਰਕਸ ਦੇ ਇਨਕਲਾਬੀ ਸਿਧਾਂਤ ਵਿੱਚ ਮਜ਼ਦੂਰਾਂ ਦੇ ਨਾਲ ਕਿਸਾਨਾਂ ਨੂੰ ਵੀ ਜੋੜਿਆ। ਰੂਸ ਦੀ 1917 ਦੀ ਕਰਾਂਤੀ ਮਜ਼ਦੂਰਾਂ ਤੇ ਕਿਸਾਨਾਂ ਨੇ ਕਾਮਯਾਬ ਕੀਤੀ ਸੀ। ਲੈਨਿਨ ਦੀ ਸੋਚ ਨੂੰ ਫਲ ਮਿਲ ਗਿਆ ਕਿ ਰੂਸ ਦੀ ਕਰਾਂਤੀ ਵਿੱਚ ਫੌਜ ਵੀ ਮਜ਼ਦੂਰਾਂ-ਕਿਸਾਨਾਂ ਦੇ ਨਾਲ ਵੱਡੇ ਪੱਧਰ 'ਤੇ ਆ ਗਈ ਤੇ ਰੂਸ ਦਾ ਇਨਕਲਾਬ ਕਾਮਯਾਬ ਹੋ ਗਿਆ। ਬਰਾੜ ਨੇ ਕਿਹਾ ਕਿ ਈਰਾਨ-ਅਮਰੀਕਾ ਦੀ ਜੰਗ ਵਿੱਚ ਈਰਾਨ ਇਸ ਵੇਲੇ ਸਾਰੀ ਦੁਨੀਆ ਦਾ ਹੀਰੋ ਹੈ। ਈਰਾਨੀ ਕੌਮ ਹੀ ਐਸੀ ਹੈ ਕਿ ਮਰਦੇ ਦਮ ਤੱਕ ਵੈਰੀ ਤੋਂ ਹਾਰ ਨਹੀਂ ਮੰਨਦੀ। ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਇਸ ਵੇਲੇ ਪੂਰੀ ਦੁਨੀਆ 'ਚ ਤੋਹੇ-ਤੋਹੇ ਹੋ ਰਹੀ ਹੈ। ਉਨ੍ਹਾ ਕਿਹਾ ਕਿ ਕਮਿਊਨਿਸਟਾਂ ਨੂੰ ਆਰ ਐੱਸ ਐੱਸ ਹਮਾਇਤ ਪ੍ਰਾਪਤ ਮੋਦੀ ਸਰਕਾਰ ਹਿੰਦੁਸਤਾਨ 'ਚੋਂ ਖਤਮ ਨਹੀਂ ਕਰ ਸਕਦੀ। ਕਮਿਊਨਿਸਟ ਚੋਣਾਂ ਵਿੱਚ ਹਾਰੇ ਹਨ, ਮਰੇ ਨਹੀਂ। ਚੋਣ ਸਿਸਟਮ ਵਿੱਚ ਹਾਰ-ਜਿੱਤ ਹੁੰਦੀ ਰਹਿੰਦੀ ਹੈ। ਉਨ੍ਹਾ ਕਿਹਾ ਪਾਰਟੀ ਨੂੰ ਮਜ਼ਬੂਤ ਕਰਨ ਵਾਸਤੇ ਪਿੰਡ-ਪਿੰਡ ਪਾਰਟੀ ਬਰਾਂਚਾਂ ਕਾਇਮ ਕਰਕੇ ਉਨ੍ਹਾਂ ਕਮਿਊਨਿਸਟਾਂ ਨੂੰ ਗਿਆਨ ਦੇਣਾ ਹੋਵੇਗਾ। ਇਸ ਮੌਕੇ ਸੀ ਪੀ ਆਈ ਤਰਨ ਤਾਰਨ ਜ਼ਿਲ੍ਹੇ ਦੇ ਸਕੱਤਰ ਦਵਿੰਦਰ ਸੋਹਲ ਨੇ ਐਲਾਨ ਕੀਤਾ ਕਿ 29 ਮਈ ਨੂੰ ਤਰਨ ਤਾਰਨ ਵਿਖੇ ਜ਼ਿਲ੍ਹਾ ਪੱਧਰ ਦੀ ਵਿਸ਼ਾਲ ਰੈਲੀ ਤੇ ਸ਼ਹਿਰ ਵਿੱਚ ਮਾਰਚ ਕੀਤਾ ਜਾਵੇਗਾ। ਇਸ ਲਈ ਸਾਰੇ ਸਾਥੀ ਤਿਆਰੀ ਵਿੱਚ ਜੁੱਟ ਜਾਣ। ਇਸ ਮੌਕੇ ਰੋਜ਼ਾਨਾ 'ਨਵਾਂ ਜ਼ਮਾਨਾ' ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ, ਪੰਜਾਬ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਜਿੰਦਰਪਾਲ ਕੌਰ, ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾਈ ਜਨਰਲ ਸਕੱਤਰ ਦੇਵੀ ਕੁਮਾਰੀ, ਸੀ ਪੀ ਆਈ ਤਰਨ ਤਾਰਨ ਜ਼ਿਲ੍ਹੇ ਦੇ ਮੀਤ ਸਕੱਤਰ ਬਲਕਾਰ ਸਿੰਘ ਵਲਟੋਹਾ ਤੇ ਗੁਰਦਿਆਲ ਸਿੰਘ ਖਡੂਰ ਸਾਹਿਬ, ਸੀਨੀਅਰ ਕਮਿਊਨਿਸਟ ਆਗੂ ਤਾਰਾ ਸਿੰਘ ਖਹਿਰਾ ਅਤੇ ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਵੀ ਸੰਬੋਧਨ ਕੀਤਾ।

### ਨੀਟ ਤੇ ਐੱਨ ਟੀ ਏ ਨੂੰ ਖਤਮ...

ਕਰਕੇ ਉਹਨਾਂ ਨੂੰ ਅਗਲੀ ਮਿਸਾਲੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ।

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਨੇ ਮੈਡੀਕਲ ਵਿੱਚ ਦਾਖਲੇ ਲਈ ਨੀਟ ਦੀ ਪ੍ਰੀਖਿਆ ਦੇ ਪਰਚੇ ਲੀਕ ਹੋਣ ਦੇ ਕਾਰਨ ਪ੍ਰੀਖਿਆ ਨੂੰ ਰੱਦ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਪਾਰਟੀ ਨੇ ਮੰਗ ਕੀਤੀ ਕਿ ਦੋਸ਼ੀਆਂ ਨੂੰ ਫੌਰੀ ਫੜ ਕੇ ਸਖਤ ਸਜ਼ਾ ਦਿੱਤੀ ਜਾਏ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਇਹ ਪਰਚੇ 2024 ਵਿੱਚ ਵੀ ਲੀਕ ਹੋਏ ਸੀ। ਉਦੋਂ ਸਰਕਾਰ ਨੇ ਭਰੋਸਾ ਦਿਵਾਇਆ ਸੀ ਕਿ ਇਸ ਬਾਰੇ ਸਖਤ ਕਾਰਵਾਈ ਕਰਕੇ ਅੱਗੇ ਤੋਂ ਲੀਕ ਨਾ ਹੋਣ ਨੂੰ ਯਕੀਨੀ ਬਣਾਇਆ ਜਾਏਗਾ, ਪਰ ਇਸ ਵਾਰ ਫੇਰ ਲੀਕ ਹੋਣ ਦੇ ਕਾਰਨ ਵਿਦਿਆਰਥੀਆਂ ਦੇ ਉੱਪਰ ਅੱਤ ਦਾ ਬੋਝ ਤੇ ਮਾਨਸਿਕ ਤਣਾਓ ਪੈ ਗਿਆ ਹੈ, ਜਿਸ ਦੀ ਕੋਈ ਭਰਪਾਈ ਨਹੀਂ ਹੋ ਸਕਦੀ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਸਾਥੀ ਡੀ ਪੀ ਮੌੜ, ਚਮਕੌਰ ਸਿੰਘ, ਰਜਿੰਦਰ ਪਾਲ ਸਿੰਘ ਔਲਖ, ਐੱਮ ਐੱਸ ਭਾਟੀਆ, ਡਾ. ਅਰੁਣ ਮਿੱਤਰਾ, ਰਮੇਸ਼ ਰਤਨ, ਵਿਜੇ ਕੁਮਾਰ ਅਤੇ ਕੇਵਲ ਸਿੰਘ ਬਣਵੈਤ ਸ਼ਾਮਲ ਹਨ।

### ਪੰਜਾਬ ਪੁਲਸ ਲਈ ਆਧੁਨਿਕ ਹਥਿਆਰ...

ਮਾਮਲਿਆਂ ਨੂੰ ਸੁਲਝਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਭਾਰਗੋ ਕੈਂਪ ਸਥਿਤ ਇੱਕ ਜਵੈਲਰੀ ਦੁਕਾਨ ਵਿੱਚ ਹੋਈ 1 ਕਰੋੜ ਰੁਪਏ ਦੇ ਸੋਨੇ ਅਤੇ 2 ਲੱਖ ਰੁਪਏ ਨਕਦ ਦੀ ਹਥਿਆਰਬੰਦ ਲੁੱਟ ਦੇ ਮਾਮਲੇ ਵਿੱਚ ਆਈ ਸੀ ਸੀ ਸੀ ਨੇ ਦੋਸ਼ੀਆਂ ਦੀ ਗਤੀਵਿਧੀ ਦੀ ਪੁਨਰ-ਰਚਨਾ ਕਰਨ ਵਿੱਚ ਮਦਦ ਕੀਤੀ। ਆਈ ਸੀ ਸੀ ਸੀ ਦੀ ਮਦਦ ਨਾਲ ਪੁਲਸ ਨੇ ਇਕੱਠੇ 12 ਜੰਕਸ਼ਨਾਂ ਦੀ ਫੁਟੇਜ ਨੂੰ ਸਿੰਕ੍ਰੋਨਾਈਜ਼ ਕੀਤਾ ਅਤੇ ਸ਼ਹਿਰ ਦੀਆਂ ਗਲੀਆਂ ਰਾਹੀਂ ਦੋਸ਼ੀਆਂ ਦੇ ਭੱਜਣ ਦੇ ਰਸਤੇ ਨੂੰ ਟ੍ਰੈਕ ਕਰਕੇ ਉਨ੍ਹਾਂ ਦਾ ਠਿਕਾਣਾ ਲੱਭਿਆ ਅਤੇ ਚੋਰੀ ਕੀਤਾ ਗਿਆ ਸਾਮਾਨ ਬਰਾਮਦ ਕੀਤਾ। ਸਾਬਕਾ ਮੰਤਰੀ ਅਤੇ ਭਾਜਪਾ ਨੇਤਾ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ, ਸੰਤੋਖਪੁਰਾ ਫਾਇਰਿੰਗ ਮਾਮਲਾ, ਜਿਸ ਵਿੱਚ ਕੁੱਝ ਹਮਲਾਵਰਾਂ ਨੇ ਇੱਕ ਵੈਟਰਨਰੀ ਡਾਕਟਰ ਦੇ ਘਰ 'ਤੇ ਲੱਗਭੱਗ 12 ਗੋਲੀਆਂ ਚਲਾਈਆਂ ਤੇ ਹੋਰ ਮਾਮਲੇ ਆਈ ਸੀ ਸੀ ਸੀ ਪ੍ਰਣਾਲੀ ਦੀ ਮਦਦ ਨਾਲ ਹੱਲ ਕਰ ਲਏ ਗਏ। ਇਸ ਬਾਰੇ ਡੀ ਜੀ ਪੀ ਗੌਰਵ ਯਾਦਵ ਨੇ ਕਿਹਾ, ਸੰਗਠਿਤ ਅਪਰਾਧ ਅਤੇ ਗੈਂਗਸਟਰਾਂ ਦੇ ਖਿਲਾਫ਼ ਪੰਜਾਬ ਪੁਲਸ ਦੀ ਜ਼ੀਰੋ ਟੋਲਰੈਂਸ ਨੀਤੀ ਹੈ।ਇਸ ਦੌਰਾਨ ਪੁਲਸ ਕਮਿਸ਼ਨਰ (ਜਲੰਧਰ) ਧਨਪ੍ਰੀਤ ਰੰਧਾਵਾ ਨੇ ਕਿਹਾ, ਆਈ ਸੀ ਸੀ ਸੀ ਨੂੰ 'ਸ਼ਹਿਰ ਦੇ ਦਿਮਾਗ' ਵਜੋਂ ਕੰਮ ਕਰਨ ਲਈ ਤਿਆਰ ਕੀਤਾ ਗਿਆ ਹੈ, ਜੋ ਮੂਲ ਡਾਟੇ ਨੂੰ ਕਾਰਵਾਈਯੋਗ ਖੁਫ਼ੀਆ ਜਾਣਕਾਰੀ ਵਿੱਚ ਬਦਲਦਾ ਹੈ, ਜੋ ਨਗਰ ਨਿਗਮ ਅਤੇ ਕਾਨੂੰਨ-ਵਿਵਸਥਾ ਵਿਭਾਗਾਂ ਲਈ ਲਾਭਕਾਰੀ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਆਪਸੀ ਰੰਜਿਸ਼ 'ਚ ਚੱਲੀ ਗੋਲੀ ਦੌਰਾਨ ਨਾਬਾਲਿਗ ਬੱਚੀ ਗੰਭੀਰ ਜ਼ਖਮੀ

**ਮਜੀਠਾ (ਸੋਇਮ ਆਨੰਦ/ ਸੁਖਬੀਰ ਸਿੰਘ ਸਿੱਧੂ)**

ਮਜੀਠਾ ਹਲਕੇ ਦੇ ਪਿੰਡ ਨਾਗ ਕਲਾਂ ਵਿੱਚ ਆਪਸੀ ਰੰਜਿਸ਼ ਨੂੰ ਲੈ ਕੇ ਇੱਕ ਵਾਰ ਫਿਰ ਗੋਲੀ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ।ਮਾਮੂਲੀ ਤਕਰਾਰ ਨੇ ਉਸ ਵੇਲੇ ਖ਼ੂਨੀ ਰੂਪ ਧਾਰ ਲਿਆ ਜਦੋਂ ਦੋ ਧਿਰਾਂ ਵਿਚਾਲੇ ਹੋਏ ਝਗੜੇ ਦੌਰਾਨ ਗੋਲੀ ਚੱਲ ਗਈ ਅਤੇ ਇੱਕ 10 ਸਾਲ ਦੀ ਨਾਬਾਲਿਗ ਲੜਕੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ।ਜ਼ਖਮੀ ਲੜਕੀ ਨੂੰ ਪਹਿਲਾਂ ਮਜੀਠਾ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਉਸਦੀ ਹਾਲਤ ਨਾਜ਼ੁਕ ਹੋਣ ਕਾਰਨ ਉਸਨੂੰ ਗੁਰੂ ਨਾਨਕ ਦੇਵ ਹਸਪਤਾਲ ਰੈਫਰ ਕਰ ਦਿੱਤਾ ਗਿਆ।ਮੌਕੇ 'ਤੇ ਪਹੁੰਚੇ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਝਗੜਾ ਪੁਰਾਣੀ ਰੰਜਿਸ਼ ਕਾਰਨ ਹੋਇਆ ਹੈ।ਇਸ ਮੌਕੇ ਪੀੜਤ ਲੜਕੀ ਦੀ ਭੈਣ ਨਵਰੀਤ ਕੌਰ ਨੇ ਦੱਸਿਆ ਕਿ ਰਾਤ ਸਮੇਂ ਪਰਿਵਾਰ ਘਰ ਵਿੱਚ ਰੋਟੀ ਖਾ ਰਿਹਾ ਸੀ, ਜਦੋਂ ਉਨ੍ਹਾਂ ਦੇ ਰਿਸ਼ਤੇਦਾਰ ਘਰ ਆ ਗਏ ਅਤੇ ਗਾਲਾਂ ਕੱਢਣ ਲੱਗ ਪਏ।ਉਨ੍ਹਾਂ ਨੂੰ ਸ਼ਾਂਤ ਕਰਕੇ ਘਰ ਜਾਣ ਲਈ ਕਿਹਾ ਗਿਆ, ਪਰ ਅਗਲੇ ਦਿਨ ਫਿਰ ਝਗੜਾ ਹੋ ਗਿਆ। ਨਵਰੀਤ ਕੌਰ ਦੇ ਮੁਤਾਬਕ ਦੋਹਾਂ ਧਿਰਾਂ ਵਿਚਾਲੇ



ਹੱਥੋਪਾਈ ਅਤੇ ਪੱਥਰਬਾਜ਼ੀ ਵੀ ਹੋਈ।ਉਸਨੇ ਦੋਸ਼ ਲਗਾਇਆ ਕਿ ਇਸ ਦੌਰਾਨ ਦਲੇਰ ਸਿੰਘ ਵੱਲੋਂ ਗੋਲੀ ਚਲਾਈ ਗਈ, ਜੋ ਸਿੱਧੀ ਉਸਦੀ ਛੋਟੀ ਭੈਣ ਨੂੰ ਜਾ ਲੱਗੀ।ਗੋਲੀ ਲੱਗਣ ਨਾਲ ਬੱਚੀ ਖ਼ੂਨ ਨਾਲ ਲਥਪਥ ਹੋ ਗਈ ਅਤੇ ਪਰਿਵਾਰ ਵਿੱਚ ਹੜਕੰਪ ਮਚ ਗਿਆ।ਪਰਿਵਾਰਕ ਮੈਂਬਰ ਤੁਰੰਤ ਉਸਨੂੰ ਮਜੀਠਾ ਹਸਪਤਾਲ ਲੈ ਕੇ ਗਏ, ਜਿੱਥੇ ਡਾਕਟਰਾਂ ਨੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਉਸਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ।ਘਟਨਾ ਤੋਂ ਬਾਅਦ ਪਿੰਡ ਵਿੱਚ ਤਣਾਅਪੂਰਨ ਮਾਹੌਲ ਬਣਿਆ ਹੋਇਆ ਹੈ।ਪੁਲਸ ਵੱਲੋਂ ਇਲਾਕੇ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਦੋਹਾਂ ਧਿਰਾਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ। ਪੁਲਸ ਦਾ ਕਹਿਣਾ ਹੈ ਕਿ ਜਾਂਚ ਤੋਂ ਬਾਅਦ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਨਾਮਜ਼ਦਗੀਆਂ ਸਵੇਰੇ 11 ਵਜੇ ਤੋਂ 3 ਵਜੇ ਤੱਕ ਲਈਆਂ ਜਾਣਗੀਆਂ

**ਹੁਸ਼ਿਆਰਪੁਰ (ਓ ਪੀ ਰਾਣਾ)**-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਕਾਸ ਕੁਮਾਰ ਨੇ ਦੱਸਿਆ ਕਿ ਮਿਊਂਸਪਲ ਚੋਣਾਂ-2026 ਤਹਿਤ ਜ਼ਿਲ੍ਹੇ ਵਿਚ ਮੁਕੇਰੀਆਂ, ਟਾਂਡਾ, ਦਸੂਹਾ, ਹਰਿਆਣਾ, ਗੜ੍ਹਸ਼ੰਕਰ ਅਤੇ ਗੜ੍ਹਦੀਵਾਲਾ ਨਗਰ ਕੌਂਸਲਾਂ ਲਈ ਵੋਟਾਂ 26 ਮਈ ਨੂੰ ਪੈਣਗੀਆਂ। ਉਨ੍ਹਾਂ ਦੱਸਿਆ ਕਿ ਇਨ੍ਹਾਂ ਚੋਣਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਵਾਸਤੇ ਥਾਵਾਂ ਨਿਰਧਾਰਤ ਕੀਤੀਆਂ ਗਈਆਂ ਹਨ ਜਿਨ੍ਹਾਂ ਵਿਚ ਐੱਸ ਡੀ ਐੱਮ ਕੋਰਟ ਰੂਮ, ਤਹਿਸੀਲ ਕੰਪਲੈਕਸ ਮੁਕੇਰੀਆਂ, ਐੱਸ ਡੀ ਐੱਮ ਦਫ਼ਤਰ ਟਾਂਡਾ, ਐੱਸ ਡੀ ਐੱਮ ਕੋਰਟ ਰੂਮ ਕੰਪਲੈਕਸ ਦਸੂਹਾ, ਜੀ ਜੀ ਡੀ ਐੱਸ ਡੀ ਕਾਲਜ ਹਰਿਆਣਾ, ਐੱਸ ਡੀ ਐੱਮ ਦਫ਼ਤਰ ਕੋਰਟ ਰੂਮ ਗੜ੍ਹਸ਼ੰਕਰ ਅਤੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੜ੍ਹਦੀਵਾਲਾ ਸ਼ਾਮਲ ਹਨ ਜਿਥੇ ਉਮੀਦਵਾਰਾਂ ਵਲੋਂ ਸਵੇਰੇ 11 ਵਜੇ ਤੋਂ 3 ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਜਾ ਸਕਦੇ ਹਨ। ਜ਼ਿਕਰਯੋਗ ਹੈ ਕਿ ਨਾਮਜ਼ਦਗੀਆਂ 16 ਮਈ ਤੱਕ ਲਈਆਂ ਜਾਣਗੀਆਂ।

# ਡੀਜ਼ਲ, ਖਾਦਾਂ ਤੇ ਹੋਰ ਵਸਤਾਂ ਦੇ ਭਾਅ ਵੱਧਣ ਨਾਲ ਕਿਸਾਨਾਂ ਤੇ ਮਜ਼ਦੂਰਾਂ 'ਤੇ ਸੰਕਟ ਆਉਣ ਵਾਲਾ : ਕਿਸਾਨ ਸਭਾ



**ਝਬਾਲ, (ਹਰਜਿੰਦਰ ਸਿੰਘ ਸੋਨੀ)**

ਕੁੱਲ ਹਿੰਦ ਕਿਸਾਨ ਸਭਾ ਦੀ ਜਿਲਾ ਕੌਂਸਲ ਤਰਨ ਤਾਰਨ ਦੀ ਮੀਟਿੰਗ ਅਵਤਾਰ ਸਿੰਘ ਪਲਾਸੌਰ ਦੀ ਪ੍ਰਧਾਨਗੀ ਹੇਠ ਸਥਾਨਕ ਦੇਸ਼ ਭਗਤ ਅਰਜਨ ਸਿੰਘ ਗੜਗੱਜ ਭਵਨ ਵਿਖੇ ਹੋਈ।ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚਾ ਵੱਲੋਂ 15 ਮਈ ਨੂੰ ਚੰਡੀਗੜ੍ਹ ਵਿਖੇ ਗਵਰਨਰ ਹਾਊਸ ਵੱਲ ਕੀਤੇ ਜਾ ਰਹੇ ਕਿਸਾਨ ਮਾਰਚ ਵਿੱਚ ਵੱਡੀ ਪੱਧਰ 'ਤੇ ਹਿੱਸਾ ਲਿਆ ਜਾਵੇਗਾ।ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਦਰਸ਼ਨ ਸਿੰਘ ਬਿਹਾਰੀਪੁਰ ਅਤੇ ਹਰਵਿੰਦਰ ਕਸੇਲ ਨੇ ਕਿਹਾ ਕਿ ਸਾਰੀਆਂ ਫਸਲਾਂ ਤੇ ਐੱਮਐੱਸਪੀ ਨਾ ਦੇਣ ਕਾਰਨ ਛੋਟੀ ਤੇ ਦਰਮਿਆਨੀ ਕਿਸਾਨੀ ਸੰਕਟ ਵਿੱਚ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹੁਣ ਕੇਂਦਰ ਸਰਕਾਰ ਡੀਜ਼ਲ, ਖਾਦ ਤੇ ਹੋਰ ਲੋੜੀਂਦੀਆਂ ਵਸਤਾਂ ਦੇ ਰੇਟ ਵਧਾਉਣ ਜਾ ਰਹੀ ਹੈ। ਇਸ ਨਾਲ ਕਿਸਾਨਾਂ, ਮਜ਼ਦੂਰਾਂ ਦੀ ਹਾਲਤ 'ਤੇ ਵੱਡਾ ਸੰਕਟ ਆਵੇਗਾ ਕਿਉਂਕਿ ਪੰਜਾਬ ਵਿੱਚ ਡੀਜ਼ਲ ਖੇਤੀ ਕੰਮਾਂ ਲਈ ਵੱਡੀ ਪੱਧਰ ਤੇ ਵਰਤਿਆ ਜਾਂਦਾ ਹੈ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ।ਨੌਜਵਾਨਾਂ ਨੂੰ ਰੁਜ਼ਗਾਰ ਦੀ ਗਰੰਟੀ ਦਿੱਤੀ ਜਾਵੇ ਅਤੇ ਵਾਹਗਾ ਬਾਰਡਰ ਖੁੱਲ੍ਹੇ ਅੰਤਰਰਾਸ਼ਟਰੀ ਵਪਾਰ ਲਈ ਖੋਲ੍ਹਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਦਰਸ਼ਨ ਸਿੰਘ ਬਿਹਾਰੀਪੁਰ, ਰਾਣਾ ਰਣਜੀਤ ਸਿੰਘ ਵਾਂ, ਮੇਤਾ ਸਿੰਘ ਝਬਾਲ, ਪਰਮਜੀਤ ਸਿੰਘ ਚੋਹਲਾ, ਬਾਬਾ ਹੀਰਾ ਸਿੰਘ ਤਲਵੰਡੀ, ਤਾਰਾ ਸਿੰਘ ਖਹਿਰਾ, ਸੁਰਜੀਤ ਸਿੰਘ ਠੱਠੀ, ਕਾਰਜ ਸਿੰਘ ਕੈਰੋਂ, ਗੁਰਦਿਆਲ ਸਿੰਘ ਵਰਨਾਲਾ, ਡਾਕਟਰ ਗੁਰਭੇਜ ਸਿੰਘ ਸੋਹਲ ਅਤੇ ਲਹਿਰੀ ਮੀਆਂਪੁਰ ਆਦਿ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦਾ ਦਸਵੀਂ ਦਾ ਨਤੀਜਾ 100% ਰਿਹਾ

**ਧਾਰੀਵਾਲ, (ਮਨਦੀਪ ਵਿੱਕੀ)**- ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ। ਇਸ ਬਾਬਤ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦਾ ਬਹੁਤ ਸ਼ਾਨਦਾਰ ਰਿਹਾ ਹੈ, ਸਕੂਲ ਦੀ ਵਿਦਿਆਰਥਣ ਸੁਮਨਪ੍ਰੀਤ ਕੌਰ ਨੇ 95%, ਪਲਕ



ਰਾਏ ਤੇ ਸੁਖਮਨਪ੍ਰੀਤ ਕੌਰ ਨੇ 92%, ਜਤਿਨਦੀਪ ਸਿੰਘ ਨੇ 90%, ਕਰਨਬੀਰ ਸਿੰਘ ਨੇ 88 %, ਸਿਮਰਨਜੀਤ ਕੌਰ ਨੇ 86%, ਭੂਮਿਕਾ ਤੇ ਸੁਖਮਨੀਜਪਜੀਤ ਕੌਰ ਨੇ 81% ਅਤੇ ਅਮਰਪ੍ਰੀਤ ਸਿੰਘ ਨੇ 80% ਅੰਕ ਪ੍ਰਾਪਤ ਕੀਤੇ ਹਨ, ਜਦ ਕਿ ਬਾਕੀ ਸਾਰੇ ਬੱਚਿਆਂ ਨੇ ਵੀ 70% ਤੋਂ ਉਪਰ ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਡਾਇਰੈਕਟਰ ਡਾਕਟਰ ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ, ਪ੍ਰਿੰਸੀਪਲ ਮੇਜਰ ਸਿੰਘ ਚਾਹਲ ਅਤੇ ਸਮੂਹ ਸਟਾਫ ਵੱਲੋਂ ਇਸ ਸ਼ਾਨਦਾਰ ਸਫਲਤਾ ਪ੍ਰਾਪਤ ਕਰਨ ਵਾਲੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਸਕੂਲ ਅਧਿਆਪਕ ਅਜਮੇਰ ਸਿੰਘ, ਸੁਖਮੀਤ ਕੌਰ, ਸੁਖਵੰਤ ਕੌਰ, ਕੁਲਦੀਪ ਕੌਰ, ਪਰਮਿੰਦਰ ਕੌਰ, ਸ਼ਰਨਪ੍ਰੀਤ ਕੌਰ, ਪਲਕਦੀਪ ਕੌਰ, ਮਨਪ੍ਰੀਤ ਕੌਰ, ਮੈਡਮ ਕਿਰਨ, ਮੈਡਮ ਸ਼ਿਲਪੀ, ਮੈਡਮ ਰੇਨੂ ਬਾਲਾ, ਮੈਡਮ ਰੇਖਾ ਰਾਣੀ ਆਦਿ ਸਟਾਫ ਮੈਂਬਰ ਹਾਜ਼ਿਰ ਸਨ।

# ਜੀ ਆਰ ਡੀ ਕੌਨਵੈਂਟ ਸਕੂਲ ਨੂੰ ਦਸਵੀਂ ਜਮਾਤ ਦਾ ਸੌ ਫੀਸਦੀ ਨਤੀਜਾ ਆਉਣ ਦਾ ਮਾਣ ਹਾਸਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਜੀ. ਆਰ. ਡੀ. ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ। ਹਰਮਨਪ੍ਰੀਤ ਸਿੰਘ ਨੇ 95% ਨੰਬਰ ਲੈ ਕੇ ਪਹਿਲਾ, ਵਿਕਰਮਜੀਤ ਸਿੰਘ, ਨਵਪ੍ਰੀਤ ਕੌਰ, ਮਨਪ੍ਰੀਤ ਕੌਰ ਨੇ 94.4% ਨੰਬਰ ਲੈ ਕੇ ਦੂਸਰਾ ਅਤੇ



ਮੁਸਕਾਨ, ਪ੍ਰਭਨੂਰ ਕੌਰ ਤੇ ਵਰਸ਼ਾ ਨੇ 94% ਨੰਬਰ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ 50 ਵਿਦਿਆਰਥੀਆਂ ਨੇ 90% ਤੋਂ ਉੱਪਰ ਨੰਬਰ ਲਏ ਹਨ ਅਤੇ 50 ਵਿਦਿਆਰਥੀਆਂ ਨੇ 80% ਤੋਂ ਉਪਰ ਨੰਬਰ ਲੈ ਕੇ ਆਪਣੇ ਮਾਪਿਆਂ ਦਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ।ਪ੍ਰਿੰ. ਗੁਰਦਰਸ਼ਨ ਬਜਾਜ ਅਤੇ ਐੱਮਡੀ ਸੰਤੋਸ਼ ਬਜਾਜ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।ਵਧੀਆ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰ. ਬਜਾਜ, ਐੱਮ. ਡੀ. ਸੰਤੋਸ਼ ਬਜਾਜ ਅਤੇ ਅੰਸ਼ ਬਜਾਜ ਵੱਲੋਂ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਪ੍ਰਿੰ. ਗੁਰਦਰਸ਼ਨ ਬਜਾਜ, ਐੱਮ. ਡੀ. ਸੰਤੋਸ਼ ਬਜਾਜ, ਸਰ ਅੰਸ਼ ਬਜਾਜ, ਗੁਰਜਿੰਦਰ, ਹਰਦੀਪ, ਰਾਜਿੰਦਰ ਕੌਰ ਧੂਰੀਆਂ, ਜਸਦੀਪ ਕੌਰ, ਰੇਨੂੰ, ਦਿਲਪ੍ਰੀਤ, ਕਵਿਤਾ, ਮਨਪ੍ਰੀਤ ਕੌਰ, ਮਨਪ੍ਰੀਤ ਕੌਰ ਗੁੱਜਰਪੁਰਾ, ਸੁਖਰਾਜ, ਸਿਮਰ, ਬਲਜਿੰਦਰ,ਹਰਜੋਤ, ਨੀਲਮ, ਜੋਤੀ, ਲਵਪ੍ਰੀਤ, ਰਵਿੰਦਰ ਕੌਰ, ਅਲਕਾ, ਸੰਦੀਪ ਕੌਰ, ਪ੍ਰਭਜੋਤ ਕੌਰ ਆਦਿ ਅਧਿਆਪਕ ਸ਼ਾਮਲ ਸਨ।

# ਸ਼ਹੀਦ ਇੰਦਰ ਸਿੰਘ ਪੇਲੀਆਂ ਖੇਡ ਸਟੇਡੀਅਮ ਨੌਸ਼ਹਿਰਾ ਪੱਤਣ ਦੀ ਹਾਲਤ ਨੂੰ ਸੁਧਾਰਨ ਦੀ ਮੰਗ

**ਗੁਰਦਾਸਪੁਰ, (ਜਨਕ ਮਹਾਜਨ)**-ਸ਼ਹੀਦ ਇੰਦਰ ਸਿੰਘ ਪੇਲੀਆਂ ਖੇਡ ਸਟੇਡੀਅਮ ਨੌਸ਼ਹਿਰਾ ਪੱਤਣ ਵਿਖੇ 32 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ 2008 ਵਿਚ ਬਣ ਕੇ ਤਿਆਰ ਹੋ ਗਿਆ ਸੀ ਜੋ 7 ਪਿੰਡਾਂ ਦੇ ਨੌਜਵਾਨਾਂ ਲਈ



ਕਾਫੀ ਲਾਭਦਾਇਕ ਸਾਬਤ ਹੋ ਰਿਹਾ ਸੀ ਪਰ ਉਸ ਤੋਂ ਬਾਅਦ ਨਾ ਤਾਂ ਅਕਾਲੀ ਸਰਕਾਰ ਨੇ ਧਿਆਨ ਦਿੱਤਾ ਗਿਆ ਤੇ ਨਾ ਹੀ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੋਈ ਧਿਆਨ ਦੇ ਰਹੀ ਹੈ। ਇਸ ਸੰਬੰਧੀ ਪਿੰਡ ਵਾਸੀ ਲੈਕਚਰਾਰ ਪ੍ਰਤਾਪ ਸਿੰਘ ਸੈਣੀ, ਸਾਬਕਾ ਸਰਪੰਚ ਹਰਭਜਨ ਸਿੰਘ, ਵਾਤਾਵਰਨ ਪ੍ਰੇਮੀ ਸੰਗੀਤਾ ਸ਼ਰਮਾ ਅਤੇ ਹੋਰ ਖਿਡਾਰੀਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਡ ਨੌਸ਼ਹਿਰਾ ਦਾ ਸਟੇਡੀਅਮ ਖੁੱਲੀ ਗਰਾਊਂਡ ਵਿੱਚ ਹੈ ਅਤੇ ਕਾਫੀ ਬਿਹਤਰ ਹੈ। ਇਸ ਸਟੇਡੀਅਮ ਵਿੱਚ ਸਿਰਫ ਸਫਾਈ ਅਤੇ ਹੋਰ ਕਾਫੀ ਕਮੀਆਂ ਹਨ ਜਿਸ ਨੂੰ ਜੇਕਰ ਸਰਕਾਰ ਪੂਰਾ ਕਰ ਦੇਵੇ ਤਾਂ ਇਹ ਸਟੇਡੀਅਮ ਇਕ ਨੰਬਰ ਦਾ ਬਣ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਅੰਦਰ ਵੱਖ-ਵੱਖ ਖੇਡਾਂ ਨਾਲ ਸੰਬੰਧਿਤ ਖਿਡਾਰੀਆਂ ਨੂੰ ਖੇਡਾਂ ਵਾਸਤੇ ਹਰ ਸਰਕਾਰੀ ਸਹੂਲਤ ਦੇ ਨਾਲ-ਨਾਲ ਸਰਕਾਰੀ ਕੋਚ ਮਿਲਣੇ ਚਾਹੀਦੇ ਹਨ ਤਾਂ ਜੋ ਖਿਡਾਰੀ ਵਧੀਆ ਖਿਡਾਰੀ ਬਣ ਸਕਣ। ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਪਾਸੋਂ ਮੰਗ ਕੀਤੀ ਗਈ ਪਿੰਡ ਨੌਸ਼ਹਿਰਾ ਦੇ ਖੇਡ ਸਟੇਡੀਅਮ ਨੂੰ ਤਵੱਜੋਂ ਦੇਣ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਲਿਖਤੀ ਤੌਰ 'ਤੇ ਆਦੇਸ਼ ਜਾਰੀ ਕਰਕੇ ਇਸ ਖੇਡੀਅਮ ਦੀ ਹਾਲਤ ਨੂੰ ਬਿਹਤਰ ਕੀਤਾ ਜਾਵੇ।

# ਸਮੇਂ ਸਿਰ ਚਲਾਨ ਜਮ੍ਹਾ ਨਾ ਕਰਵਾਉਣ ਵਾਲਿਆਂ ਦੇ ਵਾਹਨ ਹੋ ਰਹੇ ਬਲੈਕਲਿਸਟ : ਏ ਡੀ ਸੀ

**ਪਠਾਨਕੋਟ (ਦਵਿੰਦਰ ਸਿੰਘ)**

ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਪੈਂਡਿੰਗ ਚਲਾਨਾਂ ਦੀ ਵੱਧ ਰਹੀ ਗਿਣਤੀ ਨੂੰ ਗੰਭੀਰਤਾ ਨਾਲ ਲੈਂਦਿਆਂ ਰਿਜਨਲ ਟਰਾਂਸਪੋਰਟ ਅਫਸਰ (ਆਰਟੀਓ) ਪਠਾਨਕੋਟ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ।ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਆਰਟੀਓ ਪਠਾਨਕੋਟ ਅਰਸ਼ਦੀਪ ਸਿੰਘ ਲੁਬਾਣਾ ਦੀ ਅਗਵਾਈ ਹੇਠ ਉਨ੍ਹਾਂ ਦੇ ਦਫ਼ਤਰ ਵਿੱਚ ਹੋਈ, ਜਿਸ ਵਿੱਚ ਟਰਾਂਸਪੋਰਟ ਵਿਭਾਗ ਦੇ ਸਮੂਹ ਸਟਾਫ ਅਤੇ ਸਬੰਧਤ ਵਿਭਾਗਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ )-ਕਮ-ਆਰਟੀਓ ਅਰਸ਼ਦੀਪ ਸਿੰਘ ਲੁਬਾਣਾ ਨੇ ਚਿੰਤਾ ਜ਼ਾਹਿਰ ਕੀਤੀ ਕਿ ਵੱਡੀ ਗਿਣਤੀ ਵਿੱਚ ਵਾਹਨ ਚਾਲਕ ਟ੍ਰੈਫਿਕ ਚਲਾਨ ਕੱਟੇ ਜਾਣ ਤੋਂ ਬਾਅਦ ਵੀ ਲੰਮੇ ਸਮੇਂ ਤੱਕ ਉਨ੍ਹਾਂ ਦਾ ਭੁਗਤਾਨ ਨਹੀਂ ਕਰਦੇ। ਇਸ ਦਾ ਨਤੀਜਾ ਇਹ ਹੁੰਦਾ ਹੈ ਕਿ ਸਬੰਧਤ ਵਾਹਨਾਂ ਨੂੰ ਵਿਭਾਗੀ ਪੋਰਟਲ 'ਤੇ ਬਲੈਕਲਿਸਟ ਕਰ ਦਿੱਤਾ ਜਾਂਦਾ ਹੈ।ਅਧਿਕਾਰੀਆਂ ਨੇ ਦੱਸਿਆ ਕਿ ਇੱਕ ਵਾਰ ਵਾਹਨ ਬਲੈਕਲਿਸਟ ਹੋ ਜਾਣ ਤੋਂ ਬਾਅਦ ਵਾਹਨ ਮਾਲਕ ਟਰਾਂਸਪੋਰਟ ਵਿਭਾਗ ਦੀਆਂ ਕਈ ਮਹੱਤਵਪੂਰਨ ਸੇਵਾਵਾਂ ਤੋਂ ਵਾਂਝੇ ਰਹਿ ਜਾਂਦੇ ਹਨ।ਇਨ੍ਹਾਂ ਵਿੱਚ ਵਾਹਨ ਟ੍ਰਾਂਸਫਰ, ਫਿਟਨੈੱਸ, ਟੈਕਸ ਜਮ੍ਹਾ ਕਰਵਾਉਣਾ, ਪਰਮਿਟ ਸਬੰਧੀ ਕੰਮ, ਐੱਨਓਸੀ, ਡੁਪਲੀਕੇਟ ਆਰਸੀ, ਲਾਇਸੈਂਸ ਸੇਵਾਵਾਂ ਅਤੇ ਹੋਰ



ਆਨਲਾਈਨ ਸੁਵਿਧਾਵਾਂ ਸ਼ਾਮਲ ਹਨ।ਇਸ ਕਾਰਨ ਵਾਹਨ ਮਾਲਕਾਂ ਨੂੰ ਵਾਧੂ ਆਰਥਿਕ ਅਤੇ ਪ੍ਰਸ਼ਾਸਨਿਕ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਵਿਭਾਗ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ 'ਤੇ ਵੀ ਵਿਚਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਵਿਭਾਗੀ ਸਟਾਫ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਉਹ ਆਮ ਲੋਕਾਂ ਨੂੰ ਇਹ ਜਾਣਕਾਰੀ ਦੇਣ ਕਿ ਪੈਂਡਿੰਗ ਚਲਾਨ ਨਾ ਸਿਰਫ ਕਾਨੂੰਨੀ ਪਰੇਸ਼ਾਨੀਆਂ ਵਧਾਉਂਦੇ ਹਨ, ਸਗੋਂ ਵਾਹਨਾਂ ਨਾਲ ਜੁੜੀਆਂ ਜ਼ਰੂਰੀ ਸੇਵਾਵਾਂ ਨੂੰ ਵੀ ਪ੍ਰਭਾਵਿਤ ਕਰ ਸਕਦੇ ਹਨ।ਲੁਬਾਣਾ ਨੇ ਕਿਹਾ ਕਿ ਟਰਾਂਸਪੋਰਟ ਵਿਭਾਗ ਦਾ ਮਕਸਦ ਲੋਕਾਂ ਨੂੰ ਪਰੇਸ਼ਾਨ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਨਿਯਮਾਂ ਪ੍ਰਤੀ ਜਾਗਰੂਕ ਕਰਨਾ ਹੈ।ਜ਼ਿਕਰਯੋਗ ਹੈ ਕਿ ਵਿਭਾਗ ਹੁਣ ਪੈਂਡਿੰਗ ਚਲਾਨਾਂ ਵਾਲੇ ਵਾਹਨਾਂ ਦੇ ਡਾਟਾ ਦੀ ਹੋਰ ਸਖ਼ਤੀ ਨਾਲ ਨਿਗਰਾਨੀ ਕਰੇਗਾ।

# ਤਿੱਬੜੀ ਚੌਕ 'ਚ ਬੇਤਰਤੀਬੇ ਸਪੀਡ ਬਰੇਕਰ ਦੇ ਰਹੇ ਨੇ ਹਾਦਸਿਆਂ ਨੂੰ ਸੱਦਾ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਦੀ ਬਜਾਏ ਤਿੱਬੜੀ ਚੌਕ ਵਿਚ ਬੇਤਰਤੀਬੇ ਬਣਾਏ ਗਏ ਸਪੀਡ ਬਰੇਕਰ ਉਲਟਾ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਇਨ੍ਹਾਂ ਸਪੀਡ ਬਰੇਕਰਾਂ ਦੀ ਉਚਾਈ ਜ਼ਿਆਦਾ ਹੋਣ ਕਾਰਨ ਦੋਪਹੀਆ ਵਾਹਨ ਚਲਾ ਰਹੇ ਬਜ਼ੁਰਗਾਂ ਦਾ ਇਥੋਂ ਲੰਘਣਾ ਕਾਫ਼ੀ ਔਖਾ ਹੋਇਆ ਪਿਆ ਹੈ। ਜ਼ਿਕਰਯੋਗ ਹੈ ਕਿ ਤਿੱਬੜੀ ਰੋਡ 'ਤੇ ਰੇਲਵੇ ਲਾਈਨ ਹੇਠ ਅੰਡਰ ਬ੍ਰਿਜ ਬਣਾਇਆ ਗਿਆ ਜਿਸ 'ਤੇ ਦੋ ਸਾਲ ਦੇ ਕਰੀਬ ਸਮਾਂ ਅਤੇ ਲਗਭਗ 14 ਕਰੋੜ ਰੁਪਏ ਖਰਚ ਆਏ ਸਨ ਜਿਸ ਨਾਲ ਰੇਲਵੇ ਫਾਟਕ 'ਤੇ ਬੰਦ ਰਹਿਣ ਕਾਰਨ ਜਿੱਥੇ ਲੋਕਾਂ ਨੂੰ ਕਾਫੀ ਮੁਸ਼ਕਿਲ ਪੇਸ਼ ਆਉਂਦੀ ਸੀ ਉਥੇ ਨਵੇਂ ਬਣੇ ਬੱਸ ਸਟੈਂਡ 'ਤੇ ਆਉਣ ਜਾਣ ਵਾਲੇ ਲੋਕਾਂ ਨੂੰ ਵੀ ਕਾਫੀ ਰਾਹਤ ਮਿਲੀ ਹੈ। ਹੁਣ ਸੰਬੰਧਿਤ ਵਿਭਾਗ ਵੱਲੋਂ ਅੰਡਰ ਬ੍ਰਿਜ ਤਿੱਬੜੀ ਰੋਡ ਨੂੰ ਜਾਂਦੇ ਅਤੇ ਆਉਣ ਸਮੇਂ ਰਸਤੇ ਵਿਚ ਘਰ ਬੇਤਰਤੀਬੇ ਸਪੀਡ ਬਰੇਕਰ ਬਣਾ ਦਿੱਤੇ ਗਏ ਹਨ ਜਿਨ੍ਹਾਂ ਤੋਂ ਲੰਘਣਾ ਵਾਹਨ ਚਾਲਕਾਂ ਦਾ ਬੇਹਦ ਔਖਾ ਹੋਇਆ ਪਿਆ ਹੈ। ਇਸ ਤੋਂ ਇਲਾਵਾ ਕਈ ਓਵਰਲੋਡ ਚਾਰ ਪਹੀਆ ਚਾਲਕਾਂ ਅਤੇ ਰਿਕਸ਼ੇ 'ਤੇ ਬੈਠੀਆਂ ਸਵਾਰੀਆਂ ਨੂੰ ਇਥੋਂ ਲੰਘਣ ਸਮੇਂ ਕਾਫੀ ਮੁਸ਼ਕਿਲ ਪੇਸ਼ ਆਉਂਦੀ ਹੈ। ਲੋਕਾਂ ਦਾ ਕਹਿਣਾ ਹੈ ਕਿ ਵਿਭਾਗ ਵੱਲੋਂ ਇਨ੍ਹਾਂ ਸਪੀਡ ਬਰੇਕਰਾਂ ਨੂੰ ਸਹੀ ਤਰੀਕੇ ਨਾਲ ਬਣਾਇਆ ਜਾਵੇ ਤਾਂ ਜੋ ਕੋਈ ਵੀ ਹਾਦਸਾ ਨਾ ਵਾਪਰ ਸਕੇ।



# ਦਸਵੀਂ ਜਮਾਤ ਦਾ ਬਾਬਾ ਬੁੱਢਾ ਪਬਲਿਕ ਸਕੂਲ ਬੀੜ ਸਾਹਿਬ ਦਾ ਨਤੀਜਾ ਰਿਹਾ ਸੌ ਫੀਸਦੀ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬੀੜ ਸਾਹਿਬ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੰਜ ਵਿਦਿਆਰਥੀਆਂ ਵੱਲੋਂ 90% ਤੋਂ ਉਪਰ ਅੰਕ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦੀ ਵਿਦਿਆਰਥਣ ਤਨਵੀਰ ਕੌਰ ਨੇ 93.69 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਹਰਪ੍ਰੀਤ ਕੌਰ ਨੇ 92.30 ਫੀਸਦੀ ਅੰਕਾਂ ਨਾਲ ਦੂਸਰਾ ਸਥਾਨ, ਖੁਸ਼ਪ੍ਰੀਤ ਕੌਰ ਨੇ 91.69 ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਰਿਤਿਕਾਦੀਪ ਕੌਰ ਅਤੇ ਹਰਸੁਖਮੀਤ ਕੌਰ ਨੇ 90.30 ਫੀਸਦੀ ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਸਾਂਝੇ ਤੌਰ 'ਤੇ ਹਾਸਲ ਕੀਤਾ।ਪ੍ਰਿੰਸੀਪਲ ਡਾ. ਤਰਨਜੀਤ ਸਿੰਘ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਸਕੂਲ ਦੇ 5 ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ, 22 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੱਧ, 37 ਵਿਦਿਆਰਥੀਆਂ ਨੇ 70 ਫੀਸਦੀ ਤੋਂ ਵੱਧ ਅਤੇ 21 ਵਿਦਿਆਰਥੀਆਂ ਨੇ 60 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ।

# ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਸਰਗਰਮ ਵਰਕਰਾਂ ਵੱਲੋਂ ਇੱਕਜੁਟਤਾ ਦਾ ਪ੍ਰਗਟਾਵਾ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਖਡੂਰ ਸਾਹਿਬ ਦੇ ਪਿੰਡ ਧੂੰਦਾ ਵਿਖੇ ਐੱਸ ਸੀ ਵਿੰਗ ਜਿਲ੍ਹਾ ਤਰਨਤਾਰਨ ਦੇ ਪ੍ਰਧਾਨ ਜਗਤਾਰ ਸਿੰਘ ਸਾਬਕਾ ਸਰਪੰਚ ਦੇ ਗ੍ਰਹਿ ਵਿਖੇ ਹਲਕਾ ਇੰਚਾਰਜ ਬੀਬੀ ਰਮਨਦੀਪ ਕੌਰ ਸ਼ੇਰੋਂ ਦੇ



ਪਤੀ ਅਵਤਾਰ ਸਿੰਘ ਬਿੱਲਾ ਸਰਪੰਚ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਨਗਰ ਵਿਚੋਂ ਵੱਡੀ ਗਿਣਤੀ ਵਿੱਚ ਆਗੂਆਂ ਅਤੇ ਸਰਗਰਮ ਵਰਕਰਾਂ ਨੇ ਹਿੱਸਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਅਵਤਾਰ ਸਿੰਘ ਬਿੱਲਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਸਾਨੂੰ ਹਲਕਾ ਖਡੂਰ ਸਾਹਿਬ ਤੋਂ ਹਲਕੇ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਉਹ ਪਾਰਟੀ ਵੱਲੋਂ ਕੀਤੇ ਭਰੋਸੇ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਸੀਟ ਜਿੱਤ ਕੇ ਸੁਖਬੀਰ ਸਿੰਘ ਬਾਦਲ ਦੀ ਝੋਲੀ ਪਾਉਣਗੇ। ਇਸ ਮੌਕੇ ਐੱਸ ਈ ਵਿੰਗ ਤਰਨਤਾਰਨ ਦੇ ਪ੍ਰਧਾਨ ਜਗਤਾਰ ਸਿੰਘ ਧੂੰਦਾ ਨੇ ਕਿਹਾ ਕਿ ਉਹ ਹਲਕਾ ਇੰਚਾਰਜ ਬੀਬੀ ਰਮਨਦੀਪ ਕੌਰ ਦਾ ਡਟ ਕੇ ਸਹਿਯੋਗ ਦੇਣਗੇ ਅਤੇ ਸਾਰੇ ਹਲਕੇ ਵਿੱਚ ਵੱਡੀਆਂ ਵੱਡੀਆਂ ਮੀਟਿੰਗਾਂ ਕਰਕੇ ਪਾਰਟੀ ਨੂੰ ਮਜ਼ਬੂਤ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ, ਸੁਖਰਾਜ ਬਹਾਦਰ ਸਿੰਘ ਭੈਲ ਸਾਬਕਾ ਸਰਪੰਚ, ਤੇਜਿੰਦਰ ਸਿੰਘ ਪ੍ਰਿੰਸ ਸਾਬਕਾ ਬਲਾਕ ਸੰਮਤੀ ਮੈਂਬਰ ਬੇਅੰਤ ਸਿੰਘ ਪੈਟਰੋਲ ਪੰਪ ਫਤਿਆਬਾਦ ਵਾਲੇ, ਬਾਬਾ ਇੰਦਰਜੀਤ ਸਿੰਘ ਖੱਖ, ਕੁਲਦੀਪ ਸਿੰਘ ਲਾਹੌਰੀਆ ਜਨਰਲ ਸਕੱਤਰ, ਸਿਕੰਦਰ ਸਿੰਘ ਵਰਾਣਾ, ਕਸ਼ਮੀਰ ਸਿੰਘ ਸਹੋਤਾ ਫਤਿਆਬਾਦ, ਬਲਕਾਰ ਸਿੰਘ ਸਾਬਕਾ ਮੈਂਬਰ, ਮੇਜਰ ਸਿੰਘ ਧੂੰਦਾ, ਸ਼ੇਰਜੰਗ ਸਿੰਘ ਟੋਨੀ, ਕੁੰਦਨ ਸਿੰਘ ਫੌਜੀ, ਸਰਦੂਲ ਸਿੰਘ, ਸੁਲੱਖਣ ਸਿੰਘ ਸਰਪੰਚ ਭੈਲ, ਹਰਦੀਪ ਸਿੰਘ ਚੌਧਰੀ ਭੈਲ, ਹਰਦੀਪ ਸਿੰਘ ਖੱਖ ਯੂਥ ਅਕਾਲੀ ਆਗੂ, ਗੁਰਮੇਜ ਸਿੰਘ ਸਰਪੰਚ ਖੱਖ ਅਤੇ ਹੋਰ ਸੀਨੀਅਰ ਆਗੂ ਹਾਜ਼ਰ ਸਨ।

# ਜ਼ਮੀਨੀ ਝਗੜੇ ਨੂੰ ਲੈ ਕੇ ਛੋਟੇ ਭਰਾ ਤੇ ਭਰਜਾਈ ਦਾ ਕਤਲ

**ਧਾਰੀਵਾਲ/ਕਾਹਨੂੰਵਾਨ, (ਮਨਦੀਪ ਵਿੱਕੀ)**

ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਪੈਂਦੇ ਪੁਲਸ ਥਾਣਾ ਕਾਹਨੂੰਵਾਨ ਦੇ ਪਿੰਡ ਨੈਨੇਕੋਟ ਵਿੱਚ ਜ਼ਮੀਨ ਦੀ ਵੰਡ ਨੂੰ ਲੈ ਕੇ ਦੋ ਭਰਾਵਾਂ ਵਿੱਚ ਚੱਲ ਰਹੇ ਝਗੜੇ ਨੂੰ ਲੈ ਕੇ ਵੱਡੇ ਭਰਾ ਵੱਲੋਂ ਮੰਗਲਵਾਰ ਰਾਤ ਨੂੰ ਗੋਲੀਆਂ ਮਾਰ ਕੇ ਆਪਣੇ ਸਕੇ ਛੋਟੇ ਭਰਾ ਅਤੇ ਭਰਜਾਈ ਦਾ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ ਅਜੈਬ ਸਿੰਘ (59) ਤੇ ਕਮਲ ਕੌਰ



(ਦੋਵੇਂ ਪਤੀ-ਪਤਨੀ) ਵਜੋਂ ਹੋਈ। ਇਸ ਵਾਰਦਾਤ ਦੀ ਸੂਚਨਾ ਮਿਲਦੇ ਹੀ ਡੀਐੱਸਪੀ ਕੁਲਵੰਤ ਸਿੰਘ ਮਾਨ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਘਟਨਾ ਸਥਾਨ ਦਾ ਜਾਇਜ਼ਾ ਲਿਆ। ਪੁਲਸ ਨੇ ਦੋਵਾਂ ਲਾਸ਼ਾਂ ਨੂੰ ਪੋਸਟ ਮਾਰਟਮ ਲਈ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਭੇਜ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਨੈਨੇਕੋਟ ਦੇ ਤਿੰਨ ਭਰਾਵਾਂ ਅਜੈਬ ਸਿੰਘ, ਅਮਰਜੀਤ ਸਿੰਘ ਅਤੇ ਤਰਸੇਮ ਸਿੰਘ ਪੁੱਤਰਾਨ ਭਜਨ ਸਿੰਘ ਦਾ ਆਪਣੇ ਪਿੰਡ ਵਿੱਚ ਨੌ ਕਿੱਲੇ ਜ਼ਮੀਨ ਦੀ ਵੰਡ ਨੂੰ ਲੈ ਕੇ ਆਪਸੀ ਝਗੜਾ ਚੱਲ ਰਿਹਾ ਸੀ। ਪਿੰਡ ਦੀ ਪੰਚਾਇਤ ਨੇ ਵੀ ਕਈ ਵਾਰ ਇਨਾਂ ਭਰਾਵਾਂ ਦਾ ਝਗੜਾ ਨਿਬੇੜਨ ਦੀ ਕੋਸ਼ਿਸ਼ ਕੀਤੀ ਪਰ ਮਸਲਾ ਹੱਲ ਨਾਲ ਹੋਇਆ। ਲੰਘੀ ਮੰਗਲਵਾਰ ਰਾਤ ਨੂੰ ਅਜੈਬ ਸਿੰਘ ਰੋਜ਼ ਦੀ ਤਰ੍ਹਾਂ ਸੈਰ ਕਰ ਕੇ ਘਰ ਨੂੰ ਵਾਪਸ ਆ ਰਿਹਾ ਸੀ ਕਿ ਉਸਦੇ ਵੱਡੇ ਭਰਾ ਅਮਰਜੀਤ ਸਿੰਘ ਵੱਲੋਂ ਪਿਸਤੌਲ ਨਾਲ ਉਸ ਉਪਰ ਗੋਲੀਆਂ ਚਲਾ ਕੇ ਉਸਦਾ ਕਤਲ ਕਰ ਦਿੱਤਾ ਅਤੇ ਇਸ ਦੇ ਬਾਅਦ ਅਮਰਜੀਤ ਸਿੰਘ ਨੇ ਅਜੈਬ ਸਿੰਘ ਦੇ ਘਰ ਜਾ ਕੇ ਉਸ ਦੀ ਪਤਨੀ ਕਮਲ ਕੌਰ ਨੂੰ ਵੀ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਦੋਸ਼ੀ ਅਮਰਜੀਤ ਸਿੰਘ ਨੇ ਆਪਣੇ ਭਰਾ ਤੇ ਭਰਜਾਈ ਦਾ ਕਤਲ ਕਰਨ ਦੇ ਬਾਅਦ ਖੁਦ ਪੁਲਸ ਥਾਣਾ ਕਾਹਨੂੰਵਾਨ ਪਹੁੰਚ ਕੇ ਆਤਮ ਸਮਰਪਣ ਕਰ ਦਿੱਤਾ। ਡੀਐੱਸਪੀ ਕੁਲਵੰਤ ਸਿੰਘ ਮਾਨ ਨੇ ਦੱਸਿਆ ਕਿ ਮ੍ਰਿਤਕ ਅਜੈਬ ਸਿੰਘ ਦੀ ਭੈਣ ਗੁਰਬਿੰਦਰ ਕੌਰ ਵਾਸੀ ਕਾਦੀਆਂ ਦੇ ਬਿਆਨਾਂ ਅਨੁਸਾਰ ਅਮਰਜੀਤ ਸਿੰਘ ਅਮਰਜੀਤ ਸਿੰਘ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਉਸਨੂੰ ਕਾਬੂ ਕਰ ਲਿਆ ਹੈ ਅਤੇ ਅਗਲੀ ਜਾਂਚ ਜਾਰੀ ਹੈ।

# ਡਿਆਜੀਓ ਇੰਡੀਆ ਵੱਲੋਂ ਨਵੀਂ ਪੈਕੇਜਿੰਗ ਪੇਸ਼

**ਚੰਡੀਗੜ੍ਹ**-ਬਲੈਕ ਡੌਗ ਵਿਸਕੀ ਭਾਰਤ ਦੇ ਸਭ ਤੋਂ ਪ੍ਰਸਿੱਧ ਬਲੈਂਡਿਡ ਸਕੌਚ ਵਿਸਕੀ ਬ੍ਰਾਂਡਾਂ ਵਿੱਚੋਂ ਇੱਕ ਨੇ ਇੱਕ ਸੁਧਾਰੀ ਹੋਈ ਨਵੀਂ ਪੈਕੇਜਿੰਗ ਪੇਸ਼ ਕੀਤੀ ਜੋ 140 ਸਾਲ ਤੋਂ ਵੱਧ ਫੈਲੇ ਵਿਰਾਸਤੀ ਇਤਿਹਾਸ ਦੇ ਵਿਸ਼ਵਾਸਪੂਰਨ ਵਿਕਾਸ ਨੂੰ ਦਰਸਾਉਂਦੀ ਹੈ।ਸਿਰਫ਼ ਇੱਕ ਦ੍ਰਿਸ਼ਟੀਗਤ ਤਾਜ਼ਗੀ ਤੋਂ ਵੱਧ, ਇਹ ਨਵਾਂ ਡਿਜ਼ਾਇਨ ਬ੍ਰਾਂਡ ਦੇ ਸੁਭਾਵ ਦੀ ਹੋਰ ਡੂੰਘੀ ਅਭਿਵਿਅਕਤੀ ਹੈ, ਜੋ ਉਪਭੋਗਤਾਵਾਂ ਨੂੰ ਹੌਲੀ ਹੋਣ ਅਤੇ ਹਰ ਘੁੱਟ ਦਾ ਆਨੰਦ ਲੈਣ ਲਈ ਸੱਦਾ ਦਿੰਦਾ ਹੈ।ਵਾਰੁਨ ਕੂਰੀਚ ਉਪ ਪ੍ਰਧਾਨ ਮਾਰਕੀਟਿੰਗ ਅਤੇ ਪੋਰਟਫੋਲੀਓ ਮੁਖੀ ਡਿਆਜੀਓ ਇੰਡੀਆ ਨੇ ਕਿਹਾ ਕਿ ਬਲੈਕ ਡੌਗ ਪੀੜ੍ਹੀਆਂ ਤੋਂ ਚੱਲਦੀ ਆ ਰਹੀ ਸਕੌਚ ਵਿਰਾਸਤ ਨੂੰ ਆਪਣੇ ਅੰਦਰ ਰੱਖਦਾ ਹੈ, ਜੋ ਇੱਕ ਸ਼ਾਂਤ ਆਤਮ-ਵਿਸ਼ਵਾਸ ਨਾਲ ਤਿਆਰ ਕੀਤਾ ਗਿਆ ਹੈ ਜਿਸ ਲਈ ਐਡਵਰਟਾਈਜ਼ਮੈਂਟ ਦੀ ਲੋੜ ਨਹੀਂ ਹੁੰਦੀ।ਸਕਾਟਲੈਂਡ ਦੀਆਂ ਕੁਝ ਸਭ ਤੋਂ ਉਤਮ ਡਿਸਟਿਲਰੀਆਂ, ਜਿਸ ਵਿੱਚ ਲਿੰਕਵੁੱਡ ਵੀ ਸ਼ਾਮਲ ਹੈ, ਤੋਂ ਬਣਾਇਆ ਗਿਆ ਇਹ ਮਿਸ਼ਰਣ ਉਸ ਪੀਣ ਵਾਲੇ ਨੂੰ ਇਨਾਮ ਦਿੰਦਾ ਹੈ ਜੋ ਇੱਕ ਪਲ ਰੁਕ ਕੇ ਇਸਨੂੰ ਸੱਚਮੁੱਚ ਮਹਿਸੂਸ ਕਰਦਾ ਹੈ।

# ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਦਾ ਜਨਮ ਦਿਨ 17 ਨੂੰ



**ਜੈਂਤੀਪੁਰ, (ਸੁਖਬੀਰ ਸਿੰਘ ਸਿੱਧੂ)**-ਸ਼ਹੀਦ ਭਗਤ ਸਿੰਘ ਮੈਮੋਰੀਅਲ ਸੋਸ਼ਲ ਐਂਡ ਸਪੋਰਟਸ ਵੈੱਲਫੇਅਰ ਸੋਸਾਇਟੀ ਰਜਿ: ਦੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਦਾ 75ਵਾਂ ਜਨਮ ਦਿਨ 17 ਮਈ ਦਿਨ ਐਤਵਾਰ ਨੂੰ ਸ਼ਹੀਦ ਭਗਤ ਸਿੰਘ ਲੋਕ ਸੇਵਾ ਕੇਂਦਰ ਪਾਖਰਪੁਰਾ ਨੇੜੇ ਹਾਕੀ ਸਟੇਡੀਅਮ ਵਿਖੇ ਸੋਸਾਇਟੀ ਦੇ ਆਗੂਆਂ ਤੇ ਮੈਂਬਰਾਂ ਵੱਲੋਂ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਉਹ ਸ਼ਖ਼ਸੀਅਤ ਹਨ ਜਿਨ੍ਹਾਂ ਦੀ ਸਮਾਜ ਨੂੰ ਬਹੁਤ ਵੱਡੀ ਦੇਣ ਹੈ।ਇਸ ਮੌਕੇ ਸਰਪੰਚ ਬਲਵਿੰਦਰ ਸਿੰਘ ਉੱਪਲ, ਮਨਜੀਤ ਸਿੰਘ ਭੋਮਾ ਆਦਿ ਹਾਜ਼ਰ ਸਨ ਜਿਨ੍ਹਾਂ ਇਸ ਪ੍ਰੋਗਰਾਮ 'ਚ ਸੱਜਣਾਂ ਮਿੱਤਰਾਂ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ।

# ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ ਧਾਰੀਵਾਲ ਦਾ ਨਤੀਜਾ 100% ਰਿਹਾ



ਸਿਧਾਂਸ਼ੂ ਚਰਨਜੀਤ ਕੌਰ ਕੋਮਲਪ੍ਰੀਤ ਕੌਰ ਕੁੰਵਰਜੀਤ ਡਿਗਰਾ ਅਨਾਮਿਕਾ ਰੀਆ

**ਧਾਰੀਵਾਲ, (ਮਨਦੀਪ ਵਿੱਕੀ)**-ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਦਾ ਨਤੀਜਾ 100% ਰਿਹਾ। ਇਸ ਸਬੰਧੀ ਸਕੂਲ ਪ੍ਰਿੰਸੀਪਲ ਡਾ: ਗਗਨਜੀਤ ਕੌਰ ਨੇ ਇਸ ਸਾਲ ਲਈ ਗਈ ਦਸਵੀਂ ਦੀ ਸਾਲਾਨਾ ਪ੍ਰੀਖਿਆ ਵਿੱਚ ਉਨ੍ਹਾਂ ਦੇ ਸਕੂਲ ਦੇ ਕੁੱਲ 104 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ ਜਿਨ੍ਹਾਂ ਵਿੱਚੋਂ ਵਿਦਿਆਰਥੀ ਸਿਧਾਂਸ਼ੂ 91.5 ਪ੍ਰਤੀਸ਼ਤ, ਚਰਨਜੀਤ ਕੌਰ 88%, ਕੋਮਲਪ੍ਰੀਤ ਕੌਰ 87.2%, ਕੁੰਵਰਜੀਤ ਡਿਗਰਾ 87%, ਅਨਾਮਿਕਾ 85.3% ਅਤੇ ਰੀਆ 85% ਨੰਬਰ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਵਿੱਚੋਂ 90% ਤੋਂ ਉੱਪਰ ਇੱਕ ਵਿਦਿਆਰਥੀ, 80% ਤੋਂ ਉੱਪਰ 16 ਵਿਦਿਆਰਥੀ, 70% ਤੋਂ ਉੱਪਰ 30 ਵਿਦਿਆਰਥੀ, 60% ਤੋਂ ਉੱਪਰ 44 ਵਿਦਿਆਰਥੀ ਅਤੇ 50% ਤੋਂ ਉੱਪਰ 13 ਵਿਦਿਆਰਥੀਆਂ ਨੇ ਨੰਬਰ ਪ੍ਰਾਪਤ ਕੀਤੇ। ਪ੍ਰਿੰਸੀਪਲ ਡਾ: ਗਗਨਜੀਤ ਕੌਰ, ਪ੍ਰਧਾਨ ਗੁਰਦੇਵ ਸਿੰਘ ਸੋਹਲ (ਐਡਵੋਕੇਟ), ਸਕੱਤਰ ਕੁਲਦੀਪ ਸਿੰਘ ਪਟਵਾਰੀ, ਗੁਰਜੀਤ ਸਿੰਘ ਲੇਹਲ ਅਤੇ ਕੁਲਦੀਪ ਸਿੰਘ ਸੋਹਲ ਨੇ ਇਸ ਨਤੀਜੇ ਸਬੰਧੀ ਮਿਹਨਤੀ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ।

# ਐੱਚਡੀਐੱਫਸੀ ਬੈਂਕ ਵਟਸਐਪ ਚੈਟ ਬੈਂਕਿੰਗ ਵੱਲੋਂ ਮੀਲ ਪੱਥਰ ਸਥਾਪਤ

**ਜਲੰਧਰ** : ਐੱਚਡੀਐੱਫਸੀ ਬੈਂਕ ਵਟਸਐਪ ਚੈਟ ਬੈਂਕਿੰਗ ਨੇ ਪਲੇਟਫਾਰਮ ਦਾ ਉਪਯੋਗ ਕਰਨ ਦੇ ਮਾਮਲੇ ਵਿੱਚ ਕਈ ਅਹਿਮ ਮੀਲ ਪੱਥਰ ਸਥਾਪਤ ਕੀਤੇ।ਇਸ ਪਲੇਟਫਾਰਮ 'ਤੇ 31 ਮਾਰਚ, 2026 ਤੱਕ 1 ਕਰੋੜ ਤੋਂ ਜ਼ਿਆਦਾ 30-ਦਿਨ ਦੇ ਇੱਕਟਿਵ ਯੂਜ਼ਰਜ਼ ਅਤੇ 2 ਕਰੋੜ ਤੋਂ ਵੱਧ 90-ਦਿਨ ਦੇ ਇੱਕ ਯੂਜ਼ਰਜ਼ ਸਨ।ਇਹ ਪਲੇਟਫਾਰਮ ਫਾਰਮ ਹੁਣ 4 ਕਰੋੜ ਤੋਂ ਵੱਧ ਰਿਜੇਕਟਡ ਗਾਹਕਾਂ ਨੂੰ ਸੇਵਾਵਾਂ ਦੇ ਰਿਹਾ ਹੈ, ਜੋ ਬੈਂਕ ਦੇ ਕੁਲ ਗਾਹਕਾਂ ਦਾ ਆਧਾਰ ਲਗਭਗ 40 ਪ੍ਰਤੀਸ਼ਤ ਹੈ। ਐੱਚਡੀਐੱਫਸੀ ਬੈਂਕ ਦੇ ਪੇਮੈਂਟਸ ਅਤੇ ਡਿਜੀਟਲ ਬੈਂਕਿੰਗ ਚੈਨਲ ਹੈੱਡ, ਰਜਨੀਸ਼ ਪਰਮਾਨੰਦ ਪ੍ਰਭੂ ਨੇ ਇਸ ਉਪਲਬਧੀ ਬਾਰੇ ਗੱਲ ਕਰਦੇ ਕਿਹਾ ਕਿ 1 ਕਰੋੜ ਯੂਨਿਕ ਮੰਥਲੀ ਇੱਕ ਯੂਜ਼ਰਜ਼ ਦਾ ਮੀਲ ਦਾ ਪੱਥਰ ਪਾਰ ਕਰਨਾ ਸਾਡੀ ਡਿਜੀਟਲ ਯਾਤਰਾ ਵਿੱਚ ਇੱਕ ਅਹਿਮ ਪਲ ਹੈ ਜੋ ਇੱਕ ਸਧਾਰਨ ਸਰਵਿਸ ਇੰਟਰਫੇਸ ਹੈ।ਮੈਟਾ ਇੰਡੀਆ ਵਿੱਚ ਬਿਜ਼ਨੈੱਸ ਮੈਸੇਜਿੰਗ ਕੇ ਡਾਇਰੈਕਟਰ ਰਵੀ ਗਰਗ ਨੇ ਕਿਹਾ ਕਿ ਵਟਸਐਪ ਇਸ ਗੱਲ ਨੂੰ ਬਦਲ ਰਿਹਾ ਹੈ ਕਿ ਬਿਜ਼ਨੈੱਸ ਅਤੇ ਇਕ-ਦੂਸਰੇ ਤੋਂ ਗਾਹਕ ਕਿਵੇਂ ਗੱਲਬਾਤ ਕਰਦੇ ਹਨ ਅਤੇ ਤੁਹਾਡੇ ਕੰਮ ਕਿਵੇਂ ਕਰਦੇ ਹਨ।

# ਨਗਰ ਕੌਂਸਲ ਮਜੀਠਾ ਦੀਆਂ ਚੋਣਾਂ ਲਈ ਤਿਆਰੀਆਂ ਮੁਕੰਮਲ : ਸੱਚਰ

**ਮਜੀਠਾ (ਸੋਇਮ ਆਨੰਦ)**

ਪੰਜਾਬ ਵਿੱਚ 26 ਮਈ ਨੂੰ ਹੋਣ ਵਾਲੀਆਂ ਨਗਰ ਪੰਚਾਇਤਾਂ ਤੇ ਨਗਰ ਕੌਂਸਲ ਦੀਆਂ ਚੋਣਾਂ ਸਬੰਧੀ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਸ਼ਹਿਰ ਦੀਆਂ ਤੇਰਾਂ ਵਾਰਡਾਂ ਤੇ ਹੋਣ ਵਾਲੀਆਂ ਚੋਣਾਂ



ਸਬੰਧੀ ਮੀਟਿੰਗ ਮਜੀਠਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ ਦੇ ਗ੍ਰਹਿ ਵਿਖੇ ਕੀਤੀ ਜਿਸ ਵਿੱਚ ਮਜੀਠਾ ਦੀਆਂ ਸਾਰੀਆਂ ਤੇਰਾਂ ਵਾਰਡਾਂ ਤੇ ਸ਼ਹਿਰ ਵਾਸੀਆਂ ਤੇ ਕਾਂਗਰਸ ਦੇ ਸੀਨੀਅਰ ਆਗੂਆਂ ਤੇ ਵਰਕਰਾਂ ਦੀ ਸਲਾਹ ਨਾਲ ਨਾਵਾਂ ਨੂੰ ਅੰਤਿਮ ਛੋਹਾਂ ਦਿੱਤੀਆਂ ਤੇ ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਨਿਯੁਕਤ ਕੀਤੇ ਗਏ ਅਬਜ਼ਰਵਰ ਤੇ ਕੋਆਰਡੀਨੇਟਰ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਦੀ ਹਾਜ਼ਰੀ ਵਿੱਚ ਨਾਵਾਂ ਦੀ ਜਾਣਕਾਰੀ ਮੁਹੱਈਆ ਕਰਵਾਈ, ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਪਿਛਲੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਸੱਤਾ ਧਿਰ ਨੇ ਸਾਡੇ ਉਮੀਦਵਾਰਾਂ ਦੇ ਕਾਗਜ਼ ਹੀ ਨਹੀਂ ਦਾਖ਼ਲ ਹੋਣ ਦਿੱਤੇ ਸਨ। ਇਸ ਮੌਕੇ ਨਵਦੀਪ ਸਿੰਘ ਸੋਨਾ ਮਜੀਠਾ ਨੇ ਸ਼ਹਿਰ ਵਾਸੀਆਂ ਕੋਲੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਮਜੀਠਾ ਕਸਬੇ ਦੇ ਸਰਬਪੱਖੀ ਵਿਕਾਸ ਲਈ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੇ ਫ਼ਰਕ ਜਿਤਾਓ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ, ਕਸ਼ਮੀਰ ਸਿੰਘ ਮਹਿਤਾ, ਬਲਾਕ ਦੇ ਪ੍ਰਧਾਨ ਨਵਤੇਜ ਪਾਲ ਸਿੰਘ, ਬਲਾਕ ਪ੍ਰਧਾਨ ਸੰਨੀ ਕਾਜੀਕੋਟ, ਸੁਖਵਿੰਦਰ ਸਿੰਘ ਆਕੜ, ਗੁਰਪਾਲ ਸਿੰਘ ਸੇਠ, ਹਰਪ੍ਰੀਤ ਸਿੰਘ, ਵਿਜੇ ਕੁਮਾਰ, ਲਾਡੀ ਮਜੀਠਾ, ਚਰਨਜੀਤ ਸਿੰਘ, ਜਤਿੰਦਰ ਸਿੰਘ, ਜਗਦੀਸ਼ ਸਿੰਘ, ਬਲਦੇਵ ਸਿੰਘ, ਦਵਿੰਦਰ ਸਿੰਘ ਭੁੱਲਰ, ਕਾਹਨ ਸਿੰਘ, ਮਨੋਹਰ ਲਾਲ, ਸਰਪੰਚ ਗੁਰਭੇਦ ਸਿੰਘ , ਹਰਦਿਆਲ ਸਿੰਘ, ਪਲਵਿੰਦਰ ਸਿੰਘ ਪੰਧੇਰ, ਸੋਨੀ ਗਿੱਲ, ਹਰਮਨ ਮਜੀਠਾ, ਸੁਖਵਿੰਦਰ ਸਿੰਘ ਰੰਧਾਵਾ, ਪਰਮਜੀਤ ਸਿੰਘ, ਪ੍ਰਗਟ ਸਿੰਘ, ਅਸ਼ੋਕ ਕੁਮਾਰ, ਸੁਲੱਖਣ ਸਿੰਘ, ਝਿਲਮਿਲ ਸਿੰਘ ਬਾਠ, ਜਗਦੇਵ ਸਿੰਘ ਤੇ ਹੋਰ ਵੀ ਆਗੂ ਮੌਜੂਦ ਸਨ

# ਅੰਤਰਰਾਸ਼ਟਰੀ ਨਰਸ ਦਿਵਸ ਮੌਕੇ ਫਲੋਰੈਂਸ ਨਾਈਟਿੰਗੇਲ ਨੂੰ ਭਰਪੂਰ ਸ਼ਰਧਾਂਜਲੀ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਅੰਮ੍ਰਿਤਸਰ ਇੰਸਟੀਚਿਊਟ ਆਫ਼ ਪੈਰਾਮੈਡੀਕਲ ਸਾਇੰਸਜ਼ ਏਆਈਪੀਐੱਸ ਵੱਲੋਂ ਸਿਹਤ ਸੰਭਾਲ ਭਾਈਚਾਰੇ ਦੇ ਸਮਰਪਣ ਅਤੇ ਜਜ਼ਬੇ ਨੂੰ ਸਨਮਾਨਿਤ ਕਰਨ ਲਈ ਇੱਕ ਸ਼ਾਨਦਾਰ ਸਮਾਗਮ ਕਰਵਾ ਕੇ ਅੰਤਰਰਾਸ਼ਟਰੀ ਨਰਸ ਦਿਵਸ ਮਨਾਇਆ ਗਿਆ।ਇਹ ਮੌਕਾ ਫਲੋਰੈਂਸ ਨਾਈਟਿੰਗੇਲ ਨੂੰ ਸ਼ਰਧਾਂਜਲੀ ਦੇਣ ਅਤੇ ਮਰੀਜ਼ਾਂ ਦੀ ਦੇਖਭਾਲ ਵਿੱਚ ਨਰਸਾਂ ਅਤੇ ਪੈਰਾਮੈਡੀਕਲ ਪੇਸ਼ੇਵਰਾਂ ਦੀ ਅਹਿਮ ਭੂਮਿਕਾ ਦਾ ਜਸ਼ਨ ਮਨਾਉਣ ਲਈ ਸਮਰਪਿਤ ਸੀ।ਸਮਾਗਮ ਵਿੱਚ ਮੈਨੇਜਿੰਗ ਡਾਇਰੈਕਟਰ ਡਾ. ਨਿਪੁਣ ਪਾਸੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਆਪਣੇ ਸੰਬੋਧਨ ਵਿੱਚ ਡਾ. ਪਾਸੀ ਨੇ ਸਿਹਤ ਸੰਭਾਲ ਵਿਦਿਆਰਥੀਆਂ ਦੀ ਉਤਮਤਾ ਪ੍ਰਤੀ ਵਚਨਬੱਧਤਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਆਧੁਨਿਕ ਚਿਕਿਤਸਾ ਦੇ ਬਦਲਦੇ ਤਕਨੀਕੀ ਯੁੱਗ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਦੀ ਅਗਵਾਈ ਕਰਨ ਲਈ ਪ੍ਰਿੰਸੀਪਲ ਪ੍ਰੋ. ਡਾ. ਸੰਦੀਪ ਸਿੰਘ ਅਤੇ ਪ੍ਰਿੰ. ਪ੍ਰੋ. ਦਿਲੀਪ ਕੁਮਾਰ ਏ, ਸੀਐੱਨ ਹਾਜ਼ਰ ਸਨ।ਡਾ. ਸੰਦੀਪ ਸਿੰਘ ਨੇ ਸਿੱਖਿਆ ਵਿੱਚ ਬਹੁ-ਪੱਖੀ ਪਹੁੰਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਦੱਸਿਆ ਕਿ ਕਿਵੇਂ ਅਗਲੀ ਪੀੜ੍ਹੀ ਦੇ ਸਿਹਤ ਸੰਭਾਲ ਕਰਮਚਾਰੀਆਂ ਲਈ ਕਲੀਨਿਕਲ ਮੁਹਾਰਤ ਅਤੇ ਹਮਦਰਦੀ ਦਾ ਸੁਮੇਲ ਹੋਣਾ ਜ਼ਰੂਰੀ ਹੈ।ਸਟੇਜ ਦਾ ਸੰਚਾਲਨ ਪ੍ਰੋ. ਜਸਵਿੰਦਰ ਕੌਰ ਐੱਚਓਡੀ ਵੱਲੋਂ ਵਿਦਿਆਰਥੀਆਂ ਦੀ ਟੀਮ ਦੇ ਸਹਿਯੋਗ ਨਾਲ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ।ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਦਰਸਾਉਂਦੇ ਹੋਏ ਕਈ ਸੱਭਿਆਚਾਰਕ ਅਤੇ ਵਿਦਿਅਕ ਪ੍ਰੋਗਰਾਮ ਪੇਸ਼ ਕੀਤੇ ਗਏ।ਇਸ ਮੌਕੇ ਫੈਕਲਟੀ ਵੱਲੋਂ ਭਰਵਾਂ ਸਹਿਯੋਗ ਦਿੱਤਾ ਗਿਆ,ਜਿਸ ਵਿੱਚ ਪ੍ਰੋ. ਸਟਾਲਿਨ (ਵਾਈਸ ਪ੍ਰਿੰਸੀਪਲ), ਪ੍ਰੋ. ਨੇਹਾ, ਪ੍ਰੋ. ਪ੍ਰਭਦੀਪ, ਪ੍ਰੋ. ਰਾਜਬੀਰ, ਪ੍ਰੋ. ਅਨਮ ਅਤੇ ਪ੍ਰੋ. ਫਾਜ਼ਿਲ ਸਮੇਤ ਕਈ ਪ੍ਰਮੁੱਖ ਮੈਂਬਰ ਹਾਜ਼ਰ ਸਨ। ਉਨ੍ਹਾਂ ਦੀ ਮੌਜੂਦਗੀ ਨੇ ਵਿਦਿਆਰਥੀਆਂ ਦੇ ਪੇਸ਼ੇਵਰ ਵਿਕਾਸ ਲਈ ਸੰਸਥਾ ਦੇ ਸਾਂਝੇ ਯਤਨਾਂ ਨੂੰ ਹੋਰ ਮਜ਼ਬੂਤ ਕੀਤਾ।

# ਦਸਮੇਸ਼ ਸਕੂਲ ਮਹਿਤਾ ਚੌਂਕ ਨੇ 10ਵੀਂ ਦੇ ਨਤੀਜਿਆਂ 'ਚ ਮਾਰੀ ਬਾਜ਼ੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਦਾ 10ਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ।10ਵੀਂ ਕਲਾਸ ਦੇ ਕੁੱਲ 141 ਵਿਦਿਆਰਥੀਆਂ ਨੇ ਆਪਣੀ ਬੋਰਡ ਦੀ ਪ੍ਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ 122 ਵਿਦਿਆਰਥੀ ਫਸਟ ਡਵੀਜ਼ਨ ਲੈ ਕੇ ਪਾਸ ਹੋਏ ਤੇ 19 ਵਿਦਿਆਰਥੀਆਂ ਨੇ ਸੈਕੰਡ ਡਵੀਜ਼ਨ



ਲਈ।ਜਿਨ੍ਹਾਂ ਵਿੱਚੋਂ ਨਵਦੀਪ ਕੌਰ ਨੇ 612/650 (94.1%) ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਨਿਮਰਤ ਕੌਰ ਨੇ 610/650 (93.8%) ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਤੇ ਸਨੇਹਪ੍ਰੀਤ ਕੌਰ ਨੇ 606/650 (93.2%) ਅੰਕ ਪ੍ਰਾਪਤ ਕਰਕੇ ਸਕੂਲ ਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ 12 ਵਿਦਿਆਰਥੀਆਂ ਨੇ 90% ਤੋਂ ਉੱਪਰ ਨੰਬਰ ਲਏ ਅਤੇ 30 ਵਿਦਿਆਰਥੀਆਂ ਨੇ 80% ਤੋਂ ਉੱਪਰ, 40 ਵਿਦਿਆਰਥੀਆਂ ਨੇ 70% ਤੋਂ ਉੱਪਰ ਅੰਕ ਲਏ ਅਤੇ 59 ਵਿਦਿਆਰਥੀਆਂ ਨੇ 60% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸਫਲਤਾ ਪ੍ਰਾਪਤ ਕੀਤੀ।ਵਿਦਿਆਰਥੀਆਂ ਨੇ ਆਪਣੀ ਇਸ ਸਫਲਤਾ ਦਾ ਸਿਹਰਾ ਆਪਣੇ ਅਧਿਆਪਕਾਂ ਦੇ ਸਿਰ ਦਿੱਤਾ।ਇਸ ਮੌਕੇ ਪ੍ਰਿੰ: ਗੁਰਬੀਤ ਕੌਰ, ਡਾਇਰੈਕਟਰ ਹਰਪ੍ਰੀਤ ਕੌਰ, ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਮਾਤਾ ਸਾਹਿਬ ਕੌਰ ਮਾਡਰਨ ਸੀ. ਸੈ. ਸਕੂਲ ਭਰੋਵਾਲ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ




**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਭਰੋਵਾਲ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ।ਸਕੂਲ ਦੇ ਹੋਣਹਾਰ ਵਿਦਿਆਰਥੀ ਅਰਮਾਨਦੀਪ ਸਿੰਘ ਨੇ 650 'ਚੋਂ 595 ਅੰਕ (91.5%) ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਰੂਬਲਪਰੀਤ ਕੌਰ ਤੇ ਮਨਦੀਪ ਕੌਰ ਨੇ ਸਾਂਝੇ ਤੌਰ 'ਤੇ 593 ਅੰਕ (91.2%) ਲੈ ਕੇ ਦੂਜਾ ਸਥਾਨ ਅਤੇ ਨਵਰੂਪ ਕੌਰ ਨੇ 587 ਅੰਕ (90.3%) ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਇਨ੍ਹਾਂ ਤੋਂ ਇਲਾਵਾ ਹਰਲੀਨ ਕੌਰ, ਜਸ਼ਨਦੀਪ ਕੌਰ, ਜਸਨੂਰ ਕੌਰ, ਸਿਮਰਨਜੀਤ ਕੌਰ, ਪਲਕਪ੍ਰੀਤ ਕੌਰ, ਪਲਕਦੀਪ ਕੌਰ, ਸਿਮਰਨਦੀਪ ਕੌਰ, ਪ੍ਰਭਨੂਰ ਕੌਰ, ਹਰਸਿਮਰਨਪ੍ਰੀਤ ਕੌਰ, ਸੁਖਪ੍ਰੀਤ ਕੌਰ, ਵੀਰਪਾਲ ਕੌਰ, ਅਭੀਜੋਤ ਸਿੰਘ ਅਤੇ ਅਮਨਦੀਪ ਸਿੰਘ ਨੇ ਵੀ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਹੈ।ਸਕੂਲ ਦਾ ਕੁੱਲ ਨਤੀਜਾ 100% ਰਿਹਾ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਨਵਜੋਤੀ , ਡਾਇਰੈਕਟਰ ਤਜਿੰਦਰ ਸਿੰਘ, ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਸਕੱਤਰ ਬਨਵੀਰ ਸਿੰਘ ਅਤੇ ਮੈਨੇਜਮੈਂਟ ਕਮੇਟੀ ਮੈਂਬਰ ਮੈਡਮ ਸੰਗੀਤ ਕੌਰ ਨੇ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਮੂਹ ਸਟਾਫ਼ ਨੂੰ ਮੁਬਾਰਕਬਾਦ ਦਿੱਤੀ। ਪ੍ਰਿੰਸੀਪਲ ਨਵਜੋਤੀ ਨੇ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਸਿੱਟਾ ਹੈ।ਡਾਇਰੈਕਟਰ ਤਜਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਉਚ ਮੁਕਾਮ ਹਾਸਲ ਕਰਨ ਲਈ ਪ੍ਰੇਰਿਆ। ਸਮਾਗਮ ਦੌਰਾਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਸਨਮਾਨ ਕੀਤਾ ਗਿਆ।

# ਓਪੋ ਇੰਡੀਆ ਨੇ ਲਾਂਚ ਕੀਤੀ ਐੱਫ33 ਸੀਰੀਜ਼

**ਲੁਧਿਆਣਾ** : ਭਾਰਤੀ ਸਮਾਰਟਫੋਨ ਬਾਜ਼ਾਰ ਵਿੱਚ ਆਪਣੀ ਪਕੜ ਮਜ਼ਬੂਤ ਕਰਦੇ ਹੋਏ ਓਪੋ ਇੰਡੀਆ ਨੇ ਚੰਡੀਗੜ੍ਹ ਵਿੱਚ ਨਵੀਂ ਐੱਫ33 ਸੀਰੀਜ਼ ਲਾਂਚ ਕੀਤੀ ਹੈ।ਇਸ ਸੀਰੀਜ਼ ਵਿੱਚ ਓਪੋ ਐੱਫ33 ਪ੍ਰੋ 5ਜੀ ਅਤੇ ਓਪੋ ਐੱਫ33 5ਜੀ ਸਮਾਰਟਫੋਨ ਸ਼ਾਮਲ ਹਨ।ਕੰਪਨੀ ਦਾ ਕਹਿਣਾ ਹੈ ਕਿ ਇਹ ਐੱਫ-ਸੀਰੀਜ਼ ਦੀ ਹੁਣ ਤੱਕ ਦੀ ਸਭ ਤੋਂ ਨਵੀਂ ਅਤੇ ਬਿਹਤਰ ਸੀਰੀਜ਼ ਹੈ।ਇਸ ਵਿੱਚ 50 ਮੈਗਾਪਿਕਸਲ ਦਾ ਅਲਟਰਾ-ਵਾਇਡ ਸੈਲਫੀ ਕੈਮਰਾ, 7,000 ਐੱਮ.ਏ.ਐੱਚ ਦੀ ਵੱਡੀ ਬੈਟਰੀ, ਆਈਪੀ69ਕੇ ਸੁਰੱਖਿਆ, ਕਲਰਓਐੱਸ16 ਅਤੇ 5ਜੀ++ ਕਨੈਕਟੀਵਿਟੀ ਵਰਗੇ ਫੀਚਰ ਦਿੱਤੇ ਗਏ ਹਨ। ਓਪੋ ਐੱਫ33 ਪ੍ਰੋ 5ਜੀ ਵਿੱਚ 50 ਮੈਗਾਪਿਕਸਲ ਦਾ ਅਲਟਰਾ-ਵਾਇਡ ਫਰੰਟ ਕੈਮਰਾ ਹੈ, ਜੋ ਇੱਕ ਸਮੇਂ ਵਿੱਚ ਹੋਰ ਜ਼ਿਆਦਾ ਲੋਕਾਂ ਨੂੰ ਤਸਵੀਰ ਵਿੱਚ ਸ਼ਾਮਲ ਕਰ ਸਕਦਾ ਹੈ।12 ਜੀਬੀ ਤੱਕ ਰੈਮ ਅਤੇ ਕੂਲਿੰਗ ਸਿਸਟਮ ਫੋਨ ਨੂੰ ਸਮੂਥ ਤਰੀਕੇ ਨਾਲ ਚਲਾਉਣ ਵਿੱਚ ਮਦਦ ਕਰਦੇ ਹਨ।

# ਆਨੰਦ ਕਾਲਜ ਆਫ ਨਰਸਿੰਗ ਫਾਰ ਵੂਮੈਨ ਵਿਖੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਮਨਾਇਆ



**ਮਜੀਠਾ (ਸੋਇਮ ਆਨੰਦ)**

ਆਨੰਦ ਕਾਲਜ ਆਫ ਨਰਸਿੰਗ ਫਾਰ ਵੂਮੈਨ ਵਿਖੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥਣਾਂ ਵੱਲੋਂ ਨਰਸਿੰਗ ਪੇਸ਼ੇ ਦੀ ਮਹੱਤਤਾ ਅਤੇ ਸਮਾਜ ਪ੍ਰਤੀ ਨਰਸਾਂ ਦੀ ਸੇਵਾ ਭਾਵਨਾ ਨੂੰ ਸਮਰਪਿਤ ਵੱਖ-ਵੱਖ ਸੱਭਿਆਚਾਰਕ ਅਤੇ ਜਾਗਰੂਕਤਾ ਭਰਪੂਰ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਮੌਕੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰ. ਰਚਨਾ ਕੁਮਾਰੀ, ਵਾਇਸ ਪ੍ਰਿੰ. ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਵਿਦਿਆਰਥਣਾਂ ਨੂੰ ਨਰਸਿੰਗ ਪੇਸ਼ੇ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦੇ ਹੋਏ ਮਨੁੱਖਤਾ ਦੀ ਸੇਵਾ ਲਈ ਹਮੇਸ਼ਾ ਸਮਰਪਿਤ ਰਹਿਣ ਦੀ ਪ੍ਰੇਰਣਾ ਦਿੱਤੀ।ਸਮਾਗਮ ਨੂੰ ਸਫਲ ਬਣਾਉਣ ਵਿੱਚ ਮੈਡਮ ਪ੍ਰੋਫੈਸਰ ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ, ਪੁਨਰ, ਪਰਮੀਤ, ਰਮਨਦੀਪ ਕੌਰ, ਰਮਨ ਸੰਧੂ, ਕੋਮਲ ਢਿੱਲੋਂ, ਨਵਜੋਤ ਕੌਰ, ਸ਼ਰਨਦੀਪ ਕੌਰ, ਸਿਮਰਨ ਢਿੱਲੋਂ, ਸੁਖਸਰਨ, ਨਿਧੀ, ਰਿੱਪਨਦੀਪ ਕੌਰ, ਅੰਜਲੀ, ਪੱਲਵੀ, ਅਬਿਦਾਹ, ਸਮਰੀਨ, ਮਨਪ੍ਰੀਤ, ਜਸਲੀਨ, ਭਵਿਆ, ਆਇਮਨ, ਸਿਮਰਨਜੀਤ, ਵੰਸ਼ਿਕਾ, ਬੰਸ਼ੀਕਾ, ਬਲਜਿੰਦਰ, ਪ੍ਰਭਨੂਰ ਅਤੇ ਰਮਨਦੀਪ ਚੌਹਾਨ ਦਾ ਵਿਸ਼ੇਸ਼ ਯੋਗਦਾਨ ਰਿਹਾ। ਸਮਾਗਮ ਦੌਰਾਨ ਸਟਾਫ ਅਤੇ ਵਿਦਿਆਰਥਣਾਂ ਨੂੰ ਉਨ੍ਹਾਂ ਦੀਆਂ ਵਿਸ਼ੇਸ਼ ਉਪਲਬਧੀਆਂ ਅਤੇ ਨਰਸਿੰਗ ਖੇਤਰ ਵਿੱਚ ਯੋਗਦਾਨ ਲਈ ਸਨਮਾਨਿਤ ਵੀ ਕੀਤਾ ਗਿਆ।

# ਨਗਰ ਕੌਂਸਲ ਪੱਟੀ ਤੇ ਨਗਰ ਪੰਚਾਇਤ ਭਿੱਖੀਵਿੰਡ ਦੀ ਹਦੂਦ ਅੰਦਰ ਆਦਰਸ਼ ਚੋਣ ਜ਼ਾਬਤਾ ਲਾਗੂ

**ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)**-ਰਾਜ ਚੋਣ ਕਮਿਸ਼ਨ ਪੰਜਾਬ ਚੰਡੀਗੜ੍ਹ ਵੱਲੋਂ ਨਗਰ ਕੌਂਸਲ ਪੱਟੀ ਅਤੇ ਨਗਰ ਪੰਚਾਇਤ ਭਿੱਖੀਵਿੰਡ ਦੀਆਂ ਆਮ ਚੋਣਾਂ 2026 ਕਰਵਾਉਣ ਲਈ ਸ਼ਡਿਊਲ ਜਾਰੀ ਕੀਤਾ ਗਿਆ ਹੈ। ਇਸ ਸਬੰਧੀ ਜਾਰੀ ਅਗਾਊਂ ਨੋਟੀਫਿਕੇਸ਼ਨ ਅਨੁਸਾਰ 26 ਮਈ ਨੂੰ ਵੋਟਾਂ ਪੈਣਗੀਆਂ ਅਤੇ 29 ਮਈ ਨੂੰ ਨਤੀਜਾ ਐਲਾਨਿਆ ਜਾਵੇਗਾ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ਼੍ਰੀ ਰਾਹੁਲ ਨੇ ਦੱਸਿਆ ਕਿ ਇਨ੍ਹਾਂ ਚੋਣਾਂ ਲਈ ਨਾਮਜ਼ਦਗੀਆਂ ਦਾਖ਼ਲ ਕਰਨ ਲਈ ਮਿਤੀ 13 ਮਈ (ਬੁੱਧਵਾਰ), 14 ਮਈ (ਵੀਰਵਾਰ), 15 ਮਈ (ਸ਼ੁੱਕਰਵਾਰ) ਅਤੇ 16 ਮਈ (ਸ਼ਨੀਵਾਰ) ਨਿਰਧਾਰਿਤ ਕੀਤੀ ਗਈ ਹੈ ਅਤੇ ਇਸ ਦੌਰਾਨ ਸਵੇਰੇ 11:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤਕ ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਮਿਤੀ 18 ਮਈ ਦਿਨ ਸੋਮਵਾਰ ਨੂੰ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਹੋਵੇਗੀ ਅਤੇ 19 ਮਈ (ਮੰਗਲਵਾਰ) ਨੂੰ ਨਾਮਜ਼ਦਗੀ ਪੱਤਰ ਬਾਅਦ ਦੁਪਹਿਰ 3:00 ਵਜੇ ਤੱਕ ਵਾਪਸ ਲਏ ਜਾ ਸਕਦੇ ਹਨ।26 ਮਈ (ਮੰਗਲਵਾਰ) ਵੋਟਾਂ ਪਾਉਣ ਦਾ ਦਿਨ ਨਿਰਧਾਰਤ ਕੀਤਾ ਗਿਆ ਹੈ ਅਤੇ ਵੋਟਾਂ ਪਾਉਣ ਦਾ ਸਮਾਂ ਸਵੇਰੇ 8.00 ਵਜੇ ਤੋਂ ਸ਼ਾਮ 5.00 ਵਜੇ ਤੱਕ ਹੋਵੇਗਾ।29 ਮਈ (ਸ਼ੁੱਕਰਵਾਰ) ਵਾਲੇ ਦਿਨ ਪੋਲ ਹੋਈਆ ਵੋਟਾਂ ਦੀ ਗਿਣਤੀ ਹੋਵੇਗੀ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਚੋਣ ਪ੍ਰੋਗਰਾਮ ਜਾਰੀ ਹੋਣ ਦੇ ਨਾਲ ਹੀ ਨਗਰ ਕੌਂਸਲ ਪੱਟੀ ਅਤੇ ਨਗਰ ਪੰਚਾਇਤ ਭਿੱਖੀਵਿੰਡ ਦੀ ਹਦੂਦ ਅੰਦਰ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ ਅਤੇ ਇਹ ਮਿਤੀ 1 ਜੂਨ (ਸੋਮਵਾਰ) ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਤੱਕ ਲਾਗੂ ਰਹੇਗਾ।

ਨਵਾਂ ਜ਼ਮਾਨਾ
ਵੀਰਵਾਰ, 14 ਮਈ 2026

# ਸਵਾਲਾਂ ਤੋਂ ਡਰਦੀ ਸੱਤਾ

*ਦਿੱਲੀ ਹਾਈ ਕੋਰਟ ਨੇ ਯੂਟਿਊਬ ਚੈਨਲ 4ਪੀਐੱਮ ਨਿਊਜ਼ ਨੂੰ ਬਹਾਲ ਕਰਨ ਦਾ ਹੁਕਮ ਦਿੱਤਾ ਹੈ, ਜਿਸ 'ਤੇ ਭਾਰਤ ਸਰਕਾਰ ਦੇ ਨਿਰਦੇਸ਼ਾਂ ਤੋਂ ਬਾਅਦ ਰਾਸ਼ਟਰੀ ਸੁਰੱਖਿਆ, ਪ੍ਰਭੂਸੱਤਾ ਅਤੇ ਜਨਤਕ ਵਿਵਸਥਾ ਨਾਲ ਸੰਬੰਧਤ ਚਿੰਤਾਵਾਂ ਦਾ ਹਵਾਲਾ ਦਿੰਦੇ ਹੋਏ 12 ਮਾਰਚ ਨੂੰ ਪਾਬੰਦੀ ਲਾ ਦਿੱਤੀ ਗਈ ਸੀ। ਬਹਾਲੀ ਇਸ ਸ਼ਰਤ 'ਤੇ ਕੀਤੀ ਗਈ ਹੈ ਕਿ ਚੈਨਲ ਦੇ 26 ਕਥਿਤ ਤੌਰ 'ਤੇ ਇਤਰਾਜ਼ਯੋਗ ਵੀਡੀਓਜ਼ ਨੂੰ ਅਸਥਾਈ ਤੌਰ 'ਤੇ ਮੁਅੱਤਲ ਰੱਖਿਆ ਜਾਵੇਗਾ। ਜਸਟਿਸ ਪੁਰਸ਼ੇਂਦਰ ਕੁਮਾਰ ਕੌਰਵ ਨੇ ਬਹਾਲੀ ਦਾ ਇਹ ਹੁਕਮ ਚੈਨਲ ਦੇ ਸੰਪਾਦਕ ਸੰਜੇ ਸ਼ਰਮਾ ਅਤੇ 4ਪੀਐੱਮ ਨਿਊਜ਼ ਨੈੱਟਵਰਕ ਵੱਲੋਂ ਦਾਇਰ ਪਟੀਸ਼ਨ ਦੀ ਸੁਣਵਾਈ ਕਰਦਿਆਂ ਦਿੱਤਾ। ਪਟੀਸ਼ਨ ਵਿੱਚ ਯੂਟਿਊਬ ਚੈਨਲ ਅਤੇ ਉਸ ਦੇ ਸਾਰੇ ਕੰਟੈਂਟ ਨੂੰ ਬਹਾਲ ਕਰਨ ਦੀ ਮੰਗ ਕੀਤੀ ਗਈ ਸੀ। ਪਟੀਸ਼ਨ ਮੁਤਾਬਕ 12 ਮਾਰਚ ਨੂੰ ਯੂਟਿਊਬ ਨੇ ਪਟੀਸ਼ਨਕਰਤਾਵਾਂ ਨੂੰ ਸੂਚਿਤ ਕੀਤਾ ਸੀ ਕਿ ਉਸ ਨੂੰ ਸੂਚਨਾ ਤਕਨਾਲੋਜੀ (ਇੰਟਰਮੀਡੀਅਰੀ ਗਾਈਡਲਾਈਨਜ਼ ਅਤੇ ਡਿਜੀਟਲ ਮੀਡੀਆ ਐਥਿਕਸ ਕੋਡ) ਨਿਯਮ, 2021 ਦੇ ਨਿਯਮ 16(2) ਦੇ ਤਹਿਤ ਭਾਰਤ ਵਿੱਚ ਚੈਨਲ ਨੂੰ ਬਲਾਕ ਕਰਨ ਲਈ ਇਲੈਕਟ੍ਰਾਨਿਕਸ ਤੇ ਸੂਚਨਾ ਤਕਨਾਲੋਜੀ ਮੰਤਰਾਲੇ ਤੋਂ ਨਿਰਦੇਸ਼ ਮਿਲੇ ਹਨ। ਪਟੀਸ਼ਨਕਰਤਾਵਾਂ ਦੇ ਵਕੀਲ ਨੇ ਦਲੀਲ ਦਿੱਤੀ ਕਿ ਉਨ੍ਹਾਂ ਨੂੰ ਨਾ ਤਾਂ ਚੈਨਲ 'ਤੇ ਪਾਬੰਦੀ ਲਗਾਉਣ ਦਾ ਹੁਕਮ ਦਿੱਤਾ ਗਿਆ ਸੀ ਅਤੇ ਨਾ ਹੀ ਉਨ੍ਹਾਂ ਨੂੰ ਇਸ ਦੇ ਕਾਰਨਾਂ ਬਾਰੇ ਸੂਚਿਤ ਕੀਤਾ ਗਿਆ ਅਤੇ ਨਾ ਉਸ ਦੇ ਕਾਰਨਾਂ ਬਾਰੇ ਦੱਸਿਆ ਗਿਆ, ਜਿਸ ਕਰਕੇ ਉਹ ਅਧਿਕਾਰੀਆਂ ਸਾਹਮਣੇ ਆਪਣਾ ਪੱਖ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਨਹੀਂ ਕਰ ਸਕੇ। ਪਟੀਸ਼ਨ ਦਾ ਵਿਰੋਧ ਕਰਦਿਆਂ ਐਡੀਸ਼ਨਲ ਸਾਲਿਸਟਰ ਜਨਰਲ ਚੇਤਨ ਸ਼ਰਮਾ ਨੇ ਕਿਹਾ ਕਿ ਅੰਤਰ-ਵਿਭਾਗੀ ਕਮੇਟੀ (ਆਈ ਡੀ ਸੀ) ਨੇ ਚੈਨਲ 'ਤੇ ਮੌਜੂਦ ਕੰਟੈਂਟ ਦੀ ਜਾਂਚ ਕਰਨ ਤੋਂ ਬਾਅਦ 24 ਮਾਰਚ, 2026 ਨੂੰ ਆਦੇਸ਼ ਪਾਸ ਕੀਤਾ ਸੀ। ਕਮੇਟੀ ਨੇ ਪਾਇਆ ਸੀ ਕਿ ਕੰਟੈਂਟ ਨੂੰ ਜਨਤਾ ਲਈ ਉਪਲੱਬਧ ਰਹਿਣ ਦੀ ਇਜਾਜ਼ਤ ਨਹੀਂ ਹੋਣੀ ਚਾਹੀਦੀ। ਕੇਂਦਰ ਸਰਕਾਰ ਨੇ ਦਲੀਲ ਦਿੱਤੀ ਕਿ ਇਹ ਕੰਟੈਂਟ ਭਾਰਤ ਦੀ ਰਾਸ਼ਟਰੀ ਸੁਰੱਖਿਆ, ਪ੍ਰਭੂਸੱਤਾ ਅਤੇ ਜਨਤਕ ਵਿਵਸਥਾ ਲਈ ਨੁਕਸਾਨਦੇਹ ਹੈ। ਹਾਲਾਂਕਿ, ਅਦਾਲਤ ਨੇ ਇਸ ਗੱਲ ਨੂੰ ਉਜਾਗਰ ਕੀਤਾ ਕਿ ਚੈਨਲ 'ਤੇ ਲੱਗਭੱਗ 50,000 ਵੀਡੀਓ ਅਪਲੋਡ ਕੀਤੇ ਗਏ ਸਨ, ਪਰ ਉਨ੍ਹਾਂ ਵਿੱਚੋਂ ਸਿਰਫ 26 ਹੀ ਕਥਿਤ ਤੌਰ 'ਤੇ ਇਤਰਾਜ਼ਯੋਗ ਪਾਏ ਗਏ। ਅਦਾਲਤ ਨੇ ਪਿਛਲੇ ਮਾਮਲਿਆਂ ਦਾ ਵੀ ਹਵਾਲਾ ਦਿੱਤਾ, ਜਿਸ ਵਿੱਚ ਇਸੇ ਤਰ੍ਹਾਂ ਦੇ ਮਾਮਲਿਆਂ ਵਿੱਚ ਪਟੀਸ਼ਨਕਰਤਾਵਾਂ ਨੂੰ ਆਈ ਡੀ ਸੀ ਦੇ ਸਾਹਮਣੇ ਕਾਰਵਾਈ ਪੂਰੀ ਹੋਣ ਤੱਕ ਆਪਣੇ ਚੈਨਲ ਚਲਾਉਣ ਦੀ ਇਜਾਜ਼ਤ ਦਿੱਤੀ ਗਈ ਸੀ। ਦੋਵਾਂ ਧਿਰਾਂ ਦੇ ਹਿੱਤਾਂ ਨੂੰ ਸੰਤੁਲਤ ਕਰਦੇ ਹੋਏ ਅਦਾਲਤ ਨੇ ਨਿਰਦੇਸ਼ ਦਿੱਤਾ ਕਿ ਪਟੀਸ਼ਨਕਰਤਾ ਆਈ ਡੀ ਸੀ ਦੇ ਸਾਹਮਣੇ ਪੇਸ਼ ਹੋਣ। ਆਈ ਡੀ ਸੀ ਕਥਿਤ ਤੌਰ 'ਤੇ ਇਤਰਾਜ਼ਯੋਗ ਸਮੱਗਰੀ ਦੀ ਪਛਾਣ ਕਰੇਗੀ ਅਤੇ ਪਟੀਸ਼ਨਕਰਤਾਵਾਂ ਨੂੰ ਸਮੱਗਰੀ ਨੂੰ ਜਾਇਜ਼ ਠਹਿਰਾਉਣ ਲਈ ਢੁਕਵਾਂ ਮੌਕਾ ਦਿੱਤਾ ਜਾਵੇ। ਅਦਾਲਤ ਨੇ ਅੱਗੇ ਹੁਕਮ ਦਿੱਤਾ ਕਿ ਯੂਟਿਊਬ ਕਥਿਤ ਤੌਰ 'ਤੇ ਇਤਰਾਜ਼ਯੋਗ ਵੀਡੀਓ ਨੂੰ ਅਸਥਾਈ ਤੌਰ 'ਤੇ ਬਲਾਕ ਕਰੇ ਅਤੇ ਉਸ ਦੇ ਬਾਅਦ ਚੈਨਲ ਨੂੰ ਬਹਾਲ ਕਰੇ।*

*ਅਦਾਲਤ ਨੇ ਇਹ ਵੀ ਨਿਰਦੇਸ਼ ਦਿੱਤਾ ਕਿ ਆਈ ਡੀ ਸੀ ਵੱਲੋਂ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਸਕੱਤਰ ਨੂੰ ਕੀਤੀ ਗਈ ਕੋਈ ਵੀ ਸਿਫਾਰਸ਼ ਪਟੀਸ਼ਨਰਾਂ ਨੂੰ ਵੀ ਉਪਲੱਬਧ ਕਰਵਾਈਆਂ ਜਾਣ।*

*ਅਦਾਲਤ ਨੇ ਸਪੱਸ਼ਟ ਕਿਹਾ ਹੈ ਕਿ ਮੰਤਰਾਲਾ ਭਵਿੱਖ ਵਿੱਚ ਚੈਨਲ 'ਤੇ ਅਪਲੋਡ ਕੀਤੀ ਗਈ ਸਮੱਗਰੀ ਦੀ ਨਿਗਰਾਨੀ ਕਰਨ ਲਈ ਸੁਤੰਤਰ ਹੋਵੇਗਾ ਅਤੇ ਜੇ ਕੋਈ ਇਤਰਾਜ਼ਯੋਗ ਸਮੱਗਰੀ ਪੋਸਟ ਕੀਤੀ ਜਾਂਦੀ ਹੈ ਤਾਂ ਕਾਨੂੰਨ ਅਨੁਸਾਰ ਕਰਵਾਈ ਜਾਵੇ।*

*ਹਾਈ ਕੋਰਟ ਦੇ ਹੁਕਮਾਂ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਚੈਨਲ ਦੇ ਸੰਪਾਦਕ ਸੰਜੇ ਸ਼ਰਮਾ ਨੇ ਕਿਹਾ, "ਮੋਦੀ ਸਰਕਾਰ ਨੇ ਰਾਸ਼ਟਰੀ ਸੁਰੱਖਿਆ ਚਿੰਤਾਵਾਂ ਦਾ ਹਵਾਲਾ ਦਿੰਦੇ ਹੋਏ 4ਪੀਐੱਮ ਚੈਨਲ ਨੂੰ ਬੰਦ ਕਰ ਦਿੱਤਾ, ਜਿਸ ਦੇ 85 ਲੱਖ ਗਾਹਕ ਸਨ, ਪਰ ਜਦੋਂ ਮਾਮਲਾ ਦਿੱਲੀ ਹਾਈ ਕੋਰਟ ਪਹੁੰਚਿਆ ਤਾਂ ਸਚਾਈ ਸਾਹਮਣੇ ਆ ਗਈ। ਦੇਸ਼ ਦੀ ਮੌਜੂਦਾ ਸਥਿਤੀ ਅਜਿਹੀ ਹੈ ਕਿ ਸਰਕਾਰ 'ਤੇ ਸਵਾਲ ਉਠਾਉਣ ਜਾਂ ਉਸ ਦੀ ਆਲੋਚਨਾ ਕਰਨ 'ਤੇ ਪੂਰਾ ਚੈਨਲ ਬੰਦ ਕਰ ਦਿੱਤਾ ਜਾਂਦਾ ਹੈ। ਇਤਿਹਾਸ ਗਵਾਹ ਹੈ ਕਿ ਸੱਤਾ ਹਮੇਸ਼ਾ ਸਵਾਲਾਂ ਤੋਂ ਡਰਦੀ ਹੈ ਅਤੇ ਜਦੋਂ ਸਰਕਾਰ ਮੀਡੀਆ ਤੋਂ ਡਰਨ ਲਗਦੀ ਹੈ, ਤਾਂ ਤੁਸੀਂ ਸਮਝ ਸਕਦੇ ਹੋ ਕਿ ਸੱਚ ਅਜੇ ਵੀ ਜ਼ਿੰਦਾ ਹੈ।"*

*ਪਿਛਲੇ ਸਾਲ ਪਹਿਲਗਾਮ ਅੱਤਵਾਦੀ ਹਮਲੇ ਦੌਰਾਨ ਵੀ ਇਸ ਚੈਨਲ ਨੂੰ ਬੰਦ ਕਰ ਦਿੱਤਾ ਗਿਆ ਸੀ ਅਤੇ ਜਦੋਂ ਮਾਮਲਾ ਸੁਪਰੀਮ ਕੋਰਟ ਤੱਕ ਪਹੁੰਚਿਆ ਤਾਂ ਸਰਕਾਰ ਨੇ ਚੁੱਪਚਾਪ ਆਪਣਾ ਹੁਕਮ ਵਾਪਸ ਲੈ ਲਿਆ ਅਤੇ ਚੈਨਲ ਨੂੰ ਬਹਾਲ ਕਰ ਦਿੱਤਾ ਗਿਆ। ਇਹ ਧਿਆਨ ਦੇਣ ਯੋਗ ਹੈ ਕਿ ਸਰਕਾਰ ਨੇ ਹਾਲ ਹੀ ਦੇ ਸਮੇਂ ਵਿੱਚ ਰਾਸ਼ਟਰੀ ਸੁਰੱਖਿਆ ਚਿੰਤਾਵਾਂ ਦਾ ਹਵਾਲਾ ਦਿੰਦੇ ਹੋਏ ਕਈ ਚੈਨਲਾਂ ਅਤੇ ਵੈੱਬਸਾਈਟਾਂ ਨੂੰ ਬਲਾਕ ਕੀਤਾ ਹੈ। ਪਿਛਲੇ ਸਾਲ ਮਈ ਵਿੱਚ, 'ਦੀ ਵਾਇਰ' ਦੀ ਵੈੱਬਸਾਈਟ ਨੂੰ 12 ਤੋਂ 15 ਘੰਟਿਆਂ ਤੋਂ ਵੱਧ ਸਮੇਂ ਲਈ ਬਲਾਕ ਕੀਤਾ ਗਿਆ ਸੀ, ਜਦੋਂ ਇਸ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਫੌਜੀ ਟਕਰਾਅ ਦੌਰਾਨ ਰਾਫੇਲ ਜੈੱਟਾਂ ਨੂੰ ਕਥਿਤ ਤੌਰ 'ਤੇ ਡੇਗੇ ਜਾਣ ਬਾਰੇ ਸੀ ਐੱਨ ਐੱਨ ਦੀ ਇੱਕ ਰਿਪੋਰਟ ਪ੍ਰਕਾਸ਼ਤ ਕੀਤੀ ਸੀ। ਇਸ ਸਾਲ ਫਰਵਰੀ ਵਿੱਚ ਮੋਦੀ ਸਰਕਾਰ ਦੀ ਆਲੋਚਨਾ ਕਰਨ ਵਾਲੇ ਇੱਕ ਵਿਅੰਗਮਈ ਕਾਰਟੂਨ ਨੂੰ ਲੈ ਕੇ 9 ਫਰਵਰੀ ਦੀ ਸ਼ਾਮ ਨੂੰ ਭਾਰਤ ਵਿੱਚ 'ਦੀ ਵਾਇਰ' ਦਾ ਇੰਸਟਾਗ੍ਰਾਮ ਅਕਾਊਂਟ ਲੱਗਭੱਗ ਦੋ ਘੰਟਿਆਂ ਲਈ ਬਲਾਕ ਕਰ ਦਿੱਤਾ ਗਿਆ ਸੀ। ਮੰਤਰਾਲੇ ਨੇ ਜ਼ਿੰਮੇਵਾਰੀ ਤੋਂ ਇਨਕਾਰ ਕਰ ਦਿੱਤਾ, ਜਦੋਂ ਕਿ ਮੈਟਾ ਨੇ 'ਗਲਤੀ' ਦੀ ਰਿਪੋਰਟ ਕੀਤੀ। ਇਸ ਅਣਐਲਾਨੀ ਕਾਰਵਾਈ ਨੇ ਪ੍ਰਗਟਾਵੇ ਦੀ ਆਜ਼ਾਦੀ ਅਤੇ ਡਿਜੀਟਲ ਸੈਂਸਰਸ਼ਿਪ ਬਾਰੇ ਸਵਾਲ ਖੜ੍ਹੇ ਕੀਤੇ। ਸੰਜੇ ਸ਼ਰਮਾ ਦਾ ਮਾਮਲਾ ਦਰਸਾਉਂਦਾ ਹੈ ਕਿ ਸਰਕਾਰ ਆਪਣੀ ਮਾੜੀ-ਮੋਟੀ ਅਲੋਚਨਾ ਵੀ ਬਰਦਾਸ਼ਤ ਕਰਨ ਲਈ ਤਿਆਰ ਨਹੀਂ।*

## ਵੈਰੀ ਸੂਨ !

ਦੇਸ਼ ਅੰਦਰ ਦੋ ਦੇਸ਼ ਬਣ ਗਏ,
ਨਾਲ ਸ਼ਿਕਾਰੀ ਰਹਿੰਦੀ ਮੂਨ।
ਇੱਕ ਦੀ ਚਲਦੀ ਹੈ ਮਨਮਰਜ਼ੀ,
ਬਾਕੀ ਸਿਰਫ ਹੰਢਾਉਂਦੇ ਜੂਨ।
ਕੁੱਪਾ ਇਸ ਤਰ੍ਹਾਂ ਫੁੱਲ ਗਿਆ,
ਫੁਲਦਾ ਜਿਵੇਂ ਹੈ ਕੋਈ ਬਲੂਨ।
ਬਣਿਆ ਜਦ ਤੋਂ ਹੋਸ਼ਾ ਰਾਜਾ,
ਖੋਹ ਕੇ ਲੈ ਗਿਆ ਕੁੱਲ ਸਕੂਨ।
ਅੰਦਰ ਵਧਦਾ ਜਾਏ ਪਰੈਸ਼ਰ,
ਨਿਕਲੇਗੀ ਹਵਾ ਵੈਰੀ ਸੂਨ,
ਮੈਂ ਨਹੀਂ ਕਹਿੰਦਾ ਏਸ ਗੱਲ ਨੂੰ,
ਕੁਦਰਤ ਦਾ ਵੀ ਇਹੋ ਕਾਨੂੰਨ।

-ਗੁਲਪੁਰ

# ਫ਼ਾਸ਼ੀਵਾਦ ਦਾ ਰਸਤਾ ਹਾਈਵੇ ਨਹੀਂ


ਸੁੱਚਾ ਸਿੰਘ ਖੱਟੜਾ

ਫਾਸ਼ੀਵਾਦ ਇਤਿਹਾਸਕ ਤੌਰ 'ਤੇ ਇੱਕ ਰੱਦ ਹੋ ਚੁੱਕੀ ਵਿਚਾਰਧਾਰਾ ਹੈ। ਜਰਮਨੀ ਅਤੇ ਇਟਲੀ ਨੇ ਇਸ ਦੇ ਵੱਖ-ਵੱਖ ਰੂਪਾਂ ਦਾ ਸਵਾਦ ਵੇਖ ਲਿਆ ਹੈ। ਇਹਨਾਂ ਫਾਸ਼ੀਵਾਦਾਂ ਤੋਂ ਪ੍ਰਭਾਵਤ ਹੋ ਕੇ ਭਾਰਤ ਵਿੱਚ ਵੀ ਸੰਭਾਵਨਾ ਵੇਖਦਿਆਂ ਇੱਥੇ ਵੀ ਫਾਸ਼ੀਵਾਦ ਲਈ ਅਧਾਰ ਲੱਭ ਲਿਆ ਗਿਆ। ਉਪਰਲੇ ਵਿਚਾਰਾਂ ਤੋਂ ਹਰ ਕੋਈ ਬੁੱਝ ਸਕਦਾ ਹੈ ਕਿ ਫਾਸ਼ੀਵਾਦ ਦੀ ਭਾਰਤ ਵਿੱਚ ਜਿਹੜੇ ਪਾਲਕੀ ਦੇ ਕਹਾਰ ਹਨ, ਇਹ ਕੇਵਲ ਕਹਾਰ ਹੀ ਹਨ, ਫਾਸ਼ੀਵਾਦ ਦਾ ਮੁਢਲਾ ਸਰੋਤ ਕੋਈ ਹੋਰ ਹੈ। ਉਸ ਦਾ ਮੰਤਵ ਉਹ ਨਹੀਂ, ਜੋ ਫਾਸ਼ੀਵਾਦ ਪ੍ਰਚਾਰ ਰਿਹਾ ਹੈ। ਜਿਸ ਦੀ ਪੂਰਤੀ ਲਈ ਉਹ ਦਿਨ ਪ੍ਰਤੀ ਦਿਨ ਮਜ਼ਬੂਤੀ ਫੜਦਾ ਨਜ਼ਰ ਆ ਰਿਹਾ ਹੈ। ਭਾਰਤ ਦੇ ਅਜੋਕੇ ਫਾਸ਼ੀਵਾਦ ਦਾ ਮੰਤਵ ਭਾਰਤ ਵਿੱਚ ਹਿੰਦੂ ਰਾਸ਼ਟਰ ਕਾਇਮ ਕਰਨਾ ਹੈ, ਪਰ ਇਹ ਹਿੰਦੂ ਰਾਸ਼ਟਰਵਾਦ ਫਾਸ਼ੀਵਾਦ ਦੇ ਸੂਤਰਧਾਰ ਅਤੇ ਭਾਰਤੀ ਲੋਕਾਂ ਵਿਚਾਲੇ ਇੱਕ ਪੜਦੇ ਦੀ ਰਚਨਾ ਹੈ। ਇਸ ਦੇ ਪਿਛੇ ਸੂਤਰਧਾਰ ਛੁਪਿਆ ਰਹੇਗਾ। ਆਰ ਐੱਸ ਐੱਸ ਦਾ ਇਹ ਮੰਤਵ ਭਾਜਪਾ ਦੇ ਸਿਆਸੀ ਮੰਚ ਤੋਂ ਪ੍ਰਾਪਤ ਕਰਨ ਦਾ ਕਾਰਜ ਨਿਰੰਤਰ ਜਾਰੀ ਹੈ।

ਹਿੰਦੂ ਰਾਸ਼ਟਰਵਾਦ ਦੇ ਵਿਚਾਰ ਦੇ ਪਿੱਛੇ ਜਿਹੜੀ ਸ਼ਕਤੀ ਹੈ, ਉਸ ਦੀ ਪਹਿਚਾਣ ਕਿਵੇਂ ਸਾਹਮਣੇ ਆ ਰਹੀ ਹੈ? ਆਰ ਐੱਸ ਐੱਸ ਕਦੇ ਕਿਸਾਨਾਂ ਦੀ ਗੱਲ ਨਹੀਂ ਕਰੇਗਾ, ਇਹ ਕਦੇ ਗਰੀਬ ਦੀ ਗੱਲ ਨਹੀਂ ਕਰੇਗਾ, ਮਜ਼ਦੂਰ ਦੀ ਗੱਲ ਨਹੀਂ ਹੋਵੇਗੀ, ਲੋਕਰਾਜੀ ਸਿੱਖਿਆ ਅਤੇ ਸਿਹਤ ਸੇਵਾਵਾਂ ਦੀ ਗੱਲ ਨਹੀਂ ਕਰੇਗਾ, ਜਿਹੜੀਆਂ ਪਬਲਿਕ ਸੈਕਟਰ ਰਾਹੀਂ ਹੀ ਸੰਭਵ ਹੋ ਸਕਦੀਆਂ ਹਨ। ਰੁਜ਼ਗਾਰ ਇਸ ਦਾ ਕਦੇ ਅਜੰਡਾ ਨਹੀਂ ਰਿਹਾ। ਪਬਲਿਕ ਸੈਕਟਰ ਮਜ਼ਬੂਤ ਕਰਕੇ ਇਸ ਨੂੰ ਨਿੱਜੀ ਸੈਕਟਰ ਦੇ ਮੁਕਾਬਲੇ ਵਿੱਚ ਖੜ੍ਹਾ ਕਰਨ ਦੀ ਗੱਲ ਇਸ ਦੇ ਰਾਜਨੀਤਕ ਪਲੇਟ ਫਾਰਮ (ਭਾਜਪਾ) ਅਤੇ ਇਸ ਦੇ ਦਰਜਨਾਂ ਸਮਾਜਿਕ ਸੰਗਠਨਾਂ ਦੇ ਪਲੇਟਫਾਰਮਾਂ ਤੋਂ ਕਦੇ ਸੁਣੀ ਨਹੀਂ। ਇਹ ਸਾਰਾ ਕੁਝ ਜਿਸ ਦੇ ਪੱਖ ਵਿੱਚ ਜਾਂਦਾ ਹੈ, ਉਹੀ ਇਸ ਵਿਚਾਰਧਾਰਾ ਦਾ ਸੂਤਰਧਾਰ ਹੈ। ਉਹ ਹੈ ਸਰਮਾਏਦਾਰ, ਪੂੰਜੀਪਤੀ।

ਜਦੋਂ ਭਾਜਪਾ ਵਿਰੋਧੀ ਪਾਰਟੀਆਂ ਰਾਜਨੀਤਕ ਪਲੇਟਫਾਰਮ ਉੱਤੇ ਇਸ ਵਿਰੁੱਧ ਡਾਂਗੋ-ਡਾਂਗੀ ਹੋ ਰਹੀਆਂ ਹੁੰਦੀਆਂ ਹਨ ਤਾਂ ਉਹ ਸੂਤਰਧਾਰ ਖੁਸ਼ ਹੋ ਰਿਹਾ ਹੁੰਦਾ ਹੈ, ਕਿਉਂਕਿ ਉਸ ਵੱਲ ਕੋਈ ਉਂਗਲ ਨਹੀਂ ਕਰਦਾ। ਉਹ ਸੂਤਰਧਾਰ ਭਾਜਪਾ ਅਤੇ ਆਰ ਐੱਸ ਐੱਸ ਨੂੰ ਮਾਇਆ ਦੇ ਗੱਫੇ ਅਤੇ ਵਿਰੋਧੀਆਂ ਨੂੰ ਵੀ ਜਿਉਂਦੇ ਰਹਿਣ ਜੋਗੀ ਚੋਗ ਸੁਟਦਾ ਹੈ। ਵੋਟ ਪ੍ਰਣਾਲੀ ਇਸ ਸੂਤਰਧਾਰ ਦੀ ਪਸੰਦੀਦਾ ਪ੍ਰਣਾਲੀ ਨਹੀਂ, ਪਰ ਇਹ ਵਿਵਸਥਾ ਸਾਰੇ ਖਿਡਾਰੀਆਂ ਲਈ ਇਕ ਅਜਿਹੀ ਮ੍ਰਿਗ ਤ੍ਰਿਸ਼ਨਾ ਹੈ, ਜੋ ਆਪਣੇ ਪਿਛੇ ਇਹਨਾਂ ਖਿਡਾਰੀਆਂ ਨੂੰ ਤੋਰ ਰੱਖਦੀ ਹੈ। ਇਸ ਲਈ ਵੀ ਕਿ ਲੋਕਾਂ ਦੇ ਅਸਲ ਮੁੱਦੇ ਲਾਂਭੇ ਹੀ ਰਹਿ ਜਾਂਦੇ ਹਨ। ਇਸ ਵੋਟ ਪ੍ਰਣਾਲੀ ਵਿੱਚ ਇਕ ਹਾਰ ਤੋਂ ਦੂਜੀ ਲੜਾਈ ਵਿੱਚ ਜਿੱਤਣ ਦੀ ਉਮੀਦ ਜਾਗ ਉੱਠਦੀ ਹੈ। ਚੋਣ ਬੌਂਡ ਦੇ ਪ੍ਰਬੰਧਨ ਤੋਂ ਵੀ ਜੇ ਵਿਰੋਧੀ ਪਾਰਟੀਆਂ ਨੇ ਲੋਕ ਪੱਖੀ ਸਿੱਟੇ ਨਹੀਂ ਕੱਢੇ ਤਾਂ ਵੋਟਰ ਸੋਚਣ ਕਿ ਇਹਨਾਂ ਵਿਰੋਧੀ ਪਾਰਟੀਆਂ ਨੇ ਇਸ ਚੋਣ ਬੌਂਡ ਪ੍ਰਬੰਧਨ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਕਿਉਂ ਨਾ ਦਿੱਤੀ। ਗੈਰ-ਰਾਜਨੀਤਕ ਮੰਚ (ਏ ਡੀ ਆਰ) ਅਤੇ ਸੀ ਪੀ ਐੱਮ ਹੀ ਪਟੀਸ਼ਨ ਕਰਤਾ ਸਨ। ਸੀ ਪੀ ਐਮ ਨੇ ਐਲਾਨੀਆਂ ਤੌਰ 'ਤੇ ਚੋਣ ਬਾਂਡ ਲੈਣ ਤੋਂ ਇਨਕਾਰ ਵੀ ਕੀਤਾ ਅਤੇ ਸੁਪਰੀਮ ਕੋਰਟ ਵਿੱਚ ਪਟੀਸ਼ਨ ਕਰਤਾ ਵੀ ਬਣੀ। ਭਾਜਪਾ ਦੇ ਅੱਗੇ ਵਧਣ ਲਈ ਹਾਈਵੇ ਉੱਤੇ ਇਹ ਪਹਿਲੀ ਰੁਕਾਵਟ ਸੀ।

ਪੱਛਮੀ ਬੰਗਾਲ ਦੇ ਚੋਣ ਨਤੀਜ਼ਿਆਂ ਤੋਂ ਪਹਿਲਾਂ ਹਰਿਆਣਾ, ਮਹਾਰਾਸ਼ਟਰ, ਦਿੱਲੀ ਨੇ ਭਾਜਪਾ ਲਈ ਵੋਟ ਪ੍ਰਣਾਲੀ ਰਾਹੀਂ ਸੱਤਾ ਵਿੱਚ ਰਹਿਣ ਦੀਆਂ ਸੰਭਾਵਨਾਵਾਂ ਦੀ ਸੀਮਾ ਸੁੰਗੜਦੀ ਵਿਖਾ ਦਿੱਤੀ ਸੀ। ਇਸ ਲਈ ਚੋਣ ਕਮਿਸ਼ਨ ਰਾਹੀਂ ਉਦੋਂ ਤਾਂ ਵੋਟ ਪ੍ਰਤੀਸ਼ਤ ਵਧਾ ਕੇ ਕੰਮ ਸਾਰ ਲਿਆ ਗਿਆ, ਚੋਰੀ ਫੜੀ ਗਈ ਤਾਂ ਬੰਗਾਲ ਵਿੱਚ ਯੋਗ ਵੋਟਰਾਂ ਨੂੰ ਵੋਟ ਪਾਉਣ ਤੋਂ ਬਾਹਰ ਕਰ ਦਿੱਤਾ ਗਿਆ। ਇੱਕ ਗੱਲ ਸਪੱਸ਼ਟ ਹੋ ਰਹੀ ਹੈ ਕਿ ਭਾਜਪਾ ਲੋਕਾਂ ਵਿੱਚ ਆਪਣੀ ਸਾਖ ਗਵਾਉਣ ਦੀ ਹਾਲਤ ਵਿੱਚ ਪਹੁੰਚ ਗਈ ਹੈ। ਹੁਣ ਸੱਤਾ ਵਿੱਚ ਬਣੀ ਰਹਿਣ ਲਈ ਇਸ ਨੂੰ ਕੇਂਦਰੀ ਏਜੰਸੀਆਂ ਅਤੇ ਨਿਆਂ ਪਾਲਕਾ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਪਵੇਗੀ, ਰਸਤਾ ਹਾਈਵੇ ਨਹੀਂ ਹੈ।

ਹਿੰਦੂਤਵ ਦੇ ਰਾਸ਼ਟਰਵਾਦ ਵਿੱਚ ਤਿੰਨ ਦੁਸ਼ਮਣਾਂ ਦੀ ਨਿਸ਼ਾਨਦੇਹੀ ਹੈ। ਮੁਸਲਮਾਨ, ਈਸਾਈ ਅਤੇ ਕਮਿਊਨਿਸਟ। ਮੁਸਲਮਾਨ ਤੇ ਈਸਾਈਆਂ ਦਾ ਵਿਰੋਧ ਹਿੰਦੂ ਵੋਟ ਬੈਂਕ ਨੂੰ ਪੱਕਾ ਕਰਨ ਲਈ ਜ਼ਰੂਰੀ ਹੈ। ਕਮਿਊਨਿਜ਼ਮ, ਕਿਉਂਕਿ ਇਕੋ ਇਕ ਵਿਚਾਰਧਾਰਾ ਹੈ, ਜਿਹੜੀ ਹਿੰਦੂ ਰਾਸ਼ਟਰਵਾਦ ਦੇ ਸੂਤਰਧਾਰ ਦੀ ਪਹਿਚਾਣ ਕਰਦੀ ਹੈ। ਮੁਸਲਮਾਨ ਤੇ ਈਸਾਈਆਂ ਦਾ ਵਿਰੋਧ ਇਸ ਅਧਾਰ ਉੱਤੇ ਖੜ੍ਹਾ ਹੈ ਕਿ ਇਹਨਾਂ ਦੇ ਧਰਮਾਂ ਦਾ ਜਨਮ ਭਾਰਤ ਵਿੱਚ ਨਹੀਂ। ਇਹਨਾਂ ਦਾ ਇਥੇ ਬਾਈਕਾਟ ਕਰਦੇ ਹੋ, ਬਾਹਰ ਇਹਨਾਂ ਦੇ ਹੀ ਧਰਮ ਧਾਰਕਾਂ ਨੂੰ ਜੱਫੀਆਂ ਪਾਉਂਦੇ ਹੋ। ਵਿਉਪਾਰ ਕੀਤਾ ਜਾਂਦਾ ਹੈ। ਅੱਜ ਦੀ ਪਰਸਪਰ ਨਿਰਭਰਤਾ ਦਾ ਨਿਖੇਧ ਹਿੰਦੂ ਰਾਸ਼ਟਰਵਾਦ ਹੈ। ਭਾਜਪਾ ਦਾ ਹਾਈਵੇ ਆਲਮੀ ਪੱਧਰ ਉੱਤੇ ਰੁਕਾਵਟ ਹੋਣੀ ਲਾਜ਼ਮੀ ਹੈ।

ਕਮਿਊਨਿਜ਼ਮ ਨੂੰ ਕਮਿਊਨਿਸਟ ਪਾਰਟੀਆਂ ਨਾਲ ਜੋੜ ਕੇ ਵਿਆਖਿਅਤ ਕਰਨਾ ਅਗਿਆਨ ਦੀ ਮਜਬੂਰੀ ਹੈ। ਕਮਿਊਨ ਮਨੁੱਖੀ ਸਭਿਅਤਾ ਦਾ ਪਹਿਲਾ ਸਮਾਜਿਕ ਪ੍ਰਸ਼ਾਸਨਿਕ ਪ੍ਰਬੰਧ ਹੈ, ਜਿਸ ਨੂੰ ਇੱਧਰ ਕਬੀਲਾ ਕਹਿੰਦੇ ਹਨ। ਕਬੀਲੇ ਦੇ ਯੋਗ ਸਰੀਰਾਂ ਵਾਲੇ ਲੋਕ ਜੰਗਲ ਵਿੱਚ ਜਾਂਦੇ ਸਨ। ਸ਼ਿਕਾਰ ਜਾਂ ਫ਼ਲ-ਫਰੂਟ ਲੈ ਕੇ ਵਾਪਸ ਟਿਕਾਣੇ ਉੱਤੇ ਢੇਰੀ ਕਰ ਦਿੰਦੇ। ਕਬੀਲੇ ਦੀ ਸਭ ਤੋਂ ਬਜ਼ੁਰਗ ਔਰਤ ਸਭ ਨੂੰ ਉਸ ਦੀ ਲੋੜ ਅਨੁਸਾਰ ਵੰਡ ਦਿੰਦੀ ਸੀ। ਹਰ ਇੱਕ ਨੂੰ ਉਸ ਤੋਂ ਇਨਸਾਫ ਮਿਲਦਾ ਸੀ। ਅੱਜ ਉਸ ਮਾਂ ਦੀ ਭੂਮਿਕਾ ਸਰਕਾਰ ਨੂੰ ਦਿੱਤੀ ਗਈ ਹੈ। ਅੱਜ ਮੇਰਾ ਕਬੀਲਾ ਮੇਰੇ ਦੇਸ਼ ਦੇ ਲੋਕ ਹਨ। ਜੋ ਖੇਤਾਂ, ਕਾਰਖਾਨਿਆਂ, ਪ੍ਰਸ਼ਾਸਨ, ਸਿੱਖਿਆ, ਸਿਹਤ, ਸੈਂਕੜੇ ਖੇਤਰਾਂ ਵਿੱਚ ਕੰਮ ਕਰ ਰਹੇ ਹਨ। ਕੋਈ ਪੈਦਾਵਾਰ ਕਰ ਰਿਹਾ ਹੈ। ਕੋਈ ਪੈਦਾਵਾਰ ਦੀਆਂ ਗਤੀਵਿਧੀਆਂ ਨੂੰ ਜਾਰੀ ਰੱਖਦਾ ਰਹਿਣ ਵਿੱਚ ਭੂਮਿਕਾ ਨਿਭਾ ਰਿਹਾ ਹੈ। ਇਸ ਪੈਦਾਵਾਰ ਦੀ ਵੰਡ ਦੀ ਜ਼ੁੰਮੇਵਾਰੀ ਮਾਂ ਰੂਪੀ ਸਰਕਾਰ ਪਾਸ ਹੈ। ਜਦੋਂ ਕਿਸਾਨ ਆਪਦੀ ਪੈਦਾਵਾਰ ਦਾ ਵਾਜਬ ਮੁੱਲ ਮੰਗਦਾ ਹੈ, ਮਜ਼ਦੂਰ ਕਾਰਖਾਨੇ ਦੇ ਗੇਟ ਉੱਤੇ, ਸੜਕਾਂ ਉੱਤੇ ਮਜ਼ਦੂਰੀ ਵਧਾਉਣ ਦੀ ਮੰਗ ਕਰਦਾ ਹੈ, ਤਾਂ ਉਹ ਕਮਿਊਨਿਜ਼ਮ ਦੀ ਹੀ ਪ੍ਰਥਾ ਵਿਚੋਂ ਹੱਲ ਲਭਦਾ ਹੈ। ਲੋਕਾਂ ਨੇ ਅੱਜ ਦੀਆਂ ਜਟਿਲ ਸਥਿਤੀਆਂ ਵਿੱਚ ਇਹਨਾਂ ਸਮੱਸਿਆਵਾਂ ਦੇ ਹੱਲ ਲੱਭਣੇ ਹਨ। ਹਿੰਦੂਤਵ ਰਾਸ਼ਟਰਵਾਦ ਕੋਲ ਇਹਨਾਂ ਦਾ ਹੱਲ ਨਹੀਂ। ਇਸ ਲਈ ਹਿੰਦੂ ਰਾਸ਼ਟਰ ਦਾ ਰਾਹ ਹਾਈਵੇ ਨਹੀਂ।

ਲੋਕ ਰਾਜ ਪ੍ਰਣਾਲੀ ਆਲਮੀ ਸਮਾਜ ਵਿੱਚ ਵੱਖ-ਵੱਖ ਸਮਿਆਂ ਅਤੇ ਦੇਸ਼ਾਂ ਵਿੱਚ ਸਰਕਾਰ ਦੇ ਸੰਕਲਪਾਂ ਦਾ ਤੱਤ ਨਿਚੋੜ ਹੈ। ਇਸ ਵਿੱਚ ਆ ਰਹੀਆਂ ਰੁਕਾਵਟਾਂ ਸੁਧਾਰਾਂ ਦੀਆਂ ਸੰਭਾਵਨਾਵਾਂ ਦਾ ਜਨਮ ਹੈ। ਇਸ ਨੂੰ ਪਿਛਾਂਹ ਸਮਰਾਟਸ਼ਾਹੀ ਵੱਲ ਲਿਜਾਣਾ ਸੰਭਵ ਨਹੀਂ, ਜਿੱਧਰ ਨੂੰ ਆਰ ਐੱਸ ਐੱਸ ਅਤੇ ਭਾਜਪਾ ਲਿਜਾਣਾ ਚਾਹੁੰਦੀਆਂ ਹਨ। ਅੰਤ ਵਿੱਚ ਲੋਕਾਂ ਨੂੰ ਸੁਤੰਤਰ ਨਿਆਂ ਪਾਲਿਕਾ, ਸੁਤੰਤਰ ਚੋਣ ਕਮਿਸ਼ਨ, ਸੁਤੰਤਰ ਗਿਆਨ ਕੇਂਦਰ (ਯੂਨੀਵਰਸਿਟੀਆਂ), ਸੁਤੰਤਰ ਮੀਡੀਆ, ਸੁਤੰਤਰ ਧਾਰਮਿਕ ਵਾਤਾਵਰਣ ਚਾਹੀਦਾ ਹੈ। ਹਿੰਦੂ ਰਾਸ਼ਟਰਵਾਦ ਇਹਨਾਂ ਸੁਤੰਤਰਤਾਵਾਂ ਦਾ ਨਿਖੇਧ ਹੈ। ਆਮ ਲੋਕ ਭਲੇ ਹੀ ਇਹਨਾਂ ਸੁਤੰਤਰਤਾਵਾਂ ਨੂੰ ਪ੍ਰੀਭਾਸ਼ਤ ਨਾ ਕਰ ਸਕਦੇ ਹੋਣ, ਉਹਨਾਂ ਅੰਦਰ ਇਹਨਾਂ ਲਈ ਤਾਂਘ ਸੁਲਘ ਰਹੀ ਹੈ। ਲਾਵਾ ਤਾਂ ਧਰਤੀ ਵੀ ਕਦੇ ਆਪਣੇ ਅੰਦਰ ਰੋਕ ਨਹੀਂ ਸਕੀ।

**# ਸੰਪਰਕ : 94176-52947**

# ਪਿੰਡਾਂ ਦੀ ਪਾਰਲੀਮੈਂਟ ਹੈ ਗ੍ਰਾਮ ਸਭਾ

ਸੁਖਪਾਲ ਸਿੰਘ ਗਿੱਲ

ਪੰਚ-ਪ੍ਰਮੇਸ਼ਰੀ ਸਿਧਾਂਤ ਨੂੰ ਪਿੰਡਾਂ ਦੀਆਂ ਸੱਥਾਂ ਅੰਦਰ ਲਾਗੂ ਕਰਨ ਲਈ ਪੰਚਾਇਤੀ ਰਾਜ ਸਿਸਟਮ ਨੂੰ ਸੰਵਿਧਾਨ ਦੇ ਦਾਇਰੇ ਅੰਦਰ ਲਿਆ ਕੇ ਲਾਗੂ ਕੀਤਾ ਗਿਆ ਹੈ।ਇਹ ਇੱਕ ਸੁਨਹਿਰੀ ਪੰਨਾ ਸੀ। ਭਾਰਤ ਦੀ ਕੁੱਲ ਆਬਾਦੀ ਦਾ 80 ਫੀਸਦੀ ਪਿੰਡਾਂ ਵਿੱਚ ਵਸਦਾ ਹੈ। ਇਸ ਲਈ ਪਿੰਡਾਂ ਨੂੰ ਸਥਾਨਿਕ ਸ਼ਾਸਨ ਦੀਆਂ ਸ਼ਕਤੀਆਂ ਦੇਣ ਲਈ ਸੰਵਿਧਾਨਕ ਤੌਰ-ਤਰੀਕਿਆਂ ਦੀ ਲੋੜ ਸੀ, ਇਸੇ ਪ੍ਰਸੰਗ ਵਿੱਚ ਲੰਬਾ ਪੈਂਡਾ ਤੈਅ ਕਰਕੇ ਪੰਜਾਬ ਅੰਦਰ ਪੰਚਾਇਤੀ ਰਾਜ ਐਕਟ 24 ਅਪ੍ਰੈਲ 1994 ਨੂੰ 73ਵੀਂ ਸੰਵਿਧਾਨਿਕ ਨਾਲ ਲਾਗੂ ਹੋਇਆ ਸੀ। ਆਜ਼ਾਦੀ ਤੋਂ ਬਾਅਦ ਇੱਥੋਂ ਤੱਕ ਤਰ੍ਹਾਂ-ਤਰ੍ਹਾਂ ਦੇ ਔਖੇ ਪੈਂਡੇ ਤੋਂ ਸਿੱਖ ਕੇ ਪਹੁੰਚਿਆ ਗਿਆ। ਇਹ ਸਾਰੇ ਤਾਣੇ-ਬਾਣੇ ਨੂੰ ਨਿਯਮਬੱਧ ਕਰਨ ਲਈ ਕਾਨੂੰਨੀ ਕਾਇਦੇ ਨੂੰ ਪੰਜਾਬ ਪੰਚਾਇਤੀ ਰਾਜ ਐਕਟ ਅੰਦਰ ਲਿਆਉਣਾ ਜ਼ਰੂਰੀ ਵੀ ਸੀ। ਤਿਆਰ ਕੀਤਾ ਗਿਆ ਇਹ ਕਾਇਦਾ ਐਕਟ 24 ਅਪ੍ਰੈਲ 1994 ਨੂੰ ਹਰ ਸਾਲ ਪੰਚਾਇਤੀ ਰਾਜ ਦਿਵਸ ਮਨਾਉਣ ਦੀ ਵਿਰਾਸਤ ਵੀ ਛੱਡ ਗਿਆ।

ਪੰਚਾਇਤੀ ਰਾਜ ਪੰਚ-ਪ੍ਰਮੇਸ਼ਵਰੀ ਸਿਧਾਂਤ ਮਹਾਰਾਜਾ ਅਸ਼ੋਕ ਦੇ ਸਮੇਂ ਤੋਂ ਲਾਗੂ ਕੀਤਾ ਗਿਆ ਸੀ। ਇਸ ਦਾ ਪਿਛੋਕੜ ਉਸ ਸਮੇਂ ਦੀਆਂ ਲੋੜਾਂ ਸਨ। ਇਹਦੀ ਖੂਬੀ ਇਹ ਸੀ ਕਿ ਪਿੰਡਾਂ ਚ ਹੀ ਫੈਸਲੇ ਕਰ ਲਏ ਜਾਂਦੇ ਸਨ, ਪਰ ਇਹਨਾਂ ਨੂੰ ਕਾਨੂੰਨੀ ਮਾਨਤਾ ਨਹੀਂ ਸੀ ਇਹ ਜ਼ਬਾਨ 'ਤੇ ਨਿਰਭਰ ਸੀ। ਪੰਜ ਮੋਹਤਬਰਾਂ ਦਾ ਫੈਸਲਾ ਮੰਨ ਲਿਆ ਜਾਂਦਾ ਸੀ। ਜਿਵੇਂ- ਜਿਵੇਂ ਈਰਖਾ, ਦਵੈਤ ਵਧੀ ਇਸ ਨਾਲ ਪੰਚ ਪ੍ਰਮੇਸ਼ਰੀ ਸਿਧਾਂਤ ਵੀ ਲੜਖੜਾਉਣ ਲੱਗਿਆ। ਇਸ ਵਿੱਚ ਹੀ ਕਿਸੇ ਕਾਨੂੰਨੀ ਮਾਪਦੰਡਾਂ ਦੀ ਲੋੜ ਪਈ। ਇਸ ਤੋਂ ਬਾਅਦ ਮਹਾਤਮਾ ਗਾਂਧੀ ਨੇ ਵੀ ਰਾਮਰਾਜ ਦੀ ਕਲਪਨਾ ਕੀਤੀ ਸੀ। ਉਹਨਾ ਦਾ ਮੱਤ ਸੀ ਕਿ ਪਿੰਡ ਪੱਧਰ ਤੋਂ ਵਿਕਾਸ ਦੇ ਕੰਮਾਂ ਪ੍ਰਤੀ ਨੁਮਾਇੰਦੇ ਚੁਣੇ ਜਾਣ। ਪਿੰਡਾਂ ਦੇ ਲੋਕਾਂ ਨੂੰ ਵਿਕਾਸ ਦੇ ਕੰਮਾਂ 'ਚ ਸ਼ਾਮਲ ਕੀਤਾ ਜਾਵੇ। ਉਦੋਂ ਹੀ ਵਿਕਾਸ ਦੇ ਕੰਮਾਂ ਨੂੰ ਸਾਰਥਕ ਨਤੀਜੇ ਦਾ ਆਧਾਰ ਮੰਨਿਆ ਜਾ ਸਕਦਾ। ਆਜ਼ਾਦੀ ਤੋਂ ਬਾਅਦ 1952 ਵਿੱਚ ਕਮਿਊਨਿਟੀ ਡਿਵੈੱਲਪਮੈਂਟ ਪ੍ਰੋਗਰਾਮ ਚਲਾਇਆ ਗਿਆ, ਜਿਸ ਦਾ ਉਦੇਸ਼ ਪਿੰਡਾਂ ਚ ਸਰਬਪੱਖੀ ਵਿਕਾਸ ਸੀ। ਇਸ ਤਹਿਤ ਪਿੰਡਾਂ ਦੇ ਸਮੂਹ ਨੂੰ ਇੱਕ ਬਲਾਕ ਅਧੀਨ ਸੰਗਠਿਤ ਕੀਤਾ ਗਿਆ। ਇਸੇ ਲਈ ਬਲਾਕ ਨੂੰ ਪ੍ਰਸ਼ਾਸਨ ਦੀ ਇਕਾਈ ਮੰਨਿਆ ਗਿਆ। ਇਹ ਢਾਂਚਾ ਅੱਜ ਤੱਕ ਲਾਗੂ ਹੈ।

ਕਮਿਊਨਿਟੀ ਡਿਵੈੱਲਪਮੈਂਟ ਪ੍ਰੋਗਰਾਮ ਤਾਂ ਹੀ ਲਾਗੂ ਕੀਤਾ ਸੀ, ਕਿ ਇਸ ਨਾਲ ਸੰਵਿਧਾਨਿਕ ਤੌਰ 'ਤੇ ਸਿਸਟਮ ਨੂੰ ਸਰਲ ਕਰਨ ਲਈ ਬਣਾਇਆ ਜਾ ਸਕੇ। 1957 ਵਿੱਚ ਬਲਵੰਤ ਰਾਏ ਮਹਿਤਾ ਕਮੇਟੀ ਦਾ ਗਠਨ ਕੀਤਾ ਗਿਆ। ਇਸ ਕਮੇਟੀ ਨੇ ਕਿਹਾ ਸੀ ਕਿ ਵਿਕਾਸ ਦੇ ਪ੍ਰਭਾਵਤ ਪ੍ਰੋਗਰਾਮਾਂ ਲਈ ਪ੍ਰਬੰਧਕੀ ਵਿਕੇਂਦਰੀਕਰਨ ਜ਼ਰੂਰੀ ਹੈ ਅਤੇ ਪ੍ਰਬੰਧਕੀ ਵਿਕੇਂਦਰੀਕਰਨ ਚੁਣੇ ਹੋਏ ਇਹ ਨੁਮਾਇੰਦਿਆਂ ਦੇ ਕੰਟਰੋਲ ਹੇਠ ਆਉਣਾ ਜ਼ਰੂਰੀ ਹੈ, ਕਿਉਂਕਿ ਜ਼ਿੰਮੇਵਾਰੀ ਅਤੇ ਪਾਵਰ ਤੋਂ ਬਿਨਾਂ ਵਿਕਾਸ ਪ੍ਰਗਤੀ ਨਹੀਂ ਕਰ ਸਕਦਾ ਅਤੇ ਉਦੋਂ ਹੀ ਵਿਕਾਸ ਨੂੰ ਅਸਲ ਕਮਿਊਨਿਟੀ ਡਿਵੈੱਲਪਮੈਂਟ ਕਿਹਾ ਜਾ ਸਕਦਾ ਹੈ ਅਤੇ ਆਪਣੇ ਚੁਣੇ ਹੋਏ ਨੁੰਮਾਇੰਦਿਆਂ ਰਾਹੀਂ ਲੋੜੀਦੀ ਪਾਵਰ ਦਾ ਇਸਤੇਮਾਲ ਕਰੇ ਅਤੇ ਲੋਕਲ ਪ੍ਰਸ਼ਾਸਨ 'ਤੇ ਨਜ਼ਰ ਰੱਖੇ। ਇਸ ਮੰਤਵ ਨਾਲ ਕਮੇਟੀ ਵੱਲੋਂ ਕਨੂੰਨੀ ਲੋਕਲ ਬਾਡੀਜ਼ ਦੀ ਸਥਾਪਨਾ ਅਤੇ ਉਹਨਾਂ ਨੂੰ ਲੋੜ ਅਨੁਸਾਰ ਵਸੀਲੇ, ਪਾਵਰ ਅਤੇ ਅਥਾਰਿਟੀ ਦੇਣ ਦੀ ਸਿਫਾਰਿਸ਼ ਕੀਤੀ ਗਈ। ਇਸ 'ਚ ਕੰਮ ਨੂੰ ਦਫਤਰੀ ਅਤੇ ਫੀਲਡ ਦੇ ਸਰਵੇਖਣ ਹੇਠ ਕੀਤਾ ਗਿਆ। ਇਹ ਲੋੜੀਂਦੇ ਨਤੀਜੇ ਨਹੀਂ ਦੇ ਸਕੀਆਂ, ਇਸ 'ਚ ਆਮ ਆਦਮੀ ਦੀ ਰੁਚੀ ਨਹੀਂ ਦਿਖਾਈ ਦਿੱਤੀ।

ਦੇਸ਼ ਦਾ ਦਾਰੋਮਦਾਰ ਪਿੰਡਾਂ ਉੱਤੇ ਟਿਕਿਆ ਹੋਇਆ ਹੈ। ਇਸ ਲਈ ਉਕਤ ਕਮੇਟੀਆਂ ਨੂੰ ਹੋਰ ਵੀ ਪਾਰਦਰਸ਼ਤਾ ਦੀ ਲੋੜ ਪਈ। ਇਸੇ ਕਰਕੇ ਇਹਨਾਂ ਦੀ ਪੂਰਤੀ ਲਈ 1977 ਵਿੱਚ ਅਸ਼ੋਕ ਮਹਿਤਾ ਕਮੇਟੀ ਬਣਾਈ ਗਈ।ਇਸ ਨੇ ਸਿੱਧਾ ਸਪੱਸ਼ਟ ਕੀਤਾ ਕਿ ਪੰਚਾਇਤੀ ਰਾਜ ਵਿੱਚ ਰਾਜਨੀਤੀ ਰੋੜਾ ਬਣਦੀ ਜਾ ਰਹੀ ਹੈ। ਪੰਚਾਇਤੀ ਰਾਜ ਨੂੰ ਫੈਸਲਾ ਲੈਣ ਲਈ ਪਾਵਰਾਂ ਦਿੱਤੀਆਂ ਜਾਣ। ਇਕਨਾਮਕ ਪਲਾਨ ਲਈ ਜ਼ਿਲ੍ਹੇ ਨੂੰ ਚੁਣਿਆ ਗਿਆ। ਇਸ ਲਈ ਜ਼ਿਲ੍ਹਾ ਪਰਿਸ਼ਦ ਨੂੰ ਹੋਰ ਵੀ ਮਜਬੂਤ ਕਰਨ ਲਈ ਜ਼ੋਰ ਦਿੱਤਾ ਗਿਆ। ਲੜੀ ਨੂੰ ਅੱਗੇ ਤੋਰਦਿਆਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਹੋਰ ਵੀ ਗਤੀਸ਼ੀਲ ਬਣਾਉਣ ਲਈ ਫਿਰ 1985 ਵੀ ਕੇ ਰਾਓ ਕਮੇਟੀ ਗਠਤ ਕੀਤੀ ਗਈ।ਇਸ ਨੇ ਹੋਰ ਵੀ ਥੱਲੇ ਤੱਕ ਪਾਰਦਰਸ਼ਤਾ ਕਰਨ ਲਈ ਪੰਚਾਇਤੀ ਰਾਜ ਨੂੰ ਮਜ਼ਬੂਤ ਕਰਨ ਲਈ ਬਲਾਕ ਨੂੰ ਵਿਕਾਸ ਦਾ ਧੁਰਾ ਮੰਨਿਆ। ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਨੂੰ ਕੋਆਰਡੀਨੇਟਰ ਮੰਨਿਆ ਗਿਆ। ਇਸ ਨੂੰ ਹੋਰ ਸਰਲ ਬਣਾਉਣ ਲਈ 1986 'ਚ ਸਿੰਘਵੀ ਕਮੇਟੀ ਬਣਾਈ ਗਈ। ਇਸ ਨੇ ਪਿੰਡ ਲੋਕਾਂ ਤੇ ਗ੍ਰਾਮ ਸਭਾ ਨੂੰ ਲੋਕਤੰਤਰ ਦਾ ਅਧਾਰ ਕਰਾਰ ਦਿੱਤਾ। ਪੰਚਾਇਤੀ ਰਾਜ ਨੂੰ ਸਵੈ-ਸਰਕਾਰਾਂ ਸੰਸਥਾਵਾਂ ਦਾ ਦਰਜਾ ਦਿੱਤਾ ਗਿਆ। ਇਸ ਨਾਲ ਪੰਚਾਇਤੀ ਰਾਜ ਦੇ ਸਵੈਮਾਣ 'ਚ ਵਾਧਾ ਹੋਇਆ। ਇਸ ਅਨੁਸਾਰ ਲੋਕਾਂ ਦੀ ਭਾਗੇਦਾਰੀ, ਪਲਾਨਿੰਗ ਅਤੇ ਵਿਕਾਸ ਲਈ ਜ਼ਰੂਰੀ ਪ੍ਰਕਿਰਿਆ ਹੈ। ਇਸ ਨੇ ਇਹ ਵੀ ਸਿਫਾਰਿਸ਼ ਕੀਤੀ ਕਿ ਪੰਚਾਇਤੀ ਰਾਜ ਅਦਾਰਿਆਂ ਦਾ ਕਾਰਜਕਾਲ ਮਿਆਦ ਪੂਰੀ ਹੋਣ 'ਤੇ ਤੁਰੰਤ ਪ੍ਰਭਾਵ ਨਾਲ ਖਤਮ ਹੋਣਾ ਚਾਹੀਦਾ ਹੈ।ਆਜ਼ਾਦੀ ਤੋਂ ਬਾਅਦ 1952 ਤੋਂ 1986 ਤੱਕ ਦੇ ਸਫਰ ਤੋਂ ਬਾਅਦ 24 ਅਪ੍ਰੈਲ 1994 ਨੂੰ ਪੰਚਾਇਤੀ ਰਾਜ ਐਕਟ ਹੋਂਦ ਵਿੱਚ ਆਇਆ। ਇਸ ਵਿੱਚ ਪੰਚਾਇਤ ਮਤੇ ਪਾਸ ਵਿਕਾਸ ਤੋਂ ਇਲਾਵਾ ਹੋਰ ਕੰਮ ਵੀ ਕਰਦੀ ਹੈ।ਸਾਲ ਵਿੱਚ ਹਾੜ੍ਹੀ ਅਤੇ ਸਾਉਣੀ ਜੂਨ ਅਤੇ ਦਸੰਬਰ ਵਿੱਚ ਆਮ ਅਜਲਾਸ ਕਰਨੇ ਲਾਜ਼ਮੀ ਹਨ। ਇਹਨਾਂ ਵਿੱਚ ਹੋਏ ਖਰਚ ਦੀ ਪ੍ਰਵਾਨਗੀ ਅਤੇ ਹੋਣ ਵਾਲੇ ਕੰਮਾਂ ਦੀ ਰੂਪ-ਰੇਖਾ ਤਿਆਰ ਕਰਨੀ ਹੁੰਦੀ ਹੈ। ਇਸ ਪਾਰਲੀਮੈਂਟ ਵਿੱਚ ਹਰ ਵੋਟਰ ਸ਼ਾਮਲ ਹੋ ਸਕਦਾ ਹੈ।ਇਹੀ ਆਮ ਅਜਲਾਸ ਗਰਾਮ ਸਭਾ ਨੂੰ ਪਾਰਲੀਮੈਂਟ ਦਾ ਰੁਤਬਾ ਅਹਿਸਾਸ ਕਰਵਾਉਂਦੇ ਹਨ।ਪੰਜਾਬ ਵਿੱਚ ਇਹ ਐਕਟ ਲਾਗੂ ਹੈ। ਇਸ ਨਾਲ ਹੀ ਗ੍ਰਾਮ ਸਭਾ ਨੂੰ ਪਿੰਡਾਂ ਪਾਰਲੀਮੈਂਟ ਕਿਹਾ ਜਾਣ ਲੱਗਿਆ।ਗ੍ਰਾਮ ਸਭਾ ਦੇ ਮੈਂਬਰ ਦੀ ਕਦਰ ਵਧੀ।ਗ੍ਰਾਮ ਸਭਾ ਅਸਲ ਵਿੱਚ ਲੋਕਾਂ ਦੀ ਭਾਗੀਦਾਰੀ ਨਾਲ ਵਿਕਾਸ ਦੇ ਕੰਮਾਂ ਦੀ ਪਾਰਦਰਸ਼ਤਾ ਵਧਾ ਸਕਦੀ ਹੈ। ਗ੍ਰਾਮ ਸਭਾ ਦੇ ਹਰ ਮੈਂਬਰ ਨੂੰ ਇਸ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ, ਤਾਂ ਜੋ ਪਾਰਦਰਸ਼ਤਾ ਹੋਰ ਵੀ ਵਧ ਸਕੇ। ਕਮੇਟੀਆਂ ਤੋਂ ਬਾਅਦ ਆਖਰ ਬਲਾਕ 'ਤੇ ਫੋਕਸ ਕਰਕੇ ਪਿੰਡਾਂ ਦੇ ਵਿਕਾਸ ਦਾ ਧੁਰਾ ਬਲਾਕ ਯੂਨਿਟ ਨੂੰ ਮੰਨਿਆ ਗਿਆ। ਇਸ ਐਕਟ ਦੀ ਧਾਰਾ 216 ਪੈਸੇ ਦੀ ਕੁਵਰਤੋਂ ਰੋਕਣ ਲਈ ਅਧਿਕਾਰ ਬੀ ਡੀ ਪੀ ਓ ਨੂੰ ਦਿੰਦੀ ਹੈ। ਐਕਟ ਦੀ ਧਾਰਾ 218 ਨੇਕਨੀਅਤ ਨਾਲ ਕੀਤੀ ਗਈ ਕੋਈ ਵੀ ਕਾਰਵਾਈ ਨੂੰ ਕਾਨੂੰਨੀ ਪ੍ਰਕਿਰਿਆ ਤੋਂ ਦੂਰ ਰੱਖਦੀ ਹੈ। ਹਰ ਸਾਲ ਪੰਚਾਇਤੀ ਰਾਜ ਦਿਵਸ ਮਨਾਉਣ ਦੇ ਨਾਲ-ਨਾਲ ਹਰ ਗ੍ਰਾਮ ਸਭਾ ਮੈਂਬਰ ਨੂੰ ਜਾਗਰੂਕ ਹੋਣਾ ਚਾਹੀਦਾ ਹੈ। ਇਸ ਦੇ ਨਾਲ ਹੀ ਪੰਚਾਇਤੀ ਐਕਟ, ਪਿੰਡਾਂ ਦੀ ਪਾਰਲੀਮੈਂਟ ਗਰਾਮ ਸਭਾ ਅਤੇ ਪੰਚਾਇਤੀ ਰਾਜ ਦਾ ਮਹੱਤਵ ਬਣਿਆ ਰਹੇਗਾ।

**# ਸੰਪਰਕ : 98781-11445**

# ਈਰਾਨ, ਅਮਰੀਕਾ-ਇਸਰਾਈਲ ਜੰਗ ਫ਼ੈਸਲਾਕੁਨ ਮੋੜ 'ਤੇ


ਡਾ. ਸੁਰਿੰਦਰ ਮੰਡ (ਪ੍ਰੋਫੈਸਰ)

ਇਰਾਨ, ਅਮਰੀਕਾ-ਇਸਰਾਈਲ ਜੰਗ ਫੈਸਲਾਕੁਨ ਨਾਜ਼ੁਕ ਦੌਰ ਵਿਚ ਪੁੱਜ ਗਈ ਹੈ। ਇਰਾਨ ਨੇ ਹਾਰਮੁਜ਼ ਸਮੁੰਦਰੀ ਲਾਂਘੇ ਕੋਲ ਅਤੇ ਅਮਰੀਕਾ ਨੇ ਸਾਰੇ ਇਰਾਨੀ ਸਮੁੰਦਰੀ ਤੱਟਾਂ ਦੀ ਨਾਕੇਬੰਦੀ ਕਰ ਰੱਖੀ ਹੈ, ਪਰ ਖ਼ਬਰ ਸੀ ਕਿ ਅਮਰੀਕਾ ਨੇ 'ਅਪ੍ਰੇਸ਼ਨ ਫਰੀਡਮ' ਸ਼ੁਰੂ ਕਰ ਦਿੱਤਾ ਹੈ, ਜਿਸ ਦੇ ਤਹਿਤ ਅਮਰੀਕੀ ਫੌਜ ਦੇ ਜ਼ੋਰ ਨਾਲ ਜਹਾਜ਼ ਹਾਰਮੁਜ਼ ਤੋਂ ਇਰਾਨ ਕੋਲੋਂ ਲੰਘਣਗੇ, ਇਕ ਜਹਾਜ਼ ਲੰਘਾਉਣ ਦੀ ਕੋਸ਼ਿਸ਼ ਵੀ ਕੀਤੀ, ਜਿਸ ਨੂੰ ਇਰਾਨ ਨੇ ਹਮਲਾ ਕਰਕੇ ਵਾਪਿਸ ਮੋੜ ਦਿੱਤਾ। ਇਰਾਨ ਆਪਣੀ ਹੱਦ ਵਿਚ ਆਉਂਦੇ ਹਾਰਮੁਜ਼ ਸਮੁੰਦਰੀ ਲਾਂਘੇ ਨੂੰ ਆਪਣੀ ਦੇਖਰੇਖ ਅਤੇ ਕੰਟਰੋਲ ਵਿਚ ਰੱਖਣ ਨੂੰ ਆਪਣੀ ਸੁਰੱਖਿਆ ਲਈ ਜ਼ਰੂਰੀ ਸਮਝਦਾ ਹੈ। ਇਰਾਨ ਨਾਲ ਟਕਰਾਅ ਤੋਂ ਬਚਣ ਲਈ 24 ਘੰਟੇ ਦੇ ਅੰਦਰ ਹੀ ਟਰੰਪ ਨੇ 'ਅਪ੍ਰੇਸ਼ਨ ਫਰੀਡਮ' ਵਾਲਾ ਫੈਸਲਾ ਵਾਪਸ ਲੈ ਲਿਆ ਹੈ। ਇਰਾਨ ਕਹਿੰਦਾ ਕਿ ਜਹਾਜ਼ ਸਾਡੀ ਆਗਿਆ ਲੈ ਕੇ ਹੀ ਲੰਘਣਗੇ।

ਯੂ ਏ ਈ ਦੀ ਇਕ ਤੇਲ ਰਿਫਾਈਨਰੀ, ਫਰਾਂਸ ਅਤੇ ਸਾਊਥ ਕੋਰੀਆ ਦੇ ਜਹਾਜ਼ਾਂ ਉੱਤੇ ਹਮਲੇ ਦਾ ਵੀ ਸਮਾਚਾਰ ਹੈ। ਸਾਰੇ ਖਾੜੀ ਦੇਸ਼ਾਂ ਵਿਚੋਂ ਯੂ ਏ ਈ ਦਿਲੋਂ, ਮਨੋ ਇਸਰਾਈਲ, ਅਮਰੀਕਾ ਦੇ ਨਾਲ ਹੈ। ਯੂ ਏ ਈ ਹੀ ਇਸਰਾਈਲੀ ਹਿੱਤਾਂ ਅਨੁਕੂਲ ਕੀਤੇ ਗਏ 'ਅਬਰਾਹੀਮ ਸਮਝੌਤੇ' ਦਾ ਮੁੱਖ ਖਿਲਾੜੀ ਹੈ। ਇਸ ਨੇ ਇਸਰਾਈਲੀ ਪੈਰ ਧਰਾਵੇ ਲਈ ਵੀ ਕਾਰਵਾਈ ਕੀਤੀ ਸੀ, ਜਿਸ ਦਾ ਸਊਦੀ ਅਰਬ ਨੇ ਵਿਰੋਧ ਕੀਤਾ ਸੀ। ਇਸ ਅੰਦਰਲਾ ਅਮਰੀਕੀ ਫੌਜੀ ਅੱਡਾ ਹੀ ਲਗਾਤਾਰ ਇਰਾਨ ਵਿਰੁੱਧ ਹਮਲਿਆਂ ਦਾ ਮੁੱਖ ਟਿਕਾਣਾ ਹੈ। ਇਸ ਨੇ ਹੁਣੇ-ਹੁਣੇ ਇਸਰਾਈਲੀ ਹਵਾਈ ਰੱਖਿਆ ਪ੍ਰਣਾਲੀ ਨੂੰ ਤਾਇਨਾਤ ਕੀਤਾ ਹੈ। ਅਲ-ਜਜ਼ੀਰਾ ਅਨੁਸਾਰ ਇਰਾਨੀ ਫੌਜ ਦਾ ਬਿਆਨ ਹੈ ਕਿ ਸਾਡੀ ਯੂ ਏ ਈ ਉੱਤੇ ਹਮਲਾ ਕਰਨ ਦੀ ਕੋਈ ਯੋਜਨਾ ਨਹੀਂ, ਇਹ ਸ਼ਰਾਰਤ ਹੈ। ਅਮਰੀਕਾ ਦੀਆਂ ਯੂਰਪ, ਨਾਟੋ ਨਾਲੋਂ ਦੂਰੀਆਂ ਤੋੜ-ਵਿਛੋੜਾ ਹੋਣ ਵਰਗੀਆਂ ਦਿੱਸ ਰਹੀਆਂ ਹਨ। ਅਮਰੀਕਾ ਨੇ ਸਾਰੇ ਯੂਰਪੀ ਦੇਸ਼ਾਂ ਦੀਆਂ ਕਾਰਾਂ ਟਰੱਕਾਂ ਉੱਤੇ 25 ਫੀਸਦੀ ਟੈਰਿਫ਼ ਲਾ ਦਿੱਤਾ ਹੈ। ਟਰੰਪ ਨੇ ਨਾਟੋ ਮੈਂਬਰ ਸਪੇਨ, ਇਟਲੀ, ਫਰਾਂਸ, ਜਰਮਨ ਅਤੇ ਇੰਗਲੈਂਡ ਵੱਲੋਂ ਜੰਗ ਵਿਚ ਸਾਥ ਨਾ ਦੇਣ ਕਰਕੇ ਉਹਨਾਂ ਵਿਰੁੱਧ ਤਿੱਖੇ ਬਿਆਨ ਦਿੱਤੇ ਹਨ। ਅਮਰੀਕਾ ਨੇ ਜਰਮਨ ਵਿਚੋਂ ਆਪਣੀ 5000 ਫੌਜ ਵਾਪਸ ਬੁਲਾ ਲਈ ਹੈ। ਇੰਗਲੈਂਡ ਦਾ ਰਾਜਾ ਚਾਰਲਸ ਤਾਂ ਅਮਰੀਕੀ ਸੰਸਦ ਵਿਚ ਉਚੇਚਾ ਆਣ ਕੇ ਟਰੰਪ ਨੂੰ ਬੋਲ ਕੇ ਗਿਆ ਕਿ ਤੂੰ ਕਹਿੰਨਾ ਕਿ ਜੇ ਅਸੀਂ ਨਾ ਹੁੰਦੇ ਤਾਂ ਸਾਰਾ ਯੂਰਪ ਜਰਮਨ ਬੋਲ ਰਿਹਾ ਹੁੰਦਾ। ਮੈਂ ਵੀ ਕਹਿੰਨਾ ਕਿ ਜੇ ਅਸੀਂ ਨਾ ਹੁੰਦੇ ਤਾਂ ਤੁਸੀਂ ਵੀ ਸਾਰੇ ਫਰੈਂਚ ਬੋਲ ਰਹੇ ਹੁੰਦੇ। ਉਸ ਦਾ ਇਸ਼ਾਰਾ ਅਮਰੀਕਾ ਵਿਚ ਹੋਈ ਇੰਗਲੈਂਡ-ਫਰਾਂਸ ਜੰਗ ਵੱਲ ਸੀ। ਟਰੰਪ ਨੇ ਆਪਣੇ ਵਤੀਰੇ ਅਤੇ ਬੜਬੋਲੇਪਨ ਕਰਕੇ ਯੂਰਪ ਦੇ ਲੀਡਰਾਂ ਨੂੰ ਕਈ ਵਾਰ ਬੇਇੱਜ਼ਤ ਵੀ ਕੀਤਾ ਤੇ ਨੀਵਾਂ ਵਿਖਾਇਆ ਹੈ।ਗਰੀਨਲੈਂਡ ਅਤੇ ਕੈਨੇਡਾ ਉੱਤੇ ਕਬਜ਼ਾ ਕਰ ਲੈਣ ਵਰਗੇ ਬਿਆਨ ਦੇਣ, ਮਨਮਾਨੇ ਢੰਗ ਨਾਲ ਟੈਰਿਫ਼ ਥੋਪਣ, ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨੂੰ ਬੰਦੀ ਬਣਾਉਣ, ਮੈਕਸੀਕੋ ਕੋਲੰਬੀਆ ਕਿਊਬਾ ਦੀਆਂ ਸਰਕਾਰਾਂ ਉਲਟਾਉਣ ਬਾਰੇ ਮਨਸ਼ਾ ਜ਼ਾਹਰ ਕਰਨ, ਇਸਰਾਈਲ ਬਾਰੇ ਨੀਤੀ, ਇਰਾਨ ਉੱਤੇ ਇਕਪਾਸੜ ਹਮਲਾ ਆਦਿ ਘਟਨਾਵਾਂ ਕਾਰਨ ਬੇਲੀ ਰਹੇ ਦੇਸ਼ ਵੀ ਸੋਚਣ ਲੱਗੇ ਹਨ ਕਿ ਅਮਰੀਕਾ ਦੀ ਧੱਕੇਸ਼ਾਹੀ ਨਾਲ ਕਦਮ ਮਿਲਾ ਕੇ ਚੱਲਣਾ ਔਖਾ ਹੈ।

ਨਵੇਂ ਰਿਸ਼ਤੇ ਬਣ ਰਹੇ ਹਨ।ਇਸ ਵੇਲੇ ਇਸਰਾਈਲ ਹਰ ਉਹ ਹਰਕਤ ਕਰ ਰਿਹਾ, ਜਿਸ ਨਾਲ ਸੀਜ਼ਫਾਇਰ ਟੁੱਟ ਜਾਵੇ ਅਤੇ ਇਰਾਨ ਨੂੰ ਤਬਾਹ ਕਰਨ ਲਈ ਅਮਰੀਕਾ-ਇਸਰਾਈਲ ਦੋਵੇਂ ਇਰਾਨ ਉੱਤੇ ਫਿਰ ਟੁੱਟ ਪੈਣ। ਇਸਰਾਈਲ ਨੇ ਲਿਬਨਾਨ ਦੇ ਇਲਾਕੇ ਉੱਤੇ ਕਬਜ਼ਾ ਕਰਨ ਲਈ ਜੰਗ ਛੇੜ ਰੱਖੀ ਹੈ, ਉਸ ਨੂੰ 'ਗਰੇਟਰ ਇਸਰਾਈਲ' ਮਨਸੂਬੇ ਲਈ ਇਹ ਸੁਨਹਿਰੀ ਮੌਕਾ ਜਾਪਦਾ।ਅਮਰੀਕਾ ਨੇ ਇਰਾਨੀ ਸਰਕਾਰ ਉਲਟਾਉਣ ਲਈ ਹਮਲਾ ਕੀਤਾ ਹੈ, ਉਹ ਤਾਂ ਸਗੋਂ ਹੋਰ ਮਜ਼ਬੂਤ ਹੋ ਗਈ ਹੈ ਤੇ ਹੁਣ ਛਿੱਥਾ ਜਿਹਾ ਪੈ ਕੇ ਉਹਨੇ ਆਪਣੇ ਲਕਸ਼ ਇੰਜ ਬਦਲ ਲਏ।ਪਹਿਲਾਂ ਆਖਿਆ ਕਿ ਹਾਰਮੁਜ਼ ਦੀ ਸਮੁੰਦਰੀ ਆਵਾਜਾਈ ਨਾਲ ਸਾਡਾ ਕੋਈ ਸਬੰਧ ਨਹੀਂ, ਸਾਡੇ ਏਧਰੋਂ ਜਹਾਜ਼ ਨਹੀਂ ਗੁਜ਼ਰਦੇ, ਪਰ ਫਿਰ ਐਲਾਨ ਕਰ ਦਿੱਤਾ ਕਿ ਇਰਾਨ ਹਾਰਮੁਜ਼ ਲਾਂਘਾ ਸਭ ਲਈ ਖੋਲ੍ਹੇ, ਨਹੀਂ ਤਾਂ ਅਸੀਂ ਖ਼ੁਦ ਇਰਾਨ ਦੀ ਸਾਰੀ ਨਾਕਾਬੰਦੀ ਕਰ ਦਿਆਂਗੇ ਤੇ ਕਰ ਦਿੱਤੀ।ਬਿਆਨ ਦਿੱਤੇ ਕਿ ਇਰਾਨ ਦੀ ਨੇਵੀ, ਹਵਾਈ, ਜ਼ਮੀਨੀ, ਨਿਊਕਲੀਅਰ ਤਾਕਤ ਖ਼ਤਮ ਕਰਕੇ ਅਮਰੀਕਾ ਜਿੱਤ ਗਿਆ ਹੈ।ਹੁਣ ਫਿਰ ਆਖਣ ਲੱਗ ਪਏ ਕਿ ਇਰਾਨ ਪ੍ਰਮਾਣੂ ਬੰਬ ਬਣਾ ਸਕਦਾ, ਆਪਣਾ ਸਾਰਾ ਸੋਧਿਆ ਯੂਰੇਨੀਅਮ ਸਾਡੇ ਹਵਾਲੇ ਕਰੇ ਨਹੀਂ ਤਾਂ ਮੁਕੰਮਲ ਤਬਾਹੀ ਕਰਕੇ ਪੱਥਰ ਯੁੱਗ ਵਿਚ ਪੁਚਾ ਦਿਆਂਗੇ। ਸੱਚਾਈ ਇਹ ਹੈ ਕਿ ਪ੍ਰਮਾਣੂ ਬੰਬ ਦਾ ਮੁੱਦਾ ਇਹਨਾਂ ਦਾ ਇਰਾਨ ਉਤੇ ਹਮਲਾ ਕਰਨ ਦਾ ਮਹਿਜ਼ ਬਹਾਨਾ ਹੈ। ਆਇਤੁਲਾ ਖ਼ੁਮੈਨੀ ਨੇ ਤਾਂ ਪ੍ਰਮਾਣੂ ਬੰਬ ਨੂੰ ਇਸਲਾਮ ਵਿਰੋਧੀ ਆਖ ਕੇ ਇਸ ਵਿਰੁੱਧ ਫ਼ਤਵਾ ਦਿੱਤਾ ਸੀ। ਇਰਾਨ ਨੇ 1973 ਦੇ 'ਪਮਾਣੂ ਬੰਬ ਰੋਕੂ ਸੰਧੀ' 'ਤੇ ਦਸਤਖ਼ਤ ਕੀਤੇ ਹੋਏ ਹਨ। ਉਸ ਦਾ ਸਾਰਾ ਪ੍ਰਮਾਣੂ ਵਿਕਾਸ ਕੰਮ 'ਅੰਤਰਰਾਸ਼ਟਰੀ ਅਟੌਮਿਕ ਐਨਰਜੀ ਏਜੰਸੀ' ਦੀ ਨਿਗਰਾਨੀ ਵਿਚ ਰਿਹਾ ਤੇ ਉਹ ਹੁਣ ਵੀ ਅਜਿਹੀ ਨਿਗਰਾਨੀ ਲਈ ਆਪਣੀ ਸਹਿਮਤੀ ਦਿੰਦਾ। ਤਾਜ਼ੀ ਖ਼ਬਰ ਕਿ ਇਰਾਨ ਨਿਊਕਲੀਅਰ ਵਾਧਾ ਰੋਕਣ ਵਾਲੀ ਯੂ ਐੱਨ ਸੰਸਥਾ ਐੱਨ ਪੀ ਟੀ ਦਾ ਮੀਤ ਪ੍ਰਧਾਨ ਚੁਣਿਆ ਗਿਆ ਹੈ। ਵੇਸੇ ਵੀ ਹਰ ਮੁਲਕ ਦਾ ਅਧਿਕਾਰ ਕਿ ਉਹ ਸ਼ਾਂਤਮਈ ਮਨੋਰਥ ਲਈ ਇਕ ਹੱਦ ਤਕ ਪ੍ਰਮਾਣੂ ਵਿਕਾਸ ਕਰ ਸਕਦਾ। ਪ੍ਰਮਾਣੂ ਬੰਬ ਨਾ ਬਣਾਉਣ ਬਾਰੇ ਸਹਿਮਤੀ ਇਰਾਨ ਜ਼ਰੂਰ ਦੇ ਸਕਦਾ, ਪਹਿਲੋਂ ਵੀ ਹੈ। ਇਸ ਸਹਿਮਤੀ ਨੂੰ ਆਪਣੀ ਵੱਡੀ ਜਿੱਤ ਵਜੋਂ ਪ੍ਰਚਾਰ ਕੇ ਅਮਰੀਕਾ ਸਮਝੌਤਾ ਕਰਨ ਵੱਲ ਵਧ ਸਕਦਾ। ਹਾਰਮੁਜ਼ ਲਾਂਘਾ ਵੀ ਇਰਾਨ ਖੋਲ੍ਹ ਦਏਗਾ, ਹਮਲੇ ਕਾਰਨ ਬੰਦ ਕੀਤਾ, ਪਰ ਉਸ ਦਾ ਲਾਂਘੇ ਵਾਲਾ ਕੰਟਰੋਲ ਆਪਣੇ ਕੋਲ ਰੱਖੇਗਾ, ਕਿਉਂਕਿ ਇਹ ਸਮੁੰਦਰੀ ਲਾਂਘਾ ਉਸ ਦੀ ਹੱਦ ਵਿਚ ਹੈ। ਇਸ ਯੁੱਧ ਵਾਲੇ ਮਹੌਲ ਵਿਚ ਉਹ ਆਪਣੀ ਹੱਦ ਵਿਚ ਕਿਸੇ ਦੁਸ਼ਮਣ ਦੀ ਫੌਜ ਨੂੰ ਘੁੰਮਣ ਜਾਂ ਟਿਕਣ ਨਹੀਂ ਦੇ ਸਕਦੇ। ਅਗਰ ਏਥੇ ਕੁ ਸਮਝੌਤਾ ਹੋ ਜੇ ਤਾਂ ਸਭ ਦੇ ਹਿੱਤ ਵਿਚ ਹੋਵੇਗਾ। ਜੇ ਅਮਰੀਕਾ ਨੇ ਅੜੀ ਕਰਕੇ ਜਾਂ ਇਸਰਾਈਲ ਦੀ ਚੁੱਕ ਵਿਚ ਆ ਕੇ ਇਰਾਨ ਦਾ ਲੱਕ ਤੋੜਨ ਦਾ ਮਕਸਦ ਲੈ ਕੇ ਹਮਲੇ ਦਾ ਕੋਈ ਵੀ ਬਹਾਨਾ ਬਣਾਇਆ ਤਾਂ ਫਿਰ ਜੰਗ ਹੋਵੇਗੀ। ਇਰਾਨ ਦੀ ਤਬਾਹੀ ਤਾਂ ਹੋਵੇਗੀ ਹੀ, ਪਰ ਅਮਰੀਕਾ ਅਤੇ ਇਸਰਾਈਲ ਲਈ ਵੀ ਇਹ ਜੰਗ ਇਕ ਬਹੁਤ ਕੌੜਾ ਸਬਕ ਹੋਵੇਗੀ। ਇਹ ਭਵਿੱਖ ਵਿਚ ਇਰਾਨ ਨੂੰ ਪ੍ਰਮਾਣੂ ਤਾਕਤ ਬਣ ਕੇ ਆਪਣਾ ਬਚਾਅ ਕਰਨ ਲਈ ਮਜਬੂਰ ਕਰਨ ਵਾਲੇ ਰਾਹੇ ਤੋਰਨ ਵਰਗੀ ਗੱਲ ਹੋਵੇਗੀ। ਸਾਡਾ ਭਾਰਤ 'ਬਰਿਕਸ' ਦੇਸ਼ਾਂ ਦਾ ਇਸ ਵੇਲੇ ਪ੍ਰਧਾਨ ਹੈ ਤੇ ਇਰਾਨ ਵੀ ਮੈਂਬਰ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਹਮਲੇ ਤੋਂ 2 ਦਿਨ ਪਹਿਲਾਂ ਇਸਰਾਈਲ ਜਾ ਕੇ ਨੇਤਨਯਾਹੂ ਦਾ ਗੁਣਗਾਨ ਨਹੀਂ ਸੀ ਕਰਨਾ ਚਾਹੀਦਾ।

ਇਰਾਨੀ ਲੀਡਰਾਂ ਤੇ 168 ਬੱਚੀਆਂ ਨੂੰ ਮਾਰਨ, ਭਾਰਤ ਦੇ ਸੱਦੇ ਉੱਤੇ ਆਏ 80 ਇਰਾਨੀ ਪ੍ਰਾਹੁਣਿਆਂ ਨੂੰ ਵਾਪਿਸ ਜਾਂਦਿਆਂ ਡੁਬੋ ਕੇ ਮਾਰਨ ਦੀ ਵੀ ਮੋਦੀ ਨਿੰਦਾ ਕਰਦੇ ਤਾਂ ਭਾਰਤ ਦਾ ਪਰਖੇ ਮਿੱਤਰ ਦੇਸ਼ ਇਰਾਨ ਨਾਲ ਵਿਸ਼ਵਾਸ ਬਣਿਆ ਰਹਿੰਦਾ। ਅਮਰੀਕਾ ਤਾਂ ਕਿਸੇ ਦਾ ਮਿੱਤ ਨਹੀਂ, ਨਾਟੋ ਦਾ ਵੀ ਨਹੀਂ। ਟਰੰਪ ਨੇ ਸਾਡੇ ਪ੍ਰਧਾਨ ਮੰਤਰੀ ਦੇ ਮੂੰਹ 'ਤੇ ਆਖਿਆ ਕਿ 'ਬਰਿਕਸ' ਗਠਜੋੜ ਮਰ ਚੁੱਕਾ ਤੇ ਹੁਣ ਭਾਰਤ, ਚੀਨ ਨੂੰ 'ਨਰਕ' ਆਖਿਆ। ਸਾਡੇ 'ਤੇ 18 ਫੀਸਦੀ ਟੈਰਿਫ਼ ਲਾ ਕੇ ਸਾਨੂੰ ਅਮਰੀਕਾ ਉੱਤੇ ਜ਼ੀਰੋ ਫੀਸਦੀ ਟੈਰਿਫ਼ ਲਾਉਣ ਲਈ ਮਜਬੂਰ ਕੀਤਾ।ਭਾਰਤ ਦੀ ਏਸੇ ਕਮਜ਼ੋਰੀ ਦਾ ਨਤੀਜਾ ਜਾਪਦਾ ਕਿ ਅਮਰੀਕਾ-ਇਰਾਨ ਦਰਮਿਆਨ ਗੱਲਬਾਤ ਕਰਾਉਣ ਲਈ ਸਭ ਵੱਲੋਂ ਪਾਕਿਸਤਾਨ ਨੂੰ ਵੱਧ ਭਰੋਸੇਯੋਗ ਸਮਝਿਆ ਗਿਆ। ਭਾਰਤ ਨੂੰ ਆਪਣੀ ਵਿਦੇਸ਼ ਨੀਤੀ ਬਾਰੇ ਅੰਤਰਝਾਤ ਦੀ ਲੋੜ ਹੈ। ਏਡੇ ਵੱਡੇ ਭਾਰਤ ਨੂੰ ਅਮਰੀਕਾ ਤੋਂ ਯਰਕਣ ਦੀ ਕੀ ਮਜਬੂਰੀ ਹੈ? ਇਸ ਜੰਗ ਵਿਚ ਇਰਾਨ ਆਪਣੀ ਅਣਖ ਦੀ ਭਾਰੀ ਕੀਮਤ ਤਾਰੇਗਾ, ਅਮਰੀਕਾ ਆਪਣੀ ਹਊਮੈਂ ਅਤੇ ਸਵਾਰਥੀ ਮਨਸੂਬਿਆਂ ਲਈ ਇਨਸਾਨਾਂ ਦੀ ਬਲੀ ਲਵੇਗਾ, ਪਰ ਇਸਰਾਈਲ ਹਰ ਹਾਲਤ ਵਿਚ ਸਾਰੇ ਸੰਸਾਰ ਨੂੰ ਆਪਣਾ ਨਾਸੂਰ ਵਰਗਾ ਅਹਿਸਾਸ ਕਰਾਵੇਗਾ। ਕਾਸ਼! ਐਸਾ ਨਾ ਹੋਵੇ।

**ਸੰਪਰਕ- 94173-24543**

## ਪਾਠਕ-ਸੱਥ

### *ਪੇਪਰ ਲੀਕ ਆਖ਼ਰ ਕਦੋਂ ਤੱਕ?*

ਮੈਡੀਕਲ ਵਿੱਚ ਪ੍ਰਵੇਸ਼ ਪ੍ਰੀਖਿਆ ਲਈ ਕੁੱਝ ਦਿਨ ਪਹਿਲਾਂ ਹੋਇਆ ਨੀਟ ਦਾ ਪੇਪਰ ਲੀਕ ਹੋਣ ਦੇ ਕਾਰਣ ਰੱਦ ਕਰ ਦਿੱਤਾ ਗਿਆ ਹੈ ਅਤੇ ਜਲਦੀ ਹੀ ਦੁਬਾਰਾ ਪੇਪਰ ਕਰਵਾਉਣ ਦੀ ਗੱਲ ਕਹੀ ਗਈ ਹੈ। ਪੇਪਰ ਤੋਂ ਕੁਝ ਸਮਾਂ ਪਹਿਲਾਂ ਹੀ ਵਿਦਿਆਰਥੀਆਂ ਕੋਲ ਪੇਪਰ ਦੇ ਸਵਾਲਾਂ ਦਾ ਪਹੁੰਚਣਾ ਇਹ ਸ਼ਾਹਦੀ ਭਰਦਾ ਹੈ ਕਿ ਕੁੱਤੀ ਚੋਰਾਂ ਨਾਲ ਰਲੀ ਹੋਈ ਹੈ ਜੋ ਮਿਹਨਤੀ ਬੱਚਿਆਂ ਦੇ ਭਵਿੱਖ ਨੂੰ ਦਾਅ 'ਤੇ ਲਾ ਰਹੀ ਹੈ। ਮੈਡੀਕਲ ਦਾਖ਼ਲਾ ਪ੍ਰੀਖਿਆ ਦੀ ਤਿਆਰੀ ਬੱਚੇ ਦਸਵੀਂ ਬਾਅਦ ਹੀ ਕਰਨੀ ਸ਼ੁਰੂ ਕਰ ਦਿੰਦੇ ਹਨ ਜਿਸ ਲਈ ਉਹ ਲੱਖਾਂ ਰੁਪਏ ਕੋਚਿੰਗ ਸੈਂਟਰਾਂ ਨੂੰ ਦਿੰਦੇ ਹਨ, ਦਿਨ ਰਾਤ ਮਿਹਨਤ ਕਰਦੇ ਹਨ, ਹਰ ਸਮੇਂ ਤਨਾਅਪੂਰਨ ਜ਼ਿੰਦਗੀ ਬਤੀਤ ਕਰਦੇ ਹਨ ਪਰੰਤੂ ਅਜਿਹੀਆਂ ਘਟਨਾਵਾਂ ਉਹਨਾਂ ਬੱਚਿਆਂ ਦੇ ਹੌਸਲਿਆਂ ਨੂੰ ਚਕਨਾਚੂਰ ਕਰਕੇ ਰੱਖ ਦਿੰਦੀਆਂ ਹਨ। ਸਰਕਾਰ ਦੀ ਨਕਲ ਅਤੇ ਪੇਪਰ ਲੀਕ ਰੋਕਣ ਲਈ ਕੀਤੇ ਜਾ ਰਹੇ ਉਪਰਾਲੇ ਬਹੁਤ ਘੱਟ ਜਾਂ ਆਟੇ ਵਿੱਚ ਲੂਣ ਬਰਾਬਰ ਹਨ ਜਿਸਦਾ ਭੁਗਤਾਨ ਵਿਦਿਆਰਥੀਆਂ ਨੂੰ ਕਰਨਾ ਪੈਂਦਾ ਹੈ। ਸਿੱਖਿਆ ਦੇ ਖ਼ੇਤਰ ਵਿੱਚ ਹੋ ਰਹੀਆਂ ਧਾਂਦਲੀਆਂ ਦੇਸ਼ ਦੇ ਸਿੱਖਿਆ ਖੇਤਰ ਨੂੰ ਖੋਰਾ ਲਾਉਣ ਦੇ ਨਾਲ ਨਾਲ ਦੇਸ਼ ਦੇ ਭਵਿੱਖ ਨੂੰ ਵੀ ਦਾਅ 'ਤੇ ਲਾ ਰਹੀਆਂ ਹਨ।ਨਕਲ ਅਤੇ ਪੇਪਰ ਲੀਕ ਸਿੱਖਿਆ ਖ਼ੇਤਰ ਦੇ ਅਜਿਹੇ ਕੋਹੜ ਹਨ ਜਿਨ੍ਹਾਂ ਦਾ ਹੱਲ ਤਲਾਸ਼ਣਾ ਬਹੁਤ ਜ਼ਰੂਰੀ ਹੈ। ਜ਼ਿੰਮੇਵਾਰ ਵਿਅਕਤੀਆਂ ਨੂੰ ਜਿਥੇ ਅਦਾਲਤ ਦੇ ਕਟਹਿਰੇ ਵਿੱਚ ਖੜ੍ਹਾ ਕਰਨਾ ਹੋਵੇਗਾ ਉਥੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਹੋਣ ਉਸ ਲਈ ਅਗਾਊਂ ਚੌਕਸੀ ਪ੍ਰਬੰਧ ਵੀ ਹੋਰ ਮਜ਼ਬੂਤ ਕਰਨੇ ਹੋਣਗੇ।

**-ਰਜਵਿੰਦਰ ਪਾਲ ਸ਼ਰਮਾ**, 7087367969

# ਘਰਾਚੋਂ ਦੇ ਸਰਕਾਰੀ ਸਮਾਰਟ ਸਕੂਲ ਨੂੰ ਮਿਲੀ ਨਵੀਂ ਸੌਗਾਤ

## ਕਲਾਸ ਰੂਮ ਤੇ ਵਿਗਿਆਨ ਲੈਬ ਕੀਤੇ ਲੋਕ ਅਰਪਿਤ

**ਭਵਾਨੀਗੜ੍ਹ, (ਰਾਜ ਖੁਰਮੀ)** ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਆਧੁਨਿਕ ਬਣਾਉਣ ਦੇ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਘਰਾਚੋਂ ਵਿਖੇ 26 ਲੱਖ 20 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ 2 ਨਵੇਂ ਕਲਾਸ ਰੂਮ ਤੇ 1 ਆਧੁਨਿਕ ਵਿਗਿਆਨ ਲੈਬ ਦਾ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਲੋਕ ਅਰਪਣ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਬੰਧਕਾਂ, ਅਧਿਆਪਕਾਂ, ਵਿਦਿਆਰਥੀਆਂ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਵਿਧਾਇਕ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਵਧੀਆ ਅਤੇ ਆਧੁਨਿਕ ਸਿੱਖਿਆ ਸਹੂਲਤਾਂ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਨਵੇਂ ਕਲਾਸ ਰੂਮਾਂ ਨਾਲ ਵਿਦਿਆਰਥੀਆਂ ਨੂੰ ਸੁਚੱਜਾ ਤੇ ਸੁਖਦਾਇਕ ਪੜ੍ਹਾਈ ਮਾਹੌਲ ਮਿਲੇਗਾ, ਜਦਕਿ ਆਧੁਨਿਕ ਵਿਗਿਆਨ ਲੈਬ ਵਿਦਿਆਰਥੀਆਂ ਦੀ ਪ੍ਰਯੋਗਾਤਮਕ ਸਿੱਖਿਆ ਨੂੰ ਹੋਰ ਮਜ਼ਬੂਤ ਬਣਾਏਗੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ ਤੇ ਹਰ ਸਕੂਲ ਵਿੱਚ ਨਵੀਆਂ ਇਮਾਰਤਾਂ, ਸਮਾਰਟ ਕਲਾਸਾਂ, ਲੈਬਾਂ ਅਤੇ ਡਿਜੀਟਲ ਸਹੂਲਤਾਂ ਮੁਹੱਈਆ ਕਰਾਈਆਂ ਜਾ ਰਹੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਪੂਰਾ ਲਾਭ ਲੈ ਕੇ ਆਪਣਾ ਭਵਿੱਖ ਰੌਸ਼ਨ ਬਣਾਉਣ।ਸਕੂਲ ਦੇ ਪ੍ਰਿੰਸੀਪਲ ਤੇ ਸਟਾਫ ਮੈਂਬਰਾਂ ਵੱਲੋਂ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਨਵੀਂਆਂ ਸਹੂਲਤਾਂ ਨਾਲ ਸਕੂਲ ਦੀ ਪੜ੍ਹਾਈ ਦਾ ਮਿਆਰ ਹੋਰ ਉੱਚਾ ਹੋਵੇਗਾ।



# ਵਾਰਡ ਨੰਬਰ 6 'ਚ ਬਣੇਗਾ ਆਧੁਨਿਕ ਪਾਰਕ

**ਬਾਘਾ ਪੁਰਾਣਾ, (ਮਨੀ ਸਿੰਗਲਾ):** ਨਗਰ ਕੌਂਸਲ ਬਾਘਾ ਪੁਰਾਣਾ ਦੇ ਵਾਸੀਆਂ ਲਈ ਖ਼ੁਸ਼ਖ਼ਬਰੀ ਸਾਹਮਣੇ ਆਈ ਹੈ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਾਰਡ ਨੰਬਰ 6 ਤੋਂ ਕੌਂਸਲਰ ਮਨਦੀਪ ਕੱਕੜ ਦੀਆਂ ਲਗਾਤਾਰ ਕੋਸ਼ਿਸ਼ਾਂ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਉਨ੍ਹਾਂ ਦੇ ਵਾਰਡ 'ਚ ਪੈਂਦੇ ਬਾਬਾ ਬੂਟਾ ਸ਼ਾਹ ਜੀ ਦੀ ਕਬਰ ਦੇ ਨਜ਼ਦੀਕ ਛੱਪੜ ਵਾਲੀ ਜਗ੍ਹਾ 'ਤੇ ਇੱਕ ਆਧੁਨਿਕ ਪਾਰਕ ਬਣਾਉਣ ਲਈ 78 ਲੱਖ ਰੁਪਏ ਦੀ ਰਾਸ਼ੀ ਮਨਜ਼ੂਰ ਹੋ ਗਈ। ਇਸ ਪ੍ਰੋਜੈਕਟ ਲਈ ਰਾਸ਼ੀ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਮਨਜ਼ੂਰ ਕੀਤੀ ਗਈ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ।ਲੰਮੇ ਸਮੇਂ ਤੋਂ ਇਸ ਜਗ੍ਹਾ ਨੂੰ ਸੁਧਾਰਨ ਤੇ ਲੋਕਾਂ ਲਈ ਵਰਤੋਂਯੋਗ ਬਣਾਉਣ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਹੁਣ ਹਕੀਕਤ ਦਾ ਰੂਪ ਮਿਲਨ ਜਾ ਰਿਹਾ ਹੈ। ਮਨਦੀਪ ਕੱਕੜ ਨੇ ਦੱਸਿਆ ਕਿ ਉਹ ਕਾਫੀ ਸਮੇਂ ਤੋਂ ਚਾਹੁੰਦੇ ਸਨ ਕਿ ਵਾਰਡ ਦੇ ਅਧੀਨ ਆਉਂਦੇ ਇਸ ਛੱਪੜ ਨੂੰ ਸੁੰਦਰ ਤੇ ਆਧੁਨਿਕ ਪਾਰਕ ਵਿੱਚ ਤਬਦੀਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਇਹ ਜਗ੍ਹਾ ਪਹਿਲਾਂ ਬੇਕਾਰ ਪਈ ਹੋਈ ਸੀ, ਜਿਸ ਕਾਰਨ ਲੋਕਾਂ ਨੂੰ ਕੋਈ ਲਾਭ ਨਹੀਂ ਮਿਲ ਰਿਹਾ ਸੀ, ਪਰ ਹੁਣ ਇਸ ਨੂੰ ਵਿਕਸਤ ਕਰਕੇ ਇਲਾਕੇ ਦੇ ਲੋਕਾਂ ਲਈ ਸੈਰ-ਸਪਾਟੇ ਤੇ ਮਨੋਰੰਜਨ ਦਾ ਵਧੀਆ ਕੇਂਦਰ ਬਣਾਇਆ ਜਾਵੇਗਾ।ਉਨ੍ਹਾਂ ਹੋਰ ਦੱਸਿਆ ਕਿ ਇਸ ਪਾਰਕ ਵਿਚ ਆਧੁਨਿਕ ਸੁਵਿਧਾਵਾਂ ਜਿਵੇਂ ਵਾਕਿੰਗ ਟਰੈਕ, ਬੈਠਣ ਲਈ ਬੈਂਚਾਂ, ਬੱਚਿਆਂ ਲਈ ਖੇਡਣ ਵਾਲੇ ਸਾਧਨ ਤੇ ਹਰਿਆਵਲੀ ਦਾ ਖਾਸ ਧਿਆਨ ਰੱਖਿਆ ਜਾਵੇਗਾ।ਇਸ ਨਾਲ ਨਾ ਸਿਰਫ ਵਾਤਾਵਰਣ ਸੁਧਰੇਗਾ, ਸਗੋਂ ਲੋਕਾਂ ਦੀ ਸਿਹਤ 'ਤੇ ਵੀ ਚੰਗਾ ਪ੍ਰਭਾਵ ਪਵੇਗਾ। ਮਨਦੀਪ ਕੱਕੜ ਨੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਤੇ ਨਗਰ ਕੌਂਸਲ ਦੀ ਪ੍ਰਧਾਨ ਸੋਨੀਆ ਗੁਪਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਹਿਯੋਗ ਨਾਲ ਇਹ ਪ੍ਰੋਜੈਕਟ ਸੰਭਵ ਹੋ ਸਕਿਆ ਹੈ।ਉਨ੍ਹਾਂ ਕਿਹਾ ਕਿ ਵਿਧਾਇਕ ਵੱਲੋਂ ਹਮੇਸ਼ਾ ਹੀ ਇਲਾਕੇ ਦੇ ਵਿਕਾਸ ਲਈ ਸਕਾਰਾਤਮਕ ਸੋਚ ਰੱਖੀ ਜਾਂਦੀ ਹੈ ਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪ੍ਰਾਥਮਿਕਤਾ ਦਿੱਤੀ ਜਾਂਦੀ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਜਲਦ ਹੀ ਇਸ ਪਾਰਕ ਦਾ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ ਤੇ ਸਮੇਂ ਸਿਰ ਇਸ ਨੂੰ ਤਿਆਰ ਕਰਕੇ ਸ਼ਹਿਰ ਵਾਸੀਆਂ ਨੂੰ ਸਮਰਪਤ ਕੀਤਾ ਜਾਵੇਗਾ।



# ਪੰਜਾਬੀ ਸਾਹਿਤ ਅਕਾਦਮੀ ਵੱਲੋਂ ਸੰਕੇਤ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਖ਼ਤਮ ਕਰਨ ਦੀ ਨਿੰਦਾ

**ਲੁਧਿਆਣਾ (ਰੈਕਟਰ ਕਥੂਰੀਆ)** ਪੰਜਾਬੀ ਸਾਹਿਤ ਅਕਾਡਮੀ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਤੇ ਸਮੂਹ ਮੈਂਬਰਾਂ ਵਲੋਂ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਸੰਕੇਤ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਖ਼ਤਮ ਕਰਨ ਦੀ ਘੋਰ ਨਿੰਦਾ ਕੀਤੀ ਗਈ।ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਪੰਜਾਬ ਯੂਨੀਵਰਸਿਟੀ ਵਿਖੇ ਸੰਕੇਤ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਖ਼ਤਮ ਕਰਨ ਦੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਦਫਤਰਾਂ ਦੀਆਂ ਤਖ਼ਤੀਆਂ ਅਤੇ ਹੋਰ ਸੰਕੇਤ ਬੋਰਡਾਂ ਉੱਪਰੋਂ ਪੰਜਾਬੀ ਭਾਸ਼ਾ ਨੂੰ ਖ਼ਤਮ ਕੀਤਾ ਜਾ ਰਿਹਾ ਹੈ।ਹੁਣ ਸਭ ਤੋਂ ਉੱਪਰ ਹਿੰਦੀ, ਫੇਰ ਅੰਗਰੇਜ਼ੀ ਤੇ ਫੇਰ ਬ੍ਰੇਲ ਲਿੱਪੀ ਵਿੱਚ ਤਖ਼ਤੀਆਂ ਲਾਈਆਂ ਜਾ ਰਹੀਆਂ ਹਨ।ਇਸ ਤੋਂ ਪਹਿਲਾਂ ਤਖ਼ਤੀਆਂ ਤੇ ਸੰਕੇਤ ਬੋਰਡਾਂ ਵਿੱਚ ਸਭ ਤੋਂ ਉੱਪਰ ਪੰਜਾਬੀ ਲਿਖੀ ਜਾਂਦੀ ਸੀ।ਉਨ੍ਹਾਂ ਕਿਹਾ ਪੰਜਾਬ ਯੂਨੀਵਰਸਿਟੀ ਦੇ ਉੱਚ-ਅਧਿਕਾਰੀਆਂ ਦਾ ਇਹ ਫ਼ੈਸਲਾ ਨਾਬਰਦਾਸ਼ਤ ਯੋਗ ਹੈ।ਪੰਜਾਬ ਦੀ ਰਾਜਧਾਨੀ ਵਿੱਚ ਤੇ ਪੰਜਾਬ ਦੇ ਦੋ ਸੌ ਦੇ ਕਰੀਬ ਸੰਬੰਧਤ ਕਾਲਜਾਂ ਵਾਲੀ ਯੂਨੀਵਰਸਿਟੀ 'ਚ ਪੰਜਾਬੀ ਦੀ ਅਣਦੇਖੀ ਕਰਨਾ, ਪੰਜਾਬ ਦੇ ਨਾਲ ਬਹੁਤ ਵੱਡਾ ਧ੍ਰੋਹ ਹੈ।ਇਸ ਪੰਜਾਬ ਯੂਨੀਵਰਸਿਟੀ ਵਿੱਚ ਗ੍ਰੈਜੂਏਸ਼ਨ ਪੱਧਰ ਉੱਪਰ ਸਿਰਫ਼ ਪੰਜਾਬੀ ਭਾਸ਼ਾ ਨੂੰ ਲਾਜ਼ਮੀ ਭਾਸ਼ਾ ਦੇ ਰੂਪ ਵਿੱਚ ਪੜ੍ਹਾਇਆ ਜਾ ਰਿਹਾ ਹੈ। ਪੰਜਾਬ ਤੋਂ ਆਉਣ ਵਾਲਾ ਕੋਈ ਵੀ ਲੋੜਵੰਦ ਪੰਜਾਬ ਯੂਨੀਵਰਸਿਟੀ 'ਚ ਪੰਜਾਬੀ ਭਾਸ਼ਾ ਤੋਂ ਬਿਨਾਂ ਲਿਖੇ ਬੋਰਡਾਂ ਤੇ ਤਖ਼ਤੀਆਂ ਨੂੰ ਪੜ੍ਹ ਕੇ ਆਪਣੇ ਆਪ ਨੂੰ ਬੇਇੱਜ਼ਤ ਸਮਝੇਗਾ।ਪੰਜਾਬੀ ਭਾਸ਼ਾ ਨਾਲ ਇਹ ਵਿਤਕਰਾ ਪੰਜਾਬੀਆਂ ਦੀ ਸੋਚ ਤੋਂ ਪਰੇ ਹੈ।ਉਨ੍ਹਾਂ ਦੱਸਿਆ ਯੂਨੀਵਰਸਿਟੀ ਦੇ ਉਪਰੋਕਤ ਫ਼ੈਸਲੇ ਸੰਬੰਧੀ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਵੱਲੋਂ ਯੂਨਵਰਸਿਟੀ ਦੇ ਉਪ-ਕਲੁਪਤੀ ਅਤੇ ਪੰਜਾਬ ਦੇ ਮੁੱਖ ਮੰਤਰੀ ਸਾਹਿਬ ਨੂੰ ਪੱਤਰ ਵੀ ਲਿਖੇ ਗਏ ਹਨ। ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਯੂਨਵਰਸਿਟੀ ਵੱਲੋਂ ਪੰਜਾਬ ਵਿਰੋਧ ਲਏ ਗਏ ਫ਼ੈਸਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਪੰਜਾਬੀ ਲੇਖਕਾਂ, ਬੁੱਧੀਜੀਵੀਆਂ ਤੇ ਦਾਨਿਸ਼ਵਰਾਂ ਦੀ ਇਹ ਸ਼੍ਰੋਮਣੀ ਸੰਸਥਾ ਪੰਜਾਬੀ ਵਿਰੁੱਧ ਲਏ ਗਏ ਇਸ ਫ਼ੈਸਲੇ ਦਾ ਸਖ਼ਤ ਵਿਰੋਧ ਕਰਦੀ ਹੈ। ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਉਪਰੋਕਤ ਫ਼ੈਸਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਇਹ ਵੀ ਕਹਿਣਾ ਚਾਹੁੰਦੀ ਹੈ ਕਿ ਜੇਕਰ ਪੰਜਾਬ ਯੂਨੀਵਰਸਿਟੀ ਨੇ ਆਪਣਾ ਇਹ ਆਪਹੁਦਰਾ ਫ਼ੈਸਲਾ ਵਾਪਸ ਨਾ ਲਿਆ ਤੇ ਪੰਜਾਬੀ ਭਾਸ਼ਾ ਦੀ ਪੁਰਾਣੀ ਸਥਿਤੀ ਬਹਾਲ ਨਾ ਕੀਤੀ, ਤਾਂ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਪੰਜਾਬ ਯੂਨੀਵਰਸਿਟੀ ਦੇ ਇਸ ਫ਼ੈਸਲੇ ਵਿਰੁੱਧ ਵੱਡੇ ਪੱਧਰ ਉੱਪਰ ਸੰਘਰਸ਼ ਵਿੱਢੇਗੀ।

# ਵਿਦਿਆਰਥੀਆਂ ਨੇ ਪੌਦਾ ਲਗਾ ਕੇ ਮਨਾਇਆ ਜਨਮ-ਦਿਨ



**ਕੋਟਕਪੂਰਾ (ਰਛਪਾਲ ਭੁੱਲਰ)-** ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਦੇ ਨਰਸਰੀ ਜਮਾਤ ਦੇ ਵਿਦਿਆਰਥੀਆਂ ਫਤਿਹਵੀਰ ਸਿੰਘ ਅਤੇ ਰਹਿਮਤਪ੍ਰੀਤ ਕੌਰ ਨੇ ਆਪਣਾ ਜਨਮ ਦਿਨ ਆਪਣੇ ਦਾਦੀ ਜੀ,ਪਿਤਾ ਜੀ , ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ.ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਮੈਡਮ ਸੁਰਿੰਦਰ ਕੌਰ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਰੁਬੀਨਾ ਧੀਰ ਨਾਲ ਮਿਲ ਕੇ ਪੌਦਾ ਲਗਾ ਕੇ ਮਨਾਇਆ । ਇਸ ਮੌਕੇ ਸਕੂਲ ਦੀ ਮੈਨੇਜਮੈਂਟ ਨੇ ਬੱਚਿਆਂ ਨੂੰ ਜਨਮ ਦਿਨ ਦੀ ਵਧਾਈ ਦਿੱਤੀ ਤੇ ਇਸ ਅਗਾਂਹ ਵਧੂ ਸੋਚ ਦੀ ਸ਼ਲਾਘਾ ਕੀਤੀ, ਨਾਲ ਹੀ ਸਾਰੇ ਵਿਦਿਆਰਥੀਆਂ ਨੂੰ ਆਪਣਾ ਜਨਮ ਦਿਨ ਇਸ ਢੰਗ ਨਾਲ ਮਨਾਉਣ ਲਈ ਪ੍ਰੇਰਿਤ ਕੀਤਾ ।

# ਵਦਿਆਰਥੀਆਂ ਨੇ ਸਕਰੂਟਨੀ ਟੈਸਟ ਰਾਹੀਂ ਰੱਖਿਆ ਸੇਵਾਵਾਂ ਵੱਲ ਪਹਿਲਾ ਕਦਮ ਚੁੱਕਿਆ

**ਦੋਰਾਹਾ (ਹਰਮਿੰਦਰ ਸੇਠ)-** ਡਾਇਰੈਕਟੋਰੇਟ ਆਫ ਐਜੂਕੇਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਅਤੇ ਇੰਜੀ. ਸ. ਸੁਖਮਿੰਦਰ ਸਿੰਘ ਸਕੱਤਰ (ਸਿੱਖਿਆ), ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਰਗ ਦਰਸ਼ਨ ਹੇਠ, ਅਤੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਗਤੀਸ਼ੀਲ ਅਗਵਾਈ ਵਿੱਚ, 8 ਮਈ 2026 ਨੂੰ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਐਨ. ਡੀ. ਏ. 2026 ਬੈਚ ਦੀ ਚੋਣ ਲਈ ਸਕਰੂਟਨੀ ਟੈਸਟ ਆਯੋਜਿਤ ਕੀਤਾ ਗਿਆ। ਇਹ ਟੈਸਟ ਉਹਨਾਂ ਵਿਦਿਆਰਥੀਆਂ ਦੀ ਯੋਗਤਾ, ਵਿਸ਼ਲੇਸ਼ਣਾਤਮਕ ਸਮਰੱਥਾ ਅਤੇ ਕੁੱਲ ਸੰਭਾਵਨਾਵਾਂ ਦਾ ਅੰਕਲਨ ਕਰਨ ਲਈ ਕਰਵਾਇਆ ਗਿਆ ,ਜੋ ਰੱਖਿਆ ਸੇਵਾਵਾਂ ਵਿੱਚ ਭਵਿੱਖ ਬਣਾਉਣਾ ਚਾਹੁੰਦੇ ਹਨ। ਇਸ ਪ੍ਰੀਖਿਆ ਦਾ ਮੁੱਖ ਉਦੇਸ਼ ਇਮਾਨਦਾਰ ਅਤੇ ਯੋਗ ਉਮੀਦਵਾਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਐਨ. ਡੀ. ਏ. ਦੀ ਕੇਂਦ੍ਰਿਤ ਤਿਆਰੀ ਅਤੇ ਉਚਿਤ ਮਾਰਗਦਰਸ਼ਨ ਪ੍ਰਦਾਨ ਕਰਨਾ ਸੀ। ਕੁੱਲ 47 ਵਿਦਿਆਰਥੀਆਂ ਨੇ ਬੜੇ ਉਤਸ਼ਾਹ, ਸਮਰਪਣ ਅਤੇ ਦੇਸ਼ਭਗਤੀ ਦੀ ਭਾਵਨਾ ਨਾਲ ਇਸ ਟੈਸਟ ਵਿੱਚ ਭਾਗ ਲਿਆ। ਇਹ ਪਹਿਲ ਬਾਬਾ ਬੁੱਢਾ ਜੀ ਕਰੀਅਰ ਗਾਈਡੈਂਸ ਐਂਡ ਪਲੇਸਮੈਂਟ ਸੈੱਲ ਵੱਲੋਂ ਆਈ.ਕਿਊ.ਏ.ਸੀ. ਦੀ ਦੇਖ-ਰੇਖ ਹੇਠ ਆਯੋਜਿਤ ਕੀਤੀ ਗਈ। ਸਕਰੂਟਨੀ ਟੈਸਟ ਦਾ ਸੁਚੱਜਾ ਪ੍ਰਬੰਧ ਸੈੱਲ ਦੀ ਕੋਆਰਡੀਨੇਟਰ ਡਾ. ਕਮਰੁਨਨਿਸ਼ਾ ਅਤੇ ਸੈੱਲ ਦੀ ਮੈਂਬਰ ਪ੍ਰੋ. ਦਲਵੀਰ ਕੌਰ ਵੱਲੋਂ ਕੀਤਾ ਗਿਆ।

ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਵਿਦਿਆਰਥੀਆਂ ਦੇ ਉਤਸ਼ਾਹਪੂਰਨ ਜਵਾਬ ਅਤੇ ਸਰਗਰਮ ਭਾਗੀਦਾਰੀ ਦੀ ਸਰਾਹਨਾ ਕੀਤੀ ਅਤੇ ਸੁਨਹਿਰੇ ਭਵਿੱਖ ਲਈ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।



# ਐੱਮ.ਐੱਲ.ਡੀ.ਸੀਨੀਅਰ ਸੈਕੰਡਰੀ ਸਕੂਲ 'ਚ ਸਰਹਿੰਦ ਫ਼ਤਿਹ ਦਿਵਸ ਮਨਾਇਆ



**ਜਗਰਾਓਂ (ਅਮਿਤ ਖੰਨਾ)** ਐੱਮ.ਐੱਲ.ਡੀ.ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਕਲਾਂ ਵਿਖੇ ਸਰਹਿੰਦ ਫ਼ਤਿਹ ਦਿਵਸ ਦਾ 316ਵਾਂ ਦਿਹਾੜਾ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਪ੍ਰਾਰਥਨਾ ਸਭਾ ਮੌਕੇ ਮੈਡਮ ਹਰਮਨਦੀਪ ਕੌਰ ਨੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜੀਵਨ, ਸੰਘਰਸ਼, ਜਿੱਤਾਂ ਤੇ ਪਹਿਲਾ ਸਿੱਖ ਰਾਜ ਸਥਾਪਤ ਕਰਨ ਦੇ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਬਾਬਾ ਜੀ ਨੇ ਜਬਰ ਤੇ ਜ਼ੁਲਮ ਦੇ ਵਿਰੁੱਧ ਜੰਗਾਂ ਲੜੀਆਂ, ਹੰਕਾਰ ਤੋੜ ਕੇ ਸ਼ਾਂਤੀ ਸਥਾਪਤ ਕੀਤੀ।ਵਜ਼ੀਰ ਖਾਨ ਦਾ ਅੰਤ ਸੁਨਹਿਰੀ ਯੁੱਗ ਦੀ ਸ਼ੁਰੂਆਤ ਹੋ ਨਿੱਬੜਿਆ। ਸਕੂਲ ਦੀਆਂ ਵਿਦਿਆਰਥਣਾਂ ਅਭੀਨੀਤ ਕੌਰ, ਜਪੁਜੀ ਕੌਰ, ਹਰਸੀਰਤ ਕੌਰ, ਸੁਪਰੀਤ ਕੌਰ, ਹਰਲੀਨ ਕੌਰ ਨੇ ਕਵੀਸ਼ਰੀ ਬੰਦਾ ਬਦਲਾ ਲੈਣ ਆ ਗਿਆ ਸੁਣ ਸੂਬੇ ਸਰਹਿੰਦਾਂ ਪੇਸ਼ ਕੀਤੀ।ਪ੍ਰਿੰਸੀਪਲ ਬਲਦੇਵ ਬਾਵਾ ਨੇ ਸਰਹਿੰਦ ਫ਼ਤਿਹ ਦਿਵਸ ਮੌਕੇ ਬਹਾਦਰ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਤੇ ਸ਼ਹੀਦ ਸਿੰਘਾਂ ਨੂੰ ਸ਼ਰਧਾ ਪੂਰਵਕ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਬਾਬਾ ਜੀ ਨੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਕੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਾ ਬਦਲਾ ਲਿਆ ਤੇ ਮੁਜ਼ਾਰਿਆਂ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਦੇ ਫੁਰਮਾਨ ਨਾਲ ਪਹਿਲਾ ਸਿੱਖ ਰਾਜ ਸਥਾਪਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਸਾਡਾ ਗੌਰਵਮਈ ਇਤਿਹਾਸ ਤੇ ਕੁਰਬਾਨੀਆਂ ਸਾਡੇ ਜੀਵਨ ਨੂੰ ਸਵੈ-ਮਾਣ ਨਾਲ ਭਰਦਾ ਹੈ।ਸਾਨੂੰ ਆਪਣੇ ਗੁਰੂ-ਸਾਹਿਬਾਨਾਂ, ਦੇਸ਼-ਭਗਤਾਂ, ਸ਼ਹੀਦਾਂ ਤੇ ਕੌਮ ਤੋਂ ਆਪਾਂ ਵਾਰਨ ਵਾਲੇ ਯੋਧਿਆਂ ਦੇ ਜੀਵਨ ਤੋਂ ਸਿੱਖਿਆ ਲੈਣੀ ਚਾਹੀਦੀ ਹੈ।

# ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਦੇ ਨਤੀਜੇ 100 ਫੀਸਦੀ

**ਲੁਧਿਆਣਾ (ਐਮ ਐਸ ਭਾਟੀਆ)-** ਸ਼ਹਿਰ ਦੇ ਹੈਬੋਵਾਲ ਏਰੀਆ ਵਿੱਚ ਸਥਿਤ ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਜੋ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸੰਬੰਧਤ ਹੈ, ਦੇ ਬੋਰਡ ਦੇ ਨਤੀਜੇ 100 ਪ੍ਰਤੀਸ਼ਤ ਆਏ ਹਨ। ਸਕੂਲ ਦੇ ਪ੍ਰਿੰਸੀਪਲ ਰਜਿੰਦਰ ਕੌਰ ਭਾਟੀਆ ਨੇ ਦੱਸਿਆ ਕਿ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਦੇ ਨਤੀਜੇ 100 ਪ੍ਰਤੀਸ਼ਤ ਆਏ ਹਨ ।

# ਸਰਕਾਰੀ ਆਈ.ਟੀ.ਆਈ. ਖਿਉਵਾਲੀ ਵਿਖੇ ਲਾਇਆ ਅਪ੍ਰੈਂਟਿਸ਼ਪ ਮੇਲਾ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅਤੇ ਨੈਸ਼ਨਲ ਸਕਿੱਲ ਟਰੇਨਿੰਗ ਇੰਸਟੀਚਿਊਟ ਦੀ ਰਹਿਨੁਮਾਈ ਹੇਠ ਸਰਕਾਰੀ ਆਈ.ਟੀ.ਆਈ. (ਇ) ਖਿਉਵਾਲੀ ਵਿਖੇ ਅਪ੍ਰੈਂਟਿਸ਼ਪ ਮੇਲੇ ਦਾ ਆਯੋਜਨ ਸ੍ਰੀ ਸੰਦੀਪ ਸਿੰਘ ਅਪ੍ਰੈਂਟਿਸ਼ਪ ਇੰਚਾਰਜ ਦੀ ਦੇਖ-ਰੇਖ ਵਿੱਚ ਸਫਲਤਾਪੂਰਵਕ ਆਯੋਜਨ ਕੀਤਾ ਗਿਆ । ਇਸ ਮੇਲੇ ਦੌਰਾਨ ਵੱਖ-ਵੱਖ ਨਾਮਵਰ ਕੰਪਨੀਆਂ ਵੱਲੋਂ ਉਮੀਦਵਾਰਾ ਦੇ ਇੰਟਰਵਿਊ ਲਏ ਗਏ।ਕੁੱਲ 150 ਉਮੀਦਵਾਰਾਂ ਵੱਲੋਂ ਰਜਿਸਟ੍ਰੇਸ਼ਨ ਕਰਾਈ ਗਈ, ਜਿਨ੍ਹਾਂ ਵਿੱਚੋਂ 52 ਉਮੀਦਵਾਰਾ ਨੂੰ ਵੱਖ-ਵੱਖ ਕੰਪਨੀਆਂ ਵੱਲੋਂ ਅਪ੍ਰੈਂਟਿਸ਼ਪ ਲਈ ਚੁਣਿਆ ਗਿਆ।ਅਪ੍ਰੈਂਟਿਸ਼ਪ ਮੇਲੇ ਨੇ ਉਮੀਦਵਾਰਾਂ ਨੂੰ ਉਦਯੋਗਿਕ ਨੁਮਾਇੰਦਿਆਂ ਨਾਲ ਸਿੱਧੀ ਗੱਲਬਾਤ ਕਰਨ ਅਤੇ ਕੌਸ਼ਲ ਅਧਾਰਤ ਰੋਜ਼ਗਾਰ ਦੇ ਮੌਕਿਆਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਲਈ ਇੱਕ ਵਧੀਆ ਮੰਚ ਪ੍ਰਦਾਨ ਕੀਤਾ।

# ਅਸੀਂ ਸਫਾਈ ਕਰਮਚਾਰੀਆਂ ਦੇ ਨਾਲ ਖੜ੍ਹੇ ਹਾਂ : ਸੁਮਿਤ ਮਾਨ

**ਅਮਰਗੜ੍ਹ (ਬਿੰਨੀ ਗਰਗ)-** ਵਿਧਾਨ ਸਭਾ ਅਮਰਗੜ੍ਹ (ਅਹਿਮਦਗੜ੍ਹ ਸ਼ਹਿਰ) ਵਿਖੇ ਹੜਤਾਲ 'ਤੇ ਬੈਠੇ ਕੂੜਾ ਅਤੇ ਸਫਾਈ ਕਰਮਚਾਰੀਆਂ ਨਾਲ ਜੁੜਿਆ, ਜੋ ਪੁਰਾਣੀ ਪੈਨਸ਼ਨ ਸਕੀਮ (ਓ ਪੀ ਐਸ), ਡੀ.ਏ. ਬਕਾਇਆ ਅਤੇ ਠੇਕੇਦਾਰੀ ਕਰਮਚਾਰੀਆਂ ਲਈ ਪੱਕੀਆਂ ਨੌਕਰੀਆਂ ਦੀ ਮੰਗ ਕਰ ਰਹੇ ਹਨ। ਉਨ੍ਹਾਂ ਦੀਆਂ ਮੰਗਾਂ ਸੁਣ ਕੇ ਮੈਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਕਾਂਗਰਸ ਪਾਰਟੀ ਉਨ੍ਹਾਂ ਦੇ ਨਾਲ ਖੜ੍ਹੀ ਹੈ। ਅਸੀਂ ਹਿਮਾਚਲ ਪ੍ਰਦੇਸ਼ ਵਿੱਚ ਪਹਿਲਾਂ ਹੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਚੁੱਕੇ ਹਾਂ ਅਤੇ ਕਰਮਚਾਰੀਆਂ ਦੇ ਬਕਾਇਆ ਭੁਗਤਾਨ ਕਰਨਾ ਤੇ ਠੇਕੇਦਾਰੀ ਕਰਮਚਾਰੀਆਂ ਨੂੰ ਰੈਗੂਲਰਾਈਜ਼ ਕਰਨਾ ਕਾਂਗਰਸ ਪਾਰਟੀ ਦੇ ਆਉਣ ਵਾਲੇ ਦਿਨਾਂ ਵਿੱਚ ਏਜੰਡੇ ਦਾ ਹਿੱਸਾ ਹੋਵੇਗਾ।ਅਸੀਂ ਸਫਾਈ ਕਰਮਚਾਰੀਆਂ ਦੇ ਨਾਲ ਖੜ੍ਹੇ ਹਾਂ!



# ਜਗਰਾਓਂ ਦੇ ਵਾਰਡ 12 ਤੇ 14 'ਚ ਅਕਾਲੀ ਦਲ ਦੇ ਉਮੀਦਵਾਰਾਂ ਦਾ ਐਲਾਨ



**ਜਗਰਾਉਂ (ਨਛੱਤਰ ਸੰਧੂ)** ਵਿਧਾਨ ਸਭਾ ਹਲਕਾ ਜਗਰਾਓਂ ਅਧੀਨ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਵਾਰਡ ਨੰਬਰ 12 ਅਤੇ 14 ਵਿੱਚ ਇੱਕ ਵੱਡੇ ਇਕੱਠ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਦੋ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਗਿਆ। ਵਾਰਡ ਵਾਸੀਆਂ ਵੱਲੋਂ ਵਾਰਡ ਨੰਬਰ 12 ਤੋਂ ਸ. ਧਰਮ ਸਿੰਘ ਅਤੇ ਵਾਰਡ ਨੰਬਰ 14 ਤੋਂ ਸ. ਧਰਮਿੰਦਰ ਸਿੰਘ ਆਸ਼ਾ ਨੂੰ ਪਾਰਟੀ ਉਮੀਦਵਾਰ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ ਗਈ ਜਿਸ ਉਪਰੰਤ ਹਲਕਾ ਇੰਚਾਰਜ ਸ. ਐਸ. ਆਰ. ਕਲੇਰ ਸਾਬਕਾ ਵਿਧਾਇਕ ਨੇ ਦੋਨੋਂ ਵਾਰਡਾਂ ਲਈ ਉਕਤ ਪਾਰਟੀ ਉਮੀਦਵਾਰਾਂ ਦੇ ਨਾਮਾਂ ਦਾ ਅਧਿਕਾਰਿਕ ਐਲਾਨ ਕੀਤਾ। ਉਮੀਦਵਾਰਾਂ ਨੇ ਭਰੋਸਾ ਦਿਵਾਇਆ ਕਿ ਉਹ ਦੋਨੋਂ ਸੀਟਾਂ 'ਤੇ ਸ਼ਾਨਦਾਰ ਜਿੱਤ ਦਰਜ ਕਰਕੇ ਪਾਰਟੀ ਦੀ ਝੋਲੀ ਵਿੱਚ ਪਾਉਣਗੇ। ਇਸ ਮੌਕੇ ਸਾਬਕਾ ਚੇਅਰਮੈਨ ਸ. ਕਮਲਜੀਤ ਸਿੰਘ ਮੱਲਾ, ਜ਼ਿਲ੍ਹਾ ਪ੍ਰਧਾਨ ਸ. ਚੰਦ ਸਿੰਘ ਡੱਲਾ, ਜੱਥੇਦਾਰ ਸ. ਗੁਰਚਰਨ ਸਿੰਘ ਗਰੇਵਾਲ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸੀਨੀਅਰ ਯੂਥ ਆਗੂ ਜੱਟ ਗਰੇਵਾਲ, ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੌਬੀ ਸਮੇਤ ਹੋਰ ਅਕਾਲੀ ਆਗੂ ਅਤੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।

# ਜਮੂਹਰੀ ਅਧਿਕਾਰ ਸਭਾ ਦੀ ਮੀਟਿੰਗ 'ਚ ਸਿੱਖਿਆ ਨੀਤੀ 2020 ਦੀ ਚੀਰ-ਫਾੜ

**ਮੋਗਾ, (ਇਕਬਾਲ ਸਿੰਘ ਖਹਿਰਾ)** ਜਮੂਹਰੀ ਅਧਿਕਾਰ ਸਭਾ ਪੰਜਾਬ ਇਕਾਈ ਮੋਗਾ ਦੀ ਮੀਟਿੰਗ ਨੇਚਰ ਪਾਰਕ ਮੋਗਾ ਵਿੱਚ ਸਰਬਜੀਤ ਸਿੰਘ ਦੌਧਰ ਦੀ ਪ੍ਰਧਾਨਗੀ ਹੇਠ ਹੋਈ।ਜ਼ਿਲ੍ਹਾ ਸਕੱਤਰ ਦਰਸ਼ਨ ਸਿੰਘ ਤੂਰ ਨੇ ਦੱਸਿਆ ਕਿ ਮੀਟਿੰਗ ਵਿੱਚ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡਾਂ 'ਤੇ ਵਿਚਾਰ ਚਰਚਾ ਕੀਤੀ ਗਈ, ਜਿਸ ਨਾਲ ਲਹੂ ਵੀਟਵੇਂ ਸੰਘਰਸ਼ਾਂ ਦੇ ਸਿੱਟੇ ਵਜੋਂ ਪ੍ਰਾਪਤ ਕੀਤੇ ਜਮੂਹਰੀ ਹੱਕਾਂ ਤੇ ਛਾਪਾ ਮਾਰਿਆ ਗਿਆ ਹੈ, ਇਸ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸਰਬਜੀਤ ਸਿੰਘ ਦੌਧਰ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੁਆਰਾ ਮਜ਼ਦੂਰਾਂ ਤੋਂ 8 ਘੰਟੇ ਕੰਮ ਡਿਊਟੀ ਦਾ ਅਧਿਕਾਰ ਖੋਹ ਲਿਆ ਗਿਆ ਹੈ ਤੇ ਇਸ ਨੂੰ 12 ਘੰਟੇ ਵਿੱਚ ਤਬਦੀਲ ਕਰਕੇ ਮਜ਼ਦੂਰਾਂ ਦੀ ਕਿਰਤ ਦਾ ਸੋਸ਼ਣ ਕੀਤਾ ਜਾਣਾ ਹੈ ਅਤੇ ਇਨ੍ਹਾਂ ਚਾਰ ਕੋਡਾਂ ਨਾਲ ਮਜ਼ਦੂਰਾਂ ਵਿੱਚ ਬੇਰੁਜ਼ਗਾਰੀ ਨੇ ਆਪਣੇ ਪੈਰ ਹੋਰ ਪਸਾਰਨੇ ਹਨ।ਉਨ੍ਹਾਂ ਤੋਂ ਜਥੇਬੰਦੀ ਬਣਾਉਣ ਅਤੇ ਸੰਘਰਸ਼ ਕਰਨ ਦੇ ਜਮੂਹਰੀ ਹੱਕ ਖੋਹ ਲਏ ਗਏ ਹਨ, ਜੋ ਅਤੀ ਨਿੰਦਣਯੋਗ ਕਾਰਵਾਈ ਹੈ। ਪ੍ਰੇਮ ਕੁਮਾਰ, ਵਿਜੈ ਕੁਮਾਰ, ਮੋਹਣ ਸਿੰਘ, ਬਲਕਾਰ ਸਿੰਘ, ਡਾ. ਗੁਰਮੇਲ ਸਿੰਘ ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਦੁਆਰਾ ਨਵੀਂ ਸਿੱਖਿਆ ਨੀਤੀ 2020 'ਤੇ ਵਿਸਥਾਰ ਨਾਲ ਚੀਰ ਫਾੜ ਕਰਦਿਆਂ ਇਸ ਦੇ ਮਾੜੇ ਪ੍ਰਭਾਵਾਂ ਦਾ ਜ਼ਿਕਰ ਕੀਤਾ, ਜਿਸ ਨਾਲ ਸਿੱਖਿਆ ਦੇ ਮੁਕੰਮਲ ਕੇਂਦਰੀਕਰਨ ਕਰਨ ਵੱਲ ਕਦਮ ਵਧਾਏ ਜਾਣਗੇ। ਇਸਦੀ ਤਾਜ਼ਾ ਉਦਾਹਰਣ ਪੀ.ਯੂ ਚੰਡੀਗੜ੍ਹ ਦੀ ਸਿੰਡੀਕੇਟ ਨੂੰ ਭੰਗ ਕਰਕੇ ਕੇਂਦਰੀ ਕੰਟਰੋਲ ਕਰਨਾ, ਕਾਰਪੋਰੇਟੀ ਕਰਨ ਤੇ ਫ਼ਿਰਕੂਕਰਨ ਦੀ ਦਿਸ਼ਾ ਵਿੱਚ ਪ੍ਰਾਇਮਰੀ ਤੋਂ ਲੈ ਕੇ ਯੂਨੀਵਰਸਿਟੀ ਪੱਧਰ ਤੱਕ ਸਿਲੇਬਸ ਤੇ ਪਾਠ ਪੁਸਤਕਾਂ ਵਿੱਚ ਦੀ ਕੀਤੀ ਗਈ ਛਾਂਗ-ਛੰਗਾਈ ਨੂੰ ਤਿੱਖੀ ਨਜ਼ਰ ਨਾਲ ਵਾਚਣ ਦੀ ਜ਼ਰੂਰਤ ਹੈ। ਨੈਸ਼ਨਲ ਐਜੂਕੇਸ਼ਨ ਪਾਲਿਸੀ 2020 ਨਾਲ ਸਿੱਖਿਆ ਅਦਾਰਿਆ ਵਿੱਚ ਸਿਆਸੀ ਦਖਲਅੰਦਾਜ਼ੀ ਵਧੇਗੀ। ਇਸ ਨੀਤੀ 'ਤੇ ਪੰਜਾਬ ਦੀ 'ਆਪ' ਨੂੰ ਕੋਈ ਇਤਰਾਜ਼ ਨਹੀਂ, ਸਗੋਂ ਪੀ.ਐਮ ਸ੍ਰੀ ਨੂੰ ਸਕੂਲਾਂ ਰਾਹੀਂ ਬੜੀ ਬੇਸ਼ਰਮੀ ਨਾਲ ਹੁੱਬ ਕੇ ਲਾਗੂ ਕੀਤਾ ਜਾ ਰਿਹਾ ਹੈ।

# ਡੀ ਐਸ ਪੀ ਜਸਬਰਿੰਦਰ ਸਿੰਘ ਖਹਿਰਾ ਨੇ ਸੰਭਾਲਿਆ ਚਾਰਜ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਦੇ ਮੱਦੇਨਜ਼ਰ ਨਵੇਂ ਤਾਇਨਾਤ ਡੀਐਸਪੀ ਜਸਬਰਿੰਦਰ ਸਿੰਘ ਖਹਿਰਾ ਨੇ ਚਾਰਜ ਸੰਭਾਲ ਲਿਆ ਹੈ । ਡੀ ਐ ਸ ਪੀ ਦਲਬੀਰ ਸਿੰਘ ਸਿੱਧੂ ਦੇ ਤਬਾਦਲੇ ਤੋਂ ਬਾਅਦ ਖਹਿਰਾ ਦੀ ਤਾਇਨਾਤੀ ਕੀਤੀ ਗਈ ਹੈ, ਜਿਸ ਨਾਲ ਇਲਾਕੇ ਵਿੱਚ ਨਵੀਂ ਉਮੀਦ ਜਗੀ ਹੈ। ਡੀ ਐ ਸ ਪੀ ਜਸਬਰਿੰਦਰ ਸਿੰਘ ਖਹਿਰਾ ਦੇ ਚਾਰਜ ਸੰਭਾਲਣ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਪਵਨ ਗੁਪਤਾ ਅਤੇ ਪ੍ਰਸਿੱਧ ਸਮਾਜ ਸੇਵੀ ਦਵਿੰਦਰ ਸਿੰਗਲਾ ਚੀਕਾ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਉਨ੍ਹਾਂ ਨੇ ਫੁੱਲਾਂ ਦੇ ਗੁਲਦਸਤੇ ਦੇ ਕੇ ਨਵੇਂ ਡੀਐਸਪੀ ਦਾ ਸਨਮਾਨ ਵੀ ਕੀਤਾ। ਪਵਨ ਗੁਪਤਾ ਤੇ ਦਵਿੰਦਰ ਸਿੰਗਲਾ ਚੀਕਾ ਨੇ ਕਿਹਾ ਕਿ ਡੀਐਸਪੀ ਜਸਬਰਿੰਦਰ ਸਿੰਘ ਖਹਿਰਾ ਇਕ ਇਮਾਨਦਾਰ ਅਤੇ ਕਰਤਵ ਨਿਭਾਉਣ ਵਾਲੇ ਅਫਸਰ ਹਨ।ਉਨ੍ਹਾਂ ਦੱਸਿਆ ਕਿ ਖਹਿਰਾ ਪਹਿਲਾਂ ਵੀ ਬਾਘਾਪੁਰਾਣਾ ਵਿਚ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ ਤੇ ਉਸ ਦੌਰਾਨ ਉਨ੍ਹਾਂ ਨੇ ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ।ਉਨ੍ਹਾਂ ਅੱਗੇ ਕਿਹਾ ਕਿ ਨਵੇਂ ਡੀਐਸਪੀ ਦੀ ਤਾਇਨਾਤੀ ਨਾਲ ਇਲਾਕੇ ਵਿਚ ਅਪਰਾਧ 'ਤੇ ਹੋਰ ਕਾਬੂ ਪਾਉਣ ਵਿੱਚ ਮਦਦ ਮਿਲੇਗੀ ਅਤੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਪ੍ਰਦਾਨ ਕੀਤਾ ਜਾ ਸਕੇਗਾ। ਉਨ੍ਹਾਂ ਡੀਐਸਪੀ ਨੂੰ ਵਿਸ਼ਵਾਸ ਦਿਵਾਇਆ ਕਿ ਜੇਕਰ ਕਿਸੇ ਵੀ ਸਮੇਂ ਉਨ੍ਹਾਂ ਨੂੰ ਸਮਾਜ ਜਾਂ ਨਗਰ ਕੌਂਸਲ ਵੱਲੋਂ ਸਹਿਯੋਗ ਦੀ ਲੋੜ ਪਵੇਗੀ, ਤਾਂ ਉਹ ਹਰ ਸਮੇਂ ਉਨ੍ਹਾਂ ਦੇ ਨਾਲ ਖੜੇ ਰਹਿਣਗੇ।ਡੀਐਸਪੀ ਜਸਬਰਿੰਦਰ ਸਿੰਘ ਖਹਿਰਾ ਨੇ ਵੀ ਪ੍ਰਧਾਨ ਪਵਨ ਗੁਪਤਾ ਤੇ ਦਵਿੰਦਰ ਸਿੰਗਲਾ ਚੀਕਾ ਦਾ ਧੰਨਵਾਦ ਕੀਤਾ।



# ਮਿਡਲ ਸਕੂਲ ਉੱਡਤ ਸੈਦੇਵਾਲਾ 'ਚ ਸੁਖਮਨੀ ਸਾਹਿਬ ਦੇ ਕਰਾਏ ਪਾਠ



**ਮਾਨਸਾ (ਆਤਮਾ ਸਿੰਘ ਪਮਾਰ)** ਸਰਕਾਰੀ ਮਿਡਲ ਸਕੂਲ ਉੱਡਤ ਸੈਦੇਵਾਲਾ ਵਿਖੇ ਸਿੱਖਿਆ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਗ੍ਰਾਂਟ ਨਾਲ ਤੇ ਗ੍ਰਾਮ ਪੰਚਾਇਤ ਵੱਲੋਂ ਉਸਾਰੇ ਗਏ ਨਵੇਂ ਕਮਰੇ ਦੀ ਖ਼ੁਸ਼ੀ 'ਚ ਸਕੂਲ ਵਿਖੇ ਸਮੂਹ ਸਟਾਫ਼ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਾਏ ਗਏ।ਇਸ ਸਮੇਂ ਸਕੂਲ ਮੈਨੇਜਮੈਂਟ ਕਮੇਟੀ, ਵਿਦਿਆਰਥੀਆਂ ਦੇ ਮਾਪੇ ਪਤਵੰਤੇ ਸੱਜਣ, ਸਮੂਹ ਗ੍ਰਾਮ ਪੰਚਾਇਤ ਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਨੇ ਵੀ ਸ਼ਮੂਲੀਅਤ ਕੀਤੀ। ਸਕੂਲ ਮੁਖੀ ਧਰਮਿੰਦਰ ਸਿੰਘ ਵੱਲੋਂ ਸਰਪੰਚ ਬਲਜੀਤ ਸਿੰਘ ਗਿੱਲ ਤੇ ਸਮੁੱਚੀ ਪੰਚਾਇਤ ਦਾ ਨਵਾਂ ਕਲਾਸ ਰੂਮ ਬਣਾਉਣ ਲਈ ਧੰਨਵਾਦ ਕੀਤਾ।ਇਸ ਤੋਂ ਇਲਾਵਾ ਡੀ.ਐਸ.ਐਮ ਹਰਪ੍ਰੀਤ ਸਿੰਘ ਮੁੱਖ ਅਧਿਆਪਕ ਵੱਲੋਂ ਵੀ ਪੰਚਾਇਤ ਦੇ ਇਸ ਸਕੂਲ ਅਤੇ ਵਿਦਿਆਰਥੀ ਪੱਖੀ ਕਾਰਜ ਦੀ ਸ਼ਲਾਘਾ ਕੀਤੀ।

# ਜਸਵਿੰਦਰ ਸਿੰਘ ਸਿੰਘ ਹੈੱਡ ਕਾਂਸਟੇਬਲ ਦਾ ਸਨਮਾਨ

**ਬਾਘਾ ਪੁਰਾਣਾ (ਮਨੀ ਸਿੰਗਲਾ)-** ਪੁਲਿਸ ਵਿਭਾਗ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਹੈੱਡ ਕਾਂਸਟੇਬਲ ਜਸਵਿੰਦਰ ਸਿੰਘ ਰਾਜਾ ਨੂੰ ਡੀ ਜੀ ਪੀ ਕਮੈਂਡੇਸ਼ਨ ਡਿਸਕ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਤਤਕਾਲੀਨ ਐਸ ਐਸ ਪੀ ਮੋਗਾ ਆਈ ਪੀ ਐਸ ਅਜੇ ਗਾਂਧੀ ਵੱਲੋਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਜਸਵਿੰਦਰ ਸਿੰਘ ਦੀ ਇਮਾਨਦਾਰੀ, ਕਰਤਵਨਿਸ਼ਠਾ ਅਤੇ ਲਗਾਤਾਰ ਮਿਹਨਤ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਐਸ ਐਸ ਪੀ ਅਜੇ ਗਾਂਧੀ ਨੇ ਕਿਹਾ ਕਿ ਜਸਵਿੰਦਰ ਸਿੰਘ ਨੇ ਆਪਣੇ ਫਰਜ਼ਾਂ ਨੂੰ ਨਿਭਾਉਂਦੇ ਹੋਏ ਹਮੇਸ਼ਾਂ ਉੱਚ ਮਿਆਰ ਕਾਇਮ ਕੀਤਾ ਹੈ ਅਤੇ ਵਿਭਾਗ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਦੀ ਸੇਵਾ ਦੌਰਾਨ ਕੀਤੀਆਂ ਗਈਆਂ ਉਪਲਬਧੀਆਂ ਹੋਰ ਪੁਲਿਸ ਕਰਮਚਾਰੀਆਂ ਲਈ ਪ੍ਰੇਰਣਾ ਦਾ ਸਰੋਤ ਹਨ। ਜਸਵਿੰਦਰ ਸਿੰਘ ਨੇ ਇਸ ਸਨਮਾਨ ਲਈ ਪੁਲਿਸ ਵਿਭਾਗ ਅਤੇ ਆਪਣੇ ਸੀਨੀਅਰ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਇਮਾਨਦਾਰੀ ਅਤੇ ਲਗਨ ਨਾਲ ਆਪਣੀਆਂ ਸੇਵਾਵਾਂ ਜਾਰੀ ਰੱਖਣਗੇ।



# ਫ਼ਰਜ਼ੀ ਦਸਤਾਵੇਜ਼ਾਂ ਦੇ ਆਧਾਰ 'ਤੇ ਪਾਸਪੋਰਟ ਬਣਵਾਉਣ ਦਾ ਮਾਮਲਾ ਆਇਆ ਸਾਹਮਣੇ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)** ਫ਼ਿਰੋਜ਼ਪੁਰ ਕੈਂਟ ਵਿੱਚ ਇੱਕ-ਇੱਕ ਅਣਪਛਾਤੇ ਵਿਅਕਤੀ ਵੱਲੋਂ ਦੂਜੇ ਵਿਅਕਤੀ ਦੇ ਨਾਂਅ ਦੀ ਵਰਤੋਂ ਕਰਕੇ ਫ਼ਰਜ਼ੀ ਦਸਤਾਵੇਜ਼ਾਂ ਰਾਹੀਂ ਗਲਤ ਪਾਸਪੋਰਟ ਤਿਆਰ ਕਰਾਏ ਗਏ ਦਾ ਮਾਮਲਾ ਸਾਹਮਣੇ ਆਇਆ ਹੈ।ਪੀੜ੍ਹਤ ਦੀ ਸ਼ਿਕਾਇਤ ਤੇ ਉੱਚ ਪੁਲਿਸ ਅਧਿਕਾਰੀਆਂ ਦੀ ਪੜਤਾਲ ਤੋਂ ਬਾਅਦ ਹੁਣ ਥਾਣਾ ਕੈਂਟ ਫ਼ਿਰੋਜ਼ਪੁਰ ਵਿਖੇ 420, 467, 468, 471, 120-ਬੀ ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਕੈਂਟ ਦੇ ਸਹਾਇਕ ਥਾਣੇਦਾਰ ਸਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਇਕ ਬੰਦ ਲਿਫ਼ਾਫ਼ੇ ਵਿੱਚ ਪੜਤਾਲੀਆ ਰਿਪੋਰਟ ਪ੍ਰਾਪਤ ਹੋਈ ਸੀ, ਜੋ ਯੂਆਈਡੀ ਨੰਬਰ 697591 ਮਿਤੀ 10 ਨਵੰਬਰ 2025 ਦੀ ਦਰਖ਼ਾਸਤ ਨਾਲ ਸਬੰਧਤ ਸੀ।ਇਹ ਦਰਖ਼ਾਸਤ ਭਾਰਤ ਭੂਸ਼ਣ ਪੁੱਤਰ ਰਾਮ ਪ੍ਰਤਾਪ, ਵਾਸੀ ਮਕਾਨ ਨੰਬਰ 67-1/2, ਗਲੀ ਨੰਬਰ 01, ਫ਼ਿਰੋਜ਼ਪੁਰ ਕੈਂਟ ਵੱਲੋਂ ਦਿੱਤੀ ਗਈ ਸੀ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਇਕ ਅਣਪਛਾਤੇ ਵਿਅਕਤੀ ਨੇ ਉਸਦੇ ਨਾਂਅ ਤੇ ਪਛਾਣ ਦੀ ਦੁਰਵਰਤੋਂ ਕਰਦਿਆਂ, ਜਾਅਲੀ ਦਸਤਾਵੇਜ਼ ਤਿਆਰ ਕੀਤੇ ਤੇ ਉਨ੍ਹਾਂ ਦੇ ਆਧਾਰ 'ਤੇ ਗਲਤ ਤਰੀਕੇ ਨਾਲ ਪਾਸਪੋਰਟ ਜਾਰੀ ਕਰਾ ਲਿਆ।ਇਸ ਮਾਮਲੇ ਨੂੰ ਵੇਖਦੇ ਹੋਏ ਇਸ ਦੀ ਮੁਕੰਮਲ ਜਾਂਚ ਉਪ ਕਪਤਾਨ ਪੁਲਸ (ਡੀ), ਫ਼ਿਰੋਜ਼ਪੁਰ ਵੱਲੋਂ ਕੀਤੀ ਗਈ।ਜਾਂਚ ਰਿਪੋਰਟ ਦੇ ਆਧਾਰ 'ਤੇ ਤੇ ਸੀਨੀਅਰ ਕਪਤਾਨ ਪੁਲਿਸ ਫ਼ਿਰੋਜ਼ਪੁਰ ਦੇ ਹੁਕਮਾਂ ਤੋਂ ਬਾਅਦ ਥਾਣਾ ਕੈਂਟ ਵਿਚ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।ਪੁਲਸ ਨੇ ਦੱਸਿਆ ਕਿ ਪੁਲਿਸ ਨੇ ਅਣਪਛਾਤੇ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

# ਜਗਮੋਹਣ ਸਿੰਘ ਟੱਕਰ ਯਾਦਗਾਰੀ ਖ਼ੂਨਦਾਨ ਤੇ ਮੈਡੀਕਲ ਕੈਂਪ ਲਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਵ. ਜਗਮੋਹਣ ਸਿੰਘ ਟੱਕਰ ਦੀ 14ਵੀਂ ਬਰਸੀ 'ਤੇ ਸਵਾਮੀ ਗੰਗਾ ਨੰਦ ਜੀ ਭੂਰੀ ਵਾਲੇ ਚੈਰੀਟੇਬਲ ਸੇਵਾ ਸੰਮਤੀ, ਯੁਵਕ ਸੇਵਾਵਾਂ ਕਲੱਬ ਸਮਰਾਲਾ, ਚਰਨ ਕੰਵਲ ਸਾਹਿਬ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਸਹਿਯੋਗ ਨਾਲ ਸਥਾਨਕ ਲਕਸ਼ਮੀ ਮਾਰਕੀਟ ਨੇੜੇ ਐੱਚ.ਡੀ.ਐੱਫ.ਸੀ. ਬੈਂਕ ਨੇੜੇ ਖ਼ੂਨਦਾਨ ਤੇ ਮੈਡੀਕਲ ਕੈਂਪ ਲਾਇਆ ਗਿਆ। ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸ਼੍ਰੋਮਣੀ ਅਕਾਲੀ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਭਾਜਪਾ ਆਗੂ ਰਣਜੀਤ ਸਿੰਘ ਗਹਿਲੇਵਾਲ ਨੇ ਸ਼ਮੂਲੀਅਤ ਕੀਤੀ ਜਿਨ੍ਹਾਂ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਖ਼ੂਨਦਾਨ ਕੈਂਪ 'ਚ ਪੀ.ਜੀ.ਆਈ. ਚੰਡੀਗੜ੍ਹ ਤੋਂ ਆਈ ਟੀਮ ਵਲੋਂ 50 ਤੋਂ ਵੱਧ ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਮੈਡੀਕਲ ਕੈਂਪ ਵਿਚ ਐੱਸ.ਜੀ.ਬੀ. ਚੈਰੀਟੇਬਲ ਹਸਪਤਾਲ ਤੇ ਐੱਸ.ਪੀ.ਐੱਸ. ਹਸਪਤਾਲ ਲੁਧਿਆਣਾ ਦੇ ਮਾਹਿਰ ਡਾਕਟਰਾਂ ਨੇ ਵੱਖ-ਵੱਖ ਬਿਮਾਰੀਆਂ ਜਿਸ ਵਿਚ ਅੱਖਾਂ, ਦੰਦਾਂ, ਹੱਡੀਆਂ ਤੇ ਜਨਰਲ ਬਿਮਾਰੀਆਂ ਸਬੰਧੀ ਮਰੀਜ਼ਾਂ ਦੀ ਜਾਂਚ ਕਰ ਮੁਫ਼ਤ ਦਵਾਈਆਂ ਵੀ ਦਿੱਤੀਆਂ। ਲੋੜਵੰਦ ਮਰੀਜ਼ਾਂ ਨੂੰ ਸੰਸਥਾ ਵੱਲੋਂ ਮੁਫ਼ਤ ਐਨਕਾਂ ਵੀ ਦਿੱਤੀਆਂ ਗਈਆਂ।

# ਚਿੜਵੀ 'ਚ ਸਕੂਲ ਦੀ ਸ਼ਾਨਦਾਰ ਬਿਲਡਿੰਗ ਲੋਕ ਅਰਪਣ

**ਸਨੌਰ/ਦੇਵੀਗੜ੍ਹ, (ਰਾਜਿੰਦਰ ਸਿੰਘ ਥਿੰਦ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਚਲਾਈ ਗਈ ਮੁਹਿੰਮ ਤਹਿਤ ਵਿਕਾਸ ਕਾਰਜ ਪੂਰੀ ਰਫ਼ਤਾਰ ਨਾਲ ਜਾਰੀ ਹਨ।ਇਸੇ ਲੜੀ ਅਧੀਨ ਹਲਕਾ ਇੰਚਾਰਜ ਤੇ ਰਣਜੋਧ ਸਿੰਘ ਹਡਾਣਾ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੱਖਾਂ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਕੀਤੇ ਗਏ। ਰਣਜੋਧ ਸਿੰਘ ਹਡਾਣਾ ਨੇ ਪਿੰਡ ਚਿੜਵੀ ਵਿਖੇ ਕਰੀਬ 22 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਈ ਸਰਕਾਰੀ ਸਕੂਲ ਦੀ ਨਵੀਂ ਬਿਲਡਿੰਗ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਅਤੇ ਵਧੀਆ ਬੁਨਿਆਦੀ ਢਾਂਚਾ ਮੁਹੱਈਆ ਕਰਾਉਣਾ ਮਾਨ ਸਰਕਾਰ ਦੀ ਸਭ ਤੋਂ ਪਹਿਲੀ ਤਰਜੀਹ ਹੈ।ਹੁਣ ਸਰਕਾਰੀ ਸਕੂਲ ਕਿਸੇ ਵੀ ਨਿੱਜੀ ਸਕੂਲ ਨਾਲੋਂ ਘੱਟ ਨਹੀਂ ਹੋਣਗੇ। ਇਸ ਤੋਂ ਬਾਅਦ ਉਨ੍ਹਾਂ ਪਿੰਡ ਤਾਜਲਪੁਰ ਵਿਖੇ ਪਹੁੰਚ ਕੇ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਵਿੱਚ ਲਾਈਆਂ ਗਈਆਂ ਇੰਟਰਲੌਕ ਟਾਈਲਾਂ ਦੇ ਕੰਮ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਗਲੀਆਂ-ਨਾਲੀਆਂ ਨੂੰ ਪੱਕਾ ਕਰਨ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਜੋ ਹਲਕਾ ਪੱਛੜਿਆ ਰਿਹਾ ਸੀ, ਉੱਥੇ ਵਿਕਾਸ ਦੀ ਹਨੇਰੀ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਹਰ ਪਿੰਡ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਨਾਲ ਲੈੱਸ ਕੀਤਾ ਜਾਵੇਗਾ।



# ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਦੀ ਵਿਦਿਆਰਥਣ ਨੇ ਪੰਜਾਬ 'ਚੋਂ ਚੌਦਵਾਂ ਸਥਾਨ ਪ੍ਰਾਪਤ ਕੀਤਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਵਿਖੇ ਉਸ ਸਮੇਂ ਖ਼ੁਸ਼ੀ ਦੀ ਲਹਿਰ ਪੈਦਾ ਹੋ ਗਈ, ਜਦੋਂ ਇਹ ਪਤਾ ਲੱਗਾ ਕਿ ਜਮਾਤ ਬਾਰ੍ਹਵੀਂ ਦੀ ਵਿਦਿਆਰਥਣ ਮੋਦਨਾ ਗੁਪਤਾ ਪੁੱਤਰੀ ਸ਼੍ਰੀ ਨਵੀਨ ਕਿਸ਼ੋਰ ਗੁਪਤਾ ਨੇ ਪੂਰੇ ਪੰਜਾਬ 'ਚੋਂ ਚੌਦਵਾਂ ਸਥਾਨ ਪ੍ਰਾਪਤ ਕੀਤਾ।ਮੋਦਨਾ ਗੁਪਤਾ ਨੇ 487/500 ਅੰਕ ਹਿਊਮੈਨੀਟੀਜ਼ ਸਟਰੀਮ 'ਚੋਂ ਪ੍ਰਾਪਤ ਕੀਤੇ ਹਨ।

ਵਿਦਿਆਰਥਣ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ 12ਵੀਂ ਜਮਾਤ ਦੀ ਮੈਰਿਟ ਵਿੱਚ ਆ ਕੇ ਇਲਾਕੇ, ਸੰਸਥਾ, ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕੀਤਾ।ਸਕੂਲ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਸਕੂਲ ਵਿੱਚ ਵਿਦਿਆਰਥਣ ਅਤੇ ਉਸ ਦੇ ਮਾਪਿਆਂ ਦੇ ਹਾਰ ਪਾ ਕੇ ਉਹਨਾਂ ਦਾ ਸਵਾਗਤ ਕੀਤਾ ਤੇ ਮੂੰਹ ਮਿੱਠਾ ਕਰਾਇਆ ਗਿਆ ਅਤੇ ਵਿਦਿਆਰਥਣ ਨੂੰ ਗੁਲਦਸਤਾ ਭੇਟ ਕੀਤਾ ਗਿਆ।ਵਿਦਿਆਰਥੀਆਂ ਨਾਲ ਪਹਿਲਾਂ ਹੀ ਕੀਤੇ ਗਏ ਵਾਅਦੇ ਮੁਤਾਬਕ ਮੈਰਿਟ ਵਿੱਚ ਆਉਣ ਵਾਲੀ ਵਿਦਿਆਰਥਣ ਨੂੰ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ 21000/- ਰੁਪਏ ਦੀ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ ਅਤੇ ਵਿਦਿਆਰਥਣ ਦੇ ਮਾਪਿਆਂ ਨੂੰ ਵਧਾਈ ਦਿੱਤੀ।

ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਨੇ ਕਿਹਾ ਕਿ ਫ਼ੀਲਖ਼ਾਨਾ ਸੰਸਥਾ ਲਈ ਇਹ ਇੱਕ ਮਾਣ ਵਾਲੀ ਗੱਲ ਹੈ ਕਿ ਵਿਦਿਆਰਥਣ ਨੇ ਪੂਰੇ ਪੰਜਾਬ ਵਿੱਚੋਂ ਚੌਦਵਾਂ ਸਥਾਨ ਪ੍ਰਾਪਤ ਕੀਤਾ ਹੈ। ਡਾ.ਰਜਨੀਸ਼ ਗੁਪਤਾ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਸਕੂਲ ਦੇ ਸਮੂਹ ਸਟਾਫ਼ ਮੈਂਬਰਾਨ ਮੌਜੂਦ ਸਨ।



# ਸਰਬਜੀਤ ਮਾਣੂੰਕੇ ਦੇ ਘਰ ਅੱਗੇ ਰੋਸ ਪ੍ਰਦਰਸ਼ਨ 17 ਨੂੰ

**ਚੌਕੀਮਾਨ (ਇੰਜੀ ਬਲਬੀਰ ਸਿੰਘ ਮਾਨ)** ਜ਼ਿਲ੍ਹਾ ਪ੍ਰਧਾਨ ਗੁਰਅਮਿਰਤ ਕੌਰ ਲੀਹਾਂ ਤੇ ਬਲਾਕ ਪ੍ਰਧਾਨ ਮਨਜੀਤ ਕੌਰ ਬਰਸਾਲ ਨੇ ਦੱਸਿਆ ਕਿ 17 ਮਈ ਨੂੰ ਹਲਕਾ ਜਗਰਾਉਂ ਦੀ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਦੇ ਘਰ ਦੇ ਸਾਹਮਣੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਹ ਰੋਸ ਪ੍ਰਦਰਸ਼ਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਸੂਬਾ ਕਮੇਟੀ ਵੱਲੋਂ ਉਲੀਕੀ ਗਈ ਸੰਘਰਸ਼ ਦੀ ਰੂਪ-ਰੇਖਾ ਦੇ ਅਧੀਨ ਕੀਤੇ ਜਾ ਰਹੇ ਹਨ । ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਵੋਟਾਂ ਵੇਲੇ ਕੀਤੇ ਗਏ ਵਾਅਦਿਆਂ ਅਨੁਸਾਰ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਮਾਣਭੱਤਾ ਦੁੱਗਣਾ ਕਰੇ, ਆਂਗਣਵਾੜੀ ਕੇਂਦਰਾਂ ਵਿੱਚੋਂ ਖੋਹੇ ਗਏ ਬੱਚੇ ਵਾਪਸ ਆਂਗਣਵਾੜੀਆਂ ਵਿੱਚ ਭੇਜੇ ਜਾਣ ਆਂਗਣਵਾੜੀ ਵਰਕਰ ਨੂੰ ਪ੍ਰੀ-ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ, ਜੋ ਪਿਛਲੇ ਸਮੇਂ ਵਿੱਚ ਖਰੀਦੇ ਗਏ ਹਨ, ਪ੍ਰੰਤੂ ਆਂਗਣਵਾੜੀ ਵਰਕਰਾਂ ਨੂੰ ਨਹੀਂ ਦਿੱਤੇ ਜਾ ਰਹੇ, ਆਂਗਣਵਾੜੀ ਵਰਕਰਾਂ ਨੂੰ ਮਾਵਾ ਧੀਆਂ ਸਤਿਕਾਰਯੋਗ ਯੋਜਨਾ ਵਿੱਚ ਕੰਮ ਕਰਨ ਬਦਲੇ 200 ਰੁਪਏ ਵਰਕਰ ਅਤੇ 100 ਰੁਪਏ ਪ੍ਰਤੀ ਹੈਲਪਰ ਦਿੱਤਾ ਜਾਵੇ। ਆਂਗਣਵਾੜੀ ਵਰਕਰਾਂ ਕੋਲੋਂ ਵਾਧੂ ਕੰਮ ਲੈਣੇ ਬੰਦ ਕੀਤੇ ਜਾਣ ਜਿਵੇਂ, ਆਰਥਿਕ ਜਨਗਣਨਾ, ਡਰੱਗ ਜਨਗਣਨਾ ਅਤੇ ਮੁੱਖ ਜਨਗਣਨਾ ਆਦਿ, ਐਨ ਜੀ ਓ ਅਧੀਨ ਚੱਲ ਰਹੇ ਤੇ ਬਲਾਕਾਂ ਨੂੰ ਵਾਪਸ ਲੈਣ ਦਾ ਹੋ ਚੁੱਕਿਆ ਨੋਟੀਫਿਕੇਸ਼ਨ ਲਾਗੂ ਕੀਤਾ ਜਾਵੇ।

ਇਨ੍ਹਾਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਹਲਕੇ ਦੀ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਦੇ ਘਰ ਦੇ ਸਾਹਮਣੇ ਤਿੱਖਾ ਰੋਸ ਪ੍ਰਦਰਸ਼ਨ ਹੋਵੇਗਾ, ਜਿਸ ਵਿੱਚ ਆਂਗਣਵਾੜੀ ਵਰਕਰ, ਹੈਲਪਰਾਂ ਵੱਡੀ ਗਿਣਤੀ ਵਿੱਚ ਭਾਗ ਲੈਣਗੀਆਂ ।



# ਸਿਲਵਰ ਓਕ ਸਕੂਲ ਦਾ ਬਾਰ੍ਹਵੀਂ ਕਲਾਸ ਦਾ ਨਤੀਜਾ ਰਿਹਾ 100 ਫੀਸਦੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)-** ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਦਾ ਬਾਰਵੀਂ ਕਲਾਸ ਦਾ ਨਤੀਜਾ 100% ਰਿਹਾ। ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬਾਰਵੇਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕੁੱਲ ਦਸ ਬੱਚਿਆਂ ਨੇ 90% ਤੋਂ ਉੱਪਰ ਅੰਕ ਹਾਸਲ ਕਰਕੇ ਸਕੂਲ ਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ। ਇਹਨਾਂ ਵਿੱਚ ਇਸ਼ਾਤਪ੍ਰੀਤ ਸਿੰਘ 98% ਅੰਕ ਹਾਸਲ ਕਰਕੇ ਸਕੂਲ ਵਿੱਚੋਂ ਅੱਵਲ ਰਿਹਾ। ਇਸ ਤੋਂ ਇਲਾਵਾ ਸ਼ਾਨਦਾਰ ਨਤੀਜਾ ਦੇਣ ਵਾਲੇ ਵਿਦਿਆਰਥੀਆਂ ਵਿੱਚ ਸ਼ਨਮੀਤ ਕੌਰ 96%, ਅਸ਼ਨੂਰ ਹੁੰਦਲ 96%, ਨਮੀਸ਼ਾ ਜੈਨ 92%, ਇਮਰੋਜ ਸਿੰਘ 92%, ਸਿਮਰਨ ਪ੍ਰੀਤ ਸਿੰਘ 92%, ਸਿਮਰਜੋਤ ਕੌਰ 92%, ਪਾਰਸ ਸਿੰਘ 91%, ਰਿਤਿਕਾ 90%, ਵੰਸ਼ਕਾ 90%, ਸੁਖਮਨਪ੍ਰੀਤ 89%, ਏਕਮਵੀਰ ਸਿੰਘ 89%, ਟਵਿੰਕਲ ਸੈਣੀ 89%, ਤਰਨਪ੍ਰੀਤ ਸਿੰਘ 88%, ਸਿਮਰਨ ਪ੍ਰੀਤ ਕੌਰ 86%, ਪ੍ਰਭਜੋਤ ਕੌਰ 86%, ਸਿਮਰਨਜੀਤ ਕੌਰ 85%, ਨਵਨੀਤ ਕੌਰ 84%, ਜਸਮੀਨ 84%, ਅਰਸ਼ਪ੍ਰੀਤ 84%, ਕੋਮਲਪ੍ਰੀਤ 83%, ਪ੍ਰਭਲੀਨ 83%, ਮਨਜੋਤ ਕੌਰ 82%, ਸਿਮਰਨਜੀਤ ਕੌਰ ਸਿੰਘ 82%, ਗੁਰਜੀਤ ਸਿੰਘ 82%, ਅਵਨੀਤ ਕੌਰ 81%, ਰਮਨਪ੍ਰੀਤ ਸਿੰਘ 81%, ਗੀਤੀ ਪੰਡਿਤ 80%, ਅੰਮ੍ਰਿਤ ਪ੍ਰੀਤ ਕੌਰ 80% ਵੀ ਸ਼ਾਮਿਲ ਹਨ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਕੁੱਲ 19 ਵਿਦਿਆਰਥੀਆਂ ਨੇ 80% ਤੋਂ ਉੱਪਰ ਨੰਬਰ ਹਾਸਿਲ ਕੀਤੇ। ਉਹਨਾਂ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਇਸ਼ਾਂਤਪ੍ਰੀਤ ਸਿੰਘ ਨੇ ਅਕਾਊਂਟੈਂਸੀ ਅਤੇ ਇਨਫੋਰਮੇਸ਼ਨ ਟੈਕਨੋਲੋਜੀ ਵਿੱਚੋਂ, ਗੀਤੀ ਪੰਡਿਤ ਨੇ ਪੰਜਾਬੀ ਅਤੇ ਇੰਗਲਿਸ਼ ਵਿੱਚੋਂ ਸ਼ਨਮੀਤ ਕੌਰ ਨੇ ਅਕਾਊਂਟੈਂਸੀ ਵਿੱਚੋਂ ਅਤੇ ਜਸਮੀਨ ਕੌਰ ਨੇ ਇੰਗਲਿਸ਼ ਵਿੱਚੋਂ 100 ਚੋਂ 100 ਅੰਕ ਹਾਸਿਲ ਕਰਕੇ ਆਪਣੀ ਕਾਬਲੀਅਤ ਸਾਬਿਤ ਕੀਤੀ।ਚੇਅਰਮੈਨ ਤਰਲੋਚਨ ਸਿੰਘ ਨੇ ਆਪਣੀ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਹੋਇਆਂ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਅਧਿਆਪਕਾਂ ਤੇ ਬੱਚਿਆਂ ਦੀ ਕਰੜੀ ਮਿਹਨਤ ਸਦਕਾ ਹਰ ਸਾਲ ਸਿਲਵਰ ਓਕ ਸਕੂਲ ਅਜਿਹੇ ਸ਼ਾਨਦਾਰ ਨਤੀਜੇ ਸਾਡੀ ਝੋਲੀ ਪਾਉਂਦਾ ਹੈ।ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ, ਜਗਬੰਧਨ ਸਿੰਘ, ਗੁਰਪ੍ਰੀਤ, ਵਿਸ਼ਾਲੀ, ਰਾਜਵੀਰ ਕੌਰ, ਰਾਜਵਿੰਦਰ ਕੌਰ, ਅਮਰਜੀਤ ਕੌਰ ਸੈਣੀ, ਕੰਚਨ ਖੁਰਾਣਾ, ਪਰਮਜੀਤ, ਬਲਜੀਤ, ਸੁਮਿਤ, ਹਰਮਿੰਦਰ, ਵਿਨੇ, ਸ਼ਿਲਪਾ, ਮਮਤਾ, ਇਕਬਾਲ, ਸੋਨੂ, ਹਰਜੀਤ, ਹਰਨਾਮ, ਅੰਕਿਤ, ਕਿਰਨ, ਸੁਸ਼ੀਲ, ਸੁਰੇਸ਼, ਬਲਦੇਵ, ਗੁਰਦੇਵ, ਅਜੇ ਤੇ ਬਾਕੀ ਸਟਾਫ ਮੌਜੂਦ ਸੀ।



# ਭਵਾਨੀਗੜ੍ਹ ਪੁਲਸ ਦੀ ਨਸ਼ਾ ਵਿਰੋਧੀ ਮੁਹਿੰਮ ਤੇਜ਼, 13 ਦਿਨਾਂ 'ਚ 22 ਕਾਬੂ

**ਭਵਾਨੀਗੜ੍ਹ (ਰਾਜ ਖੁਰਮੀ)** — ਜ਼ਿਲ੍ਹਾ ਸੰਗਰੂਰ ਦੀ ਸਬ ਡਵੀਜ਼ਨ ਭਵਾਨੀਗੜ੍ਹ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 1 ਮਈ ਤੋਂ 13 ਮਈ ਤੱਕ ਵੱਡੇ ਪੱਧਰ 'ਤੇ ਕਾਰਵਾਈ ਕਰਦਿਆਂ ਨਸ਼ਾ ਤਸਕਰਾਂ ਅਤੇ ਮਾੜੇ ਅਨਸਰਾਂ ਖ਼ਿਲਾਫ਼ ਸਖ਼ਤ ਐਕਸ਼ਨ ਲਿਆ ਗਿਆ ਹੈ।ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਸਿੰਘ ਗਰੇਵਾਲ ਨੇ ਪ੍ਰੈੱਸ ਨੂੰ ਦੱਸਿਆ ਕਿ ਇਸ ਦੌਰਾਨ ਵੱਖ-ਵੱਖ ਮਾਮਲਿਆਂ ਵਿੱਚ ਕੁੱਲ 22 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਤੋਂ ਇਲਾਵਾ ਐਨ.ਡੀ.ਪੀ.ਐੱਸ ਐਕਟ ਤਹਿਤ 2 ਨਸ਼ਾ ਕਰਨ ਵਾਲੇ ਵਿਅਕਤੀਆਂ ਖ਼ਿਲਾਫ਼ ਮਾਮਲੇ ਦਰਜ ਕਰਕੇ ਉਨ੍ਹਾਂ ਨੂੰ ਅਦਾਲਤੀ ਹੁਕਮਾਂ ਅਨੁਸਾਰ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲ ਕਰਵਾਇਆ ਗਿਆ।ਉਨ੍ਹਾਂ ਦੱਸਿਆ ਕਿ ਭਵਾਨੀਗੜ੍ਹ ਪੁਲਿਸ ਵੱਲੋਂ ਨਸ਼ਾ ਛੱਡਣ ਲਈ ਤਿਆਰ 12 ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਕਾਊਂਸਲਿੰਗ ਕੀਤੀ ਗਈ। ਬਾਅਦ ਵਿੱਚ ਸਹਿਮਤੀ ਨਾਲ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰ ਲਿਜਾ ਕੇ ਇਲਾਜ ਸ਼ੁਰੂ ਕਰਵਾਇਆ ਗਿਆ।ਪੁਲਸ ਵੱਲੋਂ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਮੁਹਿੰਮ ਦੌਰਾਨ 98 ਵਿਅਕਤੀਆਂ ਦੀ ਜਾਂਚ ਕਰਕੇ ਕਾਰਵਾਈ ਕੀਤੀ ਗਈ। ਇਸ ਦੇ ਨਾਲ ਹੀ ਦਿਨ-ਰਾਤ ਗਸ਼ਤ ਦੌਰਾਨ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 116 ਵਾਹਨਾਂ ਦੇ ਚਲਾਨ ਵੀ ਕੱਟੇ ਗਏ।ਐੱਸ.ਐੱਸ.ਪੀ. ਨੇ ਦੱਸਿਆ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਦਿਆਂ 45 ਦਰਖ਼ਾਸਤਾਂ ਦਾ ਨਿਪਟਾਰਾ ਵੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਪੁਲਿਸ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਨਸ਼ਾ ਤਸਕਰਾਂ ਅਤੇ ਮਾੜੇ ਅਨਸਰਾਂ ਬਾਰੇ ਪੁਲਿਸ ਨੂੰ ਤੁਰੰਤ ਸੂਚਨਾ ਦਿੱਤੀ ਜਾਵੇ ਤਾਂ ਜੋ ਸਮਾਜ ਵਿੱਚੋਂ ਨਸ਼ੇ ਦੇ ਕੋਹੜ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕੇ।



# ਗੁਰੂ ਗੋਬਿੰਦ ਸਿੰਘ ਲਾਅ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਗੁਰੂ ਗੋਬਿੰਦ ਸਿੰਘ ਲਾਅ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਬੀਏ ਐਲਐਲਬੀ (ਆਨਰਜ਼) ਪਹਿਲੇ ਸਮੈਸਟਰ ਦੇ ਨਤੀਜਿਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਹੈ।ਕਾਲਜ ਦਾ ਸਮੁੱਚਾ ਨਤੀਜਾ 96 ਪ੍ਰਤੀਸ਼ਤ ਰਿਹਾ, ਜੋ ਸੰਸਥਾ ਲਈ ਅਕਾਦਮਿਕ ਉੱਤਮਤਾ ਦੀ ਪ੍ਰਾਪਤੀ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਹੈ। ਇਨ੍ਹਾਂ ਵਿਦਿਆਰਥੀਆਂ ਨੇ ਨਾ ਸਿਰਫ਼ ਕਾਲਜ ਦਾ ਸਗੋਂ ਆਪਣੇ ਮਾਪਿਆਂ ਅਤੇ ਖੇਤਰ ਦਾ ਵੀ ਨਾਂਅ ਰੌਸ਼ਨ ਕੀਤਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਆਰ.ਪੀ. ਵਰਮਾ ਨੇ ਦੱਸਿਆ ਕਿ ਪ੍ਰੀਖਿਆ ਨਤੀਜਿਆਂ ਵਿੱਚ, ਅਰਪਨ ਸਿੰਘ ਪੁੱਤਰ ਰਾਮ ਸ਼ਰਨ ਸਿੰਘ ਨੇ ਪਹਿਲਾ ਸਥਾਨ, ਸਵਨੀਤ ਕੌਰ ਪੁੱਤਰੀ ਜਸਵਿੰਦਰ ਸਿੰਘ ਨੇ ਦੂਜਾ ਸਥਾਨ, ਅਰਸ਼ਪ੍ਰੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਨੇ ਤੀਜਾ ਸਥਾਨ ਅਤੇ ਹੁਸਨਪ੍ਰੀਤ ਕੌਰ ਪੁੱਤਰੀ ਗੁਰਜੰਟ ਸਿੰਘ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਰਾਸ਼ੀ ਰਾਠੌਰ ਪੁੱਤਰੀ ਰਵਿੰਦਰ ਰਾਠੌਰ ਅਤੇ ਪਰਮਿੰਦਰ ਸਿੰਘ ਪੁੱਤਰ ਵੇਦ ਪ੍ਰਕਾਸ਼ ਦੋਵਾਂ ਨੇ ਆਪਣੀ ਜਮਾਤ ਵਿੱਚੋਂ ਪੰਜਵਾਂ ਸਥਾਨ ਪ੍ਰਾਪਤ ਕੀਤਾ। ਕਾਰਜਕਾਰੀ ਮੈਂਬਰ ਮੈਡਮ ਹਰਕੀਰਤ ਕੌਰ ਬਾਦਲ ਨੇ ਇਸ ਮਾਣਮੱਤੇ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕੀਤੀ ਅਤੇ ਸਾਰੇ ਸਫਲ ਵਿਦਿਆਰਥੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਜਨਰਲ ਸਕੱਤਰ ਗੁਰਚਰਨ ਸਿੰਘ ਅਤੇ ਕੈਂਪਸ ਡਾਇਰੈਕਟਰ ਕਰਨਲ ਸੁਧਾਂਸ਼ੂ ਆਰੀਆ ਨੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਦੇ ਹੋਏ ਕਿਹਾ ਕਿ ਨਿਰੰਤਰ ਮਿਹਨਤ ਸਫਲਤਾ ਦੀ ਕੁੰਜੀ ਹੈ। ਪ੍ਰਿੰਸੀਪਲ ਡਾ. ਆਰ.ਪੀ. ਵਰਮਾ ਨੇ ਇਸ ਸਫਲਤਾ ਨੂੰ ਅਧਿਆਪਕਾਂ ਤੇ ਵਿਦਿਆਰਥੀਆਂ ਦੇ ਸਾਂਝੇ ਯਤਨਾਂ ਦਾ ਨਤੀਜਾ ਦੱਸਦਿਆਂ ਇਹ ਵੀ ਜਾਣਕਾਰੀ ਸਾਂਝੀ ਕੀਤੀ ਕਿ ਇਸ ਸਾਲ ਤੋਂ ਕਾਲਜ ਵਿੱਚ ਬੀ.ਕਾਮ. ਐਲ.ਐਲ.ਬੀ. (ਆਨਰਜ਼) ਤੇ ਤਿੰਨ ਸਾਲਾ ਐਲ.ਐਲ.ਬੀ. ਕੋਰਸ ਵੀ ਸ਼ੁਰੂ ਕੀਤੇ ਜਾ ਰਹੇ ਹਨ, ਜਿਨ੍ਹਾਂ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ।



# ਪੰਜਾਬ ਕੋ ਐਜੂਕੇਸ਼ਨ ਦੀ ਵਿਦਿਆਰਥਣ ਸ਼ਨਾਇਆ ਮਹਿਤਾ ਨੂੰ ਜ਼ਿਲ੍ਹੇ 'ਚੋਂ ਪਹਿਲਾ ਤੇ ਪੰਜਾਬ 'ਚੋਂ ਬਾਰ੍ਹਵਾਂ ਸਥਾਨ ਹਾਸਲ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਜ਼ਿਲੇ ਭਰ ਵਿੱਚੋਂ ਸ਼ਾਨਦਾਰ ਪ੍ਰਾਪਤੀਆਂ ਹਾਸਲ ਕਰਨ ਵਾਲੀ ਵਿੱਦਿਆ ਦੇ ਖੇਤਰ ਵਿੱਚ ਸਿਰਕੱਢ ਸੰਸਥਾ ਪੰਜਾਬ ਕੋ ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਗਾ ਪੁਰਾਣਾ ਜੋ ਸਵਰਗਵਾਸੀ ਪ੍ਰਿੰਸੀਪਲ ਸਰਦਾਰ ਗੁਰਦੇਵ ਸਿੰਘ ਦੇ ਆਸ਼ੀਰਵਾਦ ਤੇ ਮੌਜੂਦਾ ਪ੍ਰਿੰਸੀਪਲ ਸੰਦੀਪ ਮਹਿਤਾ ਦੀ ਅਣਥੱਕ ਮਿਹਨਤ ਅਤੇ ਯੋਗ ਅਗਵਾਈ ਵਿੱਚ ਨਿਤ ਨਵੀਆਂ ਮੰਜ਼ਿਲਾਂ ਸਰ ਕਰਦੀ ਹੈ ਵਿਖੇ ਅੱਜ ਇੱਕ ਹੋਰ ਮਾਣਮੱਤੀ ਪ੍ਰਾਪਤੀ ਦਾ ਆਗਾਜ਼ ਹੋਇਆ ਜਦੋਂ ਇਸ ਸੰਸਥਾ ਦੀ ਬਾਰ੍ਹਵੀਂ ਸ਼੍ਰੇਣੀ ਦੀ ਵਿਦਿਆਰਥਣ ਸਨਾਇਆ ਮਹਿਤਾ ਨੇ 97.8% ਫੀਸਦੀ ਅੰਕ ਪ੍ਰਾਪਤ ਕਰਕੇ ਮੋਗਾ ਜ਼ਿਲ੍ਹੇ ਵਿੱਚੋਂ ਪਹਿਲਾ ਅਤੇ ਪੰਜਾਬ ਵਿੱਚੋਂ ਬਾਰ੍ਹਵਾਂ ਸਥਾਨ ਪ੍ਰਾਪਤ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਂਅ ਰੋਸ਼ਨ ਕੀਤਾ, ਇਸ ਤੋਂ ਇਲਾਵਾ ਮੋਨਿਕਾ ਨੇ 94 ਫੀਸਦੀ, ਮਨਮੀਤ ਕੌਰ ਨੇ ਵੀ 94, ਫੀਸਦੀ, ਗੁਰਵੀਰ ਕੌਰ ਨੇ 93.4% , ਫੀਸਦੀ ਮਾਹੀ ਮਨਚੰਦਾ ਨੇ 93% ਫੀਸਦੀ, ਮੁਸਕਾਨ ਪ੍ਰੀਤ (ਕਮਰਸ ) ਨੇ 93% ਫੀਸਦੀ, ਮਨਵੀਰ ਕੌਰ ਨੇ 92.6% ਫੀਸਦੀ, ਮਹਿਕਵੀਰ ਕੌਰ ਨੇ ਅਤੇ ਜਸਪ੍ਰੀਤ ਕੌਰ ਨੇ 92.6% ਫੀਸਦੀ, ਕਰਮਵੀਰ ਕੌਰ ਨੇ 91.2% ਫੀਸਦੀ, ਅਤੇ ਰਣਦੀਪ ਕੌਰ ਨੇ 91% ਫੀਸਦੀ ਅੰਕ ਪ੍ਰਾਪਤ ਕੀਤੇ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਆਪਣੇ ਖ਼ੁਸ਼ੀ ਸਾਂਝੀ ਕਰਦਿਆਂ ਸਨਾਇਆ ਮਹਿਤਾ ਅਤੇ ਬਾਕੀ ਵਧੀਆ ਅੰਕ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਪ੍ਰਿੰਸੀਪਲ ਪਰਮਿੰਦਰ ਕੌਰ, ਡਾਇਰੈਕਟਰ ਕਿਡਜ਼ ਸੁਧਾ ਮਹਿਤਾ ਐਡਵੋਕੇ ਰਾਜਾ ਸਿੰਘ, ਕੋਆਰਡੀਨੇਟਰ ਮੁਕੇਸ਼ ਅਰੋੜਾ ਅਤੇ ਮੈਡਮ ਖੁਸ਼ਪ੍ਰੀਤ ਕੌਰ ਤੋਂ ਇਲਾਵਾ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।



# ਦਿਨ-ਦਿਹਾੜੇ ਫਾਇਰਿੰਗ, ਪੁਲਸ ਵੱਲੋਂ ਜਾਂਚ ਸ਼ੁਰੂ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**- ਪੰਜਾਬ ਅੰਦਰ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਦੇ ਐਲਾਨ ਤੋਂ ਬਾਅਦ ਜਿੱਥੇ ਸਿਆਸੀ ਗਤੀਵਿਧੀਆਂ ਤੇਜ਼ ਹੋ ਰਹੀਆਂ ਹਨ, ਉਥੇ ਹੀ ਸ੍ਰੀ ਮੁਕਤਸਰ ਸਾਹਿਬ ਵਿੱਚ ਵਿਗੜ ਰਹੀ ਲਾਅ ਐਂਡ ਆਰਡਰ ਦੀ ਸਥਿਤੀ ਨੇ ਪੁਲਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਤਾਜ਼ਾ ਮਾਮਲਾ ਸ਼ਹਿਰ ਦੇ ਅਕਾਲੀ ਅਕੈਡਮੀ ਸਕੂਲ ਨੇੜੇ ਇੱਕ ਗਲੀ ਤੋਂ ਸਾਹਮਣੇ ਆਇਆ ਹੈ, ਜਿੱਥੇ ਸਵੇਰੇ ਕਰੀਬ 10:15 ਵਜੇ ਦੋ ਗਰੁੱਪਾਂ ਵਿਚਾਲੇ ਚੱਲ ਰਹੀ ਪੁਰਾਣੀ ਰੰਜਿਸ਼ ਦੇ ਚੱਲਦਿਆਂ ਇੱਕ ਧਿਰ ਵੱਲੋਂ ਫਾਈਰਿੰਗ ਕੀਤੇ ਜਾਣ ਦੀ ਘਟਨਾ ਵਾਪਰੀ। ਪ੍ਰਤੱਖ ਦਰਸ਼ੀਆਂ ਅਨੁਸਾਰ ਉਕਤ ਵਿਅਕਤੀਆਂ ਵੱਲੋਂ ਇੱਕ ਫਾਇਰ ਕੀਤਾ ਗਿਆ, ਜਿਸ ਦੀ ਆਵਾਜ਼ ਸੁਣਦਿਆਂ ਹੀ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਅਤੇ ਲੋਕਾਂ ਨੇ ਭੱਜ ਕੇ ਆਪਣੀ ਜਾਨ ਬਚਾਈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਜੋਰਾ ਸਿੰਘ ਨੇ ਦੱਸਿਆ ਕਿ ਉਸ ਦਾ ਭਤੀਜਾ ਗੁਰਦਿੱਤ ਸਿੰਘ (ਮਨੂੰ) ਪੁੱਤਰ ਸਵ: ਯੋਧਾ ਸਿੰਘ ਦੀ ਕੁਝ ਵਿਅਕਤੀਆਂ ਨਾਲ ਪੁਰਾਣੀ ਰੰਜਿਸ਼ ਚੱਲ ਰਹੀ ਹੈ। ਇਸੇ ਰੰਜਿਸ਼ ਦੇ ਚੱਲਦਿਆਂ ਅੱਜ ਸਵੇਰੇ ਦੂਸਰੀ ਧਿਰ ਵੱਲੋਂ ਉਸ 'ਤੇ ਸਿੱਧੀ ਫਾਈਰਿੰਗ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਘਟਨਾ ਦੀ ਸੂਚਨਾ ਤੁਰੰਤ ਥਾਣਾ ਸਿਟੀ ਪੁਲਿਸ ਨੂੰ ਦਿੱਤੀ ਗਈ, ਜਿਸ ਤੋਂ ਬਾਅਦ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



# ਧਰਮਸੋਤ ਨੇ ਵਾਰਡ ਨੰਬਰ 7 'ਚ ਕਾਂਗਰਸੀ ਉਮੀਦਵਾਰ ਸੋਨੀਆ ਪਾਹੂਜਾ ਦੇ ਦਫ਼ਤਰ ਦਾ ਕੀਤਾ ਉਦਘਾਟਨ

**ਨਾਭਾ (ਵਰਿੰਦਰ ਵਰਮਾ)**- ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਵਾਰਡ ਨੰਬਰ 7 ਤੋਂ ਕਾਂਗਰਸੀ ਉਮੀਦਵਾਰ ਮਾਨਟੂ ਪਾਹੂਜਾ ਦੀ ਪਤਨੀ ਸੋਨੀਆ ਪਹੂਜਾ ਦੇ ਦਫ਼ਤਰ ਦਾ ਉਦਘਾਟਨ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਤੋਂ ਪਹਿਲਾਂ ਸ੍ਰੀ ਰਾਮਾਇਣ ਦਾ ਪਾਠ ਕੀਤਾ ਗਿਆ, ਉਪਰੰਤ ਵਾਰਡ ਨੰਬਰ 7 ਬਠਿੰਡੀਆ ਮੁਹੱਲਾ ਵਿੱਚ ਦਫ਼ਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸੋਨੀਆ ਪਾਹੂਜਾ ਅਤੇ ਮਾਨਟੂ ਪਾਹੂਜਾ ਨੇ ਸਾਬਕਾ ਕੈਬਨਿਟ ਮੰਤਰੀ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਮੇਰਾ ਵਾਰਡ ਮੇਰਾ ਪਰਿਵਾਰ ਹੈ ਅਤੇ ਮੈਂ ਆਪਣੇ ਵੱਲੋਂ ਦਿਨ ਰਾਤ ਵਾਰਡ ਦੀ ਸੇਵਾ ਕੀਤੀ ਹੈ ਅਤੇ ਭਵਿੱਖ ਵਿੱਚ ਵੀ ਕਰਦੇ ਰਹਾਂਗੇ। ਉਨ੍ਹਾਂ ਸਮੂਹ ਵਾਰਡ ਨਿਵਾਸੀਆਂ ਦਾ ਰਮਾਇਣ ਦੇ ਪਾਠ ਵਿੱਚ ਆਉਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਧਰਮਸੋਤ ਨੇ ਕਿਹਾ ਕਿ ਅੱਜ ਨਾਭਾ ਦੇ ਵਾਰਡ ਨੰ. 7 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਸੋਨੀਆ ਪਾਹੂਜਾ ਜੋ ਕਿ ਪਹਿਲਾਂ ਵੀ ਕੌਂਸਲਰ ਰਹਿ ਚੁੱਕੀ ਹੈ, ਉਨ੍ਹਾਂ ਨੇ ਆਪਣੇ ਪਤੀ ਮਾਨਟੂ ਪਾਹੂਜਾ ਵੱਲੋਂ ਵਾਰਡ ਵਿੱਚ ਹਰ ਤਰ੍ਹਾਂ ਦੇ ਵਿਕਾਸ ਕਾਰਜ ਕਰਵਾਏ ਹਨ। ਅੱਜ ਉਹਨਾਂ ਦੇ ਦਫਤਰ ਦਾ ਉਦਘਾਟਨ ਕੀਤਾ ਗਿਆ ਹੈ ਅਤੇ ਮੈਂ ਸਾਰੇ ਵਾਰਡ ਨਿਵਾਸੀਆਂ ਨੂੰ ਬੇਨਤੀ ਕਰਦਾ ਹਾਂ ਕਿ ਉਹ ਆਪਣੀ ਬੇਟੀ ਸੋਨੀਆ ਪਾਹੂਜਾ ਨੂੰ ਵੱਧ ਤੋਂ ਵੱਧ ਵੋਟ ਪਾਉਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਚੰਚਲ ਗੋਰਾ, ਵਿਵੇਕ ਸਿੰਗਲਾ ਬਲਾਕ ਪ੍ਰਧਾਨ, ਗੁਰਬਖਸ਼ੀਸ਼ ਸਿੰਘ ਭੱਟੀ ਸਾਬਕਾ ਨਗਰ ਕੌਂਸਲ ਪ੍ਰਧਾਨ, ਗੁਰਦਿੱਤ ਸੇਠ ਤੋਂ ਇਲਾਵਾ ਨੌਜਵਾਨ ਆਗੂ ਚਿਰਾਗ, ਦੀਪੂ ਐਸੀ, ਪ੍ਰੀਤ, ਨੰਨੂ, ਪ੍ਰਦੀਪ ਮੋਗੀਆ, ਕਾਲੂ ਰਾਮ ਖੱਟਰ, ਰਜਿੰਦਰ ਕੁਮਾਰ, ਵਰਿੰਦਰ ਕੁਮਾਰ, ਸੁਮੀਤ ਪਾਹੂਜਾ, ਪੁਨੀਤ ਪਾਹੂਜਾ, ਪਿਪਲੀ ਜੀ, ਗਾਂਧੀ ਜੀ ਤੇ ਵੱਡੀ ਗਿਣਤੀ ਵਿੱਚ ਵਾਰਡ ਨਿਵਾਸੀ ਹਾਜ਼ਰ ਸਨ।



# ਨਨਕਾਣਾ ਸਾਹਿਬ ਸਕੂਲ ਦੀ ਗੁਰਪੁਨੀਤ ਕੌਰ ਨੇ ਹਾਸਲ ਕੀਤੇ 99 ਫੀਸਦੀ ਅੰਕ

**ਸਮਰਾਲਾ (ਸੁਰਜੀਤ ਸਿੰਘ)**- ਸੀ.ਬੀ.ਐੱਸ.ਈ. ਬੋਰਡ ਵੱਲੋਂ ਐਲਾਨ ਕੀਤੇ ਗਏ ਬਾਰ੍ਹਵੀਂ (ਸਾਇੰਸ ਗਰੁੱਪ) ਦੇ ਨਤੀਜੇ ਵਿਚ ਨਨਕਾਣਾ ਸਾਹਿਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਮਪੁਰ ਦੀ ਵਿਦਿਆਰਥਣ ਗੁਰਪੁਨੀਤ ਕੌਰ ਨੇ 99% ਅੰਕ ਪ੍ਰਾਪਤ ਕਰ ਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਇਸ ਵਿਦਿਆਰਥਣ ਨੇ ਬਿਨਾਂ ਕਿਸੇ ਟਿਊਸ਼ਨ ਦੇ ਆਪਣੀ ਮਿਹਨਤ ਦੇ ਬਲਬੂਤੇ ਇਹ ਮੁਕਾਮ ਹਾਸਲ ਕੀਤਾ ਹੈ । ਵਿਦਿਆਰਥਣ ਨੇ ਫਿਜ਼ਿਕਸ, ਕੈਮਿਸਟਰੀ ਅਤੇ ਪੰਜਾਬੀ ਦੇ ਵਿਸ਼ਿਆਂ ਵਿੱਚੋਂ 100 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ । ਇਸ ਬਾਰੇ ਖ਼ੁਸ਼ੀ ਜ਼ਾਹਰ ਕਰਦਿਆਂ ਸਕੂਲ ਪ੍ਰਸ਼ਾਸਕ ਅਤੇ ਡਾਇਰੈਕਟਰ ਨਨਕਾਣਾ ਸਾਹਿਬ ਐਜੂਕੇਸ਼ਨ ਟਰੱਸਟ ਇਕਬਾਲ ਸਿੰਘ ਅਤੇ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਗੁਰਪੁਨੀਤ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ । ਸਕੂਲ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰਪੁਨੀਤ ਕੌਰ ਉਹਨਾਂ ਵਾਸਤੇ ਇੱਕ ਮਿਸਾਲ ਹੈ, ਜਿਸ ਨੇ ਸਖ਼ਤ ਮਿਹਨਤ ਕਰਕੇ ਬਿਨਾਂ ਟਿਊਸ਼ਨ ਪੜ੍ਹਕੇ ਸਾਇੰਸ ਗਰੁੱਪ ਵਿਚੋਂ 99% ਅੰਕ ਹਾਸਿਲ ਕੀਤੇ।



# ਪੰਜਾਬ ਦੀ ਹਿੱਸੇਦਾਰੀ ਖਤਮ ਕਰਨ ਦੇ ਵਿਰੋਧ 'ਚ 15 ਨੂੰ ਚੰਡੀਗੜ੍ਹ ਨੂੰ ਚਾਲੇ ਪਾਓ : ਚਕਰ

**ਹਠੂਰ (ਨਛੱਤਰ ਸੰਧੂ)** ਕੇਂਦਰ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਭਾਖੜਾ ਬੋਰਡ ਮੈਨੇਜਮੈਂਟ 'ਚੋਂ ਪੰਜਾਬ ਨੂੰ ਖਤਮ ਕਰ ਹੀ ਦਿੱਤਾ ਹੈ।ਇਸ ਦੇ ਵਿਰੋਧ ਵਿੱਚ 15 ਮਈ ਨੂੰ ਪੰਜਾਬ ਕਿਸਾਨ ਯੂਨੀਅਨ ਜੋ ਸੰਯੁਕਤ ਕਿਸਾਨ ਮੋਰਚੇ ਦਾ ਹਿੱਸਾ ਹੈ, ਨੇ ਸਾਂਝੇ ਤੌਰ 'ਤੇ ਗਵਰਨਰ ਨੂੰ ਮਿਲਣ ਦਾ ਪ੍ਰੋਗਰਾਮ ਉਲੀਕਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬੂਟਾ ਸਿੰਘ ਚਕਰ ਨੇ ਕੀਤਾ। ਉਨ੍ਹਾਂ ਪੰਜਾਬ ਦੇ ਸੂਝਵਾਨ ਤੇ ਅਣਖੀ ਲੋਕਾਂ ਨੂੰ ਕਿ ਇਸ ਧੱਕੇਸ਼ਾਹੀ ਦੇ ਖਿਲਾਫ ਹਰ ਵਰਗ ਨੂੰ ਵਹੀਰਾਂ ਘੱਤ ਕੇ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀਆ ਵਾਜਬ ਮੰਗਾਂ ਤੇ ਵਿਰੋਧੀ ਧਿਰ ਆਪਣਾ ਬਣਦਾ ਰੋਲ ਅਦਾ ਨਹੀਂ ਕਰ ਰਹੀ।ਪੰਜਾਬ ਦੀਆਂ ਜੁਝਾਰੂ ਕਿਸਾਨ ਜਥੇਬੰਦੀਆਂ ਹੀ ਵਿਰੋਧੀ ਧਿਰ ਦਾ ਰੋਲ ਅਦਾ ਕਰ ਰਹੀਆਂ ਹਨ।ਭਾਖੜਾ ਬੋਰਡ ਮੈਨੇਜਮੈਂਟ 'ਚੋਂ ਕਿਸੇ ਵੀ ਕੀਮਤ 'ਤੇ ਪੰਜਾਬ ਨੂੰ ਬਾਹਰ ਕੱਢਣ ਦੀ ਸਾਜ਼ਿਸ਼ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਪੰਜਾਬ ਦੀ ਧਰਤੀ 'ਤੇ ਬਣਿਆ ਭਾਖੜਾ ਡੈਮ, ਪਰ ਕੇਂਦਰ ਸਰਕਾਰ ਪੰਜਾਬ ਨੂੰ ਇਸ ਮੁੱਦੇ ਵਿੱਚੋਂ ਬਾਹਰ ਕੱਢਣ ਦੀਆਂ ਵਿਉਂਤਾਂ ਬਣਾ ਰਹੀ ਹੈ, ਜੋ ਕਦੇ ਵੀ ਜਥੇਬੰਦੀ ਬਰਦਾਸ਼ਤ ਨਹੀਂ ਕਰੇਗੀ।



## ਭਲਕ ਦੇ ਰੋਸ ਮਾਰਚ 'ਚ ਸ਼ਾਮਿਲ ਹੋਣ ਬਾਰੇ ਤਿਆਰੀਆਂ ਦਾ ਜਾਇਜ਼ਾ

**ਮੱਖੂ (ਰਛਪਾਲ ਸਿੰਘ ਸੰਧੂ)** – ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਹਫਤਾਵਾਰੀ ਮੀਟਿੰਗ ਜਥੇਬੰਦੀ ਦੇ ਦਫ਼ਤਰ ਵਿਖੇ ਹੋਈ ਜਿਸ ਵਿਚ ਸੂਬਾ ਪ੍ਰਧਾਨ ਸੁਖਦੇਵ ਸਿੰਘ ਅਰਾਈਆਂਵਾਲਾ ਹਾਜ਼ਰ ਹੋਏ ਤੇ ਜਥੇਬੰਦੀ ਦੇ ਆਗੂਆਂ ਨਾਲ ਵਿਚਾਰ ਚਰਚਾ ਕਰਦਿਆਂ ਐਸ.ਕੇ.ਐਮ. ਪੰਜਾਬ ਵੱਲੋਂ 15 ਮਈ ਨੂੰ ਗਵਰਨਰ ਹਾਊਸ ਵਿਖੇ ਰੱਖੇ ਗਏ ਰੋਸ ਮਾਰਚ 'ਤੇ ਜਾਣ ਲਈ ਰੂਪ ਰੇਖਾ ਤਿਆਰ ਕੀਤੀ ਗਈ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਬੀ.ਬੀ. ਐੱਮ. ਬੀ. ਵਿੱਚ ਪੰਜਾਬ ਦੀ ਮੈਂਬਰੀ ਕੱਟ ਕੇ ਸਾਰੇ ਪਾਣੀ ਦਾ ਕੰਟਰੋਲ ਆਪਣੇ ਹੱਥਾਂ ਵਿੱਚ ਕਰਨ ਬਾਰੇ ਪੰਜਾਬ ਸਰਕਾਰ ਦੀ ਚੁੱਪ ਇਹ ਸਾਬਤ ਕਰਦੀ ਹੈ ਕਿ ਉਸ ਦੀ ਕੇਂਦਰ ਨਾਲ ਮਿਲੀਭੁਗਤ ਹੈ। 15 ਮਈ ਦਾ ਚੰਡੀਗੜ੍ਹ ਵਿੱਚ ਰੋਸ ਪ੍ਰਦਰਸ਼ਨ ਦੱਸ ਦੇਵੇਗਾ ਕਿ ਪੰਜਾਬ ਦੇ ਕਿਸਾਨ ਰਾਜ ਨਾਲ ਧੱਕਾ ਬਰਦਾਸ਼ਤ ਨਹੀਂ ਕਰਨਗੇ ਭਾਵੇਂ ਉਹ ਚੰਡੀਗੜ੍ਹ ਪੰਜਾਬ ਤੋਂ ਖੋਹਣ ਦੀ ਗੱਲ ਹੋਵੇ ਜਾਂ ਸਾਡੇ ਪਾਣੀਆਂ ਦੀ ਗੱਲ ਹੋਵੇ। ਇਸ ਮੀਟਿੰਗ ਵਿੱਚ ਕਿਸਾਨ ਸੂਬਾ ਪ੍ਰਧਾਨ ਸੁਖਦੇਵ ਸਿੰਘ ਅਰਾਈਆਂਵਾਲਾ, ਜੱਗਾ ਸਿੰਘ ਨੰਗਲ, ਅੰਗਰੇਜ਼ ਸਿੰਘ ਸਾਹਿਬ ਸਿੰਘ, ਕਰਮ ਸਿੰਘ, ਹਰਵੇਲ ਸਿੰਘ, ਨਵਤੇਜ ਸਿੰਘ ਰਸੂਲਪੁਰ, ਮਲਕੀਤ ਸਿੰਘ, ਸ਼ਬੇਗ ਸਿੰਘ ਸੂਦਾਂ, ਜਗਤਾਰ ਸਿੰਘ, ਲਖਵਿੰਦਰ ਸਿੰਘ ਜੱਲੇਵਾਲਾ, ਮਹਿਲ ਸਿੰਘ, ਸੋਰਵ ਚੌਪੜਾ, ਪ੍ਰਦੀਪ ਗਰੋਵਰ, ਜੁਗਰਾਜ ਸਿੰਘ, ਸ਼ਿੰਗਾਰਾ ਸਿੰਘ ਮੋਚੀਵਾਲਾ, ਕੁਲਦੀਪ ਸਿੰਘ ਸਰਪੰਚ, ਕਾਬਲ ਸਿੰਘ ਲੱਖਨਪਾਲ ਆਦਿ ਹਾਜ਼ਰ ਸਨ।



# ਯੋਗੇਸ਼ ਗਰਗ ਨੇ ਘਣਸ਼ਾਮ ਕਾਂਸਲ ਨੂੰ ਦਿੱਤਾ ਸਮਰਥਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸ਼ਹਿਰ ਵਿੱਚ ਹੋ ਰਹੀਆਂ ਨਗਰ ਕੌਂਸਲ ਚੋਣਾਂ ਵਿੱਚ ਘਣਸ਼ਾਮ ਕਾਂਸਲ ਦੀ ਚੋਣ ਮੁਹਿੰਮ ਨੂੰ ਉਸ ਸਮੇਂ ਬਲ ਮਿਲਿਆ, ਜਦੋਂ ਵਾਰਡ ਨੰਬਰ 20 ਤੋਂ ਅਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਯੋਗੇਸ਼ ਗਰਗ ਨੇ ਅਨੁਭਵੀ ਨੇਤਾ ਘਣਸ਼ਾਮ ਕਾਂਸਲ ਦੇ ਹੱਕ ਵਿੱਚ ਚੋਣ ਮੈਦਾਨ 'ਚੋਂ ਹਟ ਗਏ ਅਤੇ ਸਿਰਫ਼ ਹਟੇ ਹੀ ਨਹੀਂ, ਸਗੋਂ ਸਮਾਜ ਕਲਿਆਣ ਤੇ ਇਲਾਕੇ ਦੇ ਵਿਕਾਸ ਲਈ ਇਕਸਾਥ ਆਉਣ ਦਾ ਐਲਾਨ ਵੀ ਕੀਤਾ।

ਹਰਮਨ ਦੇਵ ਬਾਜਵਾ ਘਣਸ਼ਾਮ ਕਾਂਸਲ ਨਾਲ ਯੋਗੇਸ਼ ਗਰਗ ਦੇ ਘਰ ਪਹੁੰਚੇ।ਉਨ੍ਹਾਂ ਵੱਲੋਂ ਯੋਗੇਸ਼ ਗਰਗ ਨੂੰ ਘਣਸ਼ਾਮ ਕਾਂਸਲ ਦੇ ਨਾਲ ਮਿਲ ਕੇ ਚੱਲਣ ਲਈ ਰਜ਼ਾਮੰਦ ਕੀਤਾ।ਯੋਗੇਸ਼ ਗਰਗ ਨੇ ਪਹੁੰਚੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਭਾਵੇਂ ਹਾਲਾਤ ਕੋਈ ਵੀ ਹੋਣ ਉਨ੍ਹਾਂ ਦੀ ਵਫਾਦਾਰੀ ਨਹੀਂ ਬਦਲੇਗੀ, ਸਗੋਂ ਉਹ ਅੱਜ ਜਿਥੇ ਖੜ ਗਏ ਉਥੇ ਹੀ ਖੜਾ ਰਹਿਣਗੇ।

# ਹਨੇਰੀ, ਝੱਖੜ ਨਾਲ ਨੁਕਸਾਨ 'ਚ ਸਭ ਦੇ ਨੁਕਸਾਨ ਦਾ ਖਿਆਲ ਕਰੇ ਸਰਕਾਰ : ਜਗਜੀਤ ਸਿੰਘ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**- ਪਿਛਲੇ ਦਿਨੀਂ ਤੇਜ਼ ਝੱਖੜ ਅਤੇ ਗੜੇਮਾਰੀ ਦੇ ਚੱਲਦਿਆਂ ਖੇਤੀਬਾੜੀ ਦਾ ਵੱਡਾ ਨੁਕਸਾਨ ਹੋਇਆ ਹੈ ਜਿਸ ਦਾ ਘਾਟਾ ਹਰ ਵਰਗ ਨੂੰ ਸਹਿਣਾ ਪਿਆ । ਇਸ ਗੱਲ ਦਾ ਪ੍ਰਗਟਾਵਾ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸੈਕਟਰੀ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਨੇ ਕੀਤਾ । ਉਹਨਾਂ ਖੇਤੀ ਵਿੱਚ ਹੋਏ ਨੁਕਸਾਨ ਵਾਲੇ ਪਿੰਡਾਂ ਦਾ ਦੌਰਾ ਕਰਦਿਆਂ ਕਿਹਾ ਕਿ ਕਿਸਾਨਾਂ ਅਤੇ ਉਹ ਮਜਦੂਰ ਜੋ ਠੇਕੇ ਉੱਪਰ ਜਮੀਨ ਲੈ ਕੇ ਸਬਜ਼ੀਆਂ ਆਦਿ ਉਗਾਉਣ ਦਾ ਕੰਮ ਕਰਦੇ ਹਨ ਉਹਨਾਂ ਲਈ ਇਹ ਕਰੋਪੀ ਅਸਹਿ ਹੈ । ਉਹਨਾਂ ਦੇਖਿਆ ਕਿ ਸਬਜ਼ੀਆਂ ਦੀਆਂ ਵੇਲਾਂ / ਵੱਟਾਂ ਸਭ ਕੁਝ ਤਬਾਹ ਹੋ ਗਿਆ ਹੈ। ਪਸ਼ੂਆਂ ਦੇ ਚਾਰੇ ਅਤੇ ਸਹਾਇਕ ਆਮਦਨ ਲਈ ਬੀਜੀ ਕਿਸਾਨ ਦੀ ਮੱਕੀ ਦੇ ਵੀ ਸਿਰਫ ਟਾਂਡੇ ਰਹਿ ਗਏ ਜੋ ਕਿ ਕਿਰਤੀ ਵਰਗ ਉੱਪਰ ਬਹੁਤ ਵੱਡੀ ਸੱਟ ਹੈ ।ਉਹਨਾਂ ਕਿਹਾ ਕਿ ਕਿਸਾਨ ਫਸਲੀ ਚੱਕਰ ਨੂੰ ਬਦਲਣ ਲਈ ਦੂਜੀਆਂ ਫਸਲਾਂ ਪੈਦਾ ਰਾਹ ਪਿਆ ਹੈ ਜਿਸ ਨਾਲ ਉਸਦੀ ਆਮਦਨ ਵਿੱਚ ਵਾਧਾ ਹੁੰਦਾ ਹੈ ਪਰ ਇਸ ਮੌਸਮ ਵਿੱਚ ਮੂੰਗੀ ਦੀ ਹਾਲਤ ਵੀ ਦੇਖਣ ਯੋਗ ਨਹੀਂ ਹੈ । ਮੀਹ ਦੀ ਇਸ ਤਬਾਹੀ ਨੇ ਸਭ ਖਤਮ ਦਿੱਤਾ ਹੈ । ਓਹਨਾ ਮੰਗ ਕੀਤੀ ਕਿ ਜਿੱਥੇ ਖ਼ਰਾਬ ਫਸਲ ਦੇ ਸਰਕਾਰ ਵੱਲੋਂ ਤੁਰੰਤ ਗਰਦਾਵਰੀ ਕਰਕੇ ਪੈਸੇ ਪਾਏ ਜਾਣ ਉਥੇ ਠੇਕੇ ਉੱਪਰ ਖੇਤ ਲੈ ਕੇ ਖੇਤੀ ਕਰਨ ਵਾਲਿਆਂ ਲਈ ਠੇਕੇ ਦੇ ਪੈਸੇ ਭਰਨ ਲਈ ਗ੍ਰਾਂਟ ਦਿੱਤੀ ਜਾਵੇ । ਇਸ ਮੌਕੇ ਓਹਨਾ ਨਾਲ ਸਰਬਜੀਤ ਸਿੰਘ ( ਕਿਸਾਨ ਆਗੂ), ਗੁਰਦਿੱਤ ਦੀਨਾ ਅਤੇ ਨਵਜੋਤ ਬਿਲਾਸਪੁਰ ਸ਼ਾਮਲ ਸਨ। ਉਹਨਾਂ ਕਿਹਾ ਕਿ ਲੋਕਾਂ ਦੇ ਘਰਾਂ ਦੀਆਂ ਛੱਤਾਂ, ਪਸ਼ੂਆਂ ਆਦਿ ਦੇ ਸ਼ੈਡ ਟੁੱਟ ਗਏ ਹਨ । ਪਸ਼ੂਆਂ ਆਦਿ ਦੀਆਂ ਮੌਤਾਂ ਵੀ ਹੋਈਆਂ ਹਨ । ਸਰਕਾਰ ਨੂੰ ਲੋਕਾਂ ਦੀ ਵੀ ਸਾਰ ਲੈਣੀ ਚਾਹੀਦੀ ਹੈ । ਅਸੀਂ ਇਹ ਮੰਗ ਕਰਦੇ ਹਾਂ ਕਿ ਬਿਨਾਂ ਕਿਸੇ ਭੇਦਭਾਵ ਦੇ ਹਰ ਤਰ੍ਹਾਂ ਦੇ ਨੁਕਸਾਨ ਦਾ ਜਾਇਜ਼ਾ ਲੈ ਕੇ ਲੋਕਾਂ ਨੂੰ ਬਣਦਾ ਹੱਕ ਜਲਦ ਤੋਂ ਜਲਦ ਦਿੱਤਾ ਜਾਵੇ ।



# ਆਊਟਸੋਰਸਿੰਗ ਕਾਮਿਆਂ ਨੂੰ ਵਿਭਾਗੀ ਰੋਲ 'ਤੇ ਲਿਆ ਜਾਵੇ

## ਪੈਸਕੋ ਤੇ ਹੋਰ ਏਜੰਸੀਆਂ ਦੇ ਵਰਕਰਾਂ ਲਈ ਇਨਸਾਫ਼ ਦੀ ਗੁਹਾਰ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) 1680 ਸੈਕਟਰ 22-ਬੀ, ਚੰਡੀਗੜ੍ਹ ਨੇ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਦੀ ਮੈਨੇਜਮੈਂਟ ਤੋਂ ਪਾਵਰਕਾਮ ਅਤੇ ਟ੍ਰਾਂਸਕੋ ਵਿੱਚ ਆਊਟਸੋਰਸਿੰਗ ਅਧੀਨ ਕੰਮ ਕਰਦੇ ਸਮੂਹ ਕਾਮਿਆਂ ਨੂੰ ਤੁਰੰਤ ਵਿਭਾਗੀ ਰੋਲ 'ਤੇ ਲੈਣ ਦੀ ਪੁਰਜ਼ੋਰ ਮੰਗ ਕੀਤੀ ਹੈ।ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਅਤੇ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਵੱਖ-ਵੱਖ ਨਿੱਜੀ ਏਜੰਸੀਆਂ ਰਾਹੀਂ ਠੇਕੇ 'ਤੇ ਕੰਮ ਕਰ ਰਹੇ ਇਨ੍ਹਾਂ ਕਾਮਿਆਂ ਦਾ ਲੰਬੇ ਸਮੇਂ ਤੋਂ ਆਰਥਿਕ ਸ਼ੋਸ਼ਣ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਮੈਨੇਜਮੈਂਟ ਇਨ੍ਹਾਂ ਕਾਮਿਆਂ ਨੂੰ ਸਿੱਧਾ ਆਪਣੇ ਰੋਲ 'ਤੇ ਲੈ ਲੈਂਦੀ ਹੈ, ਤਾਂ ਇਸ ਨਾਲ ਨਾ ਸਿਰਫ਼ ਘਿਨਾਉਣੀ ਠੇਕੇਦਾਰੀ ਪ੍ਰਥਾ ਦਾ ਖ਼ਾਤਮਾ ਹੋਵੇਗਾ, ਸਗੋਂ ਕਾਮਿਆਂ ਦੇ ਸਿਰ 'ਤੇ ਹਮੇਸ਼ਾ ਲਟਕਦੀ ਰੁਜ਼ਗਾਰ ਖੁੱਸਣ ਦੀ ਤਲਵਾਰ ਵੀ ਹਟ ਜਾਵੇਗੀ। ਆਗੂਆਂ ਨੇ ਯਾਦ ਦਿਵਾਇਆ ਕਿ ਪਾਵਰਕਾਮ ਮੈਨੇਜਮੈਂਟ ਨੇ ਪਿਛਲੇ ਦਿਨੀਂ 5993 ਸੀ.ਐਚ.ਬੀ. (382) ਕਾਮਿਆਂ ਨੂੰ ਵਿਭਾਗੀ ਰੋਲ 'ਤੇ ਲੈ ਕੇ ਇੱਕ ਚੰਗੀ ਸ਼ੁਰੂਆਤ ਕੀਤੀ ਹੈ।ਬਰਾਬਰਤਾ ਦਾ ਹੱਕ: ਪੈਸਕੋ ਅਤੇ ਹੋਰ ਨਿੱਜੀ ਏਜੰਸੀਆਂ ਰਾਹੀਂ ਪਿਛਲੇ 15-15 ਸਾਲਾਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਬਾਕੀ ਕਾਮਿਆਂ ਨਾਲ ਵੀ ਉਹੀ ਨੀਤੀ ਅਪਣਾਈ ਜਾਵੇ।ਨਿੱਜੀ ਕੰਪਨੀਆਂ ਵੱਲੋਂ ਕਾਮਿਆਂ ਦੀ ਮਿਹਨਤ ਦੀ ਕੀਤੀ ਜਾ ਰਹੀ ਲੁੱਟ ਨੂੰ ਬੰਦ ਕਰਕੇ ਉਨ੍ਹਾਂ ਨੂੰ ਬਣਦਾ ਇਨਸਾਫ਼ ਦਿੱਤਾ ਜਾਵੇ।ਆਗੂਆਂ ਨੇ ਅਖੀਰ ਵਿੱਚ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਸਰਕਾਰ ਨੂੰ ਇਨ੍ਹਾਂ ਮਿਹਨਤਕਸ਼ ਕਾਮਿਆਂ ਦੇ ਮਸਲੇ ਦਾ ਪੱਕਾ ਹੱਲ ਜਲਦੀ ਤੋਂ ਜਲਦੀ ਕਰਨਾ ਚਾਹੀਦਾ ਹੈ ਤਾਂ ਜੋ ਉਹ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਵਿੱਚੋਂ ਬਾਹਰ ਨਿਕਲ ਸਕਣ।



## ਐਮ ਡੀ ਬੀ ਗਰੁੱਪ ਵੱਲੋਂ ਸ੍ਰੀ ਭਗਤ ਮਾਲ ਕਥਾ ਸਮਾਗਮ ਦੀ ਸ਼ੁਰੂਆਤ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**- ਰੀਅਲ ਅਸਟੇਟ ਦੀ ਨਾਮੀ ਕੰਪਨੀ ਐਮ ਡੀ ਬੀ ਗਰੁੱਪ ਵੱਲੋਂ ਸ਼ਹਿਰ ਦੇ ਜਾਖਲ ਰੋਡ ਉੱਤੇ ਨਵੇਂ ਸ਼ੁਰੂ ਕੀਤੇ ਗਏ ਪ੍ਰੋਜੈਕਟ ਦੀ ਰਸਮੀ ਸ਼ੁਰੂਆਤ ਕਰਨ ਲਈ ਤਿੰਨ ਰੋਜ਼ਾ ਕੀਤੇ ਜਾ ਰਹੇ ਧਾਰਮਿਕ ਪ੍ਰੋਗਰਾਮ ਦੌਰਾਨ ਕਥਾ ਸਮਾਗਮ ਦੀ ਸ਼ੁਰੂਆਤ ਕੀਤੀ ਗਈ। ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਸੁਰਿੰਦਰ ਬਾਂਸਲ ਅਤੇ ਪੰਕਜ ਬਾਂਸਲ ਅਤੇ ਸ਼ੰਮੀ ਬਾਂਸਲ ਦੀ ਦੇਖਰੇਖ ਹੇਠ ਕੀਤੇ ਜਾ ਰਹੇ ਇਸ ਸਮਾਗਮ ਦੌਰਾਨ ਪ੍ਰਸਿੱਧ ਭਜਨ ਸਮਰਾਟ ਬਾਬਾ ਸ਼੍ਰੀ ਚਿੱਤਰ ਵਿਚੱਤਰ ਬਿਹਾਰੀ ਦਾਸ ਜੀ ਮਹਾਰਾਜ ਵੱਲੋਂ ਸ੍ਰੀ ਭਗਤ ਮਾਲ ਕਥਾ ਕੀਤੀ ਗਈ। ਇਸ ਦੌਰਾਨ ਉਹਨਾਂ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਰੱਬ ਦੀ ਭਗਤੀ ਦਾ ਸਭ ਤੋਂ ਅਹਿਮ ਸਥਾਨ ਹੈ ਇਸ ਤੋਂ ਬਿਨਾਂ ਨਾ ਤਾਂ ਮਨੁੱਖ ਚੰਗਾ ਖੁਸ਼ਹਾਲ ਜੀਵਨ ਜੀਅ ਸਕਦਾ ਹੈ ਅਤੇ ਨਾ ਹੀ ਖੁਸ਼ ਰਹਿ ਸਕਦਾ ਹੈ। ਇਸ ਦੌਰਾਨ ਜਾਣਕਾਰੀ ਦਿੰਦਿਆਂ ਐਮ ਡੀ ਪੰਕਜ ਬਾਂਸਲ ਨੇ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਐਮ ਡੀ ਬੀ ਵੱਲੋਂ ਤਿਆਰ ਕੀਤੇ ਗਏ 250 ਤੋਂ ਵੱਧ ਨਾਮੀ ਕੰਪਨੀਆਂ ਵੱਲੋਂ ਆਪਣੇ ਸ਼ੋਰੂਮ ਖੋਲੇ ਜਾਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨੈਨਸੀ ਬਾਂਸਲ, ਸੋਫੀਆ ਬਾਂਸਲ , ਨਿਧੀ ਬਾਂਸਲ, ਪੁਰਸ਼ੋਤਮ ਸਿੰਗਲਾ, ਅਸ਼ਵਨੀ ਕੁਮਾਰ ਬੇਕਰੀ, ਅਜੈ ਕੁਮਾਰ ਗਰਗ ਅਜੇ ਸਿੰਗਲਾ, ਸੁਰਿੰਦਰ ਕੁਮਾਰ ਪੈਂਦ ਆਦਿ ਹਾਜ਼ਰ ਸਨ।



# ਸੰਧਵਾਂ ਨੇ ਲੋਕ ਮਿਲਣੀ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪਿੰਡ ਟਹਿਣਾ ਅਤੇ ਪਾਰਟੀ ਦਫਤਰ ਕੋਟਕਪੂਰਾ ਵਿਖੇ ਲੋਕ ਮਿਲਣੀ ਕੀਤੀ ਗਈ, ਜਿਸ ਦੌਰਾਨ ਉਨ੍ਹਾਂ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦੀਆਂ ਮੁਸ਼ਕਲਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ।ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਸਮੇਂ ਸਿਰ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਸੰਧਵਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਲੋਕਾਂ ਦੇ ਕੰਮ ਨਿਰਧਾਰਤ ਸਮੇਂ ਅੰਦਰ ਤਰਜੀਹ ਦੇ ਆਧਾਰ 'ਤੇ ਕੀਤੇ ਜਾਣ ਅਤੇ ਕਿਸੇ ਵੀ ਵਿਅਕਤੀ ਨੂੰ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਲੋਕ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ ਅਤੇ ਸਰਕਾਰੀ ਕੰਮਾਂ ਵਿੱਚ ਪੂਰੀ ਪਾਰਦਰਸ਼ਤਾ ਬਰਕਰਾਰ ਰੱਖੀ ਜਾਵੇ।



# 10ਵੀਂ ਜਮਾਤ 'ਚੋਂ ਪੰਜਾਬ 'ਚ ਪਹਿਲਾ ਸਥਾਨ ਪ੍ਰਾਪਤ ਕਰਨ 'ਤੇ ਹਰਲੀਨ ਸ਼ਰਮਾ ਦਾ ਸਨਮਾਨ

**ਜੈਤੋ (ਸਤੀਸ਼ ਕੁਮਾਰ ਭੀਰੀ)** ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਵੱਲੋਂ 10ਵੀਂ ਜਮਾਤ ਦੀ ਪੰਜਾਬ ਭਰ 'ਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਤੇ ਹਰਲੀਨ ਸ਼ਰਮਾ ਦਾ ਅਤੇ ਮੈਰਿਟ ਵਿੱਚ ਆਉਣ ਵਾਲੀਆਂ ਤਿੰਨੋਂ ਵਿਦਿਆਰਥਣਾਂ ਅਵਨੀਤ ਕੌਰ, ਏਕਮਦੀਪ ਕੌਰ, ਸਿਮਰਨਜੀਤ ਕੌਰ ਤੇ 95 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਲਈ ਸਨਮਾਨ ਸਮਾਰੋਹ ਦਾ ਆਯੋਜਨ ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਕੀਤਾ ਗਿਆ। ਸਕੂਲ ਦੀ ਪ੍ਰਬੰਧਕੀ ਕਮੇਟੀ ਸਰਪ੍ਰਸਤ ਪਵਨ ਕੁਮਾਰ ਗੋਇਲ, ਪ੍ਰਧਾਨ ਰਾਕੇਸ਼ ਰੋਮਾਨਾ, ਮੀਤ ਪ੍ਰਧਾਨ ਰਮੇਸ਼ ਵਰਮਾ, ਸਕੱਤਰ ਮਦਨ ਲਾਲ ਗੋਇਲ, ਮੈਨੇਜ਼ਰ ਦਿਨੇਸ਼ ਗੋਇਲ, ਖਜ਼ਾਨਚੀ ਅਨਿਲ ਬਾਂਸਲ, ਸਹਿ ਸਕੱਤਰ ਪੰਕਜ ਸਿੰਗਲਾ, ਡਿਪਟੀ ਮੈਨੇਜ਼ਰ ਮੁਕੇਸ਼ ਗੋਇਲ ਸਾਲਸੀ ਬੋਰਡ ਦੇ ਚੇਅਰਮੈਨ ਪ੍ਰਸ਼ੋਤਮ ਸਿੰਗਲਾ, ਮੈਂਬਰਜ਼ ਸਾਹਿਲ ਮਿੱਤਲ, ਅਸ਼ੋਕ ਤਾਇਲ, ਦਿਪਾਂਸ਼ੂ ਗੋਇਲ, ਰਿੰਕੂ ਬਾਂਸਲ, ਵਰੁਨ ਲੋਹੀਆ ਅਤੇ ਸੰਜੀਵ ਕੁਮਾਰ ਬਾਂਸਲ ਆਪਣੇ ਪਰਵਾਰ ਦੇ ਮੈਂਬਰਾਂ ਸਮੇਤ ਪਹੁੰਚੇ ਹੋਏ ਸਨ। ਸਾਰੇ ਸ਼ਹਿਰ 'ਚੋਂ ਰੋਡ ਸ਼ੋਅ ਕਰਦਿਆਂ ਹੋਇਆ ਕਾਫ਼ਲਾ ਸਕੂਲ ਵਿੱਚ ਪਹੁੰਚਿਆ। ਸਕੂਲ ਪਹੁੰਚਣ 'ਤੇ ਮਾਂ ਸਰਸਵਤੀ ਦਾ ਅਸ਼ੀਰਵਾਦ ਲਿਆ ਗਿਆ।ਫਿਰ ਵਿਦਿਆਰਥੀਆਂ ਦਾ ਫੁੱਲਾਂ ਦੇ ਹਾਰ ਪਾ ਕੇ ਤੇ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਹਰਲੀਨ ਸ਼ਰਮਾ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਲੜਕੀ ਨੂੰ 51000 ਦੇ ਚੈੱਕ ਨਾਲ, ਮੈਰਿਟ ਵਿੱਚੋਂ ਆਉਣ ਵਾਲੀਆਂ ਤਿੰਨੋਂ ਵਿਦਿਆਰਥਣਾਂ ਨੂੰ 5100-5100 ਅਤੇ 95 ਪ੍ਰਤੀਸ਼ਤ ਤੋਂ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 1100—1100 ਰੁਪਏ ਨਕਦ ਇਨਾਮ ਨਾਲ ਸਨਮਾਨ ਕੀਤਾ ਗਿਆ।ਇਸ ਤੋਂ ਇਲਾਵਾ ਪਿੰਕ ਫੋਕਸ ਤੇ ਕੇਕ ਦਾ ਪ੍ਰਬੰਧ ਯਸ਼ੀਕਾ ਤੇ ਹਿਮਾਸ਼ੂ ਜਿੰਦਲ ਵੱਲੋਂ ਕੀਤਾ ਗਿਆ। ਵਿਦਿਆਰਥੀਆਂ ਨੂੰ ਪੜ੍ਹਾਉਣ ਵਾਲੇ ਅਧਿਆਪਕ ਸਾਹਿਬਾਨਾਂ ਤੇ ਪ੍ਰਿੰਸੀਪਲ ਕੁਸਮ ਕਾਲੜਾ ਦਾ ਵੀ ਸਨਮਾਨ ਕੀਤਾ ਗਿਆ। ਬੁਕਸ ਸੇਲਰ ਐਸੋਸੀਏਸ਼ਨ ਵੱਲੋਂ ਵੀ 5100 ਨਕਦ ਰੁਪਏ ਤੇ ਤੋਹਫਿਆਂ ਨਾਲ ਵਿਦਿਆਰਥਣਾਂ ਦਾ ਸਨਮਾਨ ਕੀਤਾ ਗਿਆ।




**PUNJAB NATIONAL BANK**
B/O:- Machhiwara. DISTT. LUDHIANA, Punjab. Email:-bo814102@pnb.co.in

**( ਰੂਲ-8 (1) ) ਕਬਜ਼ਾ ਨੋਟਿਸ (ਚੱਲ-ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਮਾਛੀਵਾੜਾ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ ਭੌਤਿਕ/ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਮਾਛੀਵਾੜਾ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) : ਸ੍ਰੀ ਮਨਪ੍ਰੀਤ ਸਿੰਘ ਪੁੱਤਰ ਸ੍ਰੀ ਨਰਿੰਦਰ ਪਾਲ ਸਿੰਘ # ਪਿੰਡ ਗਾਹਰੀ ਬੇਟ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ | 1. ਹਾਈਪੋਥੀਕੇਸ਼ਨ ਟਰੈਕਟਰ , ਰਜਿਸਟਰੇਸ਼ਨ ਨੰ. ਪੀ ਬੀ -43-ਐੱਚ-2513, ਰੰਗ ਨੀਲਾ ਤੇ ਕਾਲਾ, ਚੈਸੀ ਨੰ. NHN36300ZSA724142, ਇੰਜਣ ਨੰ. 475157DX 2. (ਏ) KSA 759 ਸਟਰਾਅ ਰੀਪਰ (ਬੀ) ਟਰਾਲੀ (ਸੀ) ਪਟੈਟੋ ਪਲਾਂਟਰ | 05.03.2026 | 13.05.2026 | ਸੰਕੇਤਕ ਕਬਜ਼ਾ / ਰੁਪਏ 19,44,701.34/- (ਉੱਨੀ ਲੱਖ ਚੁਤਾਲੀ ਹਜ਼ਾਰ ਸੱਤ ਸੌ ਇੱਕ ਰੁਪਏ ਅਤੇ ਚੌਂਤੀ ਪੈਸੇ ਕੇਵਲ) 28/2/2026 |

ਨੂੰ ਸਮੇਤ ਮੁਕੰਮਲ ਅਦਾਇਗੀ ਤੱਕ ਭਵਿੱਖੀ ਵਿਆਜ ਤੇ ਅਚਾਨਕ ਖਰਚੇ

ਮਿਤੀ : 13.05.2026 ਸਥਾਨ : ਮਾਛੀਵਾੜਾ ਅਧਿਕਾਰਤ ਅਫਸਰ


# ਇਮਾਨਦਾਰ ਤੇ ਸਾਫ਼-ਸੁਥਰੇ ਅਕਸ ਵਾਲੇ ਉਮੀਦਵਾਰਾਂ ਨੂੰ ਚੁਣਨ ਲਈ ਮੁਹਿੰਮ ਚਲਾਉਣ ਦਾ ਫੈਸਲਾ

## ਪੈਂਫਲਿਟਾਂ, ਪੋਸਟਰਾਂ ਤੇ ਬੈਨਰਾਂ ਰਾਹੀਂ ਸ਼ਹਿਰ ਵਾਸੀਆਂ ਨੂੰ ਚੇਤੰਨ ਕਰਾਂਗੇ : ਐਡਵੋਕੇਟ ਦਲਿਓ

**ਬੁਢਲਾਡਾ (ਅਸ਼ੋਕ ਲਾਕੜਾ)** – ਨਗਰ ਸੁਧਾਰ ਸਭਾ ਬੁਢਲਾਡਾ ਨੇ ਨਗਰ ਕੌਂਸਲ ਦੀਆਂ 26 ਮਈ ਨੂੰ ਹੋ ਰਹੀਆਂ ਚੋਣਾਂ ਵਿੱਚ ਆਪਣੀ ਰਣਨੀਤੀ ਦਾ ਐਲਾਨ ਕਰਦਿਆਂ ਫੈਸਲਾ ਕੀਤਾ ਹੈ ਕਿ ਸੰਸਥਾ ਵੱਲੋਂ ਭ੍ਰਿਸ਼ਟਾਚਾਰ ਵਿੱਚ ਲਿਪਤ ਅਤੇ ਲੋਕਾਂ ਦੀ ਉਮੀਦਾਂ 'ਤੇ ਖਰਾ ਨਾ ਉਤਰਨ ਵਾਲੇ ਉਮੀਦਵਾਰਾਂ ਨੂੰ ਲੋਕਾਂ ਦੀ ਕਚਹਿਰੀ ਵਿੱਚ ਨੰਗਾ ਕੀਤਾ ਜਾਵੇਗਾ ਅਤੇ ਇਸ ਸਬੰਧੀ ਨਗਰ ਸੁਧਾਰ ਸਭਾ ਪੈਂਫਲਿਟ, ਪੋਸਟਰਾਂ ਅਤੇ ਬੈਨਰਾਂ ਰਾਹੀਂ ਸ਼ਹਿਰ ਦੇ ਸਾਰੇ ਵਾਰਡਾਂ ਦੇ ਵੋਟਰਾਂ ਨੂੰ ਅਪੀਲ ਕਰੇਗੀ ਕਿ ਸਾਫ਼ ਸੁਥਰੇ ਅਕਸ ਵਾਲੇ ਇਮਾਨਦਾਰ ਉਮੀਦਵਾਰਾਂ ਨੂੰ ਚੁਣਿਆ ਜਾਵੇ। ਨਗਰ ਸੁਧਾਰ ਸਭਾ ਬੁਢਲਾਡਾ ਦੀ ਆਗੂ ਟੀਮ ਦੀ ਮੀਟਿੰਗ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਹਰਦਿਆਲ ਸਿੰਘ ਦਾਤੇਵਾਸ ਨੇ ਕੀਤੀ।ਮੀਟਿੰਗ ਦੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਕੁਆਰਡੀਨੇਟਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਦੱਸਿਆ ਕਿ ਨਗਰ ਕੌਂਸਲ ਦੇ ਚੁਣੇ ਕੌਂਸਲਰਾਂ ਦੀ ਕਾਰਗੁਜ਼ਾਰੀ ਦਾ ਤਜਰਬਾ ਦਰਸਾਉਂਦਾ ਹੈ ਕਿ ਪੂਰੇ ਪੰਜ ਸਾਲ ਭ੍ਰਿਸ਼ਟਾਚਾਰ ਅਤੇ ਸ਼ਹਿਰ ਨੂੰ ਬੁਨਿਆਦੀ ਸਹੂਲਤਾਂ ਸਬੰਧੀ ਕਿਸੇ ਇੱਕ ਵੀ ਕੌਂਸਲਰ ਨੇ ਕੋਈ ਸਟੈਂਡ ਨਹੀਂ ਲਿਆ। ਥਾਂ ਥਾਂ ਗੰਦਗੀ ਦੇ ਕੂੜੇ ਦੇ ਢੇਰ ਲੱਗੇ ਰਹੇ। ਨਗਰ ਕੌਂਸਲ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਰਿਹਾ। ਪੀਣ ਦੇ ਪਾਣੀ ਵਿੱਚ ਗੰਦੇ ਪਾਣੀ ਦੀ ਸਪਲਾਈ ਜਾਰੀ ਰਹੀ। ਚੋਰੀਆਂ, ਲੁੱਟਾਂ ਖੋਹਾਂ ਅਤੇ ਨਸ਼ਿਆਂ ਦੀਆਂ ਘਟਨਾਵਾਂ ਵਿੱਚ ਬੇਸ਼ੁਮਾਰ ਵਾਧਾ ਹੋਇਆ ਹੈ। ਮੀਟਿੰਗ ਵਿੱਚ ਇਸ ਗੱਲ ਨੂੰ ਨੋਟ ਕੀਤਾ ਗਿਆ ਕਿ ਨਗਰ ਕੌਂਸਲ ਦੇ ਪ੍ਰਧਾਨ ਪਦ 'ਤੇ ਪੂਰੇ ਪੰਜ ਸਾਲ ਰਹੇ ਪ੍ਰਧਾਨ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਕੁੱਝ ਐਮ.ਸੀ.ਸਾਹਿਬਾਨ ਅਤੇ ਸੱਤਾਧਾਰੀ ਧਿਰ ਦੇ ਆਗੂਆਂ ਉੱਪਰ ਲੁੱਟਣ, ਕੁੱਟਣ ਅਤੇ ਝੂਠੇ ਕੇਸ ਮੜ੍ਹਨ ਦੇ ਕਥਿਤ ਦੋਸ਼ ਲਾਏ ਹਨ ਪ੍ਰੰਤੂ ਹਾਲਾਂ ਤੱਕ ਇਸ ਸਬੰਧੀ ਕਿਸੇ ਐਮ.ਸੀ. ਜਾਂ ਆਗੂ ਨੇ ਸਪੱਸ਼ਟੀਕਰਨ ਨਹੀਂ ਦਿੱਤਾ। ਐਡਵੋਕੇਟ ਦਲਿਓ ਨੇ ਕਿਹਾ ਕਿ ਮੀਟਿੰਗ ਵਿੱਚ ਨੋਟ ਕੀਤਾ ਗਿਆ ਕਿ ਪਿਛਲੇ ਸਮੇਂ ਵੋਟਾਂ ਲੈਣ ਸਮੇਂ 'ਮੇਰਾ ਵਾਰਡ-ਮੇਰਾ ਪਰਵਾਰ' ਦੇ ਦਾਅਵੇ ਕਰਨ ਵਾਲੇ ਪੂਰੇ ਪੰਜ ਸਾਲ ਕਿਤੇ ਨਜ਼ਰ ਨਹੀਂ ਆਏ। ਉਨ੍ਹਾਂ ਆਖੀਰ ਵਿੱਚ ਸ਼ਹਿਰ ਨਿਵਾਸੀਆਂ ਤੋਂ ਪੂਰਨ ਸਹਿਯੋਗ ਦੀ ਅਪੀਲ ਕਰਦਿਆਂ ਨਗਰ ਸੁਧਾਰ ਸਭਾ ਬੁਢਲਾਡਾ ਦਾ ਸਾਥ ਦੇਣ ਦੀ ਮੰਗ ਕੀਤੀ ਹੈ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰੇਮ ਸਿੰਘ ਦੋਦੜਾ, ਸਤਪਾਲ ਸਿੰਘ ਕਟੌਦੀਆ, ਜਰਨੈਲ ਸਿੰਘ ਸੰਧੂ ਮਿਸਤਰੀ, ਰਾਜਿੰਦਰ ਸਿੰਘ ਸੋਨੂੰ ਕੋਹਲੀ ਮਾਸਟਰ ਰਘੂਨਾਥ ਸਿੰਗਲਾ, ਰਾਮ ਗੋਪਾਲ ਆਦਿ ਮੌਜੂਦ ਸਨ।



# ਜੋਗਿੰਦਰ ਸਿੰਘ ਨਮਿਤ ਅੰਤਿਮ ਅਰਦਾਸ ਮੌਕੇ ਵੱਖ ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ



**ਮਮਦੋਟ (ਜਸਬੀਰ ਸਿੰਘ ਕੰਬੋਜ)**- ਸੀਨੀਅਰ ਕਾਂਗਰਸੀ ਆਗੂ ਸੁਖਵਿੰਦਰ ਸਿੰਘ ਸੁੱਖਾ ਅਤੇ ਗੁਰਵਿੰਦਰ ਸਿੰਘ ਨੱਢਾ ਦੇ ਪਿਤਾ ਸਰਦਾਰ ਜੋਗਿੰਦਰ ਸਿੰਘ ਵਾਸੀ ਪਿੰਡ ਜੋਧਪੁਰ ਜੋ ਕਿ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ , ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਸਿਆਸੀ ਆਗੂਆਂ, ਕਿਸਾਨ ਜਥੇਬੰਦੀਆਂ ਦੇ ਆਗੂਆਂ, ਰਿਸ਼ਤੇਦਾਰਾਂ ਅਤੇ ਸਾਕ ਸਨੇਹੀਆਂ ਵੱਲੋਂ ਉਹਨਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਹ ਕਿਸਾਨ ਆਗੂ ਬਲਕਾਰ ਸਿੰਘ ਜੋਧਪੁਰ ( ਬਲਾਕ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ) ਦੇ ਵੱਡੇ ਭਰਾਤਾ ਸਨ। ਗੁਰਦੁਆਰਾ ਢਾਹਬਸਰ ਕਰੀ ਕਲਾਂ ਵਿਖੇ ਦੀਵਾਨ ਹਾਲ ਦੇ ਸਜੇ ਪੰਡਾਲ ਵਿੱਚ ਰਾਗੀ ਜਥੇ ਵੱਲੋਂ ਵੈਰਾਗਮਈ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅਰਦਾਸ ਉਪਰੰਤ ਕਿਸਾਨ ਆਗੂ ਜਗੀਰ ਸਿੰਘ ਖਹਿਰਾ, ਅਮਰਦੀਪ ਸਿੰਘ ਆਸ਼ੂ ਬੰਗੜ ਇੰਚਾਰਜ (ਕਾਂਗਰਸ ) ਹਲਕਾ ਫਿਰੋਜ਼ਪੁਰ ਦਿਹਾਤੀ, ਗੁਰਮੀਤ ਸਿੰਘ ਮੱਲੂ ਵਾਲਾ ਜਿਲਾ ਜਨਰਲ ਸਕੱਤਰ ਕਾਂਗਰਸ ਕਮੇਟੀ ਫਿਰੋਜ਼ਪੁਰ ਅਤੇ ਜਸਮੇਲ ਸਿੰਘ ਲਾਡੀ ਗਹਿਰੀ ਸਾਬਕਾ ਮੈਂਬਰ ਜਿਲ੍ਹਾ ਪ੍ਰੀਸ਼ਦ ਫਿਰੋਜ਼ਪੁਰ ਵੱਲੋਂ ਓਹਨਾ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਆਸ਼ੂ ਬੰਗੜ ਲਾਡੀ ਗਹਿਰੀ ਤੇ ਹੋਰ ਆਗੂਆਂ ਨੇ ਕਿਹਾ ਕਿ ਸ ਜੋਗਿੰਦਰ ਸਿੰਘ ਨੰਢਾ ਦੇ ਅਕਾਲ ਚਲਾਣ ਨਾਲ ਪਾਰਟੀ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ । ਇਸ ਮੌਕੇ ਹਰਪਾਲ ਸੋਢੀ ਬਲਾਕ ਪ੍ਰਧਾਨ ਮਮਦੋਟ (ਕਾਂਗਰਸ ) ,ਪੁਸ਼ਪਿੰਦਰ ਸਿੰਘ ਸਾਹਨ ਕੇ ਬਲਾਕ ਪ੍ਰਧਾਨ ਸ਼ਹਿਰੀ (ਕਾਂਗਰਸ ) ਮਮਦੋਟ,ਕਿਸਾਨ ਆਗੂ ਹਰਬੰਸ ਸਿੰਘ ਜੋਸਨ, ਕੁਲਵੰਤ ਸਿੰਘ ਜੋਸਨ, ਬਲਕਾਰ ਸਿੰਘ ਸ਼ੇਖੂਪੁਰੀਆ ਸਰਪੰਚ ਪਿੰਡ ਜੋਧਪੁਰ, ਆਪ ਆਗੂ ਦਰਸ਼ਨ ਸਿੰਘ, ਗੁਰਭੇਜ ਸਿੰਘ ਖਾਰਾ ਸਾਬਕਾ ਸਰਪੰਚ ਪਿੰਡ ਕਾਲਾ ਟਿੱਬਾ,ਜਸਬੀਰ ਸਿੰਘ ਮਹੀਰੋਕ, ਬਗੀਚਾ ਸਿੰਘ ਪੀਰ ਖਾਂ ਸ਼ੇਖ, ਸੰਦੀਪ ਨਾਰੰਗ ਮਮਦੋਟ, ਕਿਸਾਨ ਆਗੂ ਜੁਗਰਾਜ ਸਿੰਘ ਗੱਟੀ, ਰਿੰਕੂ ਕੜ੍ਹਮਾਂ ਅਤੇ ਹਰਜੀਤ ਸਿੰਘ ਗੱਟੀ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਭਰ ਦੇ ਲੋਕ ਹਾਜਰ ਸਨ।


**PUNJAB NATIONAL BANK**
B/O:- Machhiwara. DISTT. LUDHIANA, Punjab. Email:-bo814102@pnb.co.in

**( ਰੂਲ-8 (1) ) ਕਬਜ਼ਾ ਨੋਟਿਸ (ਅੱਚਲ-ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਮਾਛੀਵਾੜਾ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ ਭੌਤਿਕ/ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਮਾਛੀਵਾੜਾ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| 1. (ਕਰਜ਼ਦਾਰ) :- ਅਰੁਨ ਮਨਚੰਦਾ ਪੁੱਤਰ ਸ੍ਰੀ ਕੇਵਲ ਕੁਮਾਰ # ਮਕਾਨ ਨੰ. 1146, ਮੀਆਂ ਮੁਹੱਲਾ, ਮਾਛੀਵਾੜਾ ਖਾਸ, ਮਾਛੀਵਾੜਾ, ਤਹਿ. ਸਮਰਾਲਾ, ਜ਼ਿਲ੍ਹਾ ਲੁਧਿਆਣਾ। 2. (ਸਹਿ-ਕਰਜ਼ਦਾਰ) :-ਸ੍ਰੀਮਤੀ ਸੁਮਨ ਰਾਣੀ ਪਤਨੀ ਸ੍ਰੀ ਕੇਵਲ ਕੁਮਾਰ # ਮਕਾਨ ਨੰ. 1146, ਮੀਆਂ ਮੁਹੱਲਾ, ਮਾਛੀਵਾੜਾ ਖਾਸ, ਮਾਛੀਵਾੜਾ, ਤਹਿ. ਸਮਰਾਲਾ, ਜ਼ਿਲ੍ਹਾ ਲੁਧਿਆਣਾ। | ਇਕੁਟੇਬਲ ਮਾਰਟਗੇਜ਼, ਰਿਹਾਇਸ਼ੀ ਅੱਚਲ ਕੁਲ ਜਾਇਦਾਦ 0 ਕਨਾਲ 4 ਮਰਲਾ ਕੁੱਲ ਜ਼ਮੀਨ 27 ਕਨਾਲ 12 ਮਰਲੇ ਦਾ 1/138 ਹਿੱਸਾ, ਖੇਵਟ ਨੰ. 259, ਖਤੌਨੀ ਨੰ. 295, ਮੁਸਤਿਲ ਨੰ. 122// ਕਿਲਾ ਨੰ. 18/1 (5-0), 21/2 (6-12), 22 (8-0), 23 (8-0) ਜਮ੍ਹਾਂਬੰਦੀ ਸਾਲ 2016-2017 ਅਨੁਸਾਰ ਹਦਬਸਤ ਨੰ. 75, ਪਤਾ ਮਾਛੀਵਾੜਾ-1, ਅਬਾਦੀ ਬੀ ਐੱਸ ਨਗਰ, ਸਬ-ਤਹਿਸੀਲ ਮਾਛੀਵਾੜਾ, ਤਹਿਸੀਲ ਸਮਰਾਲਾ ਤੇ ਜ਼ਿਲ੍ਹਾ ਲੁਧਿਆਣਾ ਅਨੁਸਾਰ ਬੈਨਾਮਾ ਵਸੀਕਾ ਨੰ. 2018-19/110/1/556 ਮਿਤੀ 22.11.2018 ਅਰੁਨ ਮਨਚੰਦਾ ਪੁੱਤਰ ਸ੍ਰੀ ਕੇਵਲ ਕੁਮਾਰ ਦੇ ਨਾਂਅ। | 05.03.2026 | 13.05.2026 | ਸੰਕੇਤਕ ਕਬਜ਼ਾ / ਰੁਪਏ, 16,50,245.07/- (ਰੁਪਏ ਸੋਲਾਂ ਲੱਖ ਪੰਜਾਹ ਹਜ਼ਾਰ ਦੋ ਸੌ ਪੰਤਾਲੀ ਰੁਪਏ ਤੇ ਸੱਤ ਪੈਸੇ ਕੇਵਲ) 28/02/2026 ਨੂੰ ਸਮੇਤ ਮੁਕੰਮਲ ਅਦਾਇਗੀ ਤੱਕ ਭਵਿੱਖੀ ਵਿਆਜ ਤੇ ਅਚਾਨਕ ਖਰਚੇ |

ਮਿਤੀ : 13-05-2026 ਸਥਾਨ : ਮਾਛੀਵਾੜਾ ਅਧਿਕਾਰਤ ਅਫਸਰ

## ਮਿਉਂਸਪਲ ਕਾਮਿਆਂ ਵੱਲੋਂ ਅਣਮਿੱਥੇ ਸਮੇਂ ਲਈ ਹੜਤਾਲ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਛੇ ਮਈ ਤੋਂ ਸਫਾਈ ਕਾਮਿਆਂ ਵੱਲੋਂ ਅਣਮਿੱਥੇ ਸਮੇਂ ਲਈ ਸ਼ੁਰੂ ਕੀਤੀ ਹੜਤਾਲ ਵਿੱਚ ਨਗਰ ਪੰਚਾਇਤ ਮਹਿਤਪੁਰ ਦੇ ਸਫਾਈ ਸੇਵਕ, ਕੰਪਿਊਟਰ ਆਪਰੇਟਰ, ਇਲੈਕਟ੍ਰੀਸ਼ਨ,ਪੰਪ ਆਪਰੇਟਰ, ਡਰਾਈਵਰ, ਦਫਤਰੀ ਸਟਾਫ ਦੇ ਹੜਤਾਲ ਸ਼ਾਮਿਲ ਹੋਣ ਨਾਲ ਸੰਘਰਸ਼ ਨੂੰ ਹੋਰ ਮਜਬੂਤੀ ਮਿਲੀ। ਨਗਰ ਪੰਚਾਇਤ ਮਹਿਤਪੁਰ ਦਫਤਰ ਵਿੱਚ ਸਾਰਾ ਕੰਮ ਠੱਪ ਕਰਕੇ ਹੜਤਾਲ ਤੇ ਗਏ ਮਿਊਸੀਪਲ ਕਾਮਿਆਂ ਨੇ ਰੈਲੀ ਕਰਕੇ ਐਲਾਨ ਕੀਤਾ ਜਦ ਤੱਕ ਮਿਊਂਸੀਪਲ ਕਾਮਿਆਂ ਨੂੰ ਪੱਕੇ ਨਹੀਂ ਕੀਤਾ ਜਾਂਦਾ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਜਾਂਦੀ ਆਦਿ ਮੰਗਾਂ ਨਹੀਂ ਮੰਨੀਆਂ ਨਹੀਂ ਜਾਂਦੀਆਂ ਤਦ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਫਾਈ ਮਜ਼ਦੂਰਾਂ ਦੇ ਆਗੂ ਪੱਪੂ ਪ੍ਰਧਾਨ, ਓਮ ਪ੍ਰਕਾਸ਼, ਕੁਲਵਿੰਦਰ, ਕਾਨਤਾ ਦੇਵੀ, ਚਰਨਜੀਤ ਨੇ ਕਿਹਾ ਕਿ ਇਸ ਅੱਤ ਦੀ ਮਹਿੰਗਾਈ ਦੇ ਯੁੱਗ ਵਿੱਚ ਸਫਾਈ ਕਾਮਾ ਨਿਗੂਣੀ ਜਿਹੀ ਤਨਖਾਹ 10 ਹਜ਼ਾਰ ਰੁਪਏ ਤੇ ਗੁਜ਼ਾਰਾ ਕਰਨ ਲਈ ਮਜਬੂਰ ਹੈ। ਮਿਊਨਸੀਪਲ ਕਾਮਿਆਂ ਨੂੰ ਉਹਨਾਂ ਦੀ ਯੋਗਤਾ ਤੋਂ ਕਿਤੇ ਘੱਟ ਤਨਖਾਹ ਦਿੱਤੀਆਂ ਜਾ ਰਹੀਆਂ ਹਨ।ਇਸ ਮੌਕੇ ਮਿਉਂਸੀਪਲ ਕਾਮਿਆਂ ਦੇ ਹੱਕ ਵਿੱਚ ਆਏ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੇਂਡੂ ਸਫਾਈ ਕਰਮਚਾਰੀਆਂ ਦੇ ਸੂਬਾਈ ਆਗੂ ਪ੍ਰੇਮ ਸਰਸਰ ਨੇ ਮਜ਼ਦੂਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਹਰ ਤਰ੍ਹਾਂ ਸੰਘਰਸ਼ ਕਰ ਰਹੇ ਕਾਮਿਆਂ ਦਾ ਸਾਥ ਦੇਣਗੇ।

## ਸੱਭਿਆਚਾਰਕ ਪ੍ਰੋਗਰਾਮ ਸੰਪੰਨ

ਫਗਵਾੜਾ (ਡਾ. ਰਮਨ)- ਕ੍ਰੀਏਟਿਵ ਏਜ ਅਕੈਡਮੀ ਹਦਿਆਬਾਦ ਰੋਡ ਫਗਵਾੜਾ ਵੱਲੋਂ ਕਰਵਾਇਆ ਗਿਆ ਬਹੁਚਰਚਿਤ ਸੱਭਿਆਚਾਰਕ ਪ੍ਰੋਗਰਾਮ ਮੰਮਾਜ਼ ਟੈਲੈਂਟ ਹੰਟ-ਸੀਜ਼ਨ 5 ਜੀ ਟੀ ਰੋਡ ਸਥਿਤ ਪਿਰਾਮਿਡ ਕਾਲਜ ਫਗਵਾੜਾ ਦੇ ਵਿਸ਼ਾਲ ਆਡੀਟੋਰੀਅਮ ਵਿੱਚ ਬਹੁਤ ਹੀ ਉਤਸ਼ਾਹ ਅਤੇ ਸ਼ਾਨਦਾਰ ਮਾਹੌਲ ਵਿੱਚ ਸੰਪੰਨ ਹੋਇਆ। ਇਸ ਰੰਗਾਰੰਗ ਸਮਾਗਮ ਵਿੱਚ ਸ਼ਹਿਰ ਵਾਸੀਆਂ, ਮਾਪਿਆਂ, ਕਲਾਕਾਰਾਂ ਅਤੇ ਵਿਦਿਆਰਥੀਆਂ



ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਮਾਤਰਤਵ, ਪ੍ਰਤਿਭਾ ਅਤੇ ਸੱਭਿਆਚਾਰ ਦੇ ਇਸ ਵਿਲੱਖਣ ਉਤਸਵ ਨੂੰ ਯਾਦਗਾਰ ਬਣਾ ਦਿੱਤਾ।ਪ੍ਰੋਗਰਾਮ ਦੀ ਸ਼ੁਰੂਆਤ ਰਵਾਇਤੀ ਜੋਤ ਪ੍ਰਜਵਲਿਤ ਕਰਨ ਅਤੇ ਸਵਾਗਤੀ ਸਮਾਰੋਹ ਨਾਲ ਹੋਈ। ਇਸ ਮੌਕੇ ਪ੍ਰਸਿੱਧ ਅਦਾਕਾਰਾ ਜਤਿੰਦਰ ਕੌਰ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੀ। ਉਨ੍ਹਾਂ ਨੇ ਮੰਚ ਤੋਂ ਭਾਗ ਲੈਣ ਵਾਲਿਆਂ, ਖ਼ਾਸ ਕਰਕੇ ਮਾਵਾਂ ਦੀ ਪ੍ਰਤਿਭਾ, ਆਤਮ-ਵਿਸ਼ਵਾਸ ਅਤੇ ਉਤਸ਼ਾਹ ਦੀ ਖੁੱਲ੍ਹ ਕੇ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਔਰਤਾਂ ਨੂੰ ਆਪਣੀ ਪਹਿਚਾਣ ਬਣਾਉਣ ਅਤੇ ਆਪਣੀਆਂ ਲੁਕੀਆਂ ਕਾਬਲੀਆਂ ਨੂੰ ਸਮਾਜ ਅੱਗੇ ਪੇਸ਼ ਕਰਨ ਲਈ ਮਜ਼ਬੂਤ ਮੰਚ ਪ੍ਰਦਾਨ ਕਰਦੇ ਹਨ। ਸਮਾਗਮ ਵਿੱਚ ਵਿਸ਼ੇਸ਼ ਮਹਿਮਾਨਾਂ ਵਜੋਂ ਮੇਅਰ ਰਾਮ ਪਾਲ ਉੱਪਲ, ਡਾ. ਸੁਸ਼ਮਾ ਚਾਵਲਾ, ਤ੍ਰਿਪਤਾ ਸੇਠੀ, ਮਹਿੰਦਰ ਪਾਲ ਸੇਠੀ ਅਤੇ ਡਾ. ਵਿਵੇਕ ਮਿੱਤਲ ਨੇ ਆਪਣੀ ਸ਼ਾਨਦਾਰ ਹਾਜ਼ਰੀ ਲਗਵਾਈ। ਇਸ ਤੋਂ ਬਾਅਦ ਸ਼ਹਿਰ ਦੇ ਵੱਖ-ਵੱਖ ਮਸ਼ਹੂਰ ਵਿਦਿਅਕ ਸੰਸਥਾਨਾਂ ਅਤੇ ਅਕੈਡਮੀਆਂ ਸ੍ਰੀ ਮਹਾਵੀਰ ਜੈਨ ਮਾਡਲ ਪਬਲਿਕ ਸਕੂਲ, ਸੰਤੂਰ ਇੰਟਰਨੈਸ਼ਨਲ ਪਬਲਿਕ ਸਕੂਲ, ਪੰਜਾਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਰਾਮਗੜ੍ਹੀਆ ਬੇਬੇ ਨਾਨਕੀ ਸੀਨੀਅਰ ਸੈਕੰਡਰੀ ਸਕੂਲ, ਆਰਡੀ ਪਬਲਿਕ ਸਕੂਲ, ਨ੍ਰਿਤਿਆ ਵੰਦਨ ਅਕੈਡਮੀ, ਆਫਬੀਟ ਅਕੈਡਮੀ, ਮਿਊਜ਼ਿਕ ਵਰਲਡ ਅਕੈਡਮੀ ਅਤੇ ਨਵਰਸ ਅਕੈਡਮੀ ਦੇ ਬੱਚਿਆਂ ਨੇ ਨਾਚ, ਸੰਗੀਤ, ਅਦਾਕਾਰੀ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

## ਸੰਤ ਬਾਬਾ ਭਾਗ ਸਿੰਘ 'ਵਰਸਿਟੀ ਦੇ 8 ਵਿਦਿਆਰਥੀਆਂ ਨੂੰ ਪਲੇਸਮੈਂਟ ਆਫਰ ਮਿਲੇ

ਆਦਮਪੁਰ (ਪਰਮਜੀਤ ਸਿੰਘ)- ਸਤਿਕਾਰਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਤੇ ਸਤਿਕਾਰਯੋਗ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਹਰਦਮਨ ਸਿੰਘ ਮਿਨਹਾਸ ਜੀ (ਸਕੱਤਰ), ਉਪ-ਕੁਲਪਤੀ ਡਾ. ਵਿਜੈ ਧੀਰ ਦੀ ਅਗਵਾਈ ਵਿਚ ਬੀ ਜੇ ਐੱਸ ਹੋਮ ਡਿਲਵਰੀ ਕੰਪਨੀ ਵੱਲੋਂ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ 8 ਵਿਦਿਆਰਥੀਆਂ ਨੂੰ ਕੈਂਪਸ ਪਲੇਸਮੈਂਟ ਦੌਰਾਨ ਆਫਰ ਲੈਟਰ ਜਾਰੀ ਕੀਤੇ ਗਏ ਹਨ। ਚੁਣੇ ਗਏ ਵਿਦਿਆਰਥੀਆਂ ਨੂੰ ਸਾਲਾਨਾ ਤਨਖਾਹ ਪੈਕੇਜ 3.3 ਲੱਖ ਰੁਪਏ ਤੱਕ ਦਿੱਤਾ ਜਾਵੇਗਾ।ਯੂਨੀਵਰਸਿਟੀ ਵਿੱਚ ਆਯੋਜਿਤ ਪਲੇਸਮੈਂਟ ਦੌਰਾਨ ਕੰਪਨੀ ਦੇ ਅਧਿਕਾਰੀਆਂ ਨੇ ਵਿਦਿਆਰਥੀਆਂ ਦੇ ਇੰਟਰਵਿਊ ਲਏ। ਇਸ ਪ੍ਰਕਿਰਿਆ ਤੋਂ ਬਾਅਦ 8 ਵਿਦਿਆਰਥੀਆਂ ਦੀ ਚੋਣ ਕੀਤੀ ਗਈ। ਯੂਨੀਵਰਸਿਟੀ ਪ੍ਰਬੰਧਕਾਂ ਨੇ ਕਿਹਾ ਕਿ ਸੰਸਥਾ ਵਿਦਿਆਰਥੀਆਂ ਨੂੰ ਗੁਣਵੱਤਾ ਭਰੀ ਸਿੱਖਿਆ ਦੇ ਨਾਲ-ਨਾਲ ਵਧੀਆ ਰੋਜ਼ਗਾਰ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਨੇ ਟ੍ਰੇਨਿੰਗ ਐਂਡ ਪਲੇਸਮੈਂਟ ਵਿਭਾਗ ਦੇ ਡਾਇਰੈਕਟਰ ਡਾ.ਜਗਤੇਸ਼ਵਰ ਸਿੰਘ ਅਤੇ ਹਰਮਿੰਦਰ ਸਿੰਘ (ਸਹਾਇਕ ਟ੍ਰੇਨਿੰਗ ਐਂਡ ਪਲੇਸਮੈਂਟ ਅਫਸਰ) ਤੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਪੀ ਐਮ ਸ੍ਰੀ ਸਮਾਰਟ ਸਕੂਲ ਬੀਰਮਪੁਰ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਮਾਰਚ 2026 ਦੇ ਦਸਵੀਂ ਜਮਾਤ ਦੇ ਨਤੀਜਿਆਂ 'ਚ ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੀਰਮਪੁਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੜ੍ਹਾਈ ਦੇ ਖੇਤਰ 'ਚ ਨਵੇਂ ਮੀਲ ਪੱਥਰ ਸਥਾਪਤ ਕੀਤੇ ਹਨ।



ਸਕੂਲ ਹੈਡਮਾਸਟਰ ਸੁਖਵਿੰਦਰ ਕੁਮਾਰ ਨੇ ਦੱਸਿਆ ਕਿ ਇਸ ਸਾਲ ਦਸਵੀਂ ਜਮਾਤ ਦੀ ਬੋਰਡ ਪ੍ਰੀਖਿਆ 'ਚ ਸਕੂਲ ਦੇ 44 ਵਿਦਿਆਰਥੀਆਂ ਨੇ ਭਾਗ ਲਿਆ। ਜਿਸ 'ਚ 2 ਵਿਦਿਆਰਥੀਆਂ ਨੇ 80% ਤੋਂ ਵੱਧ, 4 ਵਿਦਿਆਰਥੀਆਂ ਨੇ 70% ਤੋਂ ਵੱਧ ਅਤੇ 6 ਵਿਦਿਆਰਥੀਆਂ ਨੇ 60% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਦਸਵੀਂ ਜਮਾਤ 'ਚ ਜਸਪ੍ਰੀਤ ਨੇ 650 'ਚੋਂ 535 ਅੰਕ ਪ੍ਰਾਪਤ ਕਰਕੇ ਸਕੂਲ 'ਚ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਹਰਸਿਮਰਨ ਕੌਰ ਦੂਜਾ ਅਤੇ ਪ੍ਰੀਤੀ ਤੀਜਾ ਸਥਾਨ ਪ੍ਰਾਪਤ ਕੀਤਾ। ਹੈਡਮਾਸਟਰ ਸੁਖਵਿੰਦਰ ਕੁਮਾਰ ਸਮੇਤ ਸਮੂਹ ਸਟਾਫ ਨੇ ਸਫਲ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਹੈਡਮਾਸਟਰ ਨੇ ਕਿਹਾ ਕਿ ਇਹ ਸਾਰੀ ਪ੍ਰਾਪਤੀ ਅਧਿਆਪਕਾਂ ਦੀ ਸਖ਼ਤ ਮਿਹਨਤ, ਵਿਦਿਆਰਥੀਆਂ ਦੇ ਲਗਨ ਅਤੇ ਹਰਦੇਵ ਸਿੰਘ ਕਾਹਮਾ ਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਸੰਭਵ ਹੋਈ ਹੈ।

## ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫਤਾਰ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)-ਟਾਂਡਾ ਪੁਲਿਸ ਨੇ ਇੱਕ ਵਿਅਕਤੀ ਨੂੰ ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਏ ਐੱਸ ਆਈ ਲੇਕ ਰਾਮ ਦੀ ਟੀਮ ਵੱਲੋਂ ਬਸਤੀ ਬੋਹੜਾ ਤੋਂ ਮਿਆਣੀ ਰੋਡ ਤੇ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਡਿੰਪਲ ਪਾਲ ਉਰਫ ਡਿੰਪੀ ਪੁੱਤਰ ਜਗਤ ਰਾਮ ਵਾਸੀ ਖਰਲ ਖੁਰਦ ਵਜੋਂ ਹੋਈ ਹੈ ਤੇ ਉਸ ਪਾਸੋਂ ਟਾਂਡਾ ਪੁਲਿਸ ਨੇ 45 ਨਸ਼ੇ ਵਾਲੀਆਂ ਗੋਲੀਆਂ ਬਰਾਮਦ ਕਰਕੇ ਉਸ ਖਿਲਾਫ ਐੱਨ ਡੀ ਪੀ ਐੱਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕੀਤਾ ਹੈ।

## ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 17 ਦੀ ਕਨਵੈਨਸ਼ਨ ਦੀਆਂ ਤਿਆਰੀਆਂ ਮੁਕੰਮਲ



ਜਲੰਧਰ (ਰਾਜੇਸ਼ ਥਾਪਾ)

ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਫਰੰਟ ਦੇ ਕਨਵੀਨਰ ਸਾਥੀ ਧਨਵੰਤ ਸਿੰਘ ਭੱਠਲ ਦੀ ਪ੍ਰਧਾਨਗੀ ਹੇਠ ਈਸੜੂ ਭਵਨ ਵਿਖੇ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਕਨਵੀਨਰਜ਼ ਸਤੀਸ਼ ਰਾਣਾ, ਰਣਜੀਤ ਸਿੰਘ ਰਾਣਵਾਂ, ਭਜਨ ਸਿੰਘ ਗਿੱਲ, ਗਗਨਦੀਪ ਸਿੰਘ ਭੁੱਲਰ, ਕੁਲਵਰਨ ਸਿੰਘ, ਬਾਜ ਸਿੰਘ ਖਹਿਰਾ, ਕੁਲਵਿੰਦਰ ਸਿੰਘ ਢਿੱਲੋਂ, ਜਗਦੀਸ਼ ਸਿੰਘ ਚਾਹਲ , ਮਨਜੀਤ ਸਿੰਘ ਬਾਸਰਕੇ, ਹਰਪ੍ਰੀਤ ਸਿੰਘ, ਦੁਬਾਰਕਾ ਪ੍ਰਸਾਦ, ਕੇਵਲ ਸਿੰਘ ਬਨਵੈਤ ਅਤੇ ਬੋਬਿੰਦਰ ਸਿੰਘ ਨੇ ਦੱਸਿਆ ਕਿ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਵਿਰੋਧੀ ਵਤੀਰੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਨੇ ਆਖਿਆ ਕਿ ਇਸ ਸਰਕਾਰ ਵੱਲੋਂ 01.01.2004 ਤੋਂ ਪਹਿਲਾਂ ਵਾਲਾ ਤਨਖਾਹ ਢਾਂਚਾ ਖ਼ਤਮ ਕਰਕੇ ਰੱਖ ਦਿੱਤਾ ਗਿਆ ਹੈ। ਜਿਸ ਤਨਖਾਹ ਢਾਂਚੇ ਦੇ ਤਹਿਤ ਗਰੇਡ ਪੇਅ ਦੀ ਥਾਂ ਤਨਖਾਹ ਸਕੇਲ ਮਿਲਦੇ ਸਨ, ਪੁਰਾਣੀ ਪੈਨਸ਼ਨ ਸਕੀਮ ਮਿਲਦੀ ਸੀ, ਵੱਖ-ਵੱਖ ਤਰ੍ਹਾਂ ਦੇ ਭੱਤੇ ਮਿਲਦੇ ਸਨ, ਏ ਸੀ ਪੀ ਸਕੀਮ ਦਾ ਲਾਭ ਮਿਲਦਾ ਸੀ, ਪ੍ਰਵੇਸ਼ਨਲ ਪੀਰੀਅਡ ਦੌਰਾਨ ਪੂਰੀ ਤਨਖਾਹ ਭੱਤਿਆਂ ਸਮੇਤ ਮਿਲਦੀ ਸੀ, ਹਰ ਮੁਲਾਜ਼ਮ ਨੂੰ ਪੰਜਾਬ ਦੇ ਆਪਣੇ ਤਨਖਾਹ ਸਕੇਲ ਮਿਲਦੇ ਸਨ, ਜੋ ਮਹਿੰਗਾਈ ਭੱਤਾ ਪਹਿਲਾ ਮਿਲਦਾ ਸੀ, ਹੁਣ ਉਸ ਮਹਿੰਗਾਈ ਭੱਤੇ ਨੂੰ ਵੀ ਕੇਂਦਰ ਨਾਲੋਂ ਡੀਲਿੰਕ ਕਰਕੇ ਰੱਖ ਦਿੱਤਾ ਗਿਆ ਹੈ ਅਤੇ ਜੇਕਰ ਕੋਰਟ ਨੇ ਕੋਈ ਫੈਸਲਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤਾ ਹੈ ਤਾਂ ਸਰਕਾਰ ਉਸ ਨੂੰ ਅਗਲੀ ਅਦਾਲਤ ਵਿੱਚ ਚੁਣੌਤੀ ਦੇ ਰਹੀ ਹੈ। ਇਹਨਾਂ ਸਾਰੀਆਂ ਮੰਗਾਂ ਨੂੰ ਬਹਾਲ ਕਰਾ ਕੇ ਲਾਗੂ ਕਰਾਉਣ ਲਈ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪਧਰੀ ਵਿਸ਼ਾਲ ਕਨਵੈਂਸ਼ਨ ਕਰਕੇ ਸੰਘਰਸ਼ਾਂ ਦਾ ਐਲਾਨ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਮੌਕੇ ਸਾਂਝਾ ਫਰੰਟ ਵੱਲੋਂ ਇੱਕ ਮਤੇ ਰਾਹੀਂ ਪੰਜਾਬ ਅੰਦਰ ਨਗਰ ਕੌਂਸਲਾਂ ਦੇ ਸਫਾਈ ਸੇਵਕਾਂ ਦੀ ਆਪਣੀਆਂ ਮੰਗਾਂ ਨੂੰ ਲੈ ਕੇ ਚੱਲ ਰਹੀ ਹੜਤਾਲ ਦਾ ਪੂਰਨ ਸਮਰਥਨ ਕੀਤਾ ਗਿਆ ਅਤੇ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਫ਼ਾਈ ਸੇਵਕਾਂ ਦੀਆਂ ਵੱਖ ਵੱਖ ਜਥੇਬੰਦੀਆਂ ਤੇ ਆਧਾਰਿਤ ਬਣੀ ਐਕਸ਼ਨ ਕਮੇਟੀ ਨਾਲ ਪੰਜਾਬ ਸਰਕਾਰ ਗੱਲਬਾਤ ਕਰਕੇ ਮੰਗਾਂ ਦਾ ਨਿਪਟਾਰਾ ਤੁਰੰਤ ਕਰੇ। ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਸਾਥੀ ਸੁਰਿੰਦਰ ਰਾਮ ਕੁੱਸਾ, ਸ਼ਿਵ ਕੁਮਾਰ ਤਿਵਾੜੀ, ਗੁਰਮੇਲ ਸਿੰਘ ਮੈਲਡੇ, ਰਘਵੀਰ ਸਿੰਘ, ਜਗਮੇਲ ਸਿੰਘ ਪੱਖੋਵਾਲ, ਦਲਵੀਰ ਸਿੰਘ ਜੋਹਲ, ਗੁਲਜਾਰ ਖਾਂ, ਪ੍ਰੇਮ ਚਾਵਲਾ, ਹਰਜੀਤ ਸਿੰਘ, ਸਰਬਜੀਤ ਸਿੰਘ ਦੋਧਰ, ਸ਼ਿੰਗਾਰਾ ਸਿੰਘ , ਸੰਦੀਪ ਸਿੰਘ, ਕੁਲਦੀਪ ਸਿੰਘ, ਸੁਨੀਲ ਕੰਬੋਜ ਆਦਿ ਆਗੂ ਹਾਜ਼ਰ ਸਨ।

## ਪੇਂਡੂ ਚੌਕੀਦਾਰਾਂ ਨੇ ਮੰਗਾਂ ਦੀ ਪੂਰਤੀ ਲਈ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਟਾਂਡਾ ਉੜਮੁੜ, ਲਾਲ ਝੰਡਾ ਪੇਂਡੂ ਚੌਕੀਦਾਰ ਯੂਨੀਅਨ ਪੰਜਾਬ ਤਹਿਸੀਲ ਟਾਂਡਾ ਦੀ ਮਹੀਨਾਵਾਰ ਮੀਟਿੰਗ ਤਹਿਸੀਲ ਕੰਪਲੈਕਸ ਟਾਂਡਾ ਵਿੱਚ ਹੋਈ ਜਿਸ ਦੌਰਾਨ ਵੱਖ-ਵੱਖ ਪਿੰਡਾਂ ਤੋਂ ਇਕੱਤਰ ਹੋਏ ਚੌਕੀਦਾਰਾਂ ਨੇ ਆਪਣੀਆਂ ਮੰਗਾਂ ਦੇ ਪ੍ਰਤੀ ਆਵਾਜ਼ ਬੁਲੰਦ ਕਰਦੇ ਹੋਏ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ। ਯੂਨੀਅਨ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜਿਲਾ ਪ੍ਰਧਾਨ ਜੋਗਿੰਦਰ ਪਾਲ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਆਡਿਟ ਅਫਸਰ ਪੰਜਾਬ ਹਰਕੀਰਤ ਸਿੰਘ ਅਜਨੋਹਾ ਤੇ ਸੂਬਾ ਪ੍ਰੈਸ ਸਕੱਤਰ ਸੁਰਿੰਦਰ ਸਿੰਘ ਨੰਗਲ ਕਲਾਲਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਮੌਕੇ ਪੇਂਡੂ ਚੌਕੀਦਾਰਾਂ ਨੇ ਪਿਛਲੇ ਲੰਬੇ ਸਮੇਂ ਤੋਂ ਚੌਕੀਦਾਰਾਂ ਦੀਆਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਨਾ ਕਰਨ ਦੇ ਰੋਸ ਵਜੋਂ ਸਰਕਾਰ ਖਿਲਾਫ ਰੋਸ ਪ੍ਰਗਟ ਕਰਦੇ ਹੋਏ ਆਪਣੀਆਂ ਮੰਗਾਂ ਜਲਦ ਤੋਂ ਜਲਦ ਪੂਰੀਆਂ ਕਰਨ ਦੀ ਮੰਗ ਕੀਤੀ।ਇਸ ਮੌਕੇ ਯੂਨੀਅਨ ਵੱਲੋਂ ਤਹਿਸੀਲ ਟਾਂਡਾ ਦੇ ਅਹੁਦੇਦਾਰਾਂ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ ਜਿਸ ਦੌਰਾਨ ਜੀਤ ਸਿੰਘ ਟਿਲੂਵਾਲ ਨੂੰ ਸਰਪ੍ਰਸਤ,ਜੋਗਿੰਦਰ ਸਿੰਘ ਗਿੱਲ ਨੂੰ ਤਹਿਸੀਲ ਪ੍ਰਧਾਨ, ਜਗਦੀਸ਼ ਮੁਨਕਾ ਤੇ ਮਹਿੰਦਰ ਪਾਲ ਜੌੜਾ ਨੂੰ ਮੀਤ ਪ੍ਰਧਾਨ, ਜਸਵਿੰਦਰ ਸਿੰਘ ਜਕੋਵਾਲ ਨੂੰ ਜਨਰਲ ਸੈਕਟਰੀ, ਪਰਮਜੀਤ ਸਿੰਘ ਨੂੰ ਪ੍ਰੈਸ ਸਕੱਤਰ, ਧਰਮਿੰਦਰ ਸਿੰਘ ਟਾਹਲੀ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਸੁਰਿੰਦਰ ਸਿੰਘ ਦੇਹਰੀਵਾਲ, ਜਸਵਿੰਦਰ ਸਿੰਘ ਜੱਕੋਵਾਲ, ਕੁਲਦੀਪ ਸਿੰਘ ਸਹਿਬਾਜ਼ਪੁਰ, ਪਰਮਜੀਤ ਸਿੰਘ, ਜਗਦੀਸ਼ ਸਿੰਘ ਮੂਨਕਾਂ, ਮੀਦਾ ਝਾਵਾਂ, ਅਜੀਤ ਸਿੰਘ ਢਿੱਲੋਵਾਲ, ਜਤਿੰਦਰ ਕੁਮਾਰ ਪੁਲ ਪੁਖਤਾ, ਯੋਗਰਾਜ ਜੌੜਾ, ਸਤਪਾਲ ਸਿੰਘ ਜਹੂਰਾ, ਦਿਲਬਾਗ ਸਿੰਘ ਨਰਿਆਲਾ, ਮਹਿੰਦਰ ਸਿੰਘ ਲਿੱਤਰ, ਮਹਿੰਦਰ ਲਾਲ ਕੋਟਲੀ ਜੰਡ, ਗੁਰਮੁਖ ਸਿੰਘ ਮਸੀਤੀ, ਅਮਰੀਕ ਸਿੰਘ ਬੋਤਲ ਕੋਟਲੀ, ਧਰਮਿੰਦਰ ਸਿੰਘ ਟਾਹਲੀ, ਤਰਸੇਮ ਲਾਲ ਦਬੁਰਜੀ, ਸੁਰਿੰਦਰ ਸਿੰਘ ਸ਼ਾਲਾਪੁਰ, ਬਲਵਿੰਦਰ ਸਿੰਘ ਜੌੜਾ, ਚਮਨ ਲਾਲ ਭੁਲਪੁਰ, ਪਿਆਰਾ ਲਾਲ ਨਿਰਮਲ ਸਿੰਘ, ਜਤਿੰਦਰ ਕੁਮਾਰ, ਸੁਖਵਿੰਦਰ ਕੌਰ, ਆਸ਼ਾ ਰਾਣੀ, ਨੂੰ ਮੈਂਬਰ ਨਿਯੁਕਤ ਕੀਤਾ ਗਿਆ।




## ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ 6.50 ਲੱਖ ਬੂਟੇ ਲਗਾਏ ਜਾਣਗੇ

ਜਲੰਧਰ (ਲਖਵਿੰਦਰ ਸਿੰਘ ਆਧੀ)- ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਮੈਡਮ ਦਿਵਿਆ ਪੀ ਵੱਲੋਂ ਇਸ ਸੰਬੰਧੀ ਵੱਖ-ਵੱਖ ਵਿਭਾਗਾਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹੇ ਭਰ ਵਿੱਚ 6.50 ਲੱਖ ਬੂਟੇ ਲਗਾਏ ਜਾਣੇ ਹਨ। ਇਸ ਮੁਹਿੰਮ ਤਹਿਤ ਮਿੰਨੀ ਫਾਰੈਸਟ, ਮੈਡੀਸਨਲ ਪਲਾਂਟੇਸ਼ਨ, ਫਲਦਾਰ ਤੇ ਫੁੱਲਦਾਰ ਬੂਟੇ ਲਗਾਉਣ ਦੇ ਨਾਲ-ਨਾਲ ਟਿੰਬਰ ਕਿਸਮਾਂ ਵੱਖ-ਵੱਖ ਵਿਭਾਗਾਂ ਪਾਸ ਉਪਲਬਧ ਥਾਵਾਂ 'ਤੇ ਲਗਾਈਆਂ ਜਾਣਗੀਆਂ।ਇਹ ਬੂਟੇ ਵਣ ਮੰਡਲ ਅਫ਼ਸਰ ਜਲੰਧਰ ਜਰਨੈਲ ਸਿੰਘ ਦੀ ਅਗਵਾਈ 'ਚ ਵਣ ਵਿਭਾਗ ਵੱਲੋਂ ਸਪਲਾਈ ਕੀਤੇ ਜਾਣਗੇ ਅਤੇ ਬੂਟੇ ਲਗਾਉਣ ਦਾ ਕੰਮ ਕਰਵਾਉਣ ਦਾ ਜ਼ਿੰਮਾ ਅਤੇ ਉਸ ਦੀ ਦੇਖ-ਰੇਖ ਸਬੰਧਿਤ ਵਿਭਾਗ ਵੱਲੋਂ ਕੀਤੀ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਨੂੰ ਬੂਟਿਆਂ ਦੀ ਮੰਗ ਸਮੇਤ ਪੌਦੇ ਲਗਾਉਣ ਵਾਲੀ ਜਗ੍ਹਾ ਦਾ ਵੇਰਵਾ 10 ਦਿਨਾਂ ਦੇ ਅੰਦਰ-ਅੰਦਰ ਭੇਜਣ ਦੇ ਨਿਰਦੇਸ਼ ਵੀ ਦਿੱਤੇ।ਉਨ੍ਹਾਂ ਦੱਸਿਆ ਕਿ ਪੰਚਾਇਤ ਵਿਭਾਗ ਵੱਲੋਂ ਪਿੰਡਾਂ ਵਿੱਚ ਉਪਲਬਧ ਪੰਚਾਇਤੀ ਜ਼ਮੀਨ 'ਤੇ ਜੰਗਲ ਵੀ ਲਗਾਏ ਜਾਣਗੇ, ਜਿਸ ਦੀ ਦੇਖ-ਰੇਖ ਪੰਚਾਇਤ ਵੱਲੋਂ ਕੀਤੀ ਜਾਵੇਗੀ।



## ਚੋਣਾਂ ਦੇ ਸੰਬੰਧ 'ਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਮੀਟਿੰਗ

ਕਪੂਰਥਲਾ (ਮਨਜੀਤ ਮਾਨ)- ਨਿਕਟ ਭਵਿੱਖ ਵਿੱਚ ਆ ਰਹੀਆਂ ਚੋਣਾਂ ਲਈ ਤਿਆਰੀ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਲੋਂ ਡਾਕਟਰ ਹਰਜਿੰਦਰ ਸਿੰਘ ਜੱਖੂ ਪ੍ਰਧਾਨ ਦੋਆਬਾ ਜ਼ੋਨ ਅਤੇ ਭਾਈ ਕੁਲਵਿੰਦਰ ਸਿੰਘ ਢਿਲਵਾਂ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਕਪੂਰਥਲਾ ਦੀ ਅਗਵਾਈ ਵਿੱਚ ਢਿਲਵਾਂ ਵਿਚ ਮੀਟਿੰਗ ਹੋਈ। ਮੀਟਿੰਗ ਵਿੱਚ ਆਉਣ ਵਾਲੀਆ ਵਿਧਾਨ ਸਭਾ ਚੋਣਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਡਾ. ਹਰਜਿੰਦਰ ਸਿੰਘ ਜੱਖੂ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸਾਰੀਆਂ ਸੀਟਾਂ 'ਤੇ ਸ਼ਾਨਦਾਰ ਜਿੱਤ ਪ੍ਰਾਪਤ ਕਰਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਬੀਬੀ ਸੁਖਜਿੰਦਰ ਕੌਰ ਪ੍ਰਧਾਨ ਜ਼ਿਲ੍ਹਾ ਕਪੂਰਥਲਾ, ਗੁਰਦਿਆਲ ਸਿੰਘ ਮਾਨਾਵਾਲ ਪ੍ਰੈਸ ਸਕੱਤਰ, ਮਲਕੀਤ ਸਿੰਘ, ਦਿਲਬਾਗ ਸਿੰਘ, ਮੇਜਰ ਸਿੰਘ, ਬੂਟਾ ਸਿੰਘ, ਮੱਖਣ ਸਿੰਘ ਸਾਬਕਾ ਸਰਪੰਚ ਬਤਾਲਾ, ਬੀਬੀ ਚਰਨਜੀਤ ਕੌਰ ਵਾਈਸ ਪ੍ਰਧਾਨ ਕਪੂਰਥਲਾ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।



## ਨਵਜੋਤ ਕੌਰ ਨੇ ਪੂਰੇ ਖੇਤਰ ਦੇ ਸਰਕਾਰੀ ਸਕੂਲਾਂ ਦਾ ਮਾਣ ਵਧਾਇਆ : ਬੀ ਐਨ ਓ



ਨਕੋਦਰ (ਮਨਜੀਤ ਮਾਨ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਨਪੁਰ ਢੱਡਾ ਦੀ ਖੁਸ਼ੀ ਉਸ ਵੇਲੇ ਦੁਗਣੀ ਹੋ ਗਈ ਜਦੋਂ ਮੈਡਮ ਦਮਨਜੀਤ ਕੌਰ ਬੀ ਐਨ ਓ ਨਕੋਦਰ ਦੋ ਅਤੇ ਮੈਡਮ ਜਸਪਾਲਜੀਤ ਕੌਰ ਬੀ ਐਨ ਓ ਸ਼ਾਹਕੋਟ ਉਚੇਚੇ ਤੌਰ 'ਤੇ ਮੈਰਿਟ ਵਿੱਚੋਂ ਆਈ ਵਿਦਿਆਰਥਣ ਨਵਜੋਤ ਕੌਰ ਨੂੰ ਸਨਮਾਨਤ ਕਰਨ ਵਾਸਤੇ ਸਕੂਲ ਵਿੱਚ ਆਏ ਉਹਨਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਨਵਜੋਤ ਕੌਰ ਨੇ ਪੂਰੇ ਖੇਤਰ ਦੇ ਸਰਕਾਰੀ ਸਕੂਲਾਂ ਦਾ ਨਾਮ ਰੌਸ਼ਨ ਕੀਤਾ। ਮੈਟ੍ਰਿਕ ਪ੍ਰੀਖਿਆ 2026 ਦੇ ਬੀਤੇ ਕੱਲ੍ਹ ਘੋਸ਼ਿਤ ਕੀਤੇ ਨਤੀਜੇ ਵਿੱਚੋਂ ਨਵਜੋਤ ਕੌਰ ਨੇ 97.38% ਨੰਬਰ ਲੈ ਕੇ ਪੰਜਾਬ ਵਿੱਚੋਂ ਬਾਰ੍ਹਵਾਂ ਅਤੇ ਜ਼ਿਲ੍ਹਾ ਜਲੰਧਰ ਦੀ ਮੈਰਿਟ ਵਿੱਚੋਂ ਸੱਤਵਾਂ ਸਥਨ ਹਾਸਲ ਕਰਕੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਖਾਨਪੁਰ ਢੱਡਾ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਪ੍ਰਿੰਸੀਪਲ ਕਮਲ ਗੁਪਤਾ, ਭਵਨੇਸ਼ ਕੰਡਾ, ਸਰਪੰਚ ਇੱਕਵੀਰ ਸਿੰਘ ਅਤੇ ਬਹੁਤ ਸਾਰੇ ਪਤਵੰਤੇ ਸੱਜਣਾਂ ਨੇ ਨਵਜੋਤ ਕੌਰ ਅਤੇ ਉਸ ਦੇ ਮਾਤਾ ਪਿਤਾ ਨੂੰ ਮੁਬਾਰਕਾਂ ਦਿੱਤੀਆਂ। ਸਕੂਲ ਸਟਾਫ ਵੱਲੋਂ ਸਕੂਲ ਇੰਚਾਰਜ ਮੁਕੇਸ਼ ਗੌਤਮ, ਸਤਿੰਦਰ ਸਿੰਘ, ਕੁਲਵਿੰਦਰ ਸਿੰਘ, ਜਗਜੀਤ ਸਿੰਘ, ਗੁਰਦਿਆਲ ਮਸੀਹ, ਮਨਦੀਪ ਕੌਰ, ਮਨਜੀਤ ਕੌਰ, ਖੇਰਪਾਲ ਕੌਰ, ਸ੍ਰੀਮਤੀ ਮਨਪ੍ਰੀਤ, ਜਸਪ੍ਰੀਤ ਸ਼ਰਮਾ, ਵਰੁਣ ਰਾਜ, ਰਣਜੀਤ ਕੌਰ, ਕਸ਼ਿਸ਼ ਸ਼ਰਮਾ, ਰਮੇਸ਼ ਕੁਮਾਰ ਅਤੇ ਰਾਜਕੁਮਾਰ ਵੱਲੋਂ ਇਸ ਖੁਸ਼ੀ ਦੇ ਮੌਕੇ ਸਭਨਾਂ ਦਾ ਧੰਨਵਾਦ ਕੀਤਾ ਗਿਆ।

## ਸੰਤ ਬਿਸ਼ਨ ਸਿੰਘ ਦੀ ਬਰਸੀ ਦੇ ਸੰਬੰਧ 'ਚ ਧਾਰਮਿਕ ਸਮਾਗਮ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਸੱਚਖੰਡ ਵਾਸੀ ਸ੍ਰੀ 108 ਸੰਤ ਬਿਸ਼ਨ ਸਿੰਘ ਦੀ ਬਰਸੀ ਹਰ ਸਾਲ ਦੀ ਤਰ੍ਹਾਂ ਡੇਰਾ ਬਿਸ਼ਨਪੁਰੀ ਪਿੰਡ ਨੰਗਲ ਖੁਰਦ ਨੇੜੇ ਮਾਹਿਲਪੁਰ ਵਿਖੇ ਸ਼ਰਧਾ ਸਹਿਤ ਮਨਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹੰਤ ਬਿਕਰਮਜੀਤ ਸਿੰਘ ਚੇਲਾ ਮਹੰਤ ਰਾਮ ਸਿੰਘ ਮੁੱਖ ਸੇਵਾਦਾਰ ਡੇਰਾ ਬਿਸ਼ਨਪੁਰੀ ਪਿੰਡ ਨੰਗਲ ਖੁਰਦ ਨੇ ਦੱਸਿਆ ਕਿ ਬਰਸੀ ਦੇ ਸੰਬੰਧ ਵਿੱਚ ਸਭ ਤੋਂ ਪਹਿਲਾ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸੰਤ ਸਮਾਗਮ ਹੋਇਆ ਜਿਸ ਵਿੱਚ ਸੰਤਾਂ ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕਰਕੇ ਸੰਗਤਾਂ ਨੂੰ ਉਸ ਸਰਬ ਸ਼ਕਤੀਮਾਨ ਪਰਮਾਤਮਾ ਦੇ ਨਾਮ ਨਾਲ ਜੋੜਿਆ ਜੋ ਇਸ ਬ੍ਰਹਿਮੰਡ ਦੇ ਕਣ-ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਤਿਪਾਲਣਾ ਕਰ ਰਿਹਾ ਹੈ। ਇਸ ਮੌਕੇ ਸੰਤ ਸੰਤੋਖ ਸਿੰਘ ਪਾਲਦੀ ਪ੍ਰਧਾਨ ਸਰਬ ਭਾਰਤ ਨਿਰਮਲ ਮਹਾਂਮੰਡਲ, ਸੰਤ ਪ੍ਰੀਤਮ ਸਿੰਘ ਬਾੜੀਆ, ਸੰਤ ਸੁਖਜੀਤ ਸਿੰਘ ਖੁਡਾ ਕੁਰਾਲਾ, ਸੰਤ ਅਮਰੀਕ ਸਿੰਘ ਮੰਨਣਹਾਨਾ, ਸੰਤ ਬਾਬਾ ਜਸਪਾਲ ਸਿੰਘ ਨੈਕੀ ਪੰਜੋੜਾ, ਸੰਤ ਬਾਬਾ ਪ੍ਰੀਤਮ ਸਿੰਘ ਡਮੇਲੀ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਬੀਬੀ ਗੁਰਿੰਦਰ ਕੌਰ ਬਾਹੋਵਾਲ, ਸੰਤ ਤਰਲੋਚਨ ਸਿੰਘ ਡੇਰਾ ਵਿਰੱਕਤਾ ਹੁਸ਼ਿਆਰਪੁਰ, ਸੰਤ ਬੀਬੀ ਜਸਪ੍ਰੀਤ ਕੌਰ ਬੁੰਗਾ ਸਾਹਿਬ ਮਾਹਿਲਪੁਰ, ਸੰਤ ਬਲਵੀਰ ਸਿੰਘ ਸ਼ਾਸਤਰੀ ਟੂਟੋਮਜ਼ਾਰਾ, ਸੰਤ ਮੱਖਣ ਸਿੰਘ ਟੂਟੋਮਜਾਰਾ, ਸੰਤ ਗੁਰਚਰਨ ਸਿੰਘ ਪੰਡਵਾ, ਸੰਤ ਭੁਪਿੰਦਰ ਸਿੰਘ ਅੰਮ੍ਰਿਤਸਰ, ਸੁਆਮੀ ਵਿਸ਼ਵ ਭਾਰਤੀ, ਸੁਵਾਮੀ ਅੰਬਿਕਾ ਭਾਰਤੀ, ਸੰਤ ਹਰਮਨਜੀਤ ਸਿੰਘ, ਸੰਤ ਬਲਵੀਰ ਸਿੰਘ ਹਰਿਆਣਾ ਭੂੰਗਾ ਸਮੇਤ ਵੱਖ-ਵੱਖ ਅਸਥਾਨਾਂ ਤੋਂ ਸੰਤ ਮਹਾਂਪੁਰਸ਼ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸੰਤਾਂ ਮਹਾਂਪੁਰਸ਼ਾਂ ਨੇ ਸੰਗਤਾਂ ਨਾਲ ਧਾਰਮਿਕ ਪ੍ਰਵਚਨ ਕਰਦਿਆਂ ਸੰਗਤਾਂ ਨੂੰ ਸ੍ਰੀਮਾਨ ਸੰਤ ਬਾਬਾ ਬਿਸ਼ਨ ਸਿੰਘ ਦੇ ਪਰਉਪਕਾਰੀ ਕਾਰਜਾਂ ਤੋਂ ਜਾਣੂ ਕਰਵਾਇਆ। ਮਹੰਤ ਬਿਕਰਮਜੀਤ ਸਿੰਘ ਵੱਲੋਂ ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਗੁਰੂ ਕਾ ਲੰਗਰ ਅਟੁੱਟ ਚੱਲਿਆ। ਰਾਗੀ ਸਿੰਘਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਤੇ ਸੰਗਤਾਂ ਦੀ ਸਹੂਲਤ ਲਈ ਮੁਫਤ ਮੈਡੀਕਲ ਕੈਂਪ ਵੀ ਲਗਾਏ ਗਏ।



## ਦਿਵਿਆਂਗਜ਼ਨਾਂ ਲਈ ਕੈਂਪ 15, 16 ਨੂੰ

ਹੁਸ਼ਿਆਰਪੁਰ (ਓ ਪੀ ਰਾਣਾ)-ਡਿਪਟੀ ਕਮਿਸ਼ਨਰ ਕਮ ਪ੍ਰਧਾਨ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਰੈੱਡ ਕਰਾਸ ਸੁਸਾਇਟੀ ਵੱਲੋਂ ਦਿਵਿਆਂਗਜਨਾਂ ਦੇ ਜੀਵਨ ਵਿੱਚ ਨਵੀਂ ਉਮੀਦ ਅਤੇ ਰੌਸ਼ਨੀ ਭਰਨ ਲਈ ਇੱਕ ਵੱਡੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸੇ ਲੜੀ ਤਹਿਤ ਰੈੱਡ ਕਰਾਸ ਸੁਸਾਇਟੀ ਵੱਲੋਂ 'ਸ੍ਰੀ ਭਗਵਾਨ ਮਹਾਵੀਰ ਵਿਕਲਾਂਗ ਸਹਾਇਤਾ ਸਮਿਤੀ, ਜੈਪੁਰ' ਦੇ ਸਹਿਯੋਗ ਨਾਲ 15 ਅਤੇ 16 ਮਈ ਨੂੰ ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ, ਤਲਵਾੜਾ (ਨੇੜੇ ਬੱਸ ਸਟੈਂਡ) ਵਿਖੇ ਇੱਕ ਵਿਸ਼ਾਲ ਮੁਫ਼ਤ ਸਹਾਇਤਾ ਕੈਂਪ ਲਗਾਇਆ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਦੋ ਰੋਜ਼ਾ ਕੈਂਪ ਦਾ ਮੁੱਖ ਮਨੋਰਥ ਦੂਰ-ਦਰਾਡੇ ਅਤੇ ਪੇਂਡੂ ਖੇਤਰਾਂ ਵਿੱਚ ਰਹਿ ਰਹੇ ਅਜਿਹੇ ਦਿਵਿਆਂਗ ਵਿਅਕਤੀਆਂ ਦੀ ਮਦਦ ਕਰਨਾ ਹੈ, ਜੋ ਆਰਥਿਕ ਤੰਗੀ ਕਾਰਨ ਸਹਾਇਕ ਉਪਕਰਣ ਖਰੀਦਣ ਤੋਂ ਅਸਮਰੱਥ ਹਨ। ਜਾਂਚ ਉਪਰੰਤ ਲੋੜਵੰਦਾਂ ਨੂੰ ਮੌਕੇ 'ਤੇ ਹੀ ਕੰਨਾਂ ਦੀਆਂ ਮਸ਼ੀਨਾਂ, ਬਨਾਵਟੀ ਅੰਗ (ਹੱਥ ਅਤੇ ਪੈਰ), ਵ੍ਹੀਲ ਚੇਅਰ, ਸਾਧਾਰਨ ਟ੍ਰਾਈਸਾਈਕਲ, ਵੈਸਾਖੀਆਂ ਅਤੇ ਕੈਲੀਪਰਸ ਵਰਗੇ ਮਹੱਤਵਪੂਰਨ ਸਹਾਇਕ ਸਾਧਨ ਬਿਲਕੁਲ ਮੁਫ਼ਤ ਪ੍ਰਦਾਨ ਕੀਤੇ ਜਾਣਗੇ ਤਾਂ ਜੋ ਉਹ ਆਪਣੀਆਂ ਰੋਜ਼ਾਨਾ ਦੀਆਂ ਗਤੀਵਿਧੀਆਂ ਬਿਨਾਂ ਕਿਸੇ ਸਹਾਰੇ ਦੇ ਕਰ ਸਕਣ।

## ਨਗਰ ਕੌਂਸਲ ਚੋਣਾਂ ਨੂੰ ਲੈ ਕੇ ਭਾਜਪਾ ਪੂਰੀ ਤਰ੍ਹਾਂ ਤਿਆਰ : ਪਵਾਰ

ਫਿਲੌਰ (ਨਿਰਮਲ)- ਭਾਰਤੀ ਜਨਤਾ ਪਾਰਟੀ ਜਲੰਧਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਪਵਾਰ ਨੇ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਭਾਜਪਾ ਪੂਰੀ ਤਰ੍ਹਾਂ ਤਿਆਰ ਹੈ। ਆਦਮਪੁਰ, ਕਰਤਾਰਪੁਰ ਅਤੇ ਫਿਲੌਰ ਵਿੱਚ ਪਾਰਟੀ ਵੱਲੋਂ ਮਜ਼ਬੂਤ ਤੇ ਇਮਾਨਦਾਰ ਉਮੀਦਵਾਰ ਮੈਦਾਨ ਵਿੱਚ ਉਤਾਰੇ ਜਾਣਗੇ।ਉਨ੍ਹਾਂ ਕਿਹਾ ਕਿ ਭਾਜਪਾ ਵਿਕਾਸ, ਪਾਰਦਰਸ਼ਤਾ ਅਤੇ ਲੋਕ ਸੇਵਾ ਦੇ ਮੁੱਦੇ 'ਤੇ ਚੋਣ ਲੜੇਗੀ। ਪਾਰਟੀ ਦੇ ਵਰਕਰ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕਰ ਰਹੇ ਹਨ ਅਤੇ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦੇ ਰਹੇ ਹਨ।ਰਣਜੀਤ ਸਿੰਘ ਪਵਾਰ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ ਚਾਹੁੰਦੇ ਹਨ ਅਤੇ ਨਗਰ ਕੌਂਸਲਾਂ ਵਿੱਚ ਵੀ ਭਾਜਪਾ ਨੂੰ ਮਜ਼ਬੂਤ ਸਮਰਥਨ ਮਿਲੇਗਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਹਰ ਵਾਰਡ ਵਿੱਚ ਮਜ਼ਬੂਤ ਚੋਣ ਰਣਨੀਤੀ ਤਿਆਰ ਕੀਤੀ ਗਈ ਹੈ ਅਤੇ ਜਲਦ ਹੀ ਉਮੀਦਵਾਰਾਂ ਦੇ ਨਾਮਾਂ ਦਾ ਐਲਾਨ ਕੀਤਾ ਜਾਵੇਗਾ।



## ਕੋਟ ਫਤੂਹੀ 'ਚ ਡਾਕਟਰ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਮਨਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਕੋਟ ਫਤੂਹੀ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਕਮਿਊਨਿਟੀ ਹਾਲ ਵਿਖੇ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਦਾ 135ਵਾਂ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਡਾਕਟਰ ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ ਦਿਹਾੜੇ ਮੌਕੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਜਿਸ ਵਿੱਚ ਸਮਾਗਮ ਦੌਰਾਨ ਮਿਸ਼ਨਰੀ ਕਲਾਕਾਰ ਕੁਲਵਿੰਦਰ ਸੂਦ ਸੂੰਨੀ ਨੇ ਡਾਕਟਰ ਭੀਮ ਰਾਓ ਅੰਬੇਦਕਰ ਸਾਹਿਬ ਦੇ ਜੀਵਨ ਕਾਲ ਸੰਬੰਧਤ ਗੀਤਾਂ ਰਾਹੀਂ ਹਾਜ਼ਰੀ ਭਰੀ। ਇਸ ਮੌਕੇ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਸ਼ਿਰਕਤ ਕੀਤੀ ਅਤੇ ਡਾਕਟਰ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਡਾ. ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਨੌਜਵਾਨ ਸਭਾ ਵੱਲੋਂ ਆਏ ਹੋਏ ਮਹਿਮਾਨਾਂ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਡਾਕਟਰ ਅੰਬੇਡਕਰ ਸਾਹਿਬ ਦੇ ਜੀਵਨ ਕਾਲ ਨਾਲ ਸੰਬੰਧਤ ਚਾਨਣਾ ਪਾਇਆ ਅਤੇ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਅਪੀਲ ਕੀਤੀ। ਇਸ ਮੌਕੇ ਸਮਾਗਮ ਦੌਰਾਨ ਸਰਪੰਚ ਮੋਹਣ ਲਾਲ ਕੋਟ ਫਤੂਹੀ, ਡਾਕਟਰ ਵਿਪਨ ਕੁਮਾਰ ਪੰਚਨੰਗਲਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜਥੇਦਾਰ ਅਵਤਾਰ ਸਿੰਘ ਈਸਪੁਰ, ਡਾਕਟਰ ਕ੍ਰਿਪਾਲ ਸਿੰਘ ਭਗਤੂਪੁਰ, ਹਰਮਨ ਸਿੰਘ, ਗੁਰਦੀਪ ਸਿੰਘ ਵਰਦੀ, ਕੁਲਵੰਤ ਸਿੰਘ ਖੈਰੜ ਗੁਰੂ ਕੀ ਰਸੋਈ, ਸਤਪਾਲ ਜੱਖੂ ਭਾਮ, ਡਾਕਟਰ ਐਮ ਐਸ ਕੋਲ ਨੰਗਲ ਕਲਾਂ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਡਾਕਟਰ ਮਨਪ੍ਰੀਤ ਸਿੰਘ ਕੋਟ ਫਤੂਹੀ, ਸਰਪੰਚ ਮੋਹਣ ਸਿੰਘ ਸਰਹਾਲਾ ਕਲਾਂ, ਸੁਖਵਿੰਦਰ ਸਿੰਘ ਸੁੱਖੀ ਪੰਚ ਸਰਹਾਲਾ ਕਲਾਂ, ਅਕਾਸ਼ ਪੰਚਨੰਗਲਾ, ਸਿਮਰਨ ਸਿੰਘ, ਮਨੀ ਰੂਪੋਵਾਲ, ਕੁਲਵੀਰ ਗੋਪਾਲੀਆ, ਨੰਬਰਦਾਰ ਬਲਜਿੰਦਰ ਸਿੰਘ ਸਰਹਾਲਾ ਕਲਾਂ, ਬਲਵਿੰਦਰ ਰਾਮ ਗੋਪਾਲੀਆ, ਕਾਕਾ ਖੇੜਾ, ਬਲਵੰਤ ਕੌਰ ਭਾਣਾ ਆਦਿ ਹਾਜ਼ਰ ਸਨ।



## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਨੇ ਦੋ ਬੱਸਾਂ ਨੂੰ ਕੀਤਾ ਰਵਾਨਾ

ਮੁਹਾਲੀ (ਗੁਰਜੀਤ ਬਿੱਲਾ)- ਵਿਧਾਇਕ ਕੁਲਵੰਤ ਸਿੰਘ ਦੀ ਤਰਫੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ 37ਵੀਂ ਅਤੇ 38ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਪਿੰਡ ਲਖਨੌਰ ਅਤੇ ਫੇਸ਼-6 ਤੋਂ ਅੰਮ੍ਰਿਤਸਰ ਲਈ ਰਵਾਨਾ ਹੋਈਆਂ, ਇਹਨਾਂ ਬੱਸਾਂ ਵਿਚਲੇ ਸ਼ਰਧਾਲੂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਕੁਲਵੰਤ ਸਿੰਘ ਦਾ ਵਾਰ-ਵਾਰ ਧੰਨਵਾਦ ਕਰ ਰਹੇ ਸਨ, ਕਿ ਉਹਨਾਂ ਵੱਲੋਂ ਪੰਜਾਬ ਦੀ ਸੀਨੀਅਰ ਸਿਟੀਜਨ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹੋਏ ਉਹਨਾਂ ਨੂੰ ਇਸ ਯਾਤਰਾ ਦੇ ਲਈ ਮੌਕਾ ਪ੍ਰਦਾਨ ਕੀਤਾ। ਵਿਧਾਇਕ ਕੁਲਵੰਤ ਸਿੰਘ ਨਾਲ ਗੱਲਬਾਤ ਕਰਦੇ ਹੋਏ ਸ਼ਰਧਾਲੂਆਂ ਨੇ ਕਿਹਾ ਕਿ ਸੰਗਤੀ ਰੂਪ ਦੇ ਵਿੱਚ ਧਾਰਮਿਕ ਸਥਾਨਾਂ ਦੀ ਯਾਤਰਾ ਕਰਨਾ ਇੱਕ ਵਧੀਆ ਅਨੁਭਵ ਹੈ, ਵਿਚਾਰਾਂ ਦਾ ਆਪਸੀ ਅਦਾਨ-ਪ੍ਰਦਾਨ ਸ਼ਰਧਾਲੂਆਂ ਦੇ ਵਿਚਕਾਰ ਹੁੰਦਾ ਹੈ ਅਤੇ ਰਿਸ਼ਤਿਆਂ ਦੇ ਵਿੱਚ ਹੋਰ ਮਿਠਾਸ ਅਤੇ ਤਾਜ਼ਗੀ ਪੈਦਾ ਹੁੰਦੀ ਹੈ, ਜੋ ਕਿ ਸਮੁੱਚੇ ਚੁਗਿਰਦੇ ਨੂੰ ਰੁਸ਼ਨਾਈ ਰੱਖਦੀ ਹੈ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਵੱਲੋਂ ਸੀਨੀਅਰ ਸਿਟੀਜਨ ਦੀਆਂ ਭਾਵਨਾਵਾਂ ਦੀ ਕਦਰ ਨੂੰ ਕਦਰ ਕਰਦੇ ਹੋਏ ਇਹ ਯਾਤਰਾ ਸ਼ੁਰੂ ਕਰਵਾਈ ਗਈ। ਇਸ ਮੌਕੇ ਤੇ ਫੂਲਰਾਜ ਸਿੰਘ ਹਲਕਾ ਕੁਆਰਡੀਨੇਟਰ, ਕੁਲਦੀਪ ਕੌਰ ਪਤਨੀ ਜਸਪਾਲ ਸਿੰਘ ਸਰਪੰਚ ਲਖਨੌਰ, ਆਰ ਪੀ ਸ਼ਰਮਾ ਫੇਸ 6, ਇੰਦਰਜੀਤ ਸਿੰਘ ਲਾਡੀ ਲਖਨੌਰ, ਜਗਤਾਰ ਸਿੰਘ, ਸੰਤ ਸਿੰਘ, ਅਮਰੀਕ ਸਿੰਘ, ਹਰਦੀਪ ਕੌਰ ਰਿੱਕੀ ਸ਼ਰਮਾ, ਇਕਬਾਲ ਸਿੰਘ ਸਰਪੰਚ, ਮੱਖਣ ਸਿੰਘ ਸਰਪੰਚ, ਗੁਰਨਾਮ ਸਿੰਘ ਸਰਪੰਚ ਹਰਮਨਜੋਤ ਸਿੰਘ ਵੀ ਹਾਜ਼ਰ ਸਨ।



## ਕਿਸਾਨਾਂ ਨੂੰ ਵਾਤਾਵਰਣ ਪੱਖੀ ਤਕਨੀਕਾਂ ਅਪਣਾਉਣ ਲਈ ਕੀਤਾ ਸਨਮਾਨਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੇ ਜ਼ਿਲ੍ਹਾ ਪੱਧਰੀ ਪਸਾਰ ਅਦਾਰੇ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਨਾਲ ਜੁੜੇ ਅਗਾਂਹਵਧੂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਸਬੰਧੀ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ ਬੀਤੇ ਦਿਨੀਂ ਕਰਵਾਏ ਗਏ 'ਟਿਕਾਊ ਖੇਤੀ ਅਤੇ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਸੰਮੇਲਨ' ਦੌਰਾਨ ਸਨਮਾਨਤ ਕੀਤਾ ਗਿਆ।ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਦੱਸਿਆ ਕਿ ਇਸ ਸੰਮੇਲਨ ਦੀ ਪ੍ਰਧਾਨਗੀ ਵਾਈਸ ਚਾਂਸਲਰ, ਪੀ ਏ ਯੂ ਲੁਧਿਆਣਾ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ। ਇਨ੍ਹਾਂ ਤੋਂ ਇਲਾਵਾ ਇਸ ਸੰਮੇਲਨ ਵਿੱਚ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਅਤੇ ਨਿਰਦੇਸ਼ਕ ਖੋਜ ਪੀ ਏ ਯੂ ਲੁਧਿਆਣਾ ਡਾ. ਅਜਮੇਰ ਸਿੰਘ ਢੱਟ ਵੀ ਉਚੇਚੇ ਤੌਰ 'ਤੇ ਮੌਜੂਦ ਸਨ। ਇਹ ਸੰਮੇਲਨ ਪੀ ਏ ਯੂ ਲੁਧਿਆਣਾ ਅਤੇ ਹੋਰ ਅਦਾਰੇ ਜਿਵੇਂ ਕਿ ਕਲੀਨ ਏਅਰ, ਪੰਜਾਬ, ਸਾਂਝ ਅਤੇ ਆਸਰਾ ਸੰਸਥਾਵਾਂ ਦੇ ਸਾਂਝੇ ਉਪਰਾਲੇ ਨਾਲ ਕਰਵਾਇਆ ਗਿਆ ਜਿਸ ਦਾ ਮੁੱਖ ਉਦੇਸ਼ ਉਨ੍ਹਾਂ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਤ ਕਰਨਾ ਸੀ ਜਿਨਾਂ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਏ ਬਿਨ੍ਹਾਂ ਖੇਤ ਵਿੱਚ ਹੀ ਸੰਭਾਲ ਕੇ ਸੁਚੱਜਾ ਪ੍ਰਬੰਧ ਕੀਤਾ।

ਹੁਸ਼ਿਆਰਪੁਰ ਜ਼ਿਲ੍ਹੇ ਦੇ ਅਗਾਂਹਵਧੂ ਕਿਸਾਨਾ ਪਿੰਡ ਠੀਂਡਾ ਤੋਂ ਓਂਕਾਰ ਸਿੰਘ ਅਤੇ ਕੁਲਵੀਰ ਸਿੰਘ ,ਪਿੰਡ ਪੱਦੀ ਸੂਰਾ ਸਿੰਘ ਤੋਂ ਕੁਲਵੰਤ ਸਿੰਘ ਗਿੱਲ ਅਤੇ ਜਗਦੀਪ ਸਿੰਘ, ਪਿੰਡ ਸੈਲਾ ਖੁਰਦ ਤੋਂ ਰਮਨਦੀਪ ਸਿੰਘ, ਪਿੰਡ ਭਾਮ ਤੋਂ ਬਲਵਿੰਦਰ ਸਿੰਘ ਅਤੇ ਬਖਤਾਵਰ ਸਿੰਘ, ਪਿੰਡ ਖਾਨਪੁਰ ਤੋਂ ਜਸਪਾਲ ਸਿੰਘ ਅਤੇ ਪਿੰਡ ਰਸੂਲਪੁਰ ਤੋਂ ਹਰਨੇਕ ਸਿੰਘ ਤੇ ਬਲੀ ਸਿੰਘ ਨੂੰ ਇਸ ਸੰਮੇਲਨ ਵਿੱਚ ਨਿਵਾਜਿਆ ਗਿਆ।




## ਤੰਦਰੁਸਤੀ, ਸਕਾਰਾਤਮਕ ਸੋਚ ਤੇ ਕਾਮਯਾਬੀ ਲਈ ਖੇਡਾਂ ਬੇਹੱਦ ਲਾਹੇਵੰਦ : ਹਰਿੰਦਰ ਸਿੰਘ



ਆਦਮਪੁਰ (ਪਰਮਜੀਤ ਸਿੰਘ)- ਆਦਮਪੁਰ ਦੇ ਨੇੜੇ ਪੈਂਦੇ ਪਿੰਡ ਫਤਿਹਪੁਰ ਵਿਖੇ ਪਿੰਡ ਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਨਵਾਂ ਖੇਡ ਮੈਦਾਨ ਤਿਆਰ ਕੀਤਾ ਗਿਆ। ਇਸ ਵਿੱਚ ਬੱਚਿਆਂ ਲਈ ਝੂਲੇ, ਕਸਰਤ ਕਰਨ ਲਈ ਮਸ਼ੀਨਾਂ, ਵਾਲੀਬਾਲ ਅਤੇ ਬੈਡਮਿੰਟਨ ਮੈਦਾਨ ਵੀ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਹਨ । ਖੇਡ ਮੈਦਾਨ ਦੇ ਉਦਘਾਟਨ ਮੌਕੇ ਸਰਪੰਚ ਸੁਖਵਿੰਦਰ ਸਿੰਘ ਅਤੇ ਸਮੂਹ ਪੰਚਾਇਤ ਵੱਲੋਂ ਸੱਦੇ 'ਤੇ ਇਲਾਕੇ ਦੇ ਸਮਾਜ ਸੇਵੀ ਹਰਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਪੁੱਜੇ । ਵਾਲੀਬਾਲ ਦਾ ਇਕ ਦੋਸਤਾਨਾ ਮੁਕਾਬਲਾ ਵੀ ਕਰਵਾਇਆ ਗਿਆ । ਹਰਿੰਦਰ ਸਿੰਘ ਵੱਲੋਂ, ਆਦਮਪੁਰ ਦੀ ਵਾਲੀਬਾਲ ਟੀਮ ਦੀ ਹੌਸਲਾ ਅਫਜ਼ਾਈ ਕਰਦਿਆਂ ਵਿਸ਼ੇਸ਼ ਤੌਰ 'ਤੇ ਤਿਆਰ ਕਰਵਾਈਆਂ ਵਰਦੀਆਂ ਵੀ ਭੇਟ ਕੀਤੀਆਂ । ਹਰਿੰਦਰ ਸਿੰਘ ਨੇ ਸਰਪੰਚ ਸੁਖਵਿੰਦਰ ਸਿੰਘ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਇਸ ਉਪਰਾਲੇ ਦੀ ਸ਼ਲਾਘਾ ਕੀਤੀ । ਹਰਿੰਦਰ ਸਿੰਘ ਵੱਲੋਂ ਪਿੰਡ ਫਤਿਹਪੁਰ ਦੇ ਖਿਡਾਰੀਆਂ ਲਈ ਵੀ ਖੇਡਾਂ ਦਾ ਸਾਮਾਨ ਭੇਟ ਕੀਤਾ ਗਿਆ ।ਆਦਮਪੁਰ ਦੀ ਵਾਲੀਬਾਲ ਟੀਮ ਨੇ ਹਰਿੰਦਰ ਸਿੰਘ ਦਾ ਧੰਨਵਾਦ ਕੀਤਾ। ਪਿੰਡ ਫਤਿਹਪੁਰ ਦੀ ਸਮੂਹ ਪੰਚਾਇਤ ਅਤੇ ਪਿੰਡ ਵਾਸੀਆਂ ਨੇ ਵੀ ਹਰਿੰਦਰ ਸਿੰਘ ਦਾ ਧੰਨਵਾਦ ਕੀਤਾ। ਹਰਿੰਦਰ ਸਿੰਘ ਨੇ ਕਿਹਾ ਕਿ ਆਦਮਪੁਰ ਹਲਕੇ ਵਿੱਚ ਉਹ ਇਸੇ ਤਰ੍ਹਾਂ ਸਮਾਜ ਦੀ ਸੇਵਾ ਕਰਦੇ ਰਹਿਣਗੇ ।

## ਸ਼ਾਹਕੋਟ ਦੇ ਸਫਾਈ ਸੇਵਕ ਸੰਘਰਸ਼ 'ਚ ਹੋਏ ਸ਼ਾਮਲ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਸਫਾਈ ਸੇਵਕਾਂ ਵੱਲੋਂ ਸੂਬੇ ਭਰ ਵਿੱਚ ਅਣਮਿਥੇ ਸਮੇਂ ਲਈ ਸ਼ੁਰੂ ਕੀਤੀ ਗਈ ਹੜਤਾਲ ਨੂੰ ਉਸ ਸਮੇਂ ਹੋਰ ਬਲ ਮਿਲਿਆ ਜਦ ਸ਼ਾਹਕੋਟ ਦੇ ਸਫਾਈ ਮਜ਼ਦੂਰ ਸ਼ਹਿਰ ਦੀ ਸਫਾਈ ਦਾ ਕੰਮ ਠੱਪ ਕਰਕੇ ਇਸ ਹੜਤਾਲ ਵਿੱਚ ਸ਼ਾਮਲ ਹੋ ਗਏ। ਸਫਾਈ ਕਾਮਿਆਂ ਵੱਲੋਂ ਨਗਰ ਪੰਚਾਇਤ ਦੇ ਦਫਤਰ ਵਿੱਚ ਕੀਤੀ ਗਈ ਰੈਲੀ ਨੂੰ ਪ੍ਰਧਾਨ ਸੁਨੀਲ ਕੁਮਾਰ ਅਤੇ ਵਾਈਸ ਪ੍ਰਧਾਨ ਬੰਟੀ ਹੰਸ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਿਗੂਣੀ ਜਿਹੀ ਤਨਖਾਹ 10 ਹਜ਼ਾਰ ਰੁਪਏ ਪ੍ਰਤੀ ਮਹੀਨਾ 'ਤੇ ਕੰਮ ਕਰਨ ਲਈ ਮਜਬੂਰ ਹਨ। ਸੰਘਰਸ਼ ਕਰ ਰਹੇ ਸਫਾਈ ਮਜ਼ਦੂਰ ਮੰਗ ਕਰ ਰਹੇ ਹਨ ਕਿ ਕੱਚੇ ਸਫਾਈ ਸੇਵਕ ਅਤੇ ਮਿਊਂਸੀਪਲ ਕਾਮਿਆਂ ਨੂੰ ਬਿਨਾਂ ਸ਼ਰਤ ਪੱਕਾ ਕੀਤਾ ਜਾਵੇ, ਹਰ ਕਾਮੇ ਨੂੰ ਘੱਟੋ ਘੱਟ 40 ਹਜ਼ਾਰ ਉਜਰਤ ਮਹੀਨਾ ਦਿੱਤੀ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਠੇਕੇਦਾਰੀ ਸਿਸਟਮ ਪੂਰੀ ਤਰ੍ਹਾਂ ਬੰਦ ਕਰਕੇ ਸਮੁੱਚੇ ਮਿਊਂਸੀਪਲ ਕਾਮੇ ਪੱਕੇ ਕੀਤੇ ਜਾਣ । ਉਹਨਾਂ ਕਿਹਾ ਕਿ ਪੰਜਾਬ ਦਾ ਸਫਾਈ ਕੰਮ ਹੁਣ ਆਪਣੀ ਕਿਸਮਤ ਸੰਘਰਸ਼ ਰਾਹੀਂ ਲਿਖਣ ਦੇ ਰਾਹ ਤੁਰ ਪਿਆ ਹੈ ਇਸ ਲਈ ਅਣਮਿਥੇ ਸਮੇਂ ਲਈ ਸਫਾਈ ਕਾਮਿਆਂ ਦੀ ਹੜਤਾਲ ਤਦ ਤੱਕ ਜਾਰੀ ਰਹੇਗੀ ਜਦ ਤੱਕ ਉਹਨਾਂ ਦੀਆਂ ਮੰਗਾਂ ਨਹੀਂ ਮੰਨ ਲਈਆਂ ਜਾਂਦੀਆਂ। ਸਫਾਈ ਕਾਮਿਆਂ ਦੀ ਹਮਾਇਤ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਗੁਰਬਖਸ਼ ਕੌਰ ਸਾਦਕਪੁਰ ਗੁਰਚਰਨ ਸਿੰਘ, ਗੁਰਮੀਤ ਸਿੰਘ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਸੰਦੀਪ ਅਰੋੜਾ ਨੇ ਵੀ ਸੰਬੋਧਨ ਕੀਤਾ।



## ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦਾ 8ਵੀਂ ਤੇ 10ਵੀਂ ਦਾ ਨਤੀਜਾ ਰਿਹਾ ਸ਼ਾਨਦਾਰ

ਫਿਲੌਰ (ਨਿਰਮਲ)- ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਿਲੌਰ ਵਿਖੇ ਬੋਰਡ ਦੀਆਂ ਜਮਾਤਾਂ 8 ਵੀਂ ਤੇ 10 ਵੀਂ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਜਿਸ ਵਿੱਚੋਂ ਟੌਪਰ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪੇ ਹੁੰਮ-ਹੁਮਾਕੇ ਸਕੂਲ ਵਿੱਚ ਪਹੁੰਚੇ। ਪ੍ਰਿੰਸੀਪਲ ਤਰਲੋਕ ਸਿੰਘ ਅਤੇ ਸਕੂਲ ਇੰਚਾਰਜ ਸ੍ਰੀ ਹਰੀਕ੍ਰਿਸ਼ਨ, ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸੁਖਵਿੰਦਰ ਕੌਰ ਤੇ ਸਮੂਹ ਕਮੇਟੀ ਮੈਂਬਰਾਂ, ਸਮੂਹ ਸਟਾਫ ਮੈਂਬਰਾਂ ਵਲੋਂ 8ਵੀਂ ਅਤੇ 10ਵੀਂ ਕਲਾਸ ਦੇ ਪਹਿਲੇ ਤਿੰਨ-ਤਿੰਨ ਟੌਪਰ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਇੰਚਾਰਜ ਹਰੀਕ੍ਰਿਸ਼ਨ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਆਉਣ ਵਾਲੇ ਸਮੇਂ ਵਿੱਚ ਚੰਗੀ ਪੜ੍ਹਾਈ ਕਰਕੇ ਸਮਾਜ ਵਿੱਚ ਉੱਚਾ ਰੁਤਬਾ ਪ੍ਰਾਪਤ ਕਰਕੇ ਅਧਿਆਪਕਾਂ ਵਾਂਗ ਸਮਾਜ ਨੂੰ ਚੰਗੀ ਸੇਧ ਪ੍ਰਦਾਨ ਕਰਨ ਲਈ ਪ੍ਰੇਰਿਆ। ਸਕੂਲ ਦੇ ਸਟਾਫ ਮੈਂਬਰਾਂ ਕੁਸਮ ਲਤਾ, ਰਜੀਆ, ਮਧੂਬਾਲਾ, ਪੂਨਮ ਨਈਅਰ, ਸੁਨੀਤਾ ਥਾਪਰ, ਲਵਲੀ, ਇੰਦਰਜੀਤ ਕੁਮਾਰ, ਅਮਰਦੀਪ ਜੱਖੂ, ਮਨੋਹਰ ਲਾਲ, ਰਣਵੀਰ ਸਿੰਘ ਪਰਮਾਰ, ਰਵਿੰਦਰ ਫਰਤਿਆਲ, ਕਰਨ ਵਰਮਾ ਅਤੇ ਬਾਕੀ ਸਾਰੇ ਸਟਾਫ ਮੈਂਬਰ ਸ਼ਾਮਿਲ ਹੋਏ। ਜਮਾਤ 8ਵੀਂ ਦੀਆਂ ਟੌਪਰ ਵਿਦਿਆਰਥਣਾਂ ਸਿਮਰਦੀਪ ਕੌਰ ਪੁੱਤਰੀ ਸ੍ਰੀ ਦੇਸਰਾਜ, ਦੇਵਿਕਾ ਪੁੱਤਰੀ ਸ੍ਰੀ ਪਿਤੰਬਰ ਪਾਂਡੇ, ਸਲੋਨੀ ਪੁੱਤਰੀ ਸ੍ਰੀ ਰਮੇਸ਼ ਅਤੇ 10 ਵੀਂ ਦੀਆਂ ਟੌਪਰ ਵਿਦਿਆਰਥਣਾਂ ਮੋਨਿਕਾ ਪੁੱਤਰੀ ਸ੍ਰੀ ਪਿਆਰਾ ਲਾਲ, ਸੁਨੇਨਾ ਪੁੱਤਰੀ ਸ੍ਰੀ ਸਰਬਜੀਤ ਰਾਮ, ਤਾਨੀਆ ਪੁਤਰੀ ਸ੍ਰੀ ਨਰਿੰਦਰ ਕੁਮਾਰ ਆਦਿ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।



## ਖੂਨਦਾਨ ਕੈਂਪ 19 ਨੂੰ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)-ਪਿੰਡ ਲੋਧੀ ਚੱਕ ਵਿਖੇ ਸਥਿਤ ਬਾਬਾ ਭਾਈ ਚਾਈਆ ਦੇ ਅਸਥਾਨ ਤੇ ਰਿਪਲ ਆਫ ਹੈਲਪ ਕਲੱਬ ਟਿਲੂਵਾਲ ਖੁਣ ਖੁਣ ਕਲਾਂ ਵੱਲੋਂ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਪਹਿਲਾ ਖੂਨਦਾਨ ਕੈਂਪ 19 ਮਈ ਨੂੰ ਲਗਾਇਆ ਜਾਵੇਗਾ। ਸੱਚਖੰਡ ਵਾਸੀ ਬਾਬਾ ਕਾਰਸੀ ਗਿਰ ਦੀ ਯਾਦ ਵਿੱਚ ਕਰਵਾਏ ਜਾ ਰਹੇ ਸਾਲਾਨਾ ਭੰਡਾਰੇ ਤੇ ਜੋੜ ਮੇਲੇ ਸਵੇਰੇ 10 ਵਜੇ ਤੋਂ 2 ਵਜੇ ਤੱਕ ਲਗਾਏ ਜਾ ਰਹੇ ਕੈਂਪ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਪ੍ਰਧਾਨ ਪਾਸਟਰ ਬਲਵੰਤ ਵਿਜ, ਮੋਟੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਤੇ ਡਾਇਰੈਕਟਰ ਦੀਪਕ ਭਟਾਰਾ ਨੇ ਦੱਸਿਆ ਕਿ ਕੈਂਪ ਦੌਰਾਨ ਸਤਨਾਮ ਹਸਪਤਾਲ ਦੀ ਟੀਮ ਵੱਲੋਂ ਸੇਵਾਵਾਂ ਪ੍ਰਦਾਨ ਕਰਦੇ ਹੋਏ ਬਲੱਡ ਇਕੱਤਰ ਕੀਤਾ ਜਾਵੇਗਾ। ਉਹਨਾਂ ਇਸ ਕੈਂਪ ਦੌਰਾਨ ਇਲਾਕੇ ਦੇ ਨੌਜਵਾਨਾਂ ਨੂੰ ਮਨੁੱਖਤਾ ਦੀ ਸੇਵਾ ਨੂੰ ਮੁੱਖ ਰੱਖਦੇ ਹੋਏ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਹੈ । ਉਹਨਾਂ ਦੱਸਿਆ ਕਿ ਖੂਨਦਾਨ ਕਰਨ ਵਾਲੇ ਨੌਜਵਾਨਾਂ ਦਾ ਕਲੱਬ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਜਾਵੇਗਾ।

# 15 ਦਿਨਾਂ ਤੋਂ ਮਲੇਸ਼ੀਆ 'ਚ ਫਸਿਆ ਜਲੰਧਰ ਦਾ ਨੌਜਵਾਨ ਸੁਰੱਖਿਅਤ ਭਾਰਤ ਪਰਤਿਆ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**
ਪਿਛਲੇ ਕਰੀਬ 15 ਦਿਨਾਂ ਤੋਂ ਮਲੇਸ਼ੀਆ ਵਿੱਚ ਫਸਿਆ ਜਲੰਧਰ ਦਾ ਨੌਜਵਾਨ ਆਕਾਸ਼ ਆਖਰਕਾਰ ਸੁਰੱਖਿਅਤ ਤਰੀਕੇ ਨਾਲ ਭਾਰਤ ਵਾਪਸ ਆ ਗਿਆ। ਉਸ ਦੀ ਵਾਪਸੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਲਗਾਤਾਰ ਯਤਨਾਂ ਸਦਕਾ ਸੰਭਵ ਹੋ ਸਕੀ। ਭਾਰਤ ਪਹੁੰਚਣ ਤੋਂ ਬਾਅਦ ਆਕਾਸ਼ ਅਤੇ ਉਸ ਦੇ ਪਰਵਾਰ ਨੇ ਸੰਤ ਸੀਚੇਵਾਲ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਧੰਨਵਾਦ ਕੀਤਾ।ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਉਹਨਾਂ ਦਾ ਪੁੱਤਰ ਵਿਦੇਸ਼ ਵਿੱਚ ਫਸ ਜਾਣ ਕਾਰਨ ਘਰ ਦਾ ਮਾਹੌਲ ਕਾਫੀ ਤਣਾਅਪੂਰਨ ਬਣ ਗਿਆ ਸੀ। ਪਰਵਾਰ ਨੇ ਦੱਸਿਆ ਕਿ ਉਹ ਲਗਭਗ ਉਮੀਦ ਛੱਡ ਚੁੱਕੇ ਸਨ, ਪਰ ਸੰਤ ਸੀਚੇਵਾਲ ਵੱਲੋਂ ਕੀਤੀ ਗਈ ਪਹਿਲਕਦਮੀ ਅਤੇ ਨਿਰੰਤਰ ਕੋਸ਼ਿਸ਼ਾਂ ਕਾਰਨ ਆਖਿਰਕਾਰ ਉਹਨਾਂ ਦਾ ਪੁੱਤਰ ਸੁਰੱਖਿਅਤ ਘਰ ਵਾਪਸ ਪਰਤ ਆਇਆ।ਜਾਣਕਾਰੀ ਮੁਤਾਬਕ ਆਕਾਸ਼ ਨਿਊਜ਼ੀਲੈਂਡ ਤੋਂ ਭਾਰਤ ਵਾਪਸ ਆ ਰਿਹਾ ਸੀ, ਪਰ ਦਸਤਾਵੇਜ਼ੀ ਕਾਰਵਾਈ ਵਿੱਚ ਆਈਆਂ ਮੁਸ਼ਕਲਾਂ ਕਾਰਨ ਉਹ ਮਲੇਸ਼ੀਆ ਪਹੁੰਚ ਗਿਆ। ਉੱਥੇ ਉਸਨੂੰ ਕਈ ਦਿਨ ਹਵਾਈ ਅੱਡੇ 'ਤੇ ਰਹਿਣਾ ਪਿਆ ਅਤੇ ਬਾਅਦ ਵਿੱਚ ਉਸਨੂੰ ਇਕ ਨਜ਼ਰਬੰਦੀ ਕੇਂਦਰ ਵਿੱਚ ਹਿਰਾਸਤ ਵਿੱਚ ਵੀ ਰੱਖਿਆ ਗਿਆ।ਭਾਰਤ ਪਰਤਣ ਉਪਰੰਤ ਆਕਾਸ਼ ਨੇ ਦੱਸਿਆ ਕਿ ਉਸ ਨੇ ਬਹੁਤ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕੀਤਾ। ਉਸਨੇ ਕਈ ਦਿਨ ਹਵਾਈ ਅੱਡੇ 'ਤੇ ਗੁਜ਼ਾਰੇ ਅਤੇ ਮਾਨਸਿਕ ਤੌਰ 'ਤੇ ਵੀ ਕਾਫੀ ਪ੍ਰੇਸ਼ਾਨ ਰਿਹਾ। ਉਸ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਫਸੇ ਭਾਰਤੀਆਂ ਦੀ ਮਦਦ ਲਈ ਸਰਕਾਰੀ ਪ੍ਰਨਾਲੀ ਹੋਰ ਮਜਬੂਤ ਹੋਣੀ ਚਾਹੀਦੀ ਹੈ ਤਾਂ ਜੋ ਭਵਿੱਖ ਵਿੱਚ ਕਿਸੇ ਹੋਰ ਨੂੰ ਅਜਿਹੀਆਂ ਪਰੇਸ਼ਾਨੀਆਂ ਦਾ ਸਾਹਮਣਾ ਨਾ ਕਰਨਾ ਪਵੇ।ਪਰਵਾਰ ਨੇ ਕੇਂਦਰ ਸਰਕਾਰ ਅਤੇ ਸਬੰਧਤ ਏਜੰਸੀਆਂ ਨੂੰ ਅਪੀਲ ਕੀਤੀ ਕਿ ਵਿਦੇਸ਼ਾਂ ਵਿੱਚ ਫਸੇ ਭਾਰਤੀਆਂ ਦੀ ਮਦਦ ਲਈ ਤੁਰੰਤ ਤੇ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਈ ਜਾਵੇ।

# ਇਨੋ-ਟੈਕ 2026 'ਚ ਨਵੋਨਮੇਸ਼ੀ ਪ੍ਰੋਜੈਕਟ ਰਾਹੀਂ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**
ਮੇਹਰ ਚੰਦ ਪਾਲੀਟੈਕਨਿਕ ਕਾਲਜ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਨੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਰਾਜੀਵ ਭਾਟੀਆ ਦੀ ਯੋਗ ਤੇ ਗਤੀਸ਼ੀਲ



ਅਗਵਾਈ ਹੇਠ ਅਪ੍ਰੈਲ 2026 ਵਿੱਚ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਿਖੇ ਆਯੋਜਿਤ ਇਨੋ-ਟੈਕ 2026 ਵਿੱਚ ਇੱਕ ਨਵੋਨਮੇਸ਼ੀ ਪ੍ਰੋਜੈਕਟ ਪੇਸ਼ ਕੀਤਾ, ਜਿਸ ਵਿੱਚ ਆਧੁਨਿਕ ਸੜਕ ਸੁਰੱਖਿਆ ਲਈ ਵਿਹਾਰਕ ਪਹੁੰਚਾਂ ਨੂੰ ਦਰਸਾਇਆ ਗਿਆ। ਹਾਈਵੇ ਸੇਫਟੀ ਐਂਡ ਡਿਜ਼ਾਈਨ ਪੈਰਾਮੀਟਰਜ਼ ਸਿਰਲੇਖ ਹੇਠ ਇਹ ਪ੍ਰੋਜੈਕਟ ਸਿਵਲ ਇੰਜੀਨੀਅਰਿੰਗ ਦੂਜੇ ਸਾਲ ਦੇ ਵਿਦਿਆਰਥੀਆਂ ਅਨੀਸ਼ ਕੁਮਾਰ, ਸੁਭੇਦਰਾ ਕੁਮਾਰ, ਪ੍ਰਭਜੋਤ ਸਿੰਘ, ਹਿਮਾਂਸ਼ੂ, ਕਰਨਜੀਤ ਸੰਧੂ, ਰੋਹਿਤ ਅਤੇ ਸੂਰਿਆਂਸ਼ ਵੱਲੋਂ ਤਿਆਰ ਕੀਤਾ ਗਿਆ। ਇਸ ਪ੍ਰੋਜੈਕਟ ਵਿੱਚ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਹਾਈਵੇ ਬੁਨਿਆਦੀ ਢਾਂਚੇ ਦੇ ਮਹੱਤਵਪੂਰਨ ਪੱਖਾਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਪ੍ਰੋਜੈਕਟ ਵਿੱਚ ਜਿਓਮੈਟ੍ਰਿਕ ਡਿਜ਼ਾਈਨ ਦੇ ਤੱਤਾਂ ਜਿਵੇਂ ਕਿ ਕਰਵਜ਼, ਗ੍ਰੇਡੀਐਂਟਸ, ਸਾਈਟ ਡਿਸਟੈਂਸ ਅਤੇ ਸੁਪਰ ਇਲੀਵੇਸ਼ਨ ਦੇ ਮਹੱਤਵ ਨੂੰ ਦਰਸਾਇਆ ਗਿਆ, ਨਾਲ ਹੀ ਬੈਰੀਅਰਜ਼ ਅਤੇ ਐਸਕੇਪ ਰੈਂਪ ਵਰਗੀਆਂ ਸੁਰੱਖਿਆ ਸਹੂਲਤਾਂ ਨੂੰ ਵੀ ਪ੍ਰਦਰਸ਼ਿਤ ਕੀਤਾ ਗਿਆ। ਮਾਡਲ ਵਿੱਚ ਮਿੱਟੀ ਦੇ ਕਟਾਅ ਨੂੰ ਰੋਕਣ ਲਈ ਵਾਟਰ-ਰਿਪੈਲਿੰਗ ਗਰੋਇਨਜ਼, ਢਲਾਣ ਦੀ ਮਜ਼ਬੂਤੀ ਲਈ ਰਿਟੇਨਿੰਗ ਵਾਲਜ਼ ਅਤੇ ਬੇਕਾਬੂ ਵਾਹਨਾਂ ਨੂੰ ਰੋਕਣ ਲਈ ਹਾਈਵੇ ਐਸਕੇਪ ਰੈਂਪ ਵਰਗੀਆਂ ਆਧੁਨਿਕ ਵਿਸ਼ੇਸ਼ਤਾਵਾਂ ਨੂੰ ਦਰਸਾਇਆ ਗਿਆ। ਪਹਾੜੀ ਇਲਾਕਿਆਂ ਦੀ ਸੁਰੱਖਿਆ ਲਈ ਬ੍ਰੈਸਟ ਵਾਲਜ਼, ਰਾਕਫਾਲ ਬੈਰੀਅਰਜ਼ ਅਤੇ ਵਾਇਰ ਮੈਸ਼ ਪ੍ਰੋਟੈਕਸ਼ਨ ਸਿਸਟਮਾਂ 'ਤੇ ਵੀ ਖਾਸ ਧਿਆਨ ਦਿੱਤਾ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਸਟਾਫ ਤੇ ਵਿਦਿਆਰਥੀਆਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।

# ਪੰਜਾਬ ਨੈਸ਼ਨਲ ਪਾਰਟੀ ਨੇ ਪੰਜਾਬ ਵਿਧਾਨ ਸਭਾ ਲਈ 33 ਉਮੀਦਵਾਰ ਐਲਾਨੇ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਨੈਸ਼ਨਲ ਪਾਰਟੀ ਦੀ ਸੂਬਾ ਕਮੇਟੀ ਦੀ ਮੀਟਿੰਗ ਪਾਰਟੀ ਦੇ ਸਰਪ੍ਰਸਤ ਕੁਲਦੀਪ ਸਿੰਘ ਬੈਦਵਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਸਬੰਧੀ ਸੂਬਾ ਜਨਰਲ ਸਕੱਤਰ ਸ਼ਿੰਦਰਪਾਲ ਸਿੰਘ ਨੇ ਦੱਸਿਆ ਕਿ ਪਾਰਟੀ ਦੀ ਮੀਟਿੰਗ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਕ ਆਰਥਿਕ ਹਾਲਾਤ ਅਤੇ ਅਮਨ ਕਾਨੂੰਨ ਦੀ ਵਿਗੜ ਰਹੀ ਸਥਿਤੀ 'ਤੇ ਵਿਸ਼ੇਸ਼ ਚਰਚਾ ਕੀਤੀ ਗਈ। ਸ੍ਰਪਰਸਤ ਕੁਲਦੀਪ ਸਿੰਘ ਬੈਦਵਾਨ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਕਾਂਗਰਸ ਅਤੇ ਅਕਾਲੀ ਪਾਰਟੀ ਨੇ ਲੰਮਾ ਸਮਾਂ ਪੰਜਾਬ 'ਤੇ ਰਾਜ ਕੀਤਾ ਹੈ ਪਰ ਮਹਿੰਗਾਈ, ਬੇਰੁਜ਼ਗਾਰੀ, ਨਸ਼ਾ ਅਤੇ ਰਿਸ਼ਵਤਖੋਰੀ ਲਗਾਤਾਰ ਵਧਦੀ ਜਾ ਰਹੀ ਹੈ। ਬੇਰੁਜ਼ਗਾਰੀ ਅਤੇ ਮਹਿੰਗਾਈ ਛੜੱਪੇ ਮਾਰ ਕੇ ਵਧ ਰਹੀ ਹੈ। ਅਮਨ ਕਾਨੂੰਨ ਦੀ ਸਥਿਤੀ ਬੁਰੀ ਤਰ੍ਹਾਂ ਵਿਗੜ ਚੁੱਕੀ ਹੈ। ਉਹਨਾਂ ਸਮੂਹ ਪਾਰਟੀ ਆਗੂਆਂ ਨੂੰ ਸੱਦਾ ਦਿੱਤਾ ਕਿ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਪਹਿਲ ਕਦਮੀ ਕਰਨ। ਇਸ ਮੌਕੇ ਉਹਨਾਂ ਪੰਜਾਬ ਵਿਧਾਨ ਸਭਾ ਦੇ 33 ਹਲਕਿਆਂ ਲਈ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ। ਜਿਹਨਾਂ ਵਿੱਚ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਅਵਤਾਰ ਸਿੰਘ ਰੰਗਰਾ, ਸਾਬਕਾ ਜ਼ਿਲ੍ਹਾ ਖੁਰਾਕ ਸਪਲਾਈ ਅਫ਼ਸਰ ਅਤੇ ਰੂਪਨਗਰ ਵਿਧਾਨ ਸਭਾ ਹਲਕੇ ਲਈ ਸਿਮਰਨਜੀਤ ਕੌਰ, ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ ਐਡਵੋਕੇਟ ਇੰਦਰਜੀਤ ਸਿੰਘ, ਹਲਕਾ ਲੁਧਿਆਣਾ ਤੋਂ ਪਵਨਜੀਤ ਸਿੰਘ, ਹਲਕਾ ਧੂਰੀ ਤੋਂ ਵਿਜੇ ਸਿਆਲ, ਕੈਪਟਨ ਬਲਵੀਰ ਸਿੰਘ ਫਿਰੋਜ਼ਪੁਰ, ਹਲਕਾ ਜ਼ੀਰਾ ਤੋਂ ਕਿੰਦਰ ਸਿੰਘ, ਹਲਕਾ ਪੱਟੀ ਤੋਂ ਦਰਸ਼ਨ ਸਿੰਘ ਸ਼ਾਮਲ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਦਰਸ਼ਨ ਸਿੰਘ ਸਮਰਾਲਾ, ਸੰਤੋਸ਼ ਸੈਣੀ ਖਰੜ, ਜਸਵੀਰ ਕੌਰ ਰੋਪੜ, ਬਖਸ਼ੀਸ਼ ਕੌਰ ਸੰਧੂ, ਬਲਵਿੰਦਰ ਕੌਰ, ਰਵਿੰਦਰ ਕੌਰ,ਗਿਆਨ ਸਿੰਘ ਨਿਰਭੈ ਸਿੰਘ, ਗੁਰਨੀਤ ਪਾਲ ਸਿੰਘ ਭੱਠਾ ਸਾਹਿਬ, ਸੁਰਜੀਤ ਸਿੰਘ, ਕੁਲਦੀਪ ਸਿੰਘ, ਜਸਵੰਤ ਸਿੰਘ ਪਿੱਪਲ ਮਾਜਰਾ ਆਦਿ ਪਾਰਟੀ ਆਗੂ ਹਾਜ਼ਰ ਸਨ।

# ਮਨਾਹੀ ਦੇ ਬਾਵਜੂਦ ਨਾਜਾਇਜ਼ ਮਾਇਨਿੰਗ ਦਾ ਕਾਰੋਬਾਰ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਖ਼ੇਤਰ 'ਚ ਨਾਜਾਇਜ਼ ਖਣਨ ਅਤੇ ਕਰੱਸ਼ਰ ਮਾਫੀਆ 'ਤੇ ਨਕੇਲ ਪਾਉਣ 'ਚ ਸਰਕਾਰ ਅਤੇ ਪ੍ਰਸ਼ਾਸਨ ਨਾਕਾਮ ਸਿੱਧ ਹੋਇਆ ਹੈ। ਮਨਾਹੀ ਦੇ ਬਾਵਜੂਦ ਤਲਵਾੜਾ ਖ਼ੇਤਰ 'ਚ ਨਾਜਾਇਜ਼ ਖਣਨ ਦਾ ਕਾਰੋਬਾਰ ਬੇਰੋਕ ਜ਼ਾਰੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਬਰਿੰਗਲੀ ਦੇ ਕਮਿਊਨਿਟੀ ਹਾਲ 'ਚ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼



ਕਮੇਟੀ ਤਲਵਾੜਾ ਦੇ ਬੈਨਰ ਹੇਠਾਂ ਇਕੱਤਰ ਲਗਭਗ ਇੱਕ ਦਰਜਨ ਤੋਂ ਵਧ ਪਿੰਡਾਂ ਦੇ ਵਸਨੀਕਾਂ ਨੇ ਕੀਤਾ ਹੈ। ਸੰਘਰਸ਼ ਕਮੇਟੀ ਪ੍ਰਧਾਨ ਕੈਪ. (ਰਿਟਾ.) ਰਾਜੇਸ਼ ਕੁਮਾਰ ਭੋਲ ਬਦਮਾਣੀਆਂ ਦੀ ਅਗਵਾਈ ਹੇਠ ਇੱਕ ਭਰਵੀਂ ਮੀਟਿੰਗ ਕੀਤੀ ਗਈ। ਜਿਸ ਵਿਚ ਸਾਬਕਾ ਫੌਜੀਆਂ ਦੀ ਵੈਲਫੇਅਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਖ ਵੱਖ ਪਿੰਡਾਂ ਤੋਂ ਮਾਈਨਿੰਗ ਪੀੜਤ ਲੋਕ, ਵਾਤਾਵਰਣ ਪ੍ਰੇਮੀ ਤੇ ਸਮਾਜਿਕ ਕਾਰਕੁੰਨ ਸ਼ਾਮਲ ਹੋਏ। ਬੁਲਾਰਿਆਂ ਨੇ ਖ਼ੇਤਰ 'ਚ ਅੰਨ੍ਹੇਵਾਹ ਖੁਦਾਈ ਲਈ ਸਰਕਾਰ ਅਤੇ ਪ੍ਰਸ਼ਾਸਨ ਨੂੰ ਜ਼ਿੰਮੇਵਾਰ ਠਹਿਰਾਇਆ। ਜੰਗਲਾਤ ਐਕਟ ਦੀ ਦਫ਼ਾ 4 ਅਤੇ 5 ਦੇ ਚੱਲਦਿਆਂ ਸਥਾਨਕ ਲੋਕਾਂ 'ਤੇ ਆਪਣੀ ਜ਼ਮੀਨ 'ਚੋਂ ਦਰੱਖਤ ਵੱਢਣ 'ਤੇ ਰੋਕ ਹੈ, ਪਰ ਕਰੱਸ਼ਰ ਕਾਰੋਬਾਰੀਆਂ 'ਤੇ ਕੋਈ ਨਿਯਮ ਕਾਨੂੰਨ ਲਾਗੂ ਨਾ ਹੋਣ 'ਤੇ ਸਵਾਲ ਖੜ੍ਹੇ ਕੀਤੇ।ਬੁਲਾਰਿਆਂ ਨੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਖ਼ੇਤਰ 'ਚ ਚੱਲਦੀ ਮਾਈਨਿੰਗ 'ਤੇ ਨਜ਼ਰ ਰੱਖਣ ਲਈ ਸੰਘਰਸ਼ ਕਮੇਟੀ ਨਾਲ ਤਾਲਮੇਲ ਕਰਕੇ ਇੱਕ ਜਾਂਚ ਕਮੇਟੀ ਗਠਨ ਕਰਨ ਦੀ ਮੰਗ ਕੀਤੀ ਹੈ। ਲੋਕ ਲਾਮਬੰਦੀ ਅਤੇ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਤਲਵਾੜਾ 'ਚ ਇੱਕ ਰੋਸ ਮਾਰਚ ਕੱਢਣ ਦਾ ਫੈਸਲਾ ਕੀਤਾ ਹੈ। ਹਾਜ਼ਰੀਨ ਨੇ ਕੰਢੀ ਖ਼ੇਤਰ 'ਚ ਨਾਜਾਇਜ਼ ਖਣਨ ਤੇ ਕਰੱਸ਼ਰ ਮਾਫੀਆ ਖ਼ਿਲਾਫ਼ ਨਿਰਣਾਇਕ ਸੰਘਰਸ਼ ਦਾ ਅਹਿਦ ਲਿਆ। ਇਸ ਮੌਕੇ ਸਾਬਕਾ ਸਰਪੰਚ ਦੀਪਕ ਠਾਕੁਰ, ਕੈਪ.(ਰਿਟਾ.) ਜੋਗਿੰਦਰ ਸਿੰਘ ਮੰਗੂ ਮੈਰ੍ਹਾ, ਪੰਚਾਇਤ ਯੂਨੀਅਨ ਤਲਵਾੜਾ ਦੇ ਸਾਬਕਾ ਪ੍ਰਧਾਨ ਨਵਲ ਕਿਸ਼ੋਰ ਮਹਿਤਾ, ਸੀ ਪੀ ਸਿੰਘ ਧਰਮਪੁਰ, ਮੋਹਿਤ ਪਰਮਾਰ ਸੁਖਚੈਨਪੁਰ, ਸੁਸ਼ੀਲ ਕੁਮਾਰ ਮੰਗੂ ਮੈਰ੍ਹਾ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੋਂ ਵਰਿੰਦਰ ਵਿੱਕੀ, ਨੌਜਵਾਨ ਆਗੂ ਹੈਪੀ ਠਾਕੁਰ ਤੇ ਅਕਿੰਤ ਰਾਣਾ ਆਦਿ ਨੇ ਸੰਬੋਧਨ ਕੀਤਾ।

# ਈ ਡੀ ਨੂੰ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਡਰਾਉਣ ਤੋਂ ਸਿਵਾਏ ਹੋਰ ਕੋਈ ਕੰਮ ਨਹੀ : ਪੱਡਾ

**ਕਪੂਰਥਲਾ (ਮਨਜੀਤ ਮਾਨ)**-ਪੰਜਾਬ ਸਰਕਾਰ ਵਿੱਚ ਮੰਤਰੀ ਸੰਜੀਵ ਅਰੋੜਾ ਦੇ ਘਰ ਈ ਡੀ ਦੀ ਰੇਡ ਪੈਣ ਤੇ ਭਾਜਪਾ ਅਤੇ ਪੀ ਐਮ ਨਰਿੰਦਰ ਮੋਦੀ ਤੇ ਤਿੱਖਾ ਹਮਲਾ ਕਰਦਿਆਂ ਆਮ ਆਦਮੀ ਪਾਰਟੀ ਕਿਸਾਨ ਵਿੰਗ ਦੋਆਬਾ ਜੋਨ ਦੇ ਸੂਬਾ ਸਕੱਤਰ ਸੁਖਵੰਤ ਸਿੰਘ ਪੱਡਾ ਨੇ ਕਿਹਾ ਕਿ ਈ ਡੀ ਦੇ ਸਹਾਰੇ ਭਾਜਪਾ ਅਤੇ ਮੋਦੀ ਨੇ ਪੰਜਾਬ ਨੂੰ ਲਲਕਾਰਿਆ ਹੈ ।ਪੰਜਾਬ ਨਾ ਪਹਿਲਾਂ ਝੁਕਿਆ ਸੀ ਅਤੇ ਨਾ ਹੁਣ ਝੁਕੇਗਾ ਪੰਜਾਬ ਹੀ ਭਾਜਪਾ ਅਤੇ ਈ ਡੀ ਦੇ ਵਿਚਕਾਰ ਅਨੈਤਿਕਤਾ ਗਠਜੋੜ ਨੂੰ ਖਤਮ ਕਰੇਗਾ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵਿੱਚ ਮੰਤਰੀ ਸੰਜੀਵ ਅਰੋੜਾ ਦੇ ਘਰ ਈ ਡੀ ਦੀ ਰੇਡ ਚੱਲ ਰਹੀ ਹੈ ।ਈ ਡੀ ਦਾ ਕੰਮ ਹੈ ਕਿ ਦੇਸ਼ ਦੇ ਅੰਦਰ ਜੇਕਰ ਕਿਤੇ ਮਨੀ ਲਾਂਡਰਿੰਗ ਹੋ ਰਹੀ ਹੈ ਤਾਂ ਉਸ ਨੂੰ ਰੋਕਣਾ ਅਤੇ ਉਸ ਦੀ ਜਾਂਚ ਕਰਨਾ ਜੇਕਰ ਇਸ ਮਕਸਦ ਨਾਲ ਈਡੀ ਆਪਣੀ ਕਾਰਵਾਈ ਕਰੇ, ਤਾਂ ਸਾਨੂੰ ਕੋਈ ਪ੍ਰੇਸ਼ਾਨੀ ਨਹੀਂ ਹੈ।ਪੱਡਾ ਨੇ ਮੋਦੀ ਨੂੰ ਅਪੀਲ ਕਰਦਿਆਂ ਕਿਹਾ ਪੰਜਾਬ ਨਾਲ ਧੱਕੇਸ਼ਾਹੀ ਤੇ ਵਧੀਕੀਆਂ ਕਰਨਾ ਬੰਦ ਕਰੋਂ ਨਹੀਂ ਤਾਂ ਪੰਜਾਬ ਦੇ ਲੋਕ ਕੇਂਦਰ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਵਧੀਕੀਆਂ ਤੇ ਧੱਕੇਸ਼ਾਹੀਆ ਨੂੰ ਬਰਦਾਸ਼ਤ ਨਹੀਂ ਕਰਨਗੇ ਤੇ ਇਸ ਦਾ ਮੂੰਹ ਤੋੜ ਜੁਆਬ ਦੇਣਗੇ।

# ਅਮਿਤ ਬਾਵਾ ਸੈਣੀ ਨੇ ਜੌਲਾ ਕਲਾਂ 'ਚ ਵੰਡੀਆਂ ਖੇਡ ਕਿੱਟਾਂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**
ਡੇਰਾਬੱਸੀ ਦੇ ਨੇੜਲੇ ਪਿੰਡ ਜੌਲਾ ਕਲਾਂ ਵਿਖੇ ਨੌਜਵਾਨਾਂ ਨਾਲ ਕੀਤੇ ਗਏ ਇੱਕ ਵਿਸ਼ੇਸ਼ ਸੰਵਾਦ ਪ੍ਰੋਗਰਾਮ ਦੌਰਾਨ ਬੇਰੁਜ਼ਗਾਰੀ ਅਤੇ ਖੇਡ ਸਹੂਲਤਾਂ ਦੀ ਘਾਟ ਦਾ ਮੁੱਦਾ ਭਾਰੂ ਰਿਹਾ, ਜਿੱਥੇ ਪਹੁੰਚੇ



ਅਖਿਲ ਭਾਰਤੀ ਕਾਂਗਰਸ ਕਮੇਟੀ ਦੇ ਓ ਬੀ ਸੀ ਵਿਭਾਗ ਦੀ ਵਿਚਾਰਕ ਸਲਾਹਕਾਰ ਕਮੇਟੀ ਦੇ ਮੈਂਬਰ ਤੇ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਨੇ ਨੌਜਵਾਨਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਉਨ੍ਹਾਂ ਨੂੰ ਖੇਡ ਕਿੱਟਾਂ ਭੇਂਟ ਕੀਤੀਆਂ। ਇਸ ਮੌਕੇ ਇਕੱਤਰ ਹੋਏ ਨੌਜਵਾਨਾਂ ਨੇ ਦੋਸ਼ ਲਾਇਆ ਕਿ ਸਰਕਾਰ ਨਾ ਤਾਂ ਉਨ੍ਹਾਂ ਨੂੰ ਰੁਜ਼ਗਾਰ ਦੇ ਰਹੀ ਹੈ ਅਤੇ ਨਾ ਹੀ ਖੇਡਣ ਲਈ ਸਟੇਡੀਅਮ ਜਾਂ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਨੌਜਵਾਨਾਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਨਸ਼ਿਆਂ ਖ਼ਿਲਾਫ਼ ਜੰਗ ਦੀ ਗੱਲ ਕਰਦੀ ਹੈ, ਪਰ ਦੂਜੇ ਪਾਸੇ ਸੁਵਿਧਾਵਾਂ ਦੀ ਅਣਹੋਂਦ ਕਾਰਨ ਨੌਜਵਾਨਾਂ ਨੂੰ ਖੁਦ ਨਸ਼ਿਆਂ ਦੇ ਰਾਹ ਵੱਲ ਧੱਕ ਰਹੀ ਹੈ। ਜੇਕਰ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਅਤੇ ਖੇਡ ਸਹੂਲਤਾਂ ਨਾ ਮਿਲੀਆਂ ਤਾਂ ਉਹ ਮਜਬੂਰਨ ਗਲਤ ਰਸਤੇ ਇਖਤਿਆਰ ਕਰਨਗੇ।ਇਸ ਦੌਰਾਨ ਅਮਿਤ ਬਾਵਾ ਸੈਣੀ ਨੇ ਨੌਜਵਾਨਾਂ ਦਾ ਉਤਸ਼ਾਹ ਵਧਾਉਂਦਿਆਂ ਸਰਕਾਰੀ ਮੈਦਾਨ ਵਿੱਚ ਖੇਡਾਂ ਲਈ ਹੈਲੋਜਨ ਲਾਈਟਾਂ ਅਤੇ ਨੈੱਟ ਆਦਿ ਦਾ ਪ੍ਰਬੰਧ ਵੀ ਕਰਵਾਇਆ। ਉਨ੍ਹਾਂ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਵਿਸ਼ਵ ਦਾ ਸਭ ਤੋਂ ਨੌਜਵਾਨ ਦੇਸ਼ ਹੈ, ਪਰ ਮੰਦਭਾਗੀ ਗੱਲ ਹੈ ਕਿ ਇਸ ਸ਼ਕਤੀ ਦੀ ਸਹੀ ਵਰਤੋਂ ਨਹੀਂ ਕੀਤੀ ਜਾ ਰਹੀ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਹਤਾਸ਼ ਹੋ ਕੇ ਨਸ਼ਿਆਂ ਵਰਗੀ ਗਲਤ ਰਾਹ ਨਾ ਚੁਣਨ ਅਤੇ ਨਾ ਹੀ ਆਪਣੇ ਸਾਥੀਆਂ ਨੂੰ ਭਟਕਣ ਦੇਣ। ਇਸ ਮੌਕੇ ਪਿੰਡ ਦੇ ਮੌਜੂਦਾ ਪੰਚ ਗੁਰਜੰਟ ਸਿੰਘ, ਵਿਕਰਮ ਰਾਣਾ (ਜਨਰਲ ਸਕੱਤਰ ਜ਼ਿਲ੍ਹਾ ਕਾਂਗਰਸ), ਮਨੋਜ ਸ਼ਰਮਾ (ਜ਼ਿਲ੍ਹਾ ਮੀਤ ਪ੍ਰਧਾਨ), ਮਨਜੀਤ ਸਿੰਘ (ਜ਼ਿਲ੍ਹਾ ਬੁਲਾਰਾ), ਯੂਥ ਆਗੂ ਪਰਮਵੀਰ ਰਾਣਾ, ਹਰਮਨ ਭੱਟੀ, ਬਲਕੀਰਤ ਅਤੇ ਹਰਸ਼, ਪਿੰਡ ਦੇ ਬਜ਼ੁਰਗ ਗੁਰਨਾਮ ਸਿੰਘ ਤੇ ਪ੍ਰੇਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਤੇ ਨੌਜਵਾਨ ਹਾਜ਼ਰ ਸਨ।

# ਐਮੀਨੈਂਸ ਸਕੂਲ ਦੀ ਵਿਦਿਆਰਥਣ ਸੁਖਮਨੀ ਕੌਰ ਨੇ 96.46% ਅੰਕ ਲੈ 18ਵਾਂ ਰੈਂਕ ਕੀਤਾ ਹਾਸਲ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵਲੋਂ ਐਲਾਨੇ ਮੈਟ੍ਰਿਕ ਪ੍ਰੀਖਿਆ ਦੇ ਨਤੀਜੇ ਵਿੱਚ ਸੂਬੇਦਾਰ ਮੇਵਾ ਸਿੰਘ ਸਕੂਲ ਆਫ਼ ਐਮੀਨੈਂਸ ਮੋਰਿੰਡਾ ਦੀ ਵਿਦਿਆਰਥਣ ਸੁਖਮਨੀ ਕੌਰ ਨੇ 627 (96.46%) ਅੰਕ ਲੈ ਕੇ ਮੈਰਿਟ ਵਿੱਚ ਥਾਂ ਬਣਾਈ ਹੈ।



ਉਸ ਨੇ ਪੰਜਾਬ ਭਰ ਵਿੱਚੋਂ 18 ਵਾਂ ਰੈਂਕ ਹਾਸਲ ਕੀਤਾ ਹੈ। ਅਧਿਆਪਕਾ ਪਾਇਲ ਜੈਨ ਨੇ ਦੱਸਿਆ ਕਿ ਜਦੋਂ ਸਕੂਲ ਵਿੱਚ ਉਪਰੋਕਤ ਮੈਰਿਟ ਬਾਰੇ ਪਤਾ ਲੱਗਿਆ ਤਾਂ ਸਾਰੇ ਸਕੂਲ ਦੇ ਬੱਚਿਆਂ ਅਤੇ ਸਟਾਫ਼ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਸਕੂਲ ਦੇ ਸਟਾਫ਼ ਦੇ ਕੁਝ ਮੈਂਬਰਾਂ ਦਾ ਇੱਕ ਵਫਦ ਮਨਦੀਪ ਕੌਰ, ਸਿਮਰਨਜੀਤ ਕੌਰ ਭੱਲਾ ਅਤੇ ਪਾਇਲ ਜੈਨ ਦੀ ਅਗਵਾਈ ਵਿੱਚ ਵਿਦਿਆਰਥਣ ਸੁਖਮਨੀ ਕੌਰ ਨੂੰ ਵਧਾਈ ਦੇਣ ਉਹਨਾਂ ਦੇ ਘਰ ਪਿੰਡ ਨੋਗਾਵਾਂ ਵਿਖੇ ਪਹੁੰਚਿਆ।ਇਸ ਮੌਕੇ ਬੱਚੀ ਸੁਖਮਨੀ ਕੌਰ ਨੇ ਕਿਹਾ ਕਿ ਉਸ ਦੀ ਇਸ ਪ੍ਰਾਪਤੀ ਦਾ ਸਿਹਰਾ ਉਹਨਾਂ ਦੇ ਸਕੂਲ ਦੇ ਪ੍ਰਿੰਸੀਪਲ ਵਰਿੰਦਰਜੀਤ ਕੌਰ, ਸਮੂਹ ਮਿਹਨਤੀ ਸਟਾਫ਼ ਅਤੇ ਉਸ ਦੇ ਮਾਤਾ ਪਿਤਾ ਨੂੰ ਜਾਂਦਾ ਹੈ। ਸਕੂਲ ਦੀ ਇਸ ਪ੍ਰਾਪਤੀ 'ਤੇ ਬਲਾਕ ਨੋਡਲ ਅਫ਼ਸਰ ਸੁਰਿੰਦਰ ਕੁਮਾਰ ਘਈ,ਬਲਾਕ ਰਿਸੋਰਚ ਪਰਸਨ ਅਜੇ ਅਰੋੜਾ, ਚੰਦਰ ਸ਼ੇਖਰ ਅਤੇ ਸਾਬਕਾ ਬੀ ਐਮ ਜਸਬੀਰ ਸਿੰਘ ਸ਼ਾਂਤਪੁਰੀ ਨੇ ਮੁਬਾਰਕਬਾਦ ਦਿੰਦਿਆਂ ਬੱਚੀ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ।

# ਵਿਕਾਸ ਕਾਰਜਾਂ ਨਾਲ ਵਾਰਡਾਂ ਦੀ ਬਦਲ ਰਹੀ ਤਸਵੀਰ : ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 50 ਦੇ ਅਨਮੋਲ ਨਗਰ ਵਿੱਚ ਕਰੀਬ 19 ਲੱਖ 95 ਹਜ਼ਾਰ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ



ਕਾਰਜ ਦਾ ਸ਼ੁਭ ਆਰੰਭ ਕੀਤਾ। ਇਸ ਮੌਕੇ ਇਲਾਕਾ ਵਾਸੀਆਂ ਨੇ ਵਿਧਾਇਕ ਦਾ ਸਵਾਗਤ ਕਰਦਿਆਂ ਖੇਤਰ ਵਿੱਚ ਵਿਕਾਸ ਕਾਰਜ ਸ਼ੁਰੂ ਹੋਣ 'ਤੇ ਖੁਸ਼ੀ ਜਤਾਈ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰ ਦੇ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੜਕਾਂ, ਗਲੀਆਂ ਅਤੇ ਸੀਵਰੇਜ ਵਰਗੀਆਂ ਮੁਢਲੀਆਂ ਸਹੂਲਤਾਂ ਨੂੰ ਤਰਜੀਹ ਦੇ ਆਧਾਰ 'ਤੇ ਸੁਧਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 50 ਵਿੱਚ ਲੰਬੇ ਸਮੇਂ ਤੋਂ ਸੜਕ ਨਿਰਮਾਣ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਹੁਣ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜ ਨਿਰਧਾਰਤ ਸਮੇਂ ਅੰਦਰ ਅਤੇ ਗੁਣਵੱਤਾ ਨਾਲ ਪੂਰੇ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਲੰਬੇ ਸਮੇਂ ਤੱਕ ਇਸ ਦਾ ਲਾਭ ਮਿਲ ਸਕੇ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਤੀਰਥ ਰਾਮ, ਸੁਰੇਖਾ ਬੜਜਾਤਾ, ਜਸਪਾਲ ਸੁਮਨ ਸਮੇਤ ਹੋਰ ਪਤਵੰਤੇ ਵਿਅਕਤੀ ਵੀ ਮੌਜੂਦ ਸਨ।

# ਪ੍ਰੋ. ਮੋਲਵਿੰਦਰਜੀਤ ਸਿੰਘ ਵੜੈਚ ਨੂੰ ਦਿੱਤੀ ਸ਼ਰਧਾਂਜਲੀ

**ਜਲੰਧਰ (ਸ਼ੈਲੀ ਐਲਬਰਟ)**-ਮੇਹਰ ਚੰਦ ਪੋਲੀਟੈਕਨਿਕ ਦੇ ਸਟਾਫ ਨੇ ਉੱਘੇ ਇਤਿਹਾਸਕਾਰ ਮਲਵਿੰਦਰ ਵੜੈਚ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕੀਤਾ ਤੇ ਸ਼ੋਕ ਮਤਾ ਪਾਸ ਕਰਕੇ ਉਹਨਾਂ ਨੂੰ ਸ਼ਰਧਾਂਜਲੀ ਦਿੱਤੀ। ਆਜ਼ਾਦੀ ਘੁਲਾਟੀਆਂ ਦੇ ਮੁਨਸ਼ੀ ਕਹੇ ਜਾਂਦੇ ਪ੍ਰੋ. ਮਲਵਿੰਦਰ ਸਿੰਘ ਵੜੈਚ 96 ਸਾਲ ਦੀ ਉਮਰ ਵਿੱਚ ਪੰਚਕੂਲਾ ਵਿਖੇ ਦੁਨੀਆ ਤੋਂ ਰੁਖ਼ਸਤ ਹੋ ਗਏ। ਉਨ੍ਹਾਂ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਸ਼ਾਮਲ ਘੁਲਾਟੀਆਂ ਦੇ ਜੀਵਨ ਉੱਪਰ ਗੰਭੀਰ ਰਿਸਰਚ ਕੀਤੀ ਅਤੇ ਬੇਅੰਤ ਕਿਤਾਬਾਂ ਲਿਖੀਆਂ, ਜੋ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ। ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ, ਵਿਭਾਗ ਮੁਖੀਆਂ ਅਤੇ ਸਟਾਫ ਨੇ ਸ਼ੋਕ ਮਤਾ ਪਾਸ ਕੀਤਾ ਅਤੇ ਪ੍ਰੋ. ਵੜੈਚ ਨੂੰ ਸ਼ਰਧਾਂਜਲੀ ਭੇਟ ਕੀਤੀ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਵੜੈਚ ਹਮੇਸ਼ਾ ਉਹਨਾਂ ਦੇ ਰੋਲ ਮਾਡਲ ਰਹੇ ਹਨ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਮਲਵਿੰਦਰ ਵੜੈਚ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਵਿਖੇ 1987 ਤੋਂ 1989 ਤੱਕ ਉਨ੍ਹਾਂ ਦੇ ਅਧਿਆਪਕ ਰਹੇ ਅਤੇ ਹਿਊਮੈਨਿਟੀਜ਼ ਵਿਸ਼ਾ ਪੜ੍ਹਾਉਂਦੇ ਸਨ। ਜਾਂਦੇ ਹੋਏ ਵੀ ਉਹ ਆਪਣੀ ਦੇਹ ਮੈਡੀਕਲ ਰਿਸਰਚ ਅਤੇ ਖੋਜ ਕਾਰਜਾਂ ਲਈ ਸਮਰਪਿਤ ਕਰ ਗਏ ਹਨ।

# ਸੁਪਰੀਮ ਕੋਰਟ 'ਚ ਪੈਂਡਿੰਗ ਮਾਮਲਿਆਂ ਦੇ ਨਿਪਟਾਰੇ ਲਈ ਪ੍ਰੀ-ਲੋਕ ਅਦਾਲਤਾਂ ਦਾ ਆਯੋਜਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਸੁਪਰੀਮ ਕੋਰਟ ਆਫ਼ ਇੰਡੀਆ ਵਲੋਂ 21 ਅਪ੍ਰੈਲ ਤੋਂ 'ਸਮਾਧਾਨ ਸਮਾਰੋਹ' ਸ਼ੁਰੂ ਕੀਤਾ ਹੈ, ਜੋ ਕਿ 21, 22 ਅਤੇ 23 ਅਗਸਤ 2026 ਨੂੰ ਆਯੋਜਿਤ ਕੀਤੀ ਜਾਣ ਵਾਲੀ ਇੱਕ ਵਿਸ਼ੇਸ਼ ਲੋਕ ਅਦਾਲਤ ਦੇ ਰਾਹੀਂ ਕੀਤਾ ਜਾਵੇਗਾ। ਇਸ ਸਬੰਧ ਵਿਚ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ ਏ ਐਸ ਨਗਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੁਪਰੀਮ ਕੋਰਟ ਵਿਚ



ਪੈਂਡਿੰਗ ਮਾਮਲਿਆਂ ਨੂੰ ਆਪਸੀ ਸਹਿਮਤੀ ਅਤੇ ਸਮਝੌਤੇ ਰਾਹੀਂ ਨਿਪਟਾਉਣ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਨੂੰ ਪ੍ਰੀ-ਲੋਕ ਅਦਾਲਤਾਂ ਆਯੋਜਿਤ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ।ਜਾਣਕਾਰੀ ਦਿੰਦਿਆਂ ਸੀਜੇਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਦੱਸਿਆ ਕਿ ਸੁਪਰੀਮ ਕੋਰਟ ਆਫ਼ ਇੰਡੀਆ ਅਤੇ ਮੁੱਖ ਦਫ਼ਤਰ ਐਸ ਏ ਐਸ ਨਗਰ ਦੇ ਰਾਹੀਂ ਪ੍ਰਾਪਤ ਹੋਏ ਕੇਸਾਂ ਦੀ ਸੂਚੀ ਦੇ ਆਧਾਰ 'ਤੇ ਸਬੰਧਤ ਧਿਰਾਂ ਨੂੰ ਸੰਮਨ ਜਾਰੀ ਕੀਤੇ ਗਏ ਹਨ। ਇਨ੍ਹਾਂ ਮਾਮਲਿਆਂ ਦੇ ਹੱਲ ਲਈ ਜ਼ਿਲ੍ਹਾ ਅਤੇ ਸਬ-ਡਿਵੀਜ਼ਨ ਪੱਧਰ 'ਤੇ ਪ੍ਰੀ-ਲੋਕ ਅਦਾਲਤਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਪ੍ਰੀ-ਲੋਕ ਅਦਾਲਤਾਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀਆਂ ਜਾਣਗੀਆਂ।ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਅਥਾਰਟੀ ਵਲੋਂ 31 ਮਈ 2026 ਤੱਕ ਲਗਾਤਾਰ ਪ੍ਰੀ-ਲੋਕ ਅਦਾਲਤਾਂ ਲਗਾਈਆਂ ਜਾਣਗੀਆਂ। ਇਨ੍ਹਾਂ ਅਦਾਲਤਾਂ ਵਿੱਚ ਜੇਕਰ ਦੋਵੇਂ ਧਿਰਾਂ ਸਮਝੌਤੇ ਲਈ ਸਹਿਮਤ ਹੋ ਜਾਂਦੀਆਂ ਹਨ, ਤਾਂ ਉਨ੍ਹਾਂ ਦੀ ਰਿਪੋਰਟ ਐਸ.ਏ.ਐਸ. ਨਗਰ ਨੂੰ ਭੇਜੀ ਜਾਵੇਗੀ ਤਾਂ ਜੋ 21, 22 ਅਤੇ 23 ਅਗਸਤ, 2026 ਨੂੰ ਸੁਪਰੀਮ ਕੋਰਟ ਵਿੱਚ ਹੋਣ ਵਾਲੀ ਵਿਸ਼ੇਸ਼ ਲੋਕ ਅਦਾਲਤ ਵਿੱਚ ਮਾਮਲਿਆਂ ਦਾ ਅੰਤਿਮ ਨਿਪਟਾਰਾ ਕੀਤਾ ਜਾ ਸਕੇ।

# ਨਰਸਿੰਗ ਦਿਵਸ ਮਨਾਇਆ ਗਿਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਰਜਿ ਟਾਂਡਾ ਵੱਲੋਂ ਚਲਾਏ



ਜਾ ਰਹੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਵਿਖੇ ਨਰਸਿੰਗ ਦਿਵਸ ਮਨਾਇਆ ਗਿਆ। ਵਿਦਿਅਕ ਸੰਸਥਾਵਾਂ ਦੇ ਮੁੱਖ ਪ੍ਰਬੰਧਕ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਤੇ ਦਿਸ਼ਾ ਨਿਰਦੇਸ਼ਾਂ ਤਹਿਤ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਦੀ ਅਗਵਾਈ ਹੇਠ ਵਿਸ਼ਾਲ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਉਪਰੰਤ ਵਿਦਿਆਰਥਣਾ ਵੱਲੋਂ ਗਿੱਦਾ, ਭੰਗੜਾ, ਸਕਿੱਟਾਂ, ਕੋਰੀਓਗ੍ਰਾਫੀ ਅਤੇ ਹੋਰ ਆਈਟਮਾਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਤੇ ਸੰਸਥਾ ਦੇ ਮੁੱਖ ਪ੍ਰਬੰਧਕ ਪ੍ਰਦੀਪ ਕੌਰ, ਸੀਨੀਅਰ ਮੈਡੀਕਲ ਅਫਸਰ ਟਾਂਡਾ ਡਾ. ਕਰਨ ਕੁਮਾਰ ਸੈਣੀ, ਰਿਟਾ. ਡਿਪਟੀ ਡਾਇਰੈਕਟਰ ਡਾਕਟਰ ਕੇਵਲ ਸਿੰਘ ਕਾਜਲ, ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਤੇ ਹਾਜ਼ਰ ਮੁਖ ਮਹਿਮਾਨਾਂ ਵੱਲੋਂ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਰਸਿੰਗ ਕਿੱਤੇ ਦੀ ਜਨਮ ਦਾਤਾ ਫਲੋਰੈਂਸ ਲਾਈਟਿੰਗੇਲ ਦੇ ਜਨਮ ਮੌਕੇ ਪੂਰੇ ਵਿਸ਼ਵ ਭਰ ਵਿੱਚ ਨਰਸਿੰਗ ਦਿਵਸ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾਂਦਾ ਹੈ। ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਜਿੱਥੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਦੀ ਸਾਰੀਆਂ ਵਿਦਿਆਰਥਣਾ ਨੂੰ ਵਧਾਈ ਦਿੱਤੀ ਉੱਥੇ ਉਨ੍ਹਾਂ ਨੇ ਆਈਆਂ ਹੋਈਆਂ ਪ੍ਰਮੁੱਖ ਸ਼ਖਸ਼ੀਅਤਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਤੇ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੀ ਅਗਵਾਈ ਹੇਠ ਆਏ ਹੋਏ ਸਾਰੇ ਹੀ ਮੁੱਖ ਮਹਿਮਾਨਾਂ ਦਾ, ਸਮੂਹ ਸਟਾਫ ਮੈਂਬਰਾਂ ਦਾ ਸਨਮਾਨ ਕੀਤਾ ਗਿਆ। ਹੋਰਨਾਂ ਤੋਂ ਇਲਾਵਾ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਨਿਸਟਰੇਟਰ ਦਲਜਿੰਦਰ ਕੌਰ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ , ਜੀ ਆਰ ਡੀ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ, ਡਾ. ਤਵਲੀਨ ਕੌਰ, ਗਗਨਦੀਪ ਕੌਰ, ਰਮਨਦੀਪ ਕੌਰ, ਮਨਪ੍ਰੀਤ ਕੌਰ ਤੋਂ ਇਲਾਵਾ ਨਰਸਿੰਗ ਕਾਲਜ ਦਾ ਹੋਰ ਸਟਾਫ ਵੀ ਹਾਜ਼ਰ ਸੀ।

# ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਯੂਨਿਟ ਨੂਰਮਹਿਲ ਦੀ ਮੀਟਿੰਗ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)**- ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਯੂਨਿਟ ਨੂਰਮਹਿਲ ਦੀ ਹੋਈ ਮੀਟਿੰਗ ਦੌਰਾਨ ਪੰਜਾਬ ਪ੍ਰਧਾਨ ਜੁਝਾਰ ਸਿੰਘ, ਗਾਇਕ ਕੇ, ਐਸ.ਮੱਖਣ ਤੇ ਉਂਕਾਰ ਸਿੰਘ ਬਰਾੜ ਡੀ.ਐਸ.ਪੀ ਨਕੋਦਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਐਸੋਸੀਏਸ਼ਨ ਯੂਨਿਟ



ਨੂਰਮਹਿਲ ਦੀ ਇਕ ਮੀਟਿੰਗ ਰਾਜ ਕੁਮਾਰ ਲਵਲੀ ਦੀ ਪ੍ਰਧਾਨਗੀ ਹੇਠ ਹੋਈ । ਜਿਸ ਵਿੱਚ ਪੰਜਾਬ ਦੇ ਪ੍ਰਧਾਨ ਜੁਝਾਰ ਸਿੰਘ ਤੇ ਉਨ੍ਹਾਂ ਦੀ ਟੀਮ, ਗਾਇਕ ਕੇ ਐਸ ਮੱਖਣ, ਡੀ.ਐਸ.ਪੀ ਉਂਕਾਰ ਸਿੰਘ ਬਰਾੜ ਨਕੋਦਰ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ । ਵੱਖ ਵੱਖ-ਵੱਖ ਬੁਲਾਰਿਆਂ ਨੇ ਫੋਟੋਗ੍ਰਾਫਰਾਂ ਨੂੰ ਅੱਜ ਦੇ ਸਮੇਂ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ । ਆਏ ਹੋਏ ਮਹਿਮਾਨਾਂ ਨੂੰ ਸਨਮਾਨ ਦਿੱਤੇ ਗਏ ।ਉਸ ਤੋਂ ਬਾਅਦ ਪੰਜਾਬ ਦੇ ਪ੍ਰਧਾਨ ਤੇ ਉਨ੍ਹਾਂ ਦੀ ਟੀਮ ਨੇ ਨਵੇਂ ਕਾਰਡ ਮੈਂਬਰਾਂ ਨੂੰ ਵੰਡੇ । ਉਪਰੰਤ ਹੋਈ ਨਵੀਂ ਚੋਣ ਦੇ ਸਬੰਧ ਵਿੱਚ ਪਾਰਟੀ ਕੀਤੀ ਗਈ । ਇਸ ਮੌਕੇ ਯੂਨਿਟ ਦੇ ਸਾਰੇ ਮੈਂਬਰਾਂ ਨੇ ਹਿੱਸਾ ਲਿਆ ।

# ਏ ਡੀ ਸੀ ਵੱਲੋਂ ਮਰਦਮਸ਼ੁਮਾਰੀ-2026 ਤਹਿਤ ਸਵੈ-ਗਣਨਾ ਕਰਕੇ ਲੋਕਾਂ ਨੂੰ ਕੀਤਾ ਜਾਗਰੂਕ

**ਮੁਹਾਲੀ (ਗੁਰਜੀਤ ਬਿੱਲਾ)** ਮਰਦਮਸ਼ੁਮਾਰੀ-2026 ਤਹਿਤ ਚੱਲ ਰਹੀ ਸਵੈ-ਗਣਨਾ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਧੀਕ ਡਿਪਟੀ ਕਮਿਸ਼ਨਰ



(ਪੇਂਡੂ ਵਿਕਾਸ) ਸੋਨਮ ਚੌਧਰੀ ਵੱਲੋਂ ਖੁਦ ਸਵੈ-ਗਣਨਾ ਪ੍ਰਕਿਰਿਆ ਪੂਰੀ ਕਰਕੇ ਜ਼ਿਲ੍ਹਾ ਵਾਸੀਆਂ ਨੂੰ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਗਈ।

ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਪਹਿਲ ਲੋਕਾਂ ਨੂੰ ਆਪਣੇ ਪਰਵਾਰ ਅਤੇ ਘਰ ਨਾਲ ਸਬੰਧਿਤ ਵੇਰਵੇ ਖੁਦ ਆਨਲਾਈਨ ਦਰਜ ਕਰਨ ਦੀ ਸੁਵਿਧਾ ਪ੍ਰਦਾਨ ਕਰਦੀ ਹੈ, ਜਿਸ ਨਾਲ ਸਮੇਂ ਦੀ ਬਚਤ ਹੋਣ ਦੇ ਨਾਲ-ਨਾਲ ਜਾਣਕਾਰੀ ਸਹੀ ਹੋਣੀ ਵੀ ਯਕੀਨੀ ਬਣਦੀ ਹੈ। ਸੋਨਮ ਚੌਧਰੀ ਨੇ ਦੱਸਿਆ ਕਿ ਮਰਦਮਸ਼ੁਮਾਰੀ-2026 ਤਹਿਤ ਸਵੈ-ਗਣਨਾ ਦੀ ਆਖਰੀ ਮਿਤੀ 14 ਮਈ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮਿਤੀ ਤੋਂ ਪਹਿਲਾਂ ਆਪਣੀ ਸਵੈ-ਗਣਨਾ ਜ਼ਰੂਰ ਪੂਰੀ ਕਰਨ ਤਾਂ ਜੋ ਸਰਕਾਰੀ ਰਿਕਾਰਡ ਵਿੱਚ ਸਹੀ ਅਤੇ ਸਮੇਂ ਸਿਰ ਜਾਣਕਾਰੀ ਦਰਜ ਹੋ ਸਕੇ।ਉਨ੍ਹਾਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 14 ਮਈ ਤੋਂ ਬਾਅਦ ਗਣਨਾਕਾਰਾਂ ਵੱਲੋਂ ਘਰ-ਘਰ ਜਾ ਕੇ ਸਰਵੇਖਣ ਕੀਤਾ ਜਾਵੇਗਾ। ਇਸ ਦੌਰਾਨ ਪਰਿਵਾਰਾਂ ਤੋਂ ਲੋੜੀਂਦੀ ਜਾਣਕਾਰੀ ਇਕੱਠੀ ਕੀਤੀ ਜਾਵੇਗੀ।

# ਈਕੋ ਕਲੱਬ 'ਬੈਸਟ ਅਵਾਰਡ' ਨਾਲ ਸਨਮਾਨਤ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਈਕੋ ਕਲੱਬ ਨੂੰ ਵਾਤਾਵਰਨ ਸਿੱਖਿਆ ਪ੍ਰੋਗਰਾਮ ਅਧੀਨ ਸਾਲ 2025-26 ਦੌਰਾਨ ਕੀਤੇ ਕਾਰਜਾਂ ਲਈ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਐਨ ਐਸ ਐਸ ਵਿਭਾਗ ਵਲੋਂ 'ਬੈਸਟ ਈਕੋ ਕਲੱਬ' ਅਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ। ਯੂਨੀਵਰਸਿਟੀ ਵਲੋਂ ਵਲੰਟੀਅਰ ਦੀਕਸ਼ਾ ਰਾਣੀ ਅਤੇ ਨੈਨਾ ਨੂੰ ਬੈਸਟ ਆਊਟ ਆਫ਼ ਵੇਸਟ ਪ੍ਰਦਰਸ਼ਨ ਵਿਚ ਭਾਗ ਲੈਣ ਲਈ ਉਤਸ਼ਾਹ ਵਧਾਊ ਸਰੀਫਿਕੇਟ ਨਾਲ ਸਮਾਨਿਤ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਦੱਸਿਆ ਕਿ ਕਾਲਜ ਦੇ ਈਕ ਕਲੱਬ ਨੇ ਇਹ ਅਵਾਰਡ ਸਾਲ 2024-25 ਅਤੇ ਹੁਣ 2025-26 ਵਿਚ ਹਾਸਿਲ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ ਗਿਆ ਹੈ। ਉਨ੍ਹਾਂ ਇਸ ਉਪਲੱਬਧੀ ਲਈ ਈਕੋ ਕਲੱਬ ਇੰਚਾਰਜ ਤੇ ਐਨ ਐਸ ਐਸ ਪ੍ਰੋਗਰਾਮ ਅਫਸਰ ਡਾ. ਨਰੇਸ਼ ਕੁਮਾਰੀ, ਐਨ ਐਸ ਐਸ ਪ੍ਰੋਗਰਾਮ ਅਫਸਰ ਡਾ. ਅਰਵਿੰਦਰ ਸਿੰਘ ਅਤੇ ਵਲੰਟੀਅਰਾਂ ਨੂੰ ਵਧਾਈ ਦਿੱਤੀ।

# ਮਰੀਜ਼ ਦੀ ਸਿਹਤਯਾਬੀ ਲਈ ਪਰਵਾਰਕ ਜੀਆਂ ਦਾ ਜਾਗਰੂਕ ਹੋਣਾ ਜ਼ਰੂਰੀ : ਸਿਵਲ ਸਰਜਨ

**ਮੁਹਾਲੀ (ਗੁਰਜੀਤ ਬਿੱਲਾ)**- 'ਕੇਅਰ ਕੰਪੈਨੀਅਨ ਪ੍ਰੋਗਰਾਮ' ਦਾ ਮੰਤਵ ਮਰੀਜ਼ ਦੀ ਸਹੀ ਦੇਖਭਾਲ ਅਤੇ ਮੁਕੰਮਲ ਤੰਦਰੁਸਤੀ ਲਈ ਮਰੀਜ਼ ਦੇ ਪਰਵਾਰਕ ਜੀਆਂ, ਸਹਾਇਕਾਂ ਜਾਂ ਸਾਕ-ਸਬੰਧੀਆਂ ਨੂੰ ਸਿਖਿਅਤ ਕਰਨਾ ਹੈ। ਇਹ ਗੱਲ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜ਼ਿਲ੍ਹਾ ਹਸਪਤਾਲ ਵਿਚ 'ਕੇਅਰ ਕੰਪੈਨੀਅਨ ਪ੍ਰੋਗਰਾਮ' ਸਬੰਧੀ ਹੋਈ ਰਿਫ਼ਰੈਸ਼ਰ ਟਰੇਨਿੰਗ ਦੌਰਾਨ ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ



ਕਹੀ। ਟਰੇਨਿੰਗ ਵਿਚ ਹਸਪਤਾਲ ਦੇ ਨਰਸਿੰਗ ਸਟਾਫ਼ ਨੇ ਹਿੱਸਾ ਲਿਆ। ਸਿਵਲ ਸਰਜਨ ਨੇ ਆਖਿਆ ਕਿ ਜੇ ਮਰੀਜ਼ ਖੁਦ ਅਤੇ ਉਸ ਦੇ ਪਰਵਾਰਕ ਜੀਅ ਸਾਫ਼-ਸਫ਼ਾਈ, ਦਵਾਈ, ਸਹੀ ਖਾਣ-ਪੀਣ, ਸੁਚੱਜੇ ਸਿਹਤ ਵਿਹਾਰ ਜਿਹੀਆਂ ਛੋਟੀਆਂ-ਛੋਟੀਆਂ ਗੱਲਾਂ ਬਾਰੇ ਜਾਗਰੂਕ ਹੋਣਗੇ ਤਾਂ ਮਰੀਜ਼ ਨੂੰ ਬਹੁਤੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਅਤੇ ਉਹ ਛੇਤੀ ਠੀਕ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਹਸਪਤਾਲ, ਸਬ-ਡਵੀਜ਼ਨਲ ਹਸਪਤਾਲ ਅਤੇ ਹੈਲਥ ਐਂਡ ਵੈੱਲਨੈਸ ਕੇਂਦਰਾਂ ਵਿਚ ਮਰੀਜ਼ਾਂ ਦੇ ਪਰਵਾਰਕ ਜੀਆਂ ਜਾਂ ਸਾਕ-ਸਬੰਧੀਆਂ ਲਈ ਲਗਾਤਾਰ ਸਿਖਲਾਈ ਸੈਸ਼ਨ ਕੀਤੇ ਜਾ ਰਹੇ ਹਨ। ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਅਤੁਲ ਨੇ ਪ੍ਰੋਗਰਾਮ ਦੇ ਵੱਖ-ਵੱਖ ਪੱਖਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿਤੀ। ਉਨ੍ਹਾਂ ਕਿਹਾ ਕਿ ਇਹ ਪ੍ਰੋਗਰਾਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਸ਼ੁਰੂ ਕੀਤਾ ਗਿਆ ਸੀ ਜਿਹੜਾ ਅੱਜ ਸਫ਼ਲਤਾਪੂਰਵਕ ਚੱਲ ਰਿਹਾ ਹੈ ਅਤੇ ਸਮੇਂ ਦੀ ਲੋੜ ਮੁਤਾਬਕ ਇਸ ਵਿਚ ਸੁਧਾਰ ਵੀ ਕੀਤਾ ਜਾ ਰਿਹਾ ਹੈ। ਇਸ ਮੌਕੇ ਸਿਵਲ ਸਰਜਨ ਨੇ ਨਰਸਿੰਗ ਸਟਾਫ਼ ਨੂੰ ਭਾਗੀਦਾਰੀ ਸਰਟੀਫ਼ੀਕੇਟ ਵੀ ਵੰਡੇ। ਟਰੇਨਿੰਗ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਿੰਦਰਜੀਤ ਸਿੰਘ, ਮੈਡੀਕਲ ਸੁਪਰਡੈਂਟ ਡਾ. ਮਨੀਸ਼ ਗੁਪਤਾ, ਡਿਪਟੀ ਮਾਸ ਮੀਡੀਆ ਅਫ਼ਸਰ ਦਲਜੀਤ ਕੌਰ, ਨਰਸਿੰਗ ਸਿਸਟਰ ਸੁਖਵਿੰਦਰ ਕੌਰ ਤੇ ਹੋਰ ਮੌਜੂਦ ਸਨ।

# ਚੱਬੇਵਾਲ 'ਚ ਮਹਿਲਾਵਾਂ ਨੂੰ 1000-1500 ਪ੍ਰਤੀ ਮਹੀਨਾ ਦੇਣ ਲਈ ਰਜਿਸਟ੍ਰੇਸ਼ਨ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਮਹਿਲਾ ਸਖੀਆਂ ਦੀ ਟ੍ਰੇਨਿੰਗ ਅਤੇ ਤਿਆਰੀ (ਪ੍ਰੀਪਰੇਟਰੀ) ਮੀਟਿੰਗਾਂ ਕਰਵਾਈਆਂ ਗਈਆਂ। ਉਨ੍ਹਾਂ ਦੱਸਿਆ ਕਿ ਪੂਰੀ ਤਰ੍ਹਾਂ ਟ੍ਰੇਨਿੰਗ ਅਤੇ ਪ੍ਰੀਪਰੇਟਰੀ ਸੈਸ਼ਨਾਂ ਲਈ ਸਮਰਪਿਤ ਰਿਹਾ ਅਜਤੇ



ਚੱਬੇਵਾਲ ਹਲਕੇ ਦੀਆਂ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਅਧਿਕਾਰਕ ਤੌਰ 'ਤੇ ਸ਼ੁਰੂ ਹੋਵੇਗੀ। ਉਨ੍ਹਾਂ ਦੱਸਿਆ ਕਿ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੂਰੇ ਪੰਜਾਬ ਵਿੱਚ ਇਹ ਯੋਜਨਾ ਲਾਗੂ ਕੀਤੀ ਜਾ ਰਹੀ ਹੈ, ਜਿਸ ਤਹਿਤ ਮਹਿਲਾਵਾਂ ਨੂੰ 1000 ਤੇ ਐਸ ਸੀ ਵਰਗ ਦੀਆਂ ਮਹਿਲਾਵਾਂ ਨੂੰ ?1500 ਪ੍ਰਤੀ ਮਹੀਨਾ ਦਿੱਤਾ ਜਾਣਾ ਹੈ। ਉਨ੍ਹਾਂ ਨੇ ਦੱਸਿਆ ਕਿ ਹਲਕੇ ਵਿੱਚ ਤਿਆਰ ਕੀਤੀਆਂ ਗਈਆਂ ਸਖੀਆਂ ਦੀ ਟੀਮ ਘਰ-ਘਰ ਜਾ ਕੇ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਵੇਗੀ, ਤਾਂ ਜੋ ਹਰ ਹੱਕਦਾਰ ਮਹਿਲਾ ਇਸ ਯੋਜਨਾ ਦਾ ਲਾਭ ਲੈ ਸਕੇ।ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਉਹਨਾਂ ਦੀ ਵਚਨਬੱਧਤਾ ਹੈ ਆਪਣੇ ਹਲਕਾ ਵਾਸੀਆਂ ਦੀ ਸੇਵਾ ਲਈ ਹਮੇਸ਼ਾ ਅੱਗੇ ਰਹਿਣਾ, ਉਹ ਭਾਵੇਂ ਹਲਕਾ ਚੱਬੇਵਾਲ ਦਾ ਵਿਕਾਸ ਹੋਵੇ ਜਾਂ ਸਰਕਾਰੀ ਯੋਜਨਾਵਾਂ ਨੂੰ ਸਭ ਤੋਂ ਪਹਿਲਾਂ ਆਪਣੇ ਹਲਕਾ ਵਾਸੀਆਂ ਤੱਕ ਪਹੁੰਚਾਉਣਾ।

# ਸੁਰਜੀਤ ਪਾਤਰ ਦੀ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਅਤੇ ਕਿਤਾਬ ਮੰਚ ਕਪੂਰਥਲਾ (ਰਜਿ) ਦੇ ਸਾਂਝੇ ਉਪਰਾਲੇ ਨਾਲ ਪਦਮਸ਼੍ਰੀ ਸੁਰਜੀਤ ਪਾਤਰ ਦੀ ਦੂਜੀ ਬਰਸੀ ਮੌਕੇ ਉਹਨਾਂ ਦੇ ਸਾਹਿਤਕ ਸਫ਼ਰ ਅਤੇ ਸਾਹਿਤਕਾਰਾਂ ਨਾਲ ਨਿੱਜੀ ਤਜਰਬਿਆਂ ਨੂੰ ਸਾਂਝਾ ਕਰਨ ਹਿੱਤ ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਵਿਖੇ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਮੌਕੇ ਜ਼ਿਲ੍ਹੇ ਦੇ ਵੱਖ ਵੱਖ ਕਵੀਆਂ ਨੇ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ।ਜਸਪ੍ਰੀਤ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਨੇ ਆਏ ਹੋਏ ਮਹਿਮਾਨਾਂ ਅਤੇ ਕਵੀਆਂ ਦਾ ਸਵਾਗਤ ਕਰਦਿਆਂ, ਡਾ. ਸੁਰਜੀਤ ਪਾਤਰ ਨੂੰ ਸ਼ਰਧਾਂਜਲੀ ਦਿੰਦਿਆ ਕਿਹਾ ਕਿ ਸੁਰਜੀਤ ਪਾਤਰ ਦਾ ਜਾਣਾ ਇੱਕ ਯੁੱਗ ਦੇ ਅੰਤ ਸਮਾਨ ਹੈ। ਇਸ ਸਮਾਗਮ ਵਿੱਚ ਡਾ. ਆਸਾ ਸਿੰਘ ਘੁੰਮਣ ਜੀ (ਨਡਾਲਾ) ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਉਹਨਾਂ ਨੇ ਪਾਤਰ ਸਾਹਿਬ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ, ਇਸ ਦੇ ਨਾਲ ਹੀ ਉਹਨਾਂ ਕਿਤਾਬ ਮੰਚ ਕਪੂਰਥਲਾ ਦੇ ਕਿਤਾਬ ਬੈਂਕ ਵਰਗੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਸ਼ਹਿਬਾਜ਼ ਖ਼ਾਨ ਵੱਲੋਂ ਸੁਰਜੀਤ ਪਾਤਰ ਦੇ ਸਾਹਿਤਕ ਸਫ਼ਰ ਤੇ ਪਰਚਾ ਪੜ੍ਹਿਆ ਅਤੇ ਉਹਨਾਂ ਦੀਆਂ ਰਚਨਾਵਾਂ ਸਾਂਝੀਆਂ ਕੀਤੀਆਂ। ਪ੍ਰੋਮਿਲਾ ਅਰੋੜਾ ਵੱਲੋਂ ਪਾਤਰ ਨਾਲ ਆਪਣੇ ਨਿੱਜੀ ਤਜਰਬੇ ਸਾਂਝੇ ਕੀਤੇ ਗਏ।ਇਸ ਸਮਾਗਮ ਵਿੱਚ ਮੰਚ ਸੰਚਾਲਨ ਦੀ ਭੂਮਿਕਾ ਮੁੰਨਜ਼ਾ ਇਰਸ਼ਾਦ ਵੱਲੋਂ ਨਿਭਾਈ ਗਈ। ਕਿਤਾਬ ਮੰਚ, ਕਪੂਰਥਲਾ ਦੇ ਪ੍ਰਧਾਨ ਡਾ. ਹਰਭਜਨ ਸਿੰਘ ਵੱਲੋਂ ਇਸ ਮੰਚ ਦਾ ਮੰਤਵ ਅਤੇ ਕਿਤਾਬ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਭਵਿੱਖੀ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ। ਇਸ ਸਮਾਗਮ ਦਾ ਮੁੱਖ ਆਕਰਸ਼ਣ ਕਵੀ ਦਰਬਾਰ ਰਿਹਾ ਜਿਸ ਵਿੱਚ ਕ੍ਰਮਵਾਰ ਅਵਤਾਰ ਸਿੰਘ ਭੰਡਾਲ, ਨੀਤ ਨਰਿੰਦਰ, ਗੁਰਪ੍ਰੀਤ ਪਨੇਸਰ, ਸਵਰਾਜ ਕੌਰ, ਸ਼ਹਿਬਾਜ਼ ਖ਼ਾਨ, ਅਵਤਾਰ ਅਸੀਮ, ਪ੍ਰੇਮ ਰੱਤੜਾ, ਦਵਿੰਦਰ ਸਿੰਘ ਘੁੰਮਣ ਅਤੇ ਮਨੀਸ਼ ਕੁਮਾਰ ਬਹਿਲ ਨੇ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ।

# ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਵਿਖੇ ਵਿਦਾਇਗੀ ਸਮਾਰੋਹ 'ਰੁਖ਼ਸਤੀ' ਦਾ ਆਯੋਜਨ

**ਫਗਵਾੜਾ (ਡਾ. ਰਮਨ)**- ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਫਗਵਾੜਾ ਵਿਖੇ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ।ਕਾਲਜ ਨੇ ਬੀ.ਐੱਡ. ਦੇ ਵਿਦਿਆਰਥੀਆਂ ਨੂੰ ਵਿਦਾਇਗੀ



ਦਿੱਤੀ।ਰੁਖਸਤ ਹੋਣ ਵਾਲੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਦਾ ਧੰਨਵਾਦ ਕੀਤਾ ।ਇਸ ਮੌਕੇ ਦੇ ਮੁੱਖ ਮਹਿਮਾਨ ਮਨਪ੍ਰੀਤ ਕੌਰ ਭੋਗਲ ਚੇਅਰਪਰਸਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਸਨ।ਇਸ ਮੌਕੇ ਵਿਦਿਆਰਥੀਆਂ ਲਈ ਮਾਡਲਿੰਗ ਦਾ ਵੀ ਆਯੋਜਨ ਕੀਤਾ ਗਿਆ।ਜਿਸ ਵਿੱਚ ਵਿਦਿਆਰਥੀਆਂ ਲਈ ਸਮਾਜਿਕ ਵਿਸ਼ਿਆਂ ਉੱਪਰ ਸਵਾਲ-ਜਵਾਬ ਸੈਸ਼ਨ ਵੀ ਰੱਖਿਆ ਗਿਆ।ਜੱਜਾਂ ਵੱਲੋਂ ਮਿਸਟਰ ਫੇਅਰਵੈਲ ਮੋਹਿਤ ਤੇ ਮਿਸ ਫੇਅਰਵੈਲ ਰੁਚੀ ਨੂੰ ਚੁਣਿਆ ਗਿਆ। ਵਿਜੇਤਾ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ ਵੱਲੋਂ ਸਨਮਾਨਤ ਕੀਤਾ ਗਿਆ।ਮਿਸ ਚਾਰਮਿੰਗ, ਮਿਸ ਐਲੀਗੈਂਟ, ਬਿਊਟੀਫੁੱਲ ਸਮਾਈਲ, ਮੋਸਟ ਕਾਨਫੀਡੈਂਟ ਅਤੇ ਬੈਸਟ ਡਰੈਸਡ ਦੇ ਐਵਾਰਡ ਕ੍ਰਮਵਾਰ ਮਨੀਸ਼ਾ , ਹਰਲੀਨ , ਮੁਸਕਾਨ, ਮਨੀਸ਼ਾ ਅਤੇ ਰਮਨਪ੍ਰੀਤ ਕੌਰ ਕੌਰ ਨੂੰ ਦਿੱਤੇ ਗਏ।ਜੱਜਾਂ ਦੀ ਭੂਮਿਕਾ ਅਸਿਸਟੈਂਟ ਪ੍ਰੋਫੈਸਰ ਮੁਕੇਸ਼ ਸ਼ਰਮਾ, ਅਸਿਸਟੈਂਟ ਪ੍ਰੋਫੈਸਰ ਰਿਤੂ ਦਿਆਲ ਅਤੇ ਡਾ. ਰਿਚਾ ਕਦ ਵੱਲੋਂ ਨਿਭਾਈ ਗਈ।ਸਟੇਜ ਪੇਸ਼ਕਾਰੀ ਕਾਲਜ ਦੀਆਂ ਵਿਦਿਆਰਥਣਾਂ ਸੰਜਨਾ ਅਤੇ ਮਨੀਸ਼ਾ ਵੱਲੋਂ ਕੀਤੀ ਗਈ।ਵਿਦਿਆਰਥੀਆਂ ਨੇ ਗੀਤ-ਗਜ਼ਲ, ਲੋਕ ਗੀਤ ਤੇ ਲੋਕ ਨਾਚ ਵਿੱਚ ਵੀ ਹਿੱਸਾ ਲਿਆ। ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਸਾਲ ਦੇ ਯਾਦਗਾਰ ਪਲਾਂ ਨੂੰ ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਫਗਵਾੜਾ ਨੇ ਪ੍ਰਿੰਸੀਪਲ ਡਾ. ਸੁਰਿੰਦਰਜੀਤ ਕੌਰ, ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਸੈਸ਼ਨ ਦੇ ਸਫਲਤਾਪੂਰਵਕ ਮੁਕੰਮਲ ਹੋਣ 'ਤੇ ਵਧਾਈ ਦਿੱਤੀ।

# ਦਰਪਣ ਸਾਹਿਤ ਸਭਾ ਨੇ ਸਾਲਾਨਾ ਸਮਾਗਮ ਕਰਵਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਦਰਪਣ ਸਾਹਿਤ ਸਭਾ ਸੈਲਾ ਖ਼ੁਰਦ ਦਾ 20ਵਾਂ ਸਾਲਾਨਾ ਸਮਾਗਮ,ਪੁਸਤਕ ਲੋਕ ਅਰਪਣ ਸਮਾਰੋਹ ਅਤੇ ਵਿਸ਼ਾਲ ਕਵੀ ਦਰਬਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਦੀ ਸੂਰਾ ਸਿੰਘ ਵਿਖੇ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਪ੍ਰੋ. ਸੰਧੂ ਵਰਿਆਣਵੀ (ਜਨਰਲ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ), ਜਨਾਬ ਰੇਸ਼ਮ ਚਿੱਤਰਕਾਰ, ਡਾਕਟਰ ਬਿੱਕਰ ਸਿੰਘ(ਪ੍ਰਿ.), ਗੁਰਦੀਪ ਸਿੰਘ ਮੁਕੱਦਮ, ਜਨਾਬ ਜਗਦੀਸ਼ ਰਾਣਾ, ਕੁਲਦੀਪ ਡਾਨਸੀਵਾਲੀਆ ਅਤੇ ਪ੍ਰਿੰਸੀਪਲ ਹਰਬਿਲਾਸ ਸਿੰਘ ਬੰਗਾ ਸ਼ਾਮਿਲ ਹੋਏ। ਸਭਾ ਦੇ ਪ੍ਰਧਾਨ ਜਨਾਬ ਰੇਸ਼ਮ ਚਿੱਤਰਕਾਰ ਵੱਲੋਂ ਸਾਰਿਆਂ ਨੂੰ ਜੀ ਕਹਿਣ ਉਪਰੰਤ ਜਨਾਬ ਕੁਲਦੀਪ ਸਿੰਘ ਡਾਨਸੀਵਾਲੀਆ ਰਚਿਤ ਅਤੇ ਬੀ ਆਰ ਐਸ ਪਬਲੀਕੇਸ਼ਨਜ਼ ਸੁੰਨੀ ਦੁਆਰਾ ਪ੍ਰਕਾਸ਼ਿਤ ਕਾਵਿ ਸੰਗ੍ਰਿਹ 'ਸੱਚੋ-ਸੱਚ' ਦਰਪਣ ਸਾਹਿਤ ਸਭਾ ਦੇ ਮੈਂਬਰਾਂ ਅਤੇ ਪ੍ਰਧਾਨਗੀ ਮੰਡਲ ਦੁਆਰਾ ਲੋਕ ਅਰਪਣ ਕੀਤਾ ਗਿਆ। ਕਾਵਿ ਸੰਗ੍ਰਿਹ ਵਾਰੇ ਚਰਚਾ ਕਰਦਿਆਂ ਪ੍ਰੋ. ਸੰਧੂ ਵਰਿਆਣਵੀ ਅਤੇ ਡਾਕਟਰ ਬਿੱਕਰ ਸਿੰਘ ਨੇ ਕਿਹਾ ਕਿ ਕੁਲਦੀਪ ਡਾਨਸੀਵਾਲੀਆ ਦੀ ਸ਼ਾਇਰੀ ਆਮ ਲੋਕਾਂ ਅਤੇ ਜ਼ਮੀਨ ਨਾਲ ਜੁੜੀ ਹੋਈ ਹੈ ਜਿਸ ਵਿਚ ਉਹ ਸਮਕਾਲੀਨ ਯਥਾਰਥ ਨੂੰ ਉਭਾਰ ਕੇ ਪੇਸ਼ ਕਰਦੇ ਹਨ। ਉਹਨਾਂ ਦੀ ਸ਼ਾਇਰੀ ਵਿਚ ਸਥਾਪਤੀ ਪ੍ਰਤੀ ਰੋਹ ਦੀ



ਭਾਵਨਾ ਹੈ। ਇਸ ਸਮੇਂ ਮਾਸਟਰ ਰਣਜੀਤ ਪੋਸੀ ਦੁਆਰਾ ਸੰਚਾਲਿਤ ਦਰਪਣ ਕਲਾ ਮੰਚ ਦੇ ਕਲਾਕਾਰਾਂ ਵੱਲੋਂ ਸਮਾਜਿਕ ਮੁੱਦਿਆਂ ਨੂੰ ਉਭਾਰਦੀਆਂ ਦਿਲ ਖਿੱਚਵੀਆਂ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ ਜਿਨ੍ਹਾਂ ਨੂੰ ਸਰੋਤਿਆ ਵੱਲੋਂ ਬੇਹੱਦ ਸਲਾਹਿਆ ਗਿਆ। ਸਭਾ ਵਲੋਂ ਜਨਾਬ ਕੁਲਦੀਪ ਡਾਨਸੀਵਾਲੀਆ ,ਪ੍ਰੋ. ਸੰਧੂ ਵਰਿਆਣਵੀ, ਜਨਾਬ ਜਗਦੀਸ਼ ਰਾਣਾ, ਰਣਜੀਤ ਪੋਸੀ, ਪ੍ਰਿੰਸੀਪਲ ਹਰਬਿਲਾਸ ਸਿੰਘ ਬੰਗਾ, ਸਤਨਾਮ ਸਾਜਨ, ਸਾਹਿਤ ਸਭਾ ਗੜ੍ਹਸ਼ੰਕਰ, ਸਾਹਿਤ ਸਭਾ ਝਿੱਕਾ ਲਧਾਣਾ ਅਤੇ ਦਰਪਣ ਕਲਾ ਮੰਚ ਦੇ ਕਲਾਕਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸੁਖਵਿੰਦਰ ਸਿੰਘ ਵਲੋਂ ਲਗਾਈ ਪੁਸਤਕ ਪ੍ਰਦਰਸ਼ਨੀ ਵਿੱਚ ਵੀ ਲੋਕਾਂ ਕਾਫ਼ੀ ਦਿਲਚਸਪੀ ਦਿਖਾਈ। ਮੌਕੇ ਹੋਏ ਕਵੀ ਦਰਬਾਰ ਵਿੱਚ ਜਨਾਬ ਰੇਸ਼ਮ ਚਿੱਤਰਕਾਰ, ਜਨਾਬ ਸ਼ਾਮ ਸੁੰਦਰ, ਜਨਾਬ ਜਗਦੀਸ਼ ਰਾਣਾ, ਜਨਾਬ ਗੁਰਦੀਪ ਸੈਣੀ, ਜਨਾਬ ਬਹਾਦੁਰ ਕੰਵਲ, ਜਨਾਬ ਪਵਨ ਭੰਮੀਆਂ, ਜਨਾਬ ਮਨਜੀਤ ਅਰਮਾਨ, ਓ ਪੀ ਹੀਰਾ,ਜਨਾਬ ਜਸਵਿੰਦਰ ਜੱਸੀ,ਜਨਾਬ ਸਰਵਣ ਸਿੱਧੂ,ਬਲਵੀਰ ਬਡੇਸਰੋਂ, ਡਾਕਟਰ ਸੁਰਜੀਤ ਪੱਖੋਵਾਲ,ਜਨਾਬ ਪਰਮਜੀਤ ਕਾਤਿਬ,ਜਨਾਬ ਜੀਵਨ ਚੰਦੇਲੀ, ਜਨਾਬ ਮੇਜਰ ਸਿੰਘ, ਜਗਦੀਸ਼ ਰਾਇ,ਅਨੀਤਾ ਵਸ਼ਿਸ਼ਟ, ਤਾਰਾ ਸਿੰਘ ਚੇੜਾ, ਗੁਰਦੀਪ ਮੁਕਦੱਮ, ਸਰਦਾਰਾ ਸਿੰਘ ਗੁਰੂ, ਜਨਾਬ ਕਿਸ਼ੋਰ ਕੁਮਾਰ ਡਮਾਣਾ, ਜਨਾਬ ਬਲਵੀਰ ਖਾਨਪੁਰੀ, ਸੋਹਣ ਸਿੰਘ ਟੋਨੀ, ਜਨਾਬ ਦੇਸ ਰਾਜ ਬਾਲੀ, ਲਖਵੀਰ ਲਹਿਰਾ, ਤਰਸੇਮ ਭੰਮੀਆਂ, ਜੋਗਾ ਸਿੰਘ, ਗੁਰਨਾਮ ਬਾਵਾ, ਗੁਰਮੀਤ ਬੱਧਣ ਨੇ ਆਪਣੀਆਂ ਕਾਵਿ ਰਚਨਾਵਾਂ ਸੁਣਾ ਕੇ ਖ਼ੂਬ ਰੰਗ ਬੰਨ੍ਹਿਆ।

# ਪੰਜਾਬ 'ਚ ਅਮਨ-ਕਾਨੂੰਨ ਦੀ ਹਾਲਤ ਬਹੁਤ ਹੀ ਚਿੰਤਾਜਨਕ : ਜੈ ਇੰਦਰ ਕੌਰ

**ਸਮਰਾਲਾ, (ਸੁਰਜੀਤ ਸਿੰਘ)** ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਬਹੁਤ ਹੀ ਚਿੰਤਾਜਨਕ ਹੈ, ਅੱਜ ਕੋਈ ਵੀ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਸਮਝਦਾ।ਦਿਨ ਦਿਹਾੜੇ ਲੁੱਟਣ ਖੋਹਾਂ ਹੋ ਰਹੀਆਂ ਹਨ।ਇਹ



ਵਿਚਾਰ ਭਾਰਤੀ ਜਨਤਾ ਪਾਰਟੀ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਮਹਿਲਾ ਮਿਲਣੀ ਦੌਰਾਨ ਔਰਤਾਂ ਨੂੰ ਸੰਬੋਧਨ ਕਰਦਿਆਂ ਕਹੀ। ਉਨ੍ਹਾਂ ਕਿਹਾ ਕਿ ਭਾਜਪਾ ਨੇ ਦੇਸ਼ ਵਿਚ ਨਾਰੀ ਸ਼ਕਤੀ ਨੂੰ ਮਜ਼ਬੂਤ ਕਰਨ ਲਈ ਔਰਤਾਂ ਲਈ 33% ਸੀਟਾਂ ਦੇ ਰਾਖਵੇਂਕਰਨ ਦਾ ਬਿੱਲ ਪਾਰਲੀਮੈਂਟ ਵਿੱਚ ਲਿਆਂਦਾ ਸੀ, ਪਰ ਵਿਰੋਧੀ ਪਾਰਟੀਆਂ ਜਿਹਨਾਂ ਵਿਚ ਮੁੱਖ ਤੌਰ 'ਤੇ ਕਾਂਗਰਸ ਪਾਰਟੀ ਨੇ ਉਸਦਾ ਡਟਵਾਂ ਵਿਰੋਧ ਕੀਤਾ।ਉਨ੍ਹਾਂ ਕਿਹਾ ਕਿ ਕਾਂਗਰਸ ਨਾਰੀ ਸ਼ਕਤੀ ਨੂੰ ਅੱਗੇ ਨਹੀਂ ਆਉਣ ਦੇਣਾ ਚਾਹੁੰਦੀ।ਉਨ੍ਹਾਂ ਕਿਹਾ ਕਿ ਅੱਜ ਨਹੀਂ ਤਾਂ ਕੱਲ੍ਹ ਦੇਸ਼ ਦੀ ਨਾਰੀ ਆਪਣਾ ਹੱਕ ਲੈ ਕੇ ਰਹੇਗੀ।ਉਨ੍ਹਾਂ ਕਿਹਾ ਸਾਰੇ ਭਾਰਤ ਵਿੱਚ 50% ਔਰਤਾਂ ਹਨ, ਜੋ ਬਹੁਤ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਗੁਆਂਢੀ ਰਾਜ ਹਰਿਆਣੇ ਦੀ ਸਰਕਾਰ ਆਪਣੇ ਵਸਨੀਕਾਂ, ਵਿਸ਼ੇਸ਼ ਤੌਰ 'ਤੇ ਔਰਤਾਂ ਨੂੰ ਸਾਰੀਆਂ ਸਹੂਲਤਾਂ ਦੇ ਰਹੀ ਹੈ, ਪਰ ਪੰਜਾਬ ਦੀਆਂ ਔਰਤਾਂ ਹਰ ਸਹੂਲਤ ਤੋਂ ਸੱਖਣੀਆਂ ਹਨ।ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ 'ਆਪ' ਨੇ ਔਰਤਾਂ ਤੋਂ ਫਾਰਮ ਭਰਵਾਏ ਸਨ, ਪਰ ਅੱਜ ਉਨ੍ਹਾਂ ਫਾਰਮਾਂ ਦਾ ਢੇਰ ਦਿੱਲੀ ਵਿਚ ਕਿਸੇ ਥਾਂ 'ਤੇ ਲੱਗਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਬਹਾਨੇ ਮਾਰ ਕੇ ਆਪਣਾ ਰਹਿੰਦਾ ਸਮਾਂ ਲੰਘਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਹਰ ਵਰਗ ਸਰਕਾਰ ਤੋਂ ਦੁਖੀ ਹੈ।ਸਰਕਾਰੀ ਕ੍ਰਮਚਾਰੀਆਂ ਨੂੰ ਡੀ.ਏ ਨਹੀਂ ਦਿੱਤਾ ਜਾ ਰਿਹਾ।

# ਧਮਾਕਿਆਂ ਨੂੰ ਲੈ ਕੇ ਭਾਜਪਾ ਦਾ ਵਿਰੋਧ, ਐੱਸ ਐੱਸ ਪੀ ਨੂੰ ਸੌਂਪਿਆ ਮੰਗ ਪੱਤਰ

**ਮੋਗਾ (ਇਕਬਾਲ ਸਿੰਘ ਖਹਿਰਾ)**- ਭਾਰਤੀ ਜਨਤਾ ਪਾਰਟੀ ਨੇ ਅੰਮ੍ਰਿਤਸਰ ਤੇ ਜਲੰਧਰ ਧਮਾਕਿਆਂ ਵਿੱਚ ਭਾਜਪਾ 'ਤੇ ਲਗਾਏ ਗਏ ਦੋਸ਼ਾਂ ਦੇ ਵਿਰੋਧ ਮੋਗਾ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਪ੍ਰਦਰਸ਼ਨ ਕੀਤਾ।ਵਿਰੋਧ ਪ੍ਰਦਰਸ਼ਨ ਤੋਂ ਬਾਅਦ ਐੱਸ.ਐੱਸ.ਪੀ. ਨੂੰ ਮੰਗ ਪੱਤਰ ਸੌਂਪਿਆ ਗਿਆ। ਵਿਰੋਧ ਪ੍ਰਦਰਸ਼ਨ ਦੌਰਾਨ ਭਾਜਪਾ ਵਰਕਰਾਂ ਨੇ ਪੰਜਾਬ ਸਰਕਾਰ ਵਿਰੁੱਧ ਰੋਹ ਭਰਪੂਰ ਨਾਅਰੇਬਾਜ਼ੀ ਵੀ ਕੀਤੀ। ਵਿਰੋਧ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਕਿਹਾ ਕਿ ਸੰਵਿਧਾਨਕ ਅਹੁਦੇ 'ਤੇ ਬੈਠੇ ਵਿਅਕਤੀ ਨੂੰ ਤੱਥਾਂ ਦਾ ਸਮਰਥਨ ਕੀਤੇ ਬਿਨਾਂ ਅਜਿਹੇ ਬਿਆਨ ਦੇਣਾ ਸ਼ੋਭਾ ਨਹੀਂ ਦਿੰਦਾ।ਉਨ੍ਹਾਂ ਕਿਹਾ ਕਿ ਜਿੱਥੇ ਪੰਜਾਬ ਪੁਲਸ ਦੇ ਡੀ.ਜੀ.ਪੀ. ਸਰਹੱਦ ਪਾਰ ਤੋਂ ਕੰਮ ਕਰ ਰਹੇ ਆਈ.ਐੱਸ.ਆਈ-ਸਮਰਥਿਤ ਸੰਗਠਨਾਂ ਦੀ ਭੂਮਿਕਾ 'ਤੇ ਸ਼ੱਕ ਪੈਦਾ ਕਰ ਰਹੇ ਹਨ, ਉੱਥੇ ਮੁੱਖ ਮੰਤਰੀ ਰਾਜਨੀਤਕ ਬਿਆਨਬਾਜ਼ੀ ਰਾਹੀਂ ਮੁੱਦੇ ਨੂੰ ਭਟਕਾਉਣ ਦੀ ਕੋਸ਼ਿਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਕੋਈ ਵੀ ਪੁਲਸ ਮੁਖੀ ਮੁੱਢਲੇ ਸਬੂਤਾਂ ਤੇ ਸੁਰੱਖਿਆ ਏਜੰਸੀਆਂ ਦੀਆਂ ਰਿਪੋਰਟਾਂ ਤੋਂ ਬਿਨਾਂ ਜਨਤਕ ਬਿਆਨ ਨਹੀਂ ਦਿੰਦਾ।ਇਸ ਲਈ, ਇਹ ਮੰਦਭਾਗਾ ਹੈ ਕਿ ਮੁੱਖ ਮੰਤਰੀ ਸਿੱਧੇ ਤੌਰ 'ਤੇ ਭਾਜਪਾ 'ਤੇ ਦੋਸ਼ ਲਗਾ ਰਹੇ ਹਨ।ਡਾ. ਹਰਜੋਤ ਕਮਲ ਨੇ ਦੋਸ਼ ਲਗਾਇਆ ਕਿ ਮੁੱਖ ਮੰਤਰੀ ਭਾਜਪਾ ਨੂੰ ਨਿਸ਼ਾਨਾ ਬਣਾ ਕੇ ਅਸਲ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।ਸਰਕਾਰ ਨੂੰ ਅਜਿਹੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਰਾਜਨੀਤਕ ਦੋਸ਼ ਲਗਾਉਣ ਦੀ ਬਜਾਏ ਨਿਰਪੱਖ ਜਾਂਚ ਕਰਵਾਉਣੀ ਚਾਹੀਦੀ ਹੈ ਤੇ ਦੋਸ਼ੀਆਂ ਨੂੰ ਬੇਨਕਾਬ ਕਰਨਾ ਚਾਹੀਦਾ ਹੈ।



ਪ੍ਰਦਰਸ਼ਨ ਦੌਰਾਨ ਭਾਜਪਾ ਦੇ ਬੁਲਾਰੇ ਨਿਧੜਕ ਸਿੰਘ ਬਰਾੜ, ਵਿਜੇ ਸ਼ਰਮਾ, ਵਿਨੇ ਸ਼ਰਮਾ, ਰਾਕੇਸ਼ ਸ਼ਰਮਾ, ਮੁਖਤਿਆਰ ਸਿੰਘ ਐਸ.ਪੀ, ਲਖਵੰਤ ਸਿੰਘ ਸਾਫੂਵਾਲਾ, ਮਨਿੰਦਰ ਕੌਰ ਸਲੀਨਾ, ਕਮਲਜੀਤ ਕੌਰ ਧੱਲੇਕੇ, ਗੁਰਮੇਲ ਸਿੰਘ ਸਰਾਂ, ਧਰਮਕੋਟ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਕੈਲਾ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਭਾਜਪਾ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਨਾ ਟਿਊਸ਼ਨ, ਨਾ ਇੰਟਰਨੈੱਟ, ਸੈਲਫ ਸਟੱਡੀ ਨਾਲ ਹਰਮੀਨ ਨੇ ਮਾਰੀ ਬਾਜ਼ੀ, ਜ਼ਿਲ੍ਹੇ 'ਚੋਂ ਅੱਵਲ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ ਸਿੰਘ/ਪੂਜਾ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੋਮਵਾਰ ਨੂੰ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ 'ਚ ਲੜਕੀਆਂ ਨੇ ਨਵਾਂ ਇਤਿਹਾਸ ਸਿਰਜ ਦਿੱਤਾ ਹੈ।ਜ਼ਿਲ੍ਹੇ ਦੀ ਮੈਰਿਟ ਸੂਚੀ 'ਚ ਸ਼ਾਮਲ ਪਹਿਲੇ ਪੰਜੇ ਸਥਾਨਾਂ 'ਤੇ ਲੜਕੀਆਂ ਨੇ ਕਬਜ਼ਾ ਕੀਤਾ ਹੈ।ਬਾਬਾ ਫ਼ਰੀਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦੀ ਵਿਦਿਆਰਥਣ ਹਰਮੀਨ ਕੌਰ ਪੁੱਤਰੀ ਰਣਜੀਤ ਸਿੰਘ ਨੇ 97.8 ਫ਼ੀਸਦੀ ਅੰਕਾਂ ਨਾਲ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ।ਸੂਬਾ ਪੱਧਰੀ ਮੈਰਿਟ ਵਿੱਚ ਹਰਮੀਨ 14ਵੇਂ ਸਥਾਨ 'ਤੇ ਰਹੀ।ਸਰਕਾਰੀ ਹਾਈ ਸਕੂਲ ਨੂਰਪੁਰ ਕ੍ਰਿਪਾਲ ਕੇ ਦੀ ਰਵਨੀਤ ਕੌਰ ਪੁੱਤਰੀ ਨਿਸ਼ਾਨ ਸਿੰਘ 96.92 ਫ਼ੀਸਦੀ ਅੰਕਾਂ ਨਾਲ ਜ਼ਿਲ੍ਹੇ 'ਚ ਦੂਜੇ ਸਥਾਨ 'ਤੇ ਰਹੀ। ਉੱਥੇ ਹੀ ਸਰਕਾਰੀ ਹਾਈ ਸਕੂਲ ਸਾਹਿਬ ਚੰਦ ਦੀ ਵਿਦਿਆਰਥਣ ਸਲੋਨੀ ਪੁੱਤਰੀ ਲਛਮਣ ਦਾਸ ਨੇ 96.46 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਨਤੀਜਾ ਐਲਾਨੇ ਜਾਣ ਤੋਂ ਬਾਅਦ ਤਿੰਨੋਂ ਸਕੂਲਾਂ 'ਚ ਜਸ਼ਨ ਦਾ ਮਾਹੌਲ ਬਣ ਗਿਆ।ਸਕੂਲ ਸਟਾਫ਼ ਤੇ ਮਾਪਿਆਂ ਨੇ ਹੋਣਹਾਰ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ਟਾਪਰਾਂ ਦੀ ਜ਼ੁਬਾਨੀ ਸਫਲਤਾ ਦਾ ਮੰਤਰ ਜ਼ਿਲ੍ਹਾ ਟਾਪਰ ਹਰਮੀਨ ਕੌਰ ਨੇ ਦੱਸਿਆ ਕਿ ਉਹ ਰੋਜ਼ਾਨਾ 6 ਤੋਂ 7 ਘੰਟੇ ਪੜ੍ਹਾਈ ਕਰਦੀ ਸੀ।ਮੋਬਾਈਲ ਦੀ ਵਰਤੋਂ ਸਿਰਫ਼ ਪੜ੍ਹਾਈ ਲਈ ਕੀਤੀ ਤੇ ਸੋਸ਼ਲ ਮੀਡੀਆ ਤੋਂ ਦੂਰੀ ਬਣਾਈ ਰੱਖੀ। ਬਿਨਾਂ ਕਿਸੇ ਟਿਊਸ਼ਨ ਦੇ ਸਿਰਫ਼ ਸਕੂਲ ਦੀ ਪੜ੍ਹਾਈ ਅਤੇ ਅਧਿਆਪਕਾਂ ਦੀ ਅਗਵਾਈ ਨਾਲ ਇਹ ਮੁਕਾਮ ਹਾਸਲ ਕੀਤਾ ਹੈ।ਹਰਮੀਨ ਦੇ ਪਿਤਾ ਕਿਸਾਨ ਹਨ ਤੇ 12ਵੀਂ ਤੱਕ ਪੜ੍ਹੇ ਹਨ, ਜਦਕਿ ਮਾਤਾ ਬੀਏ ਪਾਸ ਘਰੇਲੂ ਸੁਆਣੀ ਹਨ।ਹਰਮੀਨ ਆਪਣੀ ਸਫ਼ਲਤਾ ਦਾ ਸਿਹਰਾ ਸਕੂਲ ਐਮਡੀ ਹਰਜੀਤ ਸਿੰਘ ਬਰਾੜ, ਪ੍ਰਿੰਸੀਪਲ ਪਰਮਜੀਤ ਕੌਰ, ਕਲਾਸ ਇੰਚਾਰਜ ਕਿਰਨਦੀਪ ਕੌਰ, ਅਧਿਆਪਕ ਗੁਰਮੀਤ ਸਿੰਘ ਅਤੇ ਮਾਪਿਆਂ ਨੂੰ ਦਿੰਦੀ ਹੈ।ਉਸ ਦਾ ਟੀਚਾ ਆਈਏਐੱਸ ਅਫ਼ਸਰ ਬਣ ਕੇ ਦੇਸ਼ ਦੀ ਸੇਵਾ ਕਰਨਾ ਹੈ।ਦੂਜਾ ਸਥਾਨ ਹਾਸਲ ਕਰਨ ਵਾਲੀ ਰਵਨੀਤ ਕੌਰ ਨੇ ਦੱਸਿਆ ਕਿ ਉਹ ਰੋਜ਼ਾਨਾ ਛੇ-ਸੱਤ ਘੰਟੇ ਪੜ੍ਹਦੀ ਸੀ।ਉਹ ਭਵਿੱਖ ਵਿੱਚ ਇੱਕ ਸਫ਼ਲ ਅਧਿਆਪਕ ਬਣ ਕੇ ਸਮਾਜ ਸੇਵਾ ਕਰਨਾ ਚਾਹੁੰਦੀ ਹੈ।ਉਸ ਨੇ ਸਕੂਲ ਸਟਾਫ਼ ਅਤੇ ਮਾਪਿਆਂ ਦੇ ਸਹਿਯੋਗ ਲਈ ਧੰਨਵਾਦ ਕੀਤਾ।ਇਸ ਦੌਰਾਨ ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਕਮਲਜੀਤ ਕੌਰ ਨੇ ਦੱਸਿਆ ਸਕੂਲ ਦੀ ਇਕ ਹੋਰ ਵਿਦਿਆਰਥਣ ਸਹਿਜਪ੍ਰੀਤ ਕੌਰ ਪੁੱਤਰੀ ਲਖਵਿੰਦਰ ਸਿੰਘ ਨੇ 95.38 ਪ੍ਰਤੀਸ਼ਤ ਅੰਕਾਂ ਨਾਲ ਮੈਰਿਟ ਸੂਚੀ 'ਚ ਆਪਣੀ ਜਗ੍ਹਾ ਪੱਕੀ ਕੀਤੀ ਹੈ। ਸਹਿਜਪ੍ਰੀਤ ਕੌਰ ਡਾਕਟਰ ਬਣਨਾ ਚਾਹੁੰਦੀ ਹੈ।ਦੋਵੇਂ ਵਿਦਿਆਰਥਣਾਂ ਬੇਹੱਦ ਮਿਹਨਤੀ ਹਨ।ਗਣਿਤ ਅਧਿਆਪਕ ਰਾਜੇਸ਼ ਬਾਂਸਲ ਤੇ ਸਾਇੰਸ ਅਧਿਆਪਕਾ ਰਮਨਿੰਦਰ ਕੌਰ ਨੇ ਦੱਸਿਆ ਕਿ ਇਹ ਦੋਵੇਂ ਵਿਦਿਆਰਥਣਾਂ ਸ਼ੁਰੂ ਤੋਂ ਹੀ ਪੜ੍ਹਾਈ ਵਿੱਚ ਬਹੁਤ ਅੱਗੇ ਸਨ।ਖ਼ਾਸ ਕਰਕੇ ਸਾਇੰਸ ਤੇ ਗਣਿਤ ਵਿਸ਼ਿਆਂ 'ਚ ਇਨ੍ਹਾਂ ਦੀ ਡੂੰਘੀ ਰੁਚੀ ਸੀ ਅਤੇ ਕਲਾਸ ਵਿੱਚ ਵੀ ਇਨ੍ਹਾਂ ਦਾ ਪ੍ਰਦਰਸ਼ਨ ਹਮੇਸ਼ਾ ਮੋਹਰੀ ਰਿਹਾ ਹੈ।ਤੀਜੇ ਸਥਾਨ 'ਤੇ ਰਹੀ ਸਲੋਨੀ ਨੇ ਦੱਸਿਆ ਕਿ ਉਸ ਨੇ ਬਿਨਾਂ ਟਿਊਸ਼ਨ ਤੋਂ ਰੋਜ਼ਾਨਾ 10 ਤੋਂ 12 ਘੰਟੇ ਪੜ੍ਹਾਈ ਕੀਤੀ ਤੇ ਮੋਬਾਈਲ ਤੋਂ ਪੂਰੀ ਤਰ੍ਹਾਂ ਦੂਰੀ ਬਣਾਈ ਰੱਖੀ। ਸਲੋਨੀ ਜੱਜ ਬਣਨਾ ਚਾਹੁੰਦੀ ਹੈ।ਉਸ ਨੇ ਆਪਣੀ ਸਫਲਤਾ ਦਾ ਸਿਹਰਾ ਮੁੱਖ ਅਧਿਆਪਕ ਅਮਨਦੀਪ ਸਿੰਘ ਅਤੇ ਸਮੂਹ ਸਕੂਲ ਸਟਾਫ਼ ਨੂੰ ਦਿੱਤਾ।ਜ਼ਿਕਰਯੋਗ ਹੈ ਕਿ ਸਲੋਨੀ ਨੇ ਅੱਠਵੀਂ ਦੀ ਬੋਰਡ ਪ੍ਰੀਖਿਆ ਵਿੱਚ ਵੀ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਸੀ।ਇਸ ਵਾਰ 10ਵੀਂ ਵਿੱਚ ਸੂਬੇ ਵਿੱਚੋਂ 18ਵਾਂ ਰੈਂਕ ਹਾਸਲ ਕਰਕੇ ਉਸ ਨੇ ਸਾਬਤ ਕਰ ਦਿੱਤਾ ਹੈ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਮੈਰਿਟ 'ਚ ਮੋਹਰੀ ਸਥਾਨ ਹਾਸਲ ਕਰ ਸਕਦੇ ਹਨ।



# ਗੁਰਬਚਨ ਸਿੰਘ ਪਵਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਪੀ ਏ ਸੀ ਦੇ ਮੈਂਬਰ ਬਣੇ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਗੁਰਬਚਨ ਸਿੰਘ ਪਵਾਰ, ਜੋ ਬਤੌਰ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਦੀ ਸੇਵਾ ਨਿਭਾਉਂਦੇ ਆ ਰਹੇ ਹਨ, ਉਨ੍ਹਾਂ ਦੀਆਂ ਪੰਥਕ, ਕੌਮੀ ਨਿਰਸਵਾਰਥ ਸੇਵਾਵਾ ਨੂੰ ਮੁੱਖ ਰੱਖਦੇ ਹੋਏ ਤੇ ਉਨ੍ਹਾਂ ਦੀਆਂ ਸਰਗਰਮੀਆਂ ਨੂੰ ਦੇਖਦੇ ਹੋਏ ਪੋਲੀਟੀਕਲ ਅਫੇਅਰ ਕਮੇਟੀ (ਪੀ.ਏ.ਸੀ) ਦੇ ਮੈਂਬਰ ਨਿਯੁਕਤ ਕੀਤਾ ਜਾਂਦਾ ਹੈ। ਇਹ ਨਿਯੁਕਤੀ ਪਾਰਟੀ ਦਫਤਰ ਤੋਂ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਜਾਰੀ ਕਰਦੇ ਹੋਏ ਦਿੱਤੀ।ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਜਿਥੇ ਉਨ੍ਹਾਂ ਕੋਲ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਦੀ ਮੁੱਖ ਸੇਵਾ ਹੈ, ਉਥੇ ਉਹ ਹੋਣ ਵਾਲੇ ਪਾਰਟੀ ਫੈਸਲਿਆਂ ਵਿੱਚ ਵੀ ਆਪਣੀ ਤੀਖਣਬੁੱਧੀ ਰਾਹੀਂ ਸਮੇਂ-ਸਮੇਂ 'ਤੇ ਮੀਟਿੰਗਾਂ 'ਚ ਹਾਜ਼ਰ ਹੋ ਕੇ ਯੋਗਦਾਨ ਪਾਉਂਦੇ ਰਹਿਣਗੇ।

# ਅਰੋੜਾ ਵੈੱਲਫੇਅਰ ਸਭਾ ਵੱਲੋਂ ਰਾਜ ਕੁਮਾਰ ਤੇ ਨੱਥੂ ਲਾਲ ਦਾ ਸਨਮਾਨ

**ਸੰਗਰੂਰ (ਪ੍ਰਵੀਨ ਸਿੰਘ)**- ਸਥਾਨਕ ਮਾਤਾ ਮਹਾਕਾਲੀ ਦੇਵੀ ਮੰਦਰ ਪਟਿਆਲਾ ਗੇਟ ਵਿਖੇ ਸਮਾਜ ਸੇਵਾ, ਲੋਕ ਭਲਾਈ ਤੇ ਅਰੋੜਾ ਸਮਾਜ ਦੀ ਭਲਾਈ ਲਈ ਸਮਰਪਤ ਸਮਾਜ ਸੇਵੀ ਸੰਸਥਾ ਅਰੋੜਾ ਵੈੱਲਫੇਅਰ ਸਭਾ ਵੱਲੋਂ ਸਨਮਾਨ ਸਮਾਰੋਹ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਨਰੇਸ਼ ਜੁਨੇਜਾ ਦੀ ਅਗਵਾਈ ਵਿੱਚ ਬੜੀ ਸ਼ਾਨੋ ਸ਼ੌਕਤ ਤੇ ਸਤਿਕਾਰ ਸਹਿਤ ਸੰਪੰਨ ਹੋਇਆ।ਸ੍ਰੀ ਜੁਨੇਜਾ ਨਾਲ ਪ੍ਰਧਾਨਗੀ ਮੰਡਲ ਵਿੱਚ ਜਨਰਲ ਸਕੱਤਰ ਤਰਸੇਮ ਕਾਲੜਾ, ਚੇਅਰਮੈਨ ਜਗਦੀਸ਼ ਕਾਲੜਾ, ਨੰਦ ਲਾਲ ਗਾਂਧੀ, ਰਮੇਸ਼ ਛਾਬੜਾ, ਪ੍ਰਦੀਪ ਸੱਚਦੇਵਾ, ਅਰੁਣ ਹਸੀਜਾ, ਰਾਜ ਕੱਠਪਾਲੀਆ, ਦਵਿੰਦਰ ਮਨਚੰਦਾ, ਸ੍ਰੀਮਤੀ ਉਮਾ ਤਨੇਜਾ, ਰਾਖੀ ਕਾਲੜਾ, ਸ਼ੈਲੀ ਹਾਂਸ, ਰੀਨੂੰ ਤਨੇਜਾ, ਅਨੂ ਅਹੂਜਾ, ਸਫਾਲੀ ਗਰੋਵਰ ਸ਼ਾਮਲ ਸਨ। ਜਗਦੀਸ਼ ਕਾਲੜਾ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਪ੍ਰਧਾਨ ਨਰੇਸ਼ ਜੁਨੇਜਾ ਨੇ ਸਮੂਹ ਆਈਆਂ ਸ਼ਖਸੀਅਤਾਂ ਨੂੰ ਜੀ ਆਇਆਂ ਆਖਿਆ ਤੇ ਸੰਸਥਾ ਵੱਲੋਂ ਕੀਤੇ ਜਾਂਦੇ ਸਮਾਜ ਸੇਵੀ ਕੰਮਾਂ ਦੀ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਅਰੋੜਾ ਵੈੱਲਫੇਅਰ ਸਭਾ ਇੱਕ ਅਜਿਹੀ ਸਭਾ ਹੈ, ਜੋ ਸਾਰੇ ਧਰਮਾਂ ਦਾ ਸਤਿਕਾਰ ਕਰਦੀ ਹੈ ਤੇ ਹਰੇਕ ਦੇ ਦੁੱਖ ਸੁੱਖ ਵਿੱਚ ਸਹਾਈ ਹੁੰਦੀ ਹੈ।ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੁਭਾਸ਼ ਗਰੋਵਰ, ਪ੍ਰਸਿੱਧ ਭਜਨ ਗਾਇਕ ਭੁਪਿੰਦਰ ਨਾਗਪਾਲ ਆਦਿ ਨੇ ਅਰੋੜਾ ਵੈੱਲਫੇਅਰ ਸਭਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਐਸੋਸੀਏਸ਼ਨ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਦੀਪਕ ਹਾਂਸ, ਡਾ. ਗਗਨ ਬਜਾਜ. ਪਵਨ ਅਹੂਜਾ, ਸੁਸ਼ੀਲ ਉਥੇਜਾ, ਬੀ ਡੀ ਅਰੋੜਾ, ਨਰੇਸ਼ ਤਨੇਜਾ, ਸੁਮੀਰ ਅਰੋੜਾ, ਮਹਿੰਦਰ ਅਹੂਜਾ, ਟਹਿਲ ਚੰਦ ਛਾਬੜਾ, ਅਰੁਣ ਅਸੀਜਾ, ਮਨੋਜ ਸੇਠੀ, ਪੰਡਤ ਅਰਜਨ ਦਾਸ, ਕਾਂਤਾ ਮਾਤਾ, ਸ਼ਸ਼ੀ ਸ਼ਰਮਾ, ਪ੍ਰਸ਼ੋਤਮ ਗਾਬਾ, ਨਗਰ ਕੌਂਸਲਰ ਰੀਤੂ ਕੰਡਾ, ਲਾਜਪਤ ਰਾਏ ਛਾਬੜਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪਤਵੰਤੇ ਮੌਜੂਦ ਸਨ।




# ਪੰਜਾਬ ਸਰਕਾਰ ਦਾ ਰਵੱਈਆ ਅਸਹਿਣਯੋਗ : ਪੂਨੀਆ

**ਸਨੌਰ, (ਰਾਜਿੰਦਰ ਸਿੰਘ ਥਿੰਦ)** ਬੀਜੇਪੀ ਦੇ ਸੀਨੀਅਰ ਆਗੂ ਸਤਪਾਲ ਪੂਨੀਆਂ ਨੇ ਪੰਜਾਬ 'ਚ ਵਾਪਰੀਆਂ ਹਾਲੀਆ ਘਟਨਾਵਾਂ 'ਤੇ ਗੰਭੀਰ ਚਿੰਤਾ ਜਤਾਉਂਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਪ੍ਰੋਟੋਕੋਲ ਅਤੇ ਇਸ ਦੇ ਕੁਝ ਆਗੂਆਂ ਦੇ ਰਵੱਈਏ ਨੇ ਲੋਕਤੰਤਰਿਕ ਮਰਿਆਦਾਵਾਂ ਨੂੰ ਠੇਸ ਪਹੁੰਚਾਈ ਹੈ।ਉਨ੍ਹਾਂ ਕਿਹਾ ਕਿ ਜਦੋਂ ਸਰਕਾਰ ਦਾ ਪ੍ਰੋਟੋਕੋਲ ਤੇ ਸੱਤਾ ਦਾ ਦਬਦਬਾ ਆਮ ਲੋਕਾਂ ਦੀ ਜ਼ਿੰਦਗੀ ਅਤੇ ਉਨ੍ਹਾਂ ਦੀ ਆਜ਼ਾਦੀ ਤੋਂ ਵੱਧ ਮਹੱਤਵਪੂਰਨ ਬਣ ਜਾਵੇ, ਤਾਂ ਇਹ ਬਹੁਤ ਹੀ ਚਿੰਤਾਜਨਕ ਸਥਿਤੀ ਹੈ।ਪੂਨੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਪਟਿਆਲਾ ਫੇਰੀ ਦੌਰਾਨ ਇਹ ਮਾਮਲਾ ਸਾਹਮਣੇ ਆਇਆ ਹੈ ਕਿ ਇੱਕ ਨੌਜਵਾਨ ਵੱਲੋਂ ਸਵਾਲ ਪੁੱਛਣ ਦੀ ਕੋਸ਼ਿਸ਼ ਕਰਨ 'ਤੇ ਆਮ ਆਦਮੀ ਪਾਰਟੀ ਦੇ ਇੱਕ ਆਗੂ ਵੱਲੋਂ ਉਸ ਨਾਲ ਹੱਥਾਪਾਈ ਕਰਨ ਅਤੇ ਡਰਾਉਣ ਧਮਕਾਉਣ ਦੀ ਕੋਸ਼ਿਸ਼ ਕੀਤੀ ਗਈ।ਉਨ੍ਹਾਂ ਕਿਹਾ ਕਿ ਇਹ ਘਟਨਾ ਸਪੱਸ਼ਟ ਕਰਦੀ ਹੈ ਕਿ ਸਰਕਾਰ ਤੇ ਇਸ ਦੇ ਕੁਝ ਆਗੂ ਆਲੋਚਨਾ ਤੇ ਲੋਕਾਂ ਦੇ ਸਵਾਲਾਂ ਨੂੰ ਬਰਦਾਸ਼ਤ ਕਰਨ ਲਈ ਤਿਆਰ ਨਹੀਂ ਹਨ।ਉਨ੍ਹਾਂ ਇਸ ਤੋਂ ਪਹਿਲਾਂ ਵਾਪਰੀ ਉਸ ਦੁਖਦਾਈ ਘਟਨਾ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਸਰਕਾਰੀ ਪ੍ਰੋਟੋਕੋਲ ਕਾਰਨ ਇੱਕ ਗਰਭਵਤੀ ਮਹਿਲਾ ਨੂੰ ਸਮੇਂ ਸਿਰ ਇਲਾਜ ਨਾ ਮਿਲ ਸਕਿਆ ਅਤੇ ਮਾਸੂਮ ਬੱਚੇ ਦੀ ਜ਼ਿੰਦਗੀ ਇਸ ਦੁਨੀਆ ਵਿੱਚ ਆਉਣ ਤੋਂ ਪਹਿਲਾਂ ਹੀ ਖਤਮ ਹੋ ਗਈ। ਸਤਪਾਲ ਪੂਨੀਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਇਸ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕਰ ਰਹੇ ਹਨ ਤੇ ਸਰਕਾਰ ਨੂੰ ਆਪਣੀ ਨੈਤਿਕ ਜ਼ਿੰਮੇਵਾਰੀ ਸਵੀਕਾਰ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਜ਼ਿੰਦਗੀ, ਸਨਮਾਨ ਤੇ ਆਪਣੇ ਸਵਾਲ ਪੁੱਛਣ ਦਾ ਅਧਿਕਾਰ ਕਿਸੇ ਵੀ ਰਾਜਨੀਤਿਕ ਪ੍ਰੋਟੋਕੋਲ ਤੋਂ ਵੱਧ ਮਹੱਤਵਪੂਰਨ ਹੈ।ਪੰਜਾਬ ਦੀ ਜਨਤਾ ਸੱਚਾਈ ਸਾਹਮਣੇ ਆਉਣ ਅਤੇ ਪੀੜਤਾਂ ਨੂੰ ਇਨਸਾਫ਼ ਮਿਲਣ ਤੱਕ ਆਪਣੀ ਆਵਾਜ਼ ਉਠਾਉਂਦੀ ਰਹੇਗੀ।



# ਨਗਰ ਕੌਂਸਲ ਲਈ ਭਾਜਪਾ ਨੇ ਉਮੀਦਵਾਰ ਐਲਾਨੇ

**ਰਾਮਪੁਰਾਫੂਲ (ਦਰਸ਼ਨ ਜਿੰਦਲ)** ਨਗਰ ਕੌਂਸਲ ਚੋਣਾਂ ਲਈ ਭਾਜਪਾ ਨੇ ਪਹਿਲ ਕਰਦਿਆਂ ਭਗਤਾ ਭਾਈਕਾ ਨਗਰ ਕੌਂਸਲ ਲਈ ਚੋਣ ਕਮੇਟੀ ਤੇ ਕਈ ਵਾਰਡਾਂ ਲਈ ਪਾਰਟੀ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ। ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਦੀ ਅਗਵਾਈ 'ਚ ਚੋਣ ਕੁਆਰਡੀਨੇਟਰ ਕੁਲਦੀਪ ਭੰਗੇਵਾਲ ਤੇ ਮੰਡਲ ਪ੍ਰਧਾਨ ਬਬਲੇਸ਼ ਕੁਮਾਰ ਬੌਬੀ ਸਿੰਗਲਾ ਵੱਲੋਂ ਸੀਨੀਅਰ ਆਗੂਆਂ ਤੇ ਵਰਕਰਾਂ ਨਾਲ ਇਸ ਸਬੰਧੀ ਇਕੱਤਰਤਾ ਕੀਤੀ ਗਈ। ਗੁਰਪ੍ਰੀਤ ਸਿੰਘ ਮਲੂਕਾ ਨੇ ਕੁਲਦੀਪ ਸਿੰਘ ਭੰਗੇਵਾਲਾ ਬੌਬੀ ਸਿੰਗਲਾ ਤੇ ਆਗੂਆਂ ਨਾਲ ਚਰਚਾ ਉਪਰੰਤ ਵਾਰਡ ਨੰਬਰ 2 ਤੋਂ, ਸੁਖਮੰਦਰ ਸਿੰਘ ਵਾਰਡ ਨੰਬਰ 3 ਤੋਂ, ਹਰਿੰਦਰ ਕੌਰ ਵਾਰਡ ਨੰਬਰ 7 ਤੋਂ, ਕਿਰਨਾਂ ਸਿੰਘ ਵਾਰਡ ਨੰਬਰ 10 ਤੋਂ, ਰਜਿੰਦਰ ਕੁਮਾਰ ਵਾਰਡ ਨੰਬਰ 11 ਤੋਂ, ਗੀਤਾ ਰਾਣੀ ਅਤੇ ਵਾਰਡ ਨੰਬਰ 12 ਤੋਂ, ਲਾਜਪਤ ਅਰੋੜਾ ਨੂੰ ਉਮੀਦਵਾਰ ਐਲਾਨ ਦਿੱਤਾ। ਮਲੂਕਾ ਨੇ ਕਿਹਾ ਕਿ ਆਪਸੀ ਸਹਿਮਤੀ ਨਾਲ ਮਿਹਨਤੀ ਇਮਾਨਦਾਰ ਤੇ ਜਿੱਤਣ ਦੀ ਸਮਰੱਥਾ ਦੇ ਅਧਾਰ 'ਤੇ ਹੀ ਉਮੀਦਵਾਰਾਂ ਦੀ ਚੋਣ ਕੀਤੀ ਗਈ ਹੈ। ਬਾਕੀ ਰਹਿੰਦੇ ਉਮੀਦਵਾਰ ਵੀ ਜਲਦ ਐਲਾਨ ਦਿੱਤੇ ਜਾਣਗੇ। ਉਮੀਦਵਾਰਾਂ ਤੋਂ ਇਲਾਵਾ ਚੋਣ ਪ੍ਰਚਾਰ ਲਈ ਕਮੇਟੀ ਦਾ ਗਠਨ ਕੀਤਾ ਗਿਆ।



# ਡਾ . ਬਲਬੀਰ ਸਿੰਘ ਵੱਲੋਂ ਅਰਬਨ ਅਸਟੇਟ 'ਚ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅਰਬਨ ਸਟੇਟ ਫੇਜ਼-1,2 ਅਤੇ 3 ਵਿੱਚ 10 ਕਰੋੜ ਰੁਪਏ ਦੀ ਲਾਗਤ ਨਾਲ ਕਰੀਬ 52 ਕਿਲੋਮੀਟਰ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਾਈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹਿਰਾਂ ਤੇ ਰਿਹਾਇਸ਼ੀ ਕਾਲੋਨੀਆਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਜੀਵਨ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਨਾਲ 5 ਸਾਲ ਦੀ ਮੈਨਟੇਨੈਂਸ ਗਰੰਟੀ ਵੀ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਇਲਾਕਾ ਵਾਸੀਆਂ ਵੱਲੋਂ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਨ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੰਜਾਬ ਸਰਕਾਰ ਨੇ ਗੰਭੀਰਤਾ ਨਾਲ ਲੈਂਦਿਆਂ ਹੁਣ ਇਹ ਵਿਕਾਸ ਕਾਰਜ ਸ਼ੁਰੂ ਕਰਾਏ ਹਨ। ਉਨ੍ਹਾਂ ਕਿਹਾ ਕਿ ਚੰਗੀਆਂ ਅਤੇ ਮਜ਼ਬੂਤ ਸੜਕਾਂ ਨਾਲ ਨਾ ਸਿਰਫ ਲੋਕਾਂ ਦੀ ਆਵਾਜਾਈ ਸੁਗਮ ਹੋਵੇਗੀ, ਸਗੋਂ ਇਲਾਕੇ ਦੀ ਸੁੰਦਰਤਾ ਅਤੇ ਰਹਿਣ ਯੋਗ ਮਾਹੌਲ ਵਿੱਚ ਵੀ ਵੱਡਾ ਸੁਧਾਰ ਆਵੇਗਾ। ਉਨ੍ਹਾਂ ਨੇ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਕੰਮ ਨੂੰ ਨਿਰਧਾਰਿਤ ਸਮੇਂ ਅੰਦਰ ਪੂਰਾ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।



# ਫਿਰੋਜ਼ਪੁਰ ਮੰਡਲ ਦੇ 50 ਰੇਲ ਕਰਮਚਾਰੀਆਂ ਦਾ ਵਿਸ਼ੇਸ਼ ਸਨਮਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਮਜ਼ਦੂਰ ਦਿਵਸ ਦੀ ਖੁਸ਼ੀ ਵਿੱਚ 11 ਮਈ ਨੂੰ ਉੱਤਰ ਰੇਲਵੇ ਮਹਿਲਾ ਭਲਾਈ ਸੰਗਠਨ, ਫਿਰੋਜ਼ਪੁਰ ਵੱਲੋਂ ਰੇਲਵੇ ਕਲੱਬ ਵਿਖੇ ਇਕ ਵਿਸ਼ੇਸ਼ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਉੱਤਰ ਰੇਲਵੇ ਮਹਿਲਾ ਭਲਾਈ ਸੰਗਠਨ ਦੀ ਪ੍ਰਧਾਨ ਡਾ. ਮੋਨੀਸ਼ਾ ਸ਼ਰਮਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ 50 ਰੇਲ ਕਰਮਚਾਰੀਆਂ ਨੂੰ ਸਨਮਾਨਤ ਕੀਤਾ ਗਿਆ। ਸਨਮਾਨਤ ਹੋਣ ਵਾਲਿਆਂ ਵਿਚ ਇੰਜੀਨੀਅਰਿੰਗ, ਅਪ੍ਰੇਸ਼ਨਲ, ਬਿਜਲੀ ਤੇ ਸਿਗਨਲ ਤੇ ਦੂਰਸੰਚਾਰ ਵਿਭਾਗ ਦੇ ਟਰੈਕ ਮੇਨਟੇਨਰ, ਪੁਆਇੰਟਸਮੈਨ, ਖਲਾਸੀ ਤੇ ਟੈਕਨੀਸ਼ੀਅਨ ਸ਼ਾਮਲ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਮੋਨੀਸ਼ਾ ਸ਼ਰਮਾ ਨੇ ਕਿਹਾ ਇਹ ਪੁਰਸਕਾਰ ਕੇਵਲ ਇਕ ਸਨਮਾਨ ਨਹੀਂ, ਸਗੋਂ ਤੁਹਾਡੀ ਡਿਊਟੀ ਪ੍ਰਤੀ ਨਿਸ਼ਠਾ ਤੇ ਅਣਥੱਕ ਮਿਹਨਤ ਦਾ ਪ੍ਰਤੀਕ ਹੈ। ਰੇਲਵੇ ਕਰਮਚਾਰੀ ਆਉਣ ਵਾਲੀ ਪੀੜ੍ਹੀ ਲਈ ਪ੍ਰੇਰਨਾ ਸਰੋਤ ਹਨ। ਸਾਡਾ ਸੰਗਠਨ ਕਰਮਚਾਰੀਆਂ ਦੇ ਮਨੋਬਲ ਨੂੰ ਵਧਾਉਣ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਇੱਕ ਸੁਰੱਖਿਅਤ ਤੇ ਸਕਾਰਾਤਮਕ ਮਾਹੌਲ ਦੇਣ ਲਈ ਹਮੇਸ਼ਾ ਵਚਨਬੱਧ ਹੈ। ਇਸ ਮੌਕੇ ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ, ਵਧੀਕ ਮੰਡਲ ਰੇਲ ਪ੍ਰਬੰਧਕ ਨਿਤਿਨ ਗਰਗ ਤੇ ਮੁੱਖ ਮੈਡੀਕਲ ਸੁਪਰਡੈਂਟ ਡਾ. ਰੰਜਨਾ ਸਹਿਗਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਤੋਂ ਇਲਾਵਾ ਮਹਿਲਾ ਭਲਾਈ ਸੰਗਠਨ ਦੀ ਉਪ-ਪ੍ਰਧਾਨ ਆਕਾਂਕਸ਼ਾ ਗਰਗ, ਸਕੱਤਰ ਨੀਲਮ ਕੁਮਾਰੀ ਤੇ ਹੋਰ ਰੇਲਵੇ ਅਧਿਕਾਰੀ ਮੌਜੂਦ ਰਹੇ। ਇਹ ਸਮਾਗਮ ਕਰਮਚਾਰੀਆਂ ਵਿਚ ਉਤਸ਼ਾਹ ਭਰਨ ਤੇ ਉਨ੍ਹਾਂ ਦੇ ਕੰਮ ਦੀ ਸ਼ਲਾਘਾ ਕਰਨ ਦੇ ਉਦੇਸ਼ ਨਾਲ ਸਫਲਤਾਪੂਰਵਕ ਸੰਪੰਨ ਹੋਇਆ।

# 19 ਦੀ ਸੂਬਾ ਪੱਧਰੀ ਰੈਲੀ 'ਚ ਵੱਡੀ ਗਿਣਤੀ 'ਚ ਉਸਾਰੀ ਕਾਮੇ ਸ਼ਾਮਲ ਹੋਣਗੇ : ਆਗੂ

**ਜਲਾਲਾਬਾਦ (ਜੀਤ ਕੁਮਾਰ)** - ਕਿਰਤੀ, ਕਾਮਿਆਂ, ਮੁਲਾਜ਼ਮਾਂ ਦੇ ਹੱਕਾਂ ਦੀ ਪ੍ਰਾਪਤੀ, ਪੰਜਾਬ ਸਰਕਾਰ ਵੱਲੋਂ ਉਜਰਤਾਂ 'ਚ ਕੀਤੇ ਨਿਗੂਣੇ ਵਾਧੇ ਅਤੇ ਕੇਂਦਰ ਸਰਕਾਰ ਵੱਲੋਂ ਕਿਰਤੀਆਂ ਦੇ ਹੱਕਾਂ ਦੇ ਖ਼ਿਲਾਫ਼ ਜਾਰੀ ਕੀਤੇ ਚਾਰ ਕਿਰਤ ਕਾਨੂੰਨਾਂ ਖਿਲਾਫ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਪੰਜਾਬ ਵੱਲੋਂ ਮੁਹਾਲੀ ਵਿਖੇ ਕਿਰਤ ਭਵਨ ਸਾਹਮਣੇ ਕੀਤੀ ਜਾ ਰਹੀ 19 ਮਈ ਦੀ ਸੂਬਾ ਪੱਧਰੀ ਰੈਲੀ 'ਚ ਪੰਜਾਬ ਭਰ ਵਿਚੋਂ ਉਸਾਰੀ ਕਿਰਤੀ ਵੱਡੀ ਗਿਣਤੀ 'ਚ ਸ਼ਾਮਿਲ ਹੋਣਗੇ। ਇਹ ਪ੍ਰਗਟਾਵਾ ਏਟਕ ਦੇ ਕਾਰਜਕਾਰੀ ਪ੍ਰਧਾਨ ਅਤੇ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਜਨਰਲ ਸਕੱਤਰ ਕਾਮਰੇਡ ਸੁਖਦੇਵ ਸ਼ਰਮਾ, ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਪ੍ਰਧਾਨ ਬੋਹੜ ਸਿੰਘ ਸੁਖਨਾ, ਸੀਨੀਅਰ ਮੀਤ ਪ੍ਰਧਾਨ ਭਰਪੂਰ ਬੁੱਲ੍ਹਾਂਪੁਰ ਅਤੇ ਖਜਾਨਚੀ ਪ੍ਰਦੀਪ ਚੀਮਾ ਨੇ ਪ੍ਰੈਸ ਦੇ ਨਾਂ ਜਾਰੀ ਕੀਤੇ ਸਾਂਝੇ ਬਿਆਨ 'ਚ ਕੀਤਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਰਤੀਆਂ ਦੀਆਂ ਉਜਰਤਾਂ 'ਚ 15 ਫੀਸਦੀ ਵਾਧਾ ਨਿਗੂਣਾ ਹੈ। ਏਟਕ ਮੰਗ ਕਰਦੀ ਹੈ ਕਿ ਕਿਰਤੀ ਦੀ ਪ੍ਰਤੀ ਮਹੀਨਾ ਉਜਰਤ ਘੱਟੋ ਘੱਟ 26000 ਰੁਪਏ ਲਾਗੂ ਕੀਤਾ ਜਾਵੇ। ਆਗੂਆਂ ਨੇ ਕਿਹਾ ਹੋਰਾਂ ਸੂਬਿਆਂ 'ਚ ਉਜ਼ਰਤਾਂ ਦਾ ਵੱਡਾ ਵਾਧਾ ਕੀਤਾ ਗਿਆ ਹੈ। ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਵੱਲੋਂ ਬੀਤੇ ਦਿਨੀਂ ਕਿਰਤ ਭਵਨ ਮੁਹਾਲੀ ਵਿਖੇ ਲੇਬਰ ਕਮਿਸ਼ਨਰ ਨਾਲ ਹੋਈ ਮੀਟਿੰਗ 'ਚ ਲਏ ਗਏ ਫੈਸਲਿਆਂ ਨੂੰ ਅਜੇ ਤੱਕ ਲਾਗੂ ਨਾ ਕਰਨ ਬਾਰੇ ਚੇਤਾਵਨੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਲੇਬਰ ਕਮਿਸ਼ਨਰ ਵੱਲੋਂ ਯੂਨੀਅਨ ਦੇ ਆਗੂਆਂ ਨਾਲ ਕੀਤੀ ਮੀਟਿੰਗ 'ਚ ਸੰਬੰਧਿਤ ਅਧਿਕਾਰੀਆਂ ਨੂੰ ਲਏ ਗਏ ਫੈਸਲਿਆਂ ਨੂੰ ਤੁਰੰਤ ਅਮਲ 'ਚ ਲਿਆਉਣ ਦੀ ਗੱਲ ਕਹੀ ਸੀ, ਪ੍ਰੰਤੂ ਅਜੇ ਤੱਕ ਅਮਲ ਨਹੀਂ ਹੋਇਆ। ਇਸ ਮੌਕੇ ਇਕਬਾਲ ਤਖਾਣਬੱਧ ਮੋਗਾ, ਰਣਜੀਤ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ, ਸੋਨਾ ਸਿੰਘ ਧੁੰਨਕੀਆਂ ਫਾਜ਼ਿਲਕਾ, ਲਖਵਿੰਦਰ ਅਟਾਰੀ, ਪਰਮਿੰਦਰ ਰਹਿਮੇ ਸ਼ਾਹ ਫਿਰੋਜ਼ਪੁਰ, ਸੁਰਿੰਦਰ ਭੈਣੀ ਮਲੇਰਕੋਟਲਾ,ਰਵੀ ਦੱਤ ਸੰਗਰੂਰ ਅਤੇ ਬਲਜੀਤ ਕੌਰ ਪਟਿਆਲਾ ਨੇ ਕਿਹਾ ਕਿ 19 ਦੀ ਸੂਬਾ ਪੱਧਰੀ ਰੈਲੀ ਨੂੰ ਕਾਮਯਾਬ ਬਣਾਉਣ ਲਈ ਸਾਰੇ ਸਾਥੀ ਆਪਣਾ ਪੂਰਾ ਜ਼ੋਰ ਲਗਾ ਦੇਣ।




# ਅਕਾਲੀ ਦਲ ਪੁਨਰ ਸੁਰਜੀਤ ਤੇ ਵਾਰਿਸ ਪੰਜਾਬ ਦੇ ਵੱਲੋਂ ਸਥਾਨਕ ਚੋਣਾਂ ਮਿਲ ਕੇ ਲੜਨ ਦਾ ਐਲਾਨ

**ਮਾਨਸਾ (ਆਤਮਾ ਸਿੰਘ ਪਮਾਰ)**- ਪੰਜਾਬ 'ਚ ਨਗਰ-ਨਿਗਮ; ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਹੋਣ ਜਾ ਰਹੀਆਂ ਚੋਣਾਂ 'ਚ ਮਾਨਸਾ ਜ਼ਿਲ੍ਹੇ ਤਿੰਨ ਨਗਰ ਕੌਂਸਲਾਂ ਮਾਨਸਾ; ਬੁਢਲਾਡਾ ਅਤੇ ਬਰੇਟਾ ਅਤੇ ਦੋ ਨਗਰ ਪੰਚਾਇਤਾਂ ਜੋਗਾ ਅਤੇ ਬੋਹਾ ਦੀਆਂ ਚੋਣਾਂ ਅਕਾਲੀ ਦਲ ਪੁਨਰ ਸੁਰਜੀਤ ਅਤੇ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਮਿਲ ਕੇ ਲੜਨ ਦਾ ਫੈਸਲਾ ਕੀਤਾ ਗਿਆ ਹੈ। ਦੋਵਾਂ ਪਾਰਟੀਆਂ ਦੇ ਸੀਨੀਅਰ ਆਗੂਆਂ ਦੀ ਇੱਕ ਜ਼ਰੂਰੀ ਮੀਟਿੰਗ ਮਾਨਸਾ ਵਿਖੇ ਹੋਈ। ਮੀਟਿੰਗ ਦੌਰਾਨ ਫੈਸਲਾ ਕੀਤਾ ਕਿ ਵਧੀਆ ਅਕਸ ਵਾਲੇ ਉਮੀਦਵਾਰ ਹੀ ਚੋਣ ਮੈਦਾਨ 'ਚ ਉਤਾਰੇ ਜਾਣਗੇ। ਆਗੂਆਂ ਨੇ ਅਪੀਲ ਕੀਤੀ ਕਿ ਚੋਣ ਲੜਨ ਦੇ ਇੱਛੁਕ ਉਮੀਦਵਾਰ ਆਪਣੇ ਆਗੂਆਂ ਨਾਲ ਸੰਪਰਕ ਕਰਨ । ਉਹਨਾਂ ਦੱਸਿਆ ਕਿ ਜੱਥੇਦਾਰ ਮਨਜੀਤ ਸਿੰਘ ਬੱਪੀਆਣਾ ਜਿਲਾ ਪ੍ਰਧਾਨ ਪੁਨਰ ਸੁਰਜੀਤ ਤੇ ਬਾਬਾ ਕੁਲਵਿੰਦਰ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਵਾਰਿਸ ਪੰਜਾਬ ਦੇ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਮੀਦਵਾਰ ਕਿਸੇ ਵੀ ਧਰਮ (ਹਿੰਦੂ ;ਮੁਸਲਿਮ ਅਤੇ ਸਿੱਖ) ਦਾ ਹੋਵੇ ਜਾਂ ਕਿਸੇ ਵੀ ਜਾਤੀ ਨਾਲ ਸੰਬੰਧਿਤ ਹੋਵੇ, ਪ੍ਰੰਤੂ ਉਮੀਦਵਾਰ ਦਾ ਅਕਸ ਵਧੀਆ ਹੋਣਾ ਬਹੁਤ ਜ਼ਰੂਰੀ ਹੈ।ਮੀਟਿੰਗ ਵਿੱਚ ਵਿਧਾਇਕ ਸੁਖਵਿੰਦਰ ਸਿੰਘ ਔਲਖ,ਬਾਬਾ ਕੁਲਵਿੰਦਰ ਸਿੰਘ ਸਿੱਧੂ, ਜ਼ਿਲ੍ਹਾ ਪ੍ਰਧਾਨ ਵਾਰਿਸ ਪੰਜਾਬ ਦੇ,ਜੱਥੇਦਾਰ:ਮਨਜੀਤ ਸਿੰਘ ਬੱਪੀਆਣਾ ਜਿਲਾ ਪ੍ਰਧਾਨ ਪੁਨਰ ਸੁਰਜੀਤ ਮਾਨਸਾ; ਜ:ਪਰਮਜੀਤ ਸਿੰਘ ਭੀਖੀ ; ਦੀਪ ਸਿੰਘ ਸੀਪਾ ਮਾਨਸਾ ਅਤੇ ਸੁਖਦੀਪ ਸਿੰਘ ਭੀਖੀ ਵੀ ਹਾਜ਼ਰ ਸਨ।

# ਕਰੁਣਾ ਨੇ 10ਵੀਂ 'ਚੋਂ 18ਵਾਂ ਰੈਂਕ ਹਾਸਲ ਕੀਤਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਦੇ ਨਤੀਜਿਆਂ 'ਚ ਰੌਬਿਨ ਮਾਡਲ ਸਕੂਲ ਦੀ ਵਿਦਿਆਰਥਣ ਕਰੁਣਾ ਨੇ ਪੰਜਾਬ 'ਚੋਂ18ਵਾਂ ਰੈਂਕ ਹਾਸਲ ਕਰ ਸਕੂਲ ਦਾ ਨਾਂ ਪੂਰੇ ਪੰਜਾਬ 'ਚ ਰੌਸ਼ਨ ਕੀਤਾ। ਸਕੂਲ ਦੀ ਡਾਇਰੈਕਟਰ ਮਧੂ ਸ਼ਰਮਾ ਨੇ ਦੱਸਿਆ ਕਿ ਸਕੂਲ ਦਾ 10ਵੀਂ ਦਾ ਨਤੀਜਾ 100% ਰਿਹਾ, ਕੁੱਲ 70 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਜਿਸ ਵਿੱਚੋਂ ਕਰੁਣਾ ਪੁੱਤਰੀ ਕੁਲਵਿੰਦਰ ਸਿੰਘ ਨੇ 627/650 (96.46%) ਨੰਬਰ ਲੈ ਕੇ ਧੂਰੀ ਬਲਾਕ 'ਚ ਪਹਿਲਾ ਤੇ ਪੰਜਾਬ 'ਚੋਂ 18ਵਾਂ ਰੈਂਕ ਹਾਸਲ ਕੀਤਾ।ਸੁਖਮਨਜੀਤ ਕੌਰ ਨੇ ਸਕੂਲ 'ਚੋਂ 95.53% ਲੈ ਕੇ ਦੂਜਾ ਤੇ ਯੋਗਿਤਾ ਨੇ 94.92% ਹਾਸਲ ਕਰ ਤੀਜਾ ਸਥਾਨ ਹਾਸਲ ਕੀਤਾ।ਪੁਜ਼ੀਸ਼ਨਾਂ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਮਿਹਨਤ ਕਰ ਜ਼ਿੰਦਗੀ ਵਿੱਚ ਹੋਰ ਬਹੁਤ ਵੱਡੇ ਮੁਕਾਮ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਪੰਜਾਬ ਦੀ ਮੈਰਿਟ ਸੂਚੀ 'ਚ ਆਉਣ ਵਾਲੀ ਵਿਦਿਆਰਥਣ ਕਰੁਣਾ ਦਾ ਸਕੂਲ ਪਹੁੰਚਣ ਤੇ ਮੈਡਲ ਤੇ ਟਰਾਫੀ ਦੇ ਕੇ ਸਨਮਾਨ ਕੀਤਾ ਗਿਆ।



# ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ 'ਚ ਲੱਗੇ ਕੂੜੇ ਦੇ ਢੇਰ

**ਸਮਰਾਲਾ, (ਸੁਰਜੀਤ ਸਿੰਘ)**- ਪਿਛਲੇ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਲਗਾਤਾਰ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ 'ਤੇ ਚੱਲ ਰਹੇ ਸਥਾਨਕ ਨਗਰ ਕੌਂਸਲ ਦੇ ਵੱਖ ਵੱਖ ਕੈਟਾਗਰੀ ਦੇ ਕਰਮਚਾਰੀ ਜਿਹਨਾਂ ਵਿਚ ਸਫਾਈ ਸੇਵਕਾਂ ਤੋਂ ਇਲਾਵਾ ਡਰਾਈਵਰ, ਹੈਲਪਰ, ਮਾਲੀ, ਇਲੈਕਟ੍ਰੀਸ਼ੀਅਨ, ਮੋਟੀਵੇਟਰ, ਕਲਰਕ, ਸੀਵਰਮੈਨ, ਸੇਵਾਦਾਰ, ਬੇਲਦਾਰ, ਪਲੰਬਰ, ਪੰਪ ਆਪਰੇਟਰ, ਕੰਪਿਊਟਰ ਆਪਰੇਟਰ ਅਤੇ ਫਾਇਰ ਬ੍ਰਿਗੇਡ ਹਨ, ਜਿਸ ਕਾਰਨ ਜਿੱਥੇ ਨਗਰ ਕੌਂਸਲ ਦਾ ਕੰਮਕਾਜ ਪੂਰੀ ਤਰਾਂ ਠੱਪ ਹੋ ਕੇ ਰਹਿ ਗਿਆ ਹੈ, ਉੱਥੇ ਸ਼ਹਿਰ ਦੀ ਸਫ਼ਾਈ ਵਿਵਸਥਾ ਬੁਰੀ ਤਰਾਂ ਪ੍ਰਭਾਵਿਤ ਹੋ ਰਹੀ ਹੈ। ਨਗਰ ਕੌਂਸਲ ਕੋਲ ਪਹਿਲਾਂ ਹੀ ਬਹੁਤ ਘੱਟ ਕਰਮਚਾਰੀ ਹਨ, ਜੋ ਕਿ ਆਪਣੀ ਸਮਰੱਥਾ ਤੋਂ ਵੱਧ ਕੰਮ ਕਰ ਰਹੇ ਹਨ। ਇਹਨਾਂ ਵਿਚ ਜ਼ਿਆਦਾਤਰ ਕਰਮਚਾਰੀ ਆਊਟਸੋਰਸ ਜਾਂ ਠੇਕਾ ਅਧਾਰਤ ਹਨ। ਇਹ ਕਰਮਚਾਰੀ ਬੀਤੇ 25-30 ਸਾਲਾਂ ਤੋਂ ਨਿਗੂਣੀ ਜਿਹੀ ਤਨਖਾਹ 'ਤੇ ਕੰਮ ਕਰ ਰਹੇ ਹਨ, ਜਿਸ ਨਾਲ ਇਹਨਾਂ ਦੇ ਪਰਵਾਰਾਂ ਦਾ ਗੁਜ਼ਾਰਾ ਹੋਣਾ ਬਹੁਤ ਮੁਸ਼ਕਲ ਹੈ। ਸਿਤਮਜ਼ਰੀਫੀ ਇਹ ਕਿ ਬਹੁਤ ਸਾਰੇ ਕਰਮਚਾਰੀ ਆਪਣੀ ਸਰਵਿਸ ਪੂਰੀ ਹੋਣ ਉਪਰੰਤ ਖਾਲੀ ਹੱਥ ਆਪਣੇ ਘਰਾਂ ਨੂੰ ਗਏ ਹਨ।

ਕਰਮਚਾਰੀਆਂ ਨੇ ਸਰਕਾਰ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਸਰਕਾਰ ਦੀ ਆਲੋਚਨਾ ਕਰਦੇ ਹੋਏ ਬੁਲਾਰਿਆਂ ਨੇ ਕਿਹਾ ਕਿ ਜੇਕਰ ਸਰਕਾਰ ਉਹਨਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਸਰਕਾਰ ਨੂੰ ਆਪਣੀ ਤਾਕਤ ਦਾ ਅਹਿਸਾਸ ਕਰਾਉਣਗੇ।ਇਹਨਾਂ ਕਰਮਚਾਰੀਆਂ ਨੇ ਬੀਤੇ ਦਿਨ ਇਸ ਇਲਾਕੇ ਵਿਚ ਆਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇੱਕ ਮੰਗ ਪੱਤਰ ਵੀ ਦਿੱਤਾ, ਜਿਸ ਵਿਚ ਮੰਗ ਕੀਤੀ ਗਈ ਕਿ ਠੇਕੇਦਾਰੀ ਪ੍ਰਥਾ ਬੰਦ ਕੀਤੀ ਜਾਵੇ, ਕੰਟਰੈਕਟ ਅਤੇ ਆਊਟਸੋਰਸ ਮੁਲਾਜ਼ਮ ਪੱਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਪਰਖ ਕਾਲ ਦਾ ਸਮਾਂ ਤਿੰਨ ਸਾਲ ਕੀਤਾ ਜਾਵੇ ਅਤੇ ਤਰਸ ਦੇ ਅਧਾਰ 'ਤੇ ਬਿਨਾਂ ਸ਼ਰਤ ਨੌਕਰੀ ਦਿੱਤੀ ਜਾਵੇ ਆਦਿ। ਨਗਰ ਕੌਂਸਲ ਕਰਮਚਾਰੀਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਮੰਗਾਂ ਲਈ ਸਰਕਾਰ ਨਾਲ ਆਰ ਪਾਰ ਦੀ ਲੜਾਈ ਦੇ ਲਈ ਤਿਆਰ ਹਨ।




# ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਬਠਿੰਡਾ ਵੱਲੋਂ ਸਿਵਲ ਸਰਜਨ ਨੂੰ ਮੰਗ ਪੱਤਰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਜ਼ਿਲ੍ਹਾ ਬਠਿੰਡਾ ਵੱਲੋਂ ਸਿਵਲ ਸਰਜਨ ਬਠਿੰਡਾ ਰਾਹੀਂ ਸਿਹਤ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਭੇਜਿਆ ਗਿਆ। ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਿਹਤ ਵਿਭਾਗ ਵਿੱਚ ਲੰਮੇ ਸਮੇਂ ਤੋਂ ਸੇਵਾ ਨਿਭਾ ਰਹੇ ਆਊਟਸੋਰਸ ਮੁਲਾਜ਼ਮਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕਰਨ ਲਈ ਪੰਜਾਬ ਸਰਕਾਰ ਵੱਲੋਂ ਕੋਈ ਢੁੱਕਵਾਂ ਕਦਮ ਨਹੀਂ ਚੁੱਕਿਆ ਗਿਆ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਨੇ ਮੰਗ ਕੀਤੀ ਕਿ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ, ਸਮੇਂ ਸਿਰ ਤਨਖਾਹ ਜਾਰੀ ਕੀਤੀ ਜਾਵੇ ਅਤੇ ਸਾਰੇ ਮੁਲਾਜ਼ਮਾਂ ਨੂੰ ਬਣਦੇ ਹੱਕ ਅਤੇ ਸਹੂਲਤਾਂ ਦਿੱਤੀਆਂ ਜਾਣ। ਇਸ ਤੋਂ ਇਲਾਵਾ ਠੇਕਾ ਪ੍ਰਣਾਲੀ ਨੂੰ ਖਤਮ ਕਰਕੇ ਮੁਲਾਜ਼ਮਾਂ ਦੀ ਨੌਕਰੀ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।ਯੂਨੀਅਨ ਆਗੂਆਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਆਊਟਸੋਰਸ ਜਥੇਬੰਦੀ ਵੱਲੋਂ 3 ਫਰਵਰੀ ਅਤੇ 11 ਮਾਰਚ ਸਿਹਤ ਡਾਇਰੈਕਟਰ ਪੰਜਾਬ, ਚੰਡੀਗੜ੍ਹ ਅਤੇ 19 ਮਾਰਚ ਨੂੰ ਮਾਣਯੋਗ ਸਿਹਤ ਮੰਤਰੀ ਪੰਜਾਬ ਨਾਲ ਮੀਟਿੰਗ ਕੀਤੀ ਗਈ ਸੀ ਅਤੇ ਮੰਤਰੀ ਸਾਹਿਬ ਤੇ ਸਿਹਤ ਡਾਇਰੈਕਟਰ ਵੱਲੋਂ ਮੁਲਾਜ਼ਮਾਂ ਦੀਆਂ ਮੁਸ਼ਕਿਲਾਂ ਜਲਦੀ ਹੱਲ ਕਰਨ ਦਾ ਵਿਸ਼ਵਾਸ ਦਵਾਇਆ ਗਿਆ ਸੀ ਪਰ ਲੰਮਾ ਸਮਾਂ ਬੀਤ ਜਾਣ 'ਤੇ ਵੀ ਪੰਜਾਬ ਸਰਕਾਰ ਅਤੇ ਸਿਹਤ ਡਾਇਰੈਕਟਰ ਲਗਾਤਾਰ ਟਾਲ-ਮਟੋਲ ਦੀ ਨੀਤੀ ਅਪਣਾ ਰਹੇ ਹਨ ਔਰ ਮੁਲਾਜ਼ਮਾਂ ਨੂੰ ਜਾਣਬੁੱਝ ਕੇ ਅਣਗੌਲਿਆਂ ਕੀਤਾ ਜਾ ਰਿਹਾ ਹੈ। ਆਊਟਸੋਰਸ ਸਿਹਤ ਵਿਭਾਗ ਜਥੇਬੰਦੀ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 19 ਮਈ ਨੂੰ ਸਿਵਲ ਸਰਜਨ ਦਫ਼ਤਰ ਬਠਿੰਡਾ ਵਿਖੇ ਸੂਬਾ ਪੱਧਰੀ ਧਰਨਾ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਮੌਕੇ ਆਊਟਸੋਰਸ ਜਥੇਬੰਦੀ ਦੇ ਸੂਬਾ ਆਰਗੇਨਾਇਜ਼ਰ ਜਤਿੰਦਰ ਸਿੰਘ ਬਠਿੰਡਾ, ਸੂਬਾ ਦਫ਼ਤਰ ਸਕੱਤਰ ਜਗਮੀਤ ਸਿੰਘ ਬਠਿੰਡਾ, ਸੂਬਾ ਕਮੇਟੀ ਮੈਂਬਰ ਰਮਨਪ੍ਰੀਤ ਕੌਰ, ਪਰਮਜੀਤ ਕੌਰ, ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਪੰਜਾਬ ਦੇ ਕਨਵੀਨਰ ਮਨੀਸ਼ ਕੁਮਾਰ ਅਤੇ ਆਰਗੇਨਾਇਜ਼ਰ ਜਸਵਿੰਦਰ ਸ਼ਰਮਾ ਅਤੇ ਜਿਲ੍ਹਾ ਬਠਿੰਡਾ ਦੇ ਆਊਟਸੋਰਸ ਸਾਥੀ ਭਰਵੀਂ ਗਿਣਤੀ ਵਿੱਚ ਸ਼ਾਮਿਲ ਰਹੇ।



# ਮੁੰਡੀਆਂ ਨੇ 8 ਪਿੰਡਾਂ ਨੂੰ 5-5 ਲੱਖ ਰੁਪਏ ਦੀਆਂ ਗ੍ਰਾਂਟਾਂ ਵੰਡੀਆਂ

**ਦੋਰਾਹਾ (ਹਰਮਿੰਦਰ ਸੇਠ)**- ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੰਗਲਵਾਰ ਨੂੰ ਸਾਹਨੇਵਾਲ ਹਲਕੇ ਦੇ ਅੱਠ ਪਿੰਡਾਂ ਮਜਾਰਾ, ਕਨੇਚ, ਬੀੜ ਸਾਹਨੇਵਾਲ, ਸਾਹਨੇਵਾਲ ਖੁਰਦ, ਹੀਰਾ, ਬਰਵਾਲਾ, ਭੈਰੋਮੁਨਾ ਅਤੇ ਕਟਾਣੀ ਕਲਾਂ ਨੂੰ ਵੱਖ-ਵੱਖ ਵਿਕਾਸ ਕਾਰਜਾਂ ਲਈ 5-5 ਲੱਖ ਰੁਪਏ ਦੇ ਚੈੱਕ ਵੰਡੇ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਪੇਂਡੂ ਖੇਤਰਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਸੁਹਿਰਦ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਗਤੀ ਬੇਮਿਸਾਲ ਰਹੇਗੀ।ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਉਹ ਜ਼ਮੀਨੀ ਪੱਧਰ 'ਤੇ ਵਿਕਾਸ ਕਾਰਜ ਤੁਰੰਤ ਸ਼ੁਰੂ ਕਰਨ ਅਤੇ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਉਨ੍ਹਾਂ ਨੂੰ ਪੂਰਾ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਲੋਕ ਬਿਹਤਰ ਨਾਗਰਿਕ ਸਹੂਲਤਾਂ ਦਾ ਲਾਭ ਜਲਦੀ ਤੋਂ ਜਲਦੀ ਲੈ ਸਕਣ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਅਤੇ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ? ?ਕਰਨ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕੇ ਭਰ ਦੇ ਪਿੰਡਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਇਸ ਮੌਕੇ ਹਾਜ਼ਰ ਪ੍ਰਮੁੱਖ ਵਿਅਕਤੀਆਂ ਵਿੱਚ ਪਿੰਡਾਂ ਦੇ ਪੰਚ ਅਤੇ ਸਰਪੰਚ ਸ਼ਾਮਲ ਸਨ।



# ਪ੍ਰਿੰਸੀਪਲ ਇੰਦਰਜੀਤ ਕੌਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ

**ਲੁਧਿਆਣਾ (ਰਾਜ ਸਿੰਗਲਾ)** ਪ੍ਰਿੰਸੀਪਲ ਇੰਦਰਜੀਤ ਕੌਰ ਮੇਅਰ ਵੱਲੋਂ ਆਪਣੇ ਦਫ਼ਤਰ ਵਿਖੇ ਕੌਂਸਲਰ ਤੇ ਜਨਤਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਾਇਆ ਗਿਆ।ਇਸ ਦੌਰਾਨ ਜੁੜੀਆਂ ਵੱਖ-ਵੱਖ ਸਮੱਸਿਆਵਾਂ ਤੇ ਵਿਕਾਸ ਕਾਰਜਾਂ ਸੰਬੰਧੀ ਮੰਗਾਂ ਨੂੰ ਧਿਆਨ ਨਾਲ ਸੁਣਿਆ ਗਿਆ ਤੇ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ ਸਾਡੀ ਪ੍ਰਥਮਤਾ ਹਮੇਸ਼ਾ ਸ਼ਹਿਰ ਦੇ ਹਰ ਵਾਰਡ ਦਾ ਸੰਤੁਲਿਤ ਵਿਕਾਸ, ਪਾਰਦਰਸ਼ੀ ਪ੍ਰਸ਼ਾਸਨ ਤੇ ਲੋਕਾਂ ਦੀਆਂ ਮੁਸ਼ਕਲਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਰਹੀ ਹੈ।



# ਸਾਬਕਾ ਕੌਂਸਲਰ ਸੁਖਪਾਲ ਸਿੰਘ 'ਆਪ' 'ਚ ਸ਼ਾਮਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਨਗਰ ਕੌਂਸਲ ਚੋਣਾਂ ਦੇ ਚੱਲਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ 'ਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ, ਜਦੋਂ ਸ਼ਹਿਰ ਦੇ ਵਾਰਡ ਨੰਬਰ 16 ਤੋਂ ਕਾਂਗਰਸ ਦੇ ਸਾਬਕਾ ਕੌਂਸਲਰ ਸੁਖਪਾਲ ਸਿੰਘ ਆਪਣੇ ਸਾਥੀਆਂ ਸਮੇਤ ਰਸਮੀ ਤੌਰ ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਵਾਰਡ 'ਚ ਕੀਤੇ ਭਰਵੇਂ ਇਕੱਠ ਦੌਰਾਨ 'ਆਪ' ਵਿੱਚ ਸ਼ਾਮਲ ਹੋਣ 'ਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਸਵਾਗਤ ਕਰਦਿਆਂ ਪਾਰਟੀ ਵਿੱਚ ਪੂਰੇ ਮਾਣ-ਸਨਮਾਨ ਦਾ ਭਰੋਸਾ ਦਿੱਤਾ ਹੈ। ਸਾਬਕਾ ਕੌਂਸਲਰ ਸੁਖਪਾਲ ਸਿੰਘ ਨੂੰ 'ਆਪ' 'ਚ ਸ਼ਾਮਲ ਕਰਾਉਣ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਵਿਕਾਸ ਦੇ ਖੇਤਰ 'ਚ ਨਵੀਆਂ ਪੁਲਾਂਘਾਂ ਪੁੱਟ ਰਿਹਾ ਹੈ, ਜਿਸ ਤੋਂ ਲੋਕ ਬੇਹੱਦ ਪ੍ਰਭਾਵਤ ਹੋ ਕੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਪਿਆਰ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਲਈ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਤਿਆਰ ਹੈ ਤੇ ਨਗਰ ਕੌਂਸਲ ਪਾਤੜਾਂ ਦੇ ਸਾਰੇ ਵਾਰਡਾਂ ਵਿੱਚ 'ਆਪ' ਚੰਗੇ ਕਿਰਦਾਰ ਵਾਲੇ ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਉਤਾਰੇਗੀ। ਸਾਬਕਾ ਕੌਂਸਲਰ ਸੁਖਪਾਲ ਸਿੰਘ ਨੇ ਕਿਹਾ ਕਿ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਤ ਹੋ ਕੇ ਉਨਾਂ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ।

# ਪੰਜਾਬ 'ਵਰਸਿਟੀ ਚੰਡੀਗੜ੍ਹ ਵਿਖੇ ਸੰਕੇਤ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਖ਼ਤਮ ਕਰਨ ਦੀ ਨਿੰਦਾ

**ਲੁਧਿਆਣਾ (ਰਿਐਕਟਰ ਕਬੂਰੀਆ)**- ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਅਤੇ ਸਮੂਹ ਮੈਂਬਰਾਂ ਵਲੋਂ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਸੰਕੇਤ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਖ਼ਤਮ ਕਰਨ ਦੀ ਘੋਰ ਨਿੰਦਾ ਕੀਤੀ ਗਈ। ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਪੰਜਾਬ ਯੂਨੀਵਰਸਿਟੀ ਵਿਖੇ ਸੰਕੇਤ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਖ਼ਤਮ ਕਰਨ ਦੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਦਫਤਰਾਂ ਦੀਆਂ ਤਖ਼ਤੀਆਂ ਅਤੇ ਹੋਰ ਸੰਕੇਤ ਬੋਰਡਾਂ ਉੱਪਰੋਂ ਪੰਜਾਬੀ ਭਾਸ਼ਾ ਨੂੰ ਖ਼ਤਮ ਕੀਤਾ ਜਾ ਰਿਹਾ ਹੈ। ਹੁਣ ਸਭ ਤੋਂ ਉੱਪਰ ਹਿੰਦੀ, ਫੇਰ ਅੰਗਰੇਜ਼ੀ ਅਤੇ ਫੇਰ ਬ੍ਰੇਲ ਲਿੱਪੀ ਵਿੱਚ ਤਖ਼ਤੀਆਂ ਲਗਾਈਆਂ ਜਾ ਰਹੀਆਂ ਹਨ। ਇਸ ਤੋਂ ਪਹਿਲਾਂ ਤਖ਼ਤੀਆਂ ਤੇ ਸੰਕੇਤ ਬੋਰਡਾਂ ਵਿੱਚ ਸਭ ਤੋਂ ਉੱਪਰ ਪੰਜਾਬੀ ਲਿਖੀ ਜਾਂਦੀ ਸੀ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੇ ਉੱਚ-ਅਧਿਕਾਰੀਆਂ ਦਾ ਇਹ ਫ਼ੈਸਲਾ ਨਾਬਰਦਾਸ਼ਤ ਯੋਗ ਹੈ । ਪੰਜਾਬ ਦੀ ਰਾਜਧਾਨੀ ਵਿੱਚ ਅਤੇ ਪੰਜਾਬ ਦੇ ਦੋ ਸੌ ਦੇ ਕਰੀਬ ਸੰਬੰਧਿਤ ਕਾਲਜਾਂ ਵਾਲੀ ਯੂਨੀਵਰਸਿਟੀ ਵਿੱਚ ਪੰਜਾਬੀ ਦੀ ਅਣਦੇਖੀ ਕਰਨਾ, ਪੰਜਾਬ ਦੇ ਨਾਲ ਬਹੁਤ ਵੱਡਾ ਧ੍ਰੋਹ ਹੈ। ਪੰਜਾਬ ਯੂਨੀਵਰਸਿਟੀ ਵਿੱਚ ਗ੍ਰੈਜੂਏਸ਼ਨ ਪੱਧਰ ਉੱਪਰ ਸਿਰਫ਼ ਪੰਜਾਬੀ ਭਾਸ਼ਾ ਨੂੰ ਲਾਜ਼ਮੀ ਭਾਸ਼ਾ ਦੇ ਰੂਪ ਵਿੱਚ ਪੜ੍ਹਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਦੇ ਉਪਰੋਕਤ ਫ਼ੈਸਲੇ ਸੰਬੰਧੀ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਵੱਲੋਂ ਯੂਨਵਰਸਿਟੀ ਦੇ ਉਪ-ਕਲੁਪਤੀ ਅਤੇ ਪੰਜਾਬ ਦੇ ਮੁੱਖ ਮੰਤਰੀ ਸਾਹਿਬ ਨੂੰ ਪੱਤਰ ਵੀ ਲਿਖੇ ਗਏ ਹਨ। ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਯੂਨਵਰਸਿਟੀ ਵੱਲੋਂ ਪੰਜਾਬ ਵਿਰੋਧ ਲਏ ਗਏ ਫ਼ੈਸਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਪੰਜਾਬੀ ਲੇਖਕਾਂ, ਬੁੱਧੀਜੀਵੀਆਂ ਅਤੇ ਦਾਨਿਸ਼ਵਰਾਂ ਦੀ ਇਹ ਸ਼ਿਰੋਮਣੀ ਸੰਸਥਾ ਪੰਜਾਬੀ ਵਿਰੁੱਧ ਲਏ ਗਏ ਇਸ ਫ਼ੈਸਲੇ ਦਾ ਸਖ਼ਤ ਵਿਰੋਧ ਕਰਦੀ ਹੈ। ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਉਪਰੋਕਤ ਫ਼ੈਸਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਜੇਕਰ ਪੰਜਾਬ ਯੂਨੀਵਰਸਿਟੀ ਨੇ ਆਪਣਾ ਇਹ ਆਪਹੁਦਰਾ ਫ਼ੈਸਲਾ ਵਾਪਸ ਨਾ ਲਿਆ ਅਤੇ ਪੰਜਾਬੀ ਭਾਸ਼ਾ ਦੀ ਪੁਰਾਣੀ ਸਥਿਤੀ ਬਹਾਲ ਨਾ ਕੀਤੀ, ਤਾਂ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਪੰਜਾਬ ਯੂਨੀਵਰਸਿਟੀ ਦੇ ਇਸ ਫ਼ੈਸਲੇ ਵਿਰੁੱਧ ਵੱਡੇ ਪੱਧਰ ਉੱਪਰ ਸੰਘਰਸ਼ ਵਿੱਢੇਗੀ। ਨਿੰਦਾ ਕਰਨ ਵਾਲਿਆਂ ਵਿਚ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਲਖਵਿੰਦਰ ਸਿੰਘ ਜੌਹਲ, ਡਾ. ਵਰਿਆਮ ਸਿੰਘ ਸੰਧੂ, ਡਾ. ਗੁਰਇਕਬਾਲ ਸਿੰਘ, ਡਾ. ਸਰਬਜੀਤ ਕੌਰ ਸੋਹਲ, ਸ੍ਰੀ ਜਸਪਾਲ ਮਾਨਖੇੜਾ, ਸ. ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ, ਸ਼੍ਰੀਮਤੀ ਸੁਰਿੰਦਰ ਨੀਰ, ਸੁਰਿੰਦਰ ਕੈਲੇ, ਜਨਮੇਜਾ ਸਿੰਘ ਜੌਹਲ, ਹਰਵਿੰਦਰ ਸਿੰਘ ਸਿਰਸਾ, ਡਾ. ਅੰਮੀਆਂ ਕੁੰਵਰ, ਡਾ. ਹਰੀ ਸਿੰਘ ਜਾਚਕ, ਕੇ. ਸਾਧੂ ਸਿੰਘ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਡਾ. ਸਿਮਰਜੀਤ ਕੌਰ ਗਿੱਲ, ਡਾ. ਤਰਸਪਾਲ ਕੌਰ, ਮਨਜਿੰਦਰ ਸਿੰਘ ਧਨੋਆ, ਤ੍ਰੈਲੋਚਨ ਲੋਚੀ, ਪ੍ਰਭਜੋਤ ਸਿੰਘ ਸੋਹੀ, ਪ੍ਰਿੰ. ਨਵਤੇਜ ਗੜ੍ਹਦੀਵਾਲਾ, ਰਜਿੰਦਰ ਸਿੰਘ ਰਾਜਨ, ਮੱਖਣ ਮਾਨ, ਰੋਜ਼ੀ ਸਿੰਘ ਸ਼ਾਮਿਲ ਹਨ।

# ਗਵਰਨਰ ਹਾਊਸ ਵੱਲ ਭਲਕੇ ਕੂਚ ਕੀਤਾ ਜਾਵੇਗਾ : ਕਿਸਾਨ ਯੂਨੀਅਨ

**ਮਾਨਸਾ (ਆਤਮਾ ਸਿੰਘ ਪਮਾਰ)**- ਪੰਜਾਬ ਕਿਸਾਨ ਯੂਨੀਅਨ ਮਾਲਵਾ ਜੋਨ ਦੀ ਮੀਟਿੰਗ ਸੂਬਾਈ ਪ੍ਰਧਾਨ ਰੁਲਦੂ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ।

ਮੀਟਿੰਗ ਦੀ ਕਾਰਵਾਈ ਪ੍ਰੈਸ ਦੇ ਨਾਂ ਜਾਰੀ ਕਰਦਿਆਂ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ, ਗੁਰਨਾਮ ਸਿੰਘ ਭੀਖੀ ਪ੍ਰੈਸ ਸਕੱਤਰ , ਨਰਿੰਦਰ ਕੌਰ ਬੁਰਜ ਹਮੀਰਾ ਨੇ ਦੱਸਿਆ ਕਿ ਡੈਮ ਸੇਫਟੀ ਐਕਟ ਰੱਦ ਕਰਵਾਉਣ , ਚੰਡੀਗੜ੍ਹ ਪੰਜਾਬ ਨੂੰ ਦੇਣ, ਦਰਿਆਈ ਪਾਣੀਆਂ ਦੇ ਮਸਲੇ ਰਿਪੇਰੀਅਨ ਸਿਧਾਂਤ ਦੇ ਅਨੁਸਾਰ ਨਿਬੇੜਨ ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚ ਪੰਜਾਬ ਦੀ ਸਥਾਈ ਮੈਂਬਰਸ਼ਿਪ ਬਹਾਲ ਕਰਵਾਉਣ ਆਦਿ ਮੁੱਦਿਆਂ ਨੂੰ ਲੈ ਕੇ 15 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਗਵਰਨਰ ਹਾਊਸ ਵੱਲ ਰੋਸ ਮਾਰਚ ਕੱਢਿਆ ਜਾਵੇਗਾ।

# ਬੀਬੀ ਗੁਰਪ੍ਰੀਤ ਕੌਰ ਨੇ ਡੋਰ-ਟੂ-ਡੋਰ ਕੀਤਾ ਚੋਣ ਪ੍ਰਚਾਰ

**ਜਗਰਾਓਂ (ਅਮਿਤ ਖੰਨਾ)** ਵਾਰਡ ਨੰਬਰ 3 ਤੋਂ ਅਕਾਲੀ ਦਲ ਦੇ ਪੜ੍ਹੇ-ਲਿਖੇ ਸੂਝਵਾਨ ਤੇ ਈਮਾਨਦਾਰ ਉਮੀਦਵਾਰ ਬੀਬੀ ਗੁਰਪ੍ਰੀਤ ਕੌਰ ਨੇ ਡੋਰ ਟੂ ਡੋਰ ਚੋਣ ਪ੍ਰਚਾਰ ਕੀਤਾ, ਜਿੱਥੇ ਵਾਰਡ ਵਾਸੀਆਂ ਨੇ ਉਨ੍ਹਾਂ ਦਾ ਭਰਵਾਂ ਸਮਰਥਨ ਦਿੱਤਾ। ਵਾਰਡ ਵਾਸੀਆਂ ਵੱਲੋਂ ਮਿਲੇ ਰਹੇ ਭਰਪੂਰ ਹੁੰਗਾਰੇ ਤੋਂ ਉਮੀਦਵਾਰ ਗੁਰਪ੍ਰੀਤ ਕੌਰ ਦੀ ਸਥਿਤੀ ਦਿਨੋ-ਦਿਨ ਵਧੀਆ ਹੁੰਦੀ ਜਾ ਰਹੀ ਹੈ। ਉਮੀਦਵਾਰ ਗੁਰਪ੍ਰੀਤ ਕੌਰ ਨੇ ਕਿਹਾ ਕਿ ਮੇਰਾ ਪਹਿਲਾ ਕੰਮ ਵਾਰਡ 'ਚ ਅਧੂਰੇ ਪਏ ਕੰਮ ਕਰਾਉਣਾ ਹੈ, ਜਿਹੜਾ ਤੁਹਾਡੇ ਸਹਿਯੋਗ ਨਾਲ ਹੋ ਸਕਦਾ ਹੈ।ਉਨ੍ਹਾਂ ਦੇ ਪਤੀ ਚਰਨਜੀਤ ਸਿੰਘ ਚੀਨੂੰ ਨੇ ਕਿਹਾ ਕਿ ਨਗਰ ਕੌਂਸਲ ਨੂੰ ਭ੍ਰਿਸ਼ਟਾਚਾਰ ਤੋਂ ਮੁਕਤ ਕਰਾਉਣ ਤੇ ਵਾਰਡਾਂ ਦੀ ਨੁਹਾਰ ਬਦਲਣ ਲਈ ਤੁਹਾਡੀ ਸੇਵਾ 'ਚ ਆਏ ਹਾਂ, ਤੁਸੀਂ ਮੈਨੂੰ ਸਹਿਯੋਗ ਜ਼ਰੂਰ ਦਿਓ।



# 6 ਆਧੁਨਿਕ ਪਿਸਤੌਲਾਂ ਸਮੇਤ ਪੰਜ ਗ੍ਰਿਫ਼ਤਾਰ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਮਾਡਿਊਲ ਦਾ ਸਫਲਤਾਪੂਰਵਕ ਪਰਦਾਫਾਸ਼ ਕੀਤਾ ਹੈ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਤੇ ਵੰਡ ਵਿਚ ਸ਼ਾਮਲ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ 6 ਆਧੁਨਿਕ ਪਿਸਤੌਲ ਤੇ 14 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।

ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਮੁਲਜ਼ਮ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਵਾਸੀ ਪਿੰਡ ਕੁਹਾਲੀ, ਅੰਮ੍ਰਿਤਸਰ (ਦਿਹਾਤੀ) ਤੇ ਹਰਮਨਦੀਪ ਸਿੰਘ ਵਾਸੀ ਪਿੰਡ ਅਟਾਰੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿਚੋਂ ਦੋ ਪਿਸਤੌਲ (.30 ਬੋਰ ਦੋ ਮੈਗਜ਼ੀਨਾਂ ਤੇ ਗਲੋਕ 9ਐੱਮਐੱਮ ਆਸਟਰੀਆ ਵਿਚ ਬਣੇ) ਤੇ ਛੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।ਇਸ ਤੋਂ ਇਲਾਵਾ ਗ੍ਰਿਫ਼ਤਾਰ ਮੁਲਜ਼ਮ ਅਕਾਸ਼ਦੀਪ ਸਿੰਘ ਉਰਫ਼ ਆਕਾਸ਼ ਦੇ ਖੁਲਾਸੇ 'ਤੇ ਉਸ ਦੇ ਕਬਜ਼ੇ ਵਿਚੋਂ ਇਕ ਹੋਰ ਪਿਸਤੌਲ (.32 ਬੋਰ ਬਰੇਟਾ) ਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਮੁਲਜ਼ਮ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਦੀ ਜਾਂਚ ਜਾਰੀ ਰੱਖਦੇ ਹੋਏ ਪੁਲਸ ਟੀਮਾਂ ਨੇ ਮਨੀਸ਼ ਸਿੰਘ ਉਰਫ਼ ਮਨੀਸ਼ ਵਾਸੀ ਪਿੰਡ ਅਟਾਰੀ, ਕਿਸ਼ਨ ਸਿੰਘ ਵਾਸੀ ਪਿੰਡ ਅਟਾਰੀ ਤੇ ਇੱਕ ਨਾਬਾਲਗ ਨੂੰ ਗ੍ਰਿਫ਼ਤਾਰ ਕੀਤਾ।ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਹੋਰ ਪਿਸਤੌਲ (ਇਟਲੀ ਵਿਚ ਬਣਿਆ ਇੱਕ .32 ਬੋਰ, ਅਮਰੀਕਾ ਵਿਚ ਬਣਿਆ ਇੱਕ .30 ਤੇ ਕਰੋਸ਼ੀਆ ਵਿੱਚ ਬਣਿਆ ਇਕ ਗਲੋਕ 9 ਐੱਮਐੱਮ) ਤੇ ਛੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਜਾਂਚ ਦੌਰਾਨ, ਇਹ ਖੁਲਾਸਾ ਹੋਇਆ ਕਿ ਮੁਲਜ਼ਮ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਆਕਾਸ਼ ਤੇ ਰੇਹਾਨ ਦੇ ਸੰਪਰਕ ਵਿਚ ਸੀ।ਉਨ੍ਹਾਂ ਦੱਸਿਆ ਕਿ ਅਟਾਰੀ ਸੈਕਟਰ ਵਿਚ ਡਰੋਨ ਰਾਹੀਂ ਹਥਿਆਰਾਂ ਦੀ ਗੈਰ-ਕਾਨੂੰਨੀ ਖੇਪ ਪਹੁੰਚਾਈ ਜਾ ਰਹੀ ਸੀ ਅਤੇ ਉਸਦੇ ਸਾਥੀਆਂ ਦੀ ਮਦਦ ਨਾਲ ਅਪਰਾਧਿਕ ਤੱਤਾਂ ਨੂੰ ਸਪਲਾਈ ਕੀਤੀ ਜਾਂਦੀ ਸੀ। ਇਸ ਤੋਂ ਇਲਾਵਾ, ਮੁਲਜ਼ਮ ਆਕਾਸ਼ਦੀਪ ਸਿੰਘ ਉਰਫ਼ ਆਕਾਸ਼ ਅੰਮ੍ਰਿਤਸਰ ਦਿਹਾਤੀ ਦੇ ਪੁਲਸ ਸਟੇਸ਼ਨ ਲੋਪੋਕੇ ਵਿਚ ਐੱਨਡੀਪੀਐੱਸ ਐਕਟ ਤਹਿਤ ਦਰਜ ਕੀਤੇ ਗਏ ਪੁਰਾਣੇ ਮਾਮਲੇ ਵਿਚ ਵੀ ਸ਼ਾਮਲ ਹੈ, ਜਿਸ ਵਿਚ 2 ਕਿਲੋ ਹੈਰੋਇਨ ਦੀ ਬਰਾਮਦਗੀ ਸ਼ਾਮਲ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਪੁਲਸ ਥਾਣਾ ਛਾਉਣੀ, ਅੰਮ੍ਰਿਤਸਰ ਵਿਚ ਪਰਚਾ ਦਰਜ ਕਰ ਲਿਆ ਗਿਆ ਹੈ।

## ਜਲੰਧਰ ਕਨਵੈਨਸ਼ਨ ਤੇ ਸੰਗਰੂਰ ਦੇ ਰੋਸ ਪ੍ਰਦਰਸ਼ਨ 'ਚ ਪੈਨਸ਼ਨਰ ਵੱਡੀ ਗਿਣਤੀ 'ਚ ਪੁੱਜਣਗੇ : ਗਿੱਲ/ਸੈਣੀ



ਧਾਰੀਵਾਲ (ਮਨਦੀਪ ਵਿੱਕੀ)-ਪਾਵਰ ਤੇ ਟਰਾਂਸਕੋ ਪੈਨਸ਼ਨ ਯੂਨੀਅਨ ਏਟਕ ਸਰਕਲ ਮੀਟਿੰਗ ਸਰਕਲ ਪ੍ਰਧਾਨ ਹਜਾਰਾ ਸਿੰਘ ਗਿੱਲ ਦੀ ਅਗਵਾਈ ਹੇਠ 132 ਕੇ.ਵੀ ਸਬ-ਸਟੇਸ਼ਨ ਧਾਰੀਵਾਲ ਵਿੱਚ ਹੋਈ।ਮੀਟਿੰਗ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਸੂਬਾ ਸਕੱਤਰ ਦਵਿੰਦਰ ਸਿੰਘ ਸੈਣੀ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮ ਪੈਨਸ਼ਨਰ ਦੀਆਂ ਮੰਗਾਂ ਵੱਲ ਧਿਆਨ ਨਹੀਂ ਦੇ ਰਹੀ।ਮੀਟਿੰਗ ਵਿੱਚ ਹਾਜ਼ਰ ਸਾਥੀਆਂ ਨੇ ਸਰਕਾਰ ਵਿਰੁੱਧ ਰੋਸ ਪ੍ਰਗਟਾਇਆ, ਸਫਾਈ ਸੇਵਕਾਂ ਦੀ ਚੱਲ ਰਹੀ ਹੜਤਾਲ ਦੀ ਹਮਾਇਤ ਕੀਤੀ ਅਤੇ ਕਿਹਾ ਕਿ ਸਰਕਾਰ ਮੁਲਾਜ਼ਮ ਦੀਆਂ ਮੰਗਾਂ ਤੁਰੰਤ ਪ੍ਰਵਾਨ ਕਰੇ।ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ 17 ਮਈ ਨੂੰ ਜਲੰਧਰ ਕਨਵੈਨਸ਼ਨ ਤੇ 24 ਮਈ ਨੂੰ ਸੰਗਰੂਰ ਵਿੱਚ ਰੋਸ ਪ੍ਰਦਰਸ਼ਨ ਵਿੱਚ ਗੁਰਦਾਸਪੁਰ ਦੇ ਪੈਨਸ਼ਨਰ ਵੱਡੀ ਪੱਧਰ 'ਤੇ ਸ਼ਾਮਿਲ ਹੋਣਗੇ।ਅੱਜ ਦੀ ਮੀਟਿੰਗ ਵਿੱਚ ਪ੍ਰਮੁੱਖ ਤੌਰ 'ਤੇ ਮਹਿੰਦਰ ਪਾਲ ਸਿੰਘ, ਬਾਵਾ ਸਿੰਘ ਠੀਕਰੀਵਾਲ, ਹਰਕਿਰਪਾਲ ਸਿੰਘ ਸੋਹਲ, ਮਹਿੰਦਰ ਸਿੰਘ ਬਖਸ਼ੀਵਾਲ, ਰੂਪ ਲਾਲ, ਸੁਖਵਿੰਦਰ ਸਿੰਘ ਸ਼ਿੰਦਾ, ਅਰਜਨਜੀਤ ਸਿੰਘ ਔਜਲਾ, ਰਣਧੀਰ ਸਿੰਘ ਕਾਹਲੋਂ ਅਤੇ ਸੁਰਜੀਤ ਸਿੰਘ ਰਿਆੜ ਆਦਿ ਹਾਜ਼ਰ ਸਨ।

## ਮੁਲਾਜ਼ਮ ਮੰਗਾਂ ਦਾ ਟਰਾਂਸਪੋਰਟ ਮੰਤਰੀ ਵੱਲੋਂ ਕੋਈ ਹੱਲ ਨਾ ਨਿਕਲਿਆ ਤਾਂ ਯੂਨੀਅਨ ਸੰਘਰਸ਼ ਲਈ ਮਜਬੂਰ ਹੋਵੇਗੀ: ਜੌਣੇਕੇ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸਥਾਨਕ ਸ਼ਹਿਰ 'ਚ ਪਨਬੱਸ/ਪੀਆਰਟੀਸੀ ਦੇ ਕੱਚੇ ਵਰਕਰਾਂ ਵੱਲੋਂ ਆਪਣੀ ਮੰਗਾਂ ਅਤੇ ਅਗਲੇ ਸੰਘਰਸ਼ ਪ੍ਰਤੀ ਮੀਟਿੰਗ ਕੀਤੀ ਗਈ ਜਿਸ ਵਿੱਚ ਡੀਪੂ ਪ੍ਰਧਾਨ ਵਜ਼ੀਰ ਸਿੰਘ ਜੌਣੇਕੇ ਨੇ ਦੱਸਿਆ ਕਿ ਮੌਜੂਦਾ ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਅਣਡਿੱਠ ਕੀਤਾ ਜਾ ਰਿਹਾ ਹੈ। ਅਧਿਕਾਰੀਆਂ ਵੱਲੋਂ ਮੁਲਾਜ਼ਮਾਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ। ਡਿਪੂ ਸੈਕਟਰੀ ਗੁਰਵਿੰਦਰ ਸਿੰਘ ਦੁਬਲੀ ਸਿੰਘ, ਸੀ. ਮੀਤ ਪ੍ਰਧਾਨ ਸਤਨਾਮ ਸਿੰਘ, ਕੈਸ਼ੀਅਰ ਕੁਲਦੀਪ ਸਿੰਘ ਵੱਲੋ ਕਿਹਾ ਗਿਆ ਕਿ ਸਰਕਾਰ ਵੱਲੋਂ ਸਰਕਾਰੀ ਬੱਸਾਂ ਪਾਉਣ ਦੀ ਬਜਾਏ ਉਲਟਾ ਬੱਸਾਂ ਟਾਇਰਾਂ ਅਤੇ ਸਪੇਅਰ ਪਾਰਟਸ ਦੀ ਥੁੜ ਕਾਰਨ ਖੜੀਆਂ ਹਨ। ਸਰਕਾਰ ਵਿਭਾਗ ਵਿੱਚ ਸਰਕਾਰੀ ਬੱਸਾਂ ਪਾਉਣ ਦੀ ਬਜਾਏ ਉਲਟਾ ਵਿਭਾਗ ਦਾ ਨਿੱਜੀਕਰਨ ਕਰਨ ਲਈ ਆਪਣੇ ਚਹੇਤਿਆਂ ਦੀਆਂ ਕਿਲੋਮੀਟਰ ਸਕੀਮ ਬੱਸਾਂ ਪਾ ਰਹੀ ਹੈ। ਸਰਕਾਰ ਵੱਲੋਂ ਆਪਣੇ ਸਾਰੇ ਵਾਅਦਿਆਂ ਦੇ ਉਲਟ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵਲੋਂ 1 ਜੁਲਾਈ 2024 ਵਿੱਚ ਮੀਟਿੰਗ ਕਰਕੇ ਇੱਕ ਮਹੀਨੇ ਵਿੱਚ ਹੱਲ ਕਰਨ ਲਈ ਕਿਹਾ ਗਿਆ ਸੀ ਅਤੇ ਲਿਖਤੀ ਪੱਤਰ ਵੀ ਜਾਰੀ ਕੀਤਾ ਗਿਆ ਸੀ। ਉਪਰੰਤ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨਾਲ ਅਪ੍ਰੈਲ 2025 ਵਿੱਚ ਮੀਟਿੰਗ ਕਰਕੇ 15 ਦਿਨਾਂ ਵਿੱਚ ਡਿਪੂ ਪੱਧਰ ਤੇ ਕਾਰਵਾਈ ਕਰਕੇ ਠੇਕੇਦਾਰ ਬਾਹਰ ਕੱਢਣ ਅਤੇ ਕੰਟਰੈਕਟ ਤੇ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਕੈਬਨਿਟ ਵੱਲੋਂ ਮਨਜ਼ੂਰੀ ਲਾਗੂ ਕਰਨ ਲਈ ਕਿਹਾ ਗਿਆ ਪ੍ਰੰਤੂ ਹੁਣ ਤੱਕ ਕੋਈ ਹੱਲ ਨਹੀਂ ਕੀਤਾ ਗਿਆ। ਸਰਕਾਰ ਪਨਬਸ/ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਨੂੰ ਜੇਲ੍ਹਾਂ ਵਿੱਚ ਬੰਦ ਕਰਕੇ 16-5-2023 ਦੀ ਪਾਲਸੀ ਲਾਗੂ ਕਰਨ ਅਤੇ ਕਿਲੋਮੀਟਰ ਸਕੀਮ ਬੱਸਾਂ ਪਾਉਣ ਲਈ ਸੌਦੇਬਾਜ਼ੀ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪਿਛਲੇ 4 ਸਾਲਾਂ ਵਿੱਚ ਸਰਕਾਰ ਵੱਲੋਂ ਹੱਲ ਨਾ ਕਰਨ ਕਰਕੇ ਮੁਲਾਜ਼ਮਾਂ ਵੱਲੋਂ ਸੰਘਰਸ਼ ਦਾ ਐਲਾਨ ਕੀਤਾ ਗਿਆ ਹੈ ਜਿਸ ਤਹਿਤ ਟਰਾਂਸਪੋਰਟ ਮੰਤਰੀ/ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ 15 ਮਈ ਨੂੰ ਮੀਟਿੰਗ ਰੱਖੀ ਗਈ ਹੈ। ਜੇਕਰ ਸਰਕਾਰ ਨੇ 10 ਹਜ਼ਾਰ ਸਰਕਾਰੀ ਬੱਸਾਂ ਪਾਉਣ ਸਮੇਤ ਕਿਲੋਮੀਟਰ ਸਕੀਮ ਬੱਸਾਂ ਬੰਦ ਕਰਨ ਅਤੇ ਬਾਕੀ ਮੰਗਾਂ ਦਾ ਹੱਲ ਨਾ ਕੀਤਾ ਅਤੇ ਜੇਲ੍ਹਾਂ ਵਿੱਚ ਬੰਦ ਮੁਲਾਜ਼ਮਾਂ ਨੂੰ ਰਿਹਾਅ ਨਾ ਕੀਤਾ ਤਾਂ ਮਜਬੂਰੀ ਵਿੱਚ ਯੂਨੀਅਨ 18 ਮਈ ਨੂੰ ਇੱਕ ਦਿਨ ਦੀ ਹੜਤਾਲ ਕਰਕੇ ਸਮੂੰਹ ਐੱਮਐੱਲਏ ਦਫ਼ਤਰ/ਘਰ ਅੱਗੇ ਧਰਨਾ ਦੇ ਕੇ ਮੰਗ ਪੱਤਰ ਦਿੱਤੇ ਜਾਣਗੇ। ਜੇਕਰ ਫਿਰ ਵੀ ਹੱਲ ਨਾ ਕੀਤਾ ਗਿਆ ਤਾਂ 25 ਮਈ ਤੋਂ ਤਿੰਨ ਰੋਜ਼ਾ ਹੜਤਾਲ ਕਰਕੇ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਮੀਤ ਪ੍ਰਧਾਨ ਸਤਨਾਮ ਸਿੰਘ ਜੌਣੇਕੇ, ਦਵਿੰਦਰ ਸਿੰਘ, ਬਾਬਾ ਸਤਨਾਮ ਸਿੰਘ, ਸੁਖਚੈਨ ਸਿੰਘ, ਗੁਰਵਿੰਦਰ ਸਿੰਘ ਅਤੇ ਵਰਕਰ ਹਾਜ਼ਰ ਸਨ।

## ਸੰਯੁਕਤ ਕਿਸਾਨ ਮੋਰਚੇ ਵੱਲੋਂ ਧਰਨਾ ਭਲਕੇ



ਬੰਗਾ (ਅਵਤਾਰ ਕਲੇਰ) ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ 15 ਮਈ ਨੂੰ ਚੰਡੀਗੜ੍ਹ ਵਿਖੇ ਧਰਨਾ ਦਿੱਤਾ ਜਾ ਰਿਹਾ ਹੈ। ਇਸ ਧਰਨੇ ਵਿੱਚ ਵੱਡੀ ਗਿਣਤੀ ਵਿਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਵੱਡੀ ਗਿਣਤੀ ਵਿਚ ਸਾਥੀ ਸ਼ਾਮਲ ਹੋਣਗੇ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜਸਵਿੰਦਰ ਸਿੰਘ ਭੰਗਲ ਜ਼ਿਲ੍ਹਾ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਨਿਯਮਾਂ ਵਿੱਚ ਸੋਧ ਕਰਕੇ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਵਾਲਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ। ਪਾਣੀਆਂ ਸਬੰਧੀ ਪੰਜਾਬ ਨਾਲ ਹੋਏ ਵਿਤਕਰੇ ਹੱਲ ਕੀਤੇ ਜਾਣ। ਡੀਜ਼ਲ, ਪੈਟਰੋਲ, ਗੈਸ, ਖਾਂਦਾ ਦੀਆਂ ਕੀਮਤਾਂ ਤੇ ਕੀਤਾ ਵਾਧਾ ਵਾਪਸ ਲਾਓ ਆਦਿ ਸਾਰੇ ਮੁੱਦਿਆਂ ਤੇ ਵਿਚਾਰ ਚਰਚਾ ਕੀਤੀ ਜਾਵੇਗੀ।

## ਬਾਲ ਵਿੱਦਿਆ ਮਾਡਰਨ ਹਾਈ ਸਕੂਲ ਧਾਰੀਵਾਲ ਦਾ ਦਸਵੀਂ ਜਮਾਤ ਦਾ ਨਤੀਜਾ 100%



ਧਾਰੀਵਾਲ, (ਮਨਦੀਪ ਵਿੱਕੀ)-ਬਾਲ ਵਿਦਿਆ ਮਾਡਰਨ ਹਾਈ ਸਕੂਲ ਧਾਰੀਵਾਲ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ। ਇਸ ਸਬੰਧੀ ਸਕੂਲ ਪ੍ਰਿੰਸੀਪਲ ਰੁਪਿੰਦਰ ਕੌਰ ਕਾਹਲੋਂ ਨੇ ਦੱਸਿਆ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਇਸ ਸਾਲ ਲਈ ਗਈ ਦਸਵੀਂ ਜਮਾਤ ਦੀ ਪ੍ਰੀਖਿਆ ਵਿੱਚੋਂ ਉਨ੍ਹਾਂ ਦੇ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਕਾਰਗੁਜ਼ਾਰੀ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਵਿਦਿਆਰਥਣ ਕਾਜਲ ਨੇ 88 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ, ਤਮੰਨਾ ਨੇ 74 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਗੌਰਵ ਮਹਿਰਾ ਨੇ 72 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ ਅਤੇ ਬਾਕੀ ਵੀ ਸਾਰੇ ਵਿਦਿਆਰਥੀ ਚੰਗੇ ਨੰਬਰ ਲੈ ਕੇ ਪਾਸ ਹੋਏ ਹਨ। ਇਸ ਮੌਕੇ ਸਕੂਲ ਪ੍ਰਿੰਸੀਪਲ ਰੁਪਿੰਦਰ ਕੌਰ ਕਾਹਲੋਂ ਨੇ ਇਸ ਸ਼ਾਨਦਾਰ ਨਤੀਜੇ ਲਈ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਮੁਬਾਰਕ ਦਿੰਦੇ ਹੋਏ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਮੂਹ ਸਕੂਲ ਸਟਾਫ ਹਾਜਰ ਸਨ।

## ਗੋਲੀ ਲੱਗਣ ਨਾਲ ਇੱਕ ਦੀ ਮੌਤ; ਇੱਕ ਫਰਾਰ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਜ਼ਿਲ੍ਹਾ ਤਰਨਤਾਰਨ ਦੇ ਅਧੀਨ ਆਉਂਦੇ ਪਿੰਡ ਫਤਿਆਬਾਦ ਵਿਖੇ ਫਿਰਨੀ ਦੇ ਨੇੜੇ ਇਕ ਨੌਜਵਾਨ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਐੱਸ ਐੱਸ ਪੀ ਤਰਨਤਾਰਨ ਸੁਰਿੰਦਰ ਲਾਂਬਾ ਨੇ ਦੱਸਿਆ ਕਿ ਵੱਖ-ਵੱਖ ਫਿਰੌਤੀ ਦੀਆਂ ਘਟਨਾਵਾਂ ਨਾਲ ਸਬੰਧਤ ਦੋ ਨੌਜਵਾਨਾਂ ਵੱਲੋਂ ਆਪਸ ਵਿਚ ਭਿੜ ਜਾਣ ਨਾਲ ਇਕ ਦੀ ਮੌਤ ਹੋ ਗਈ ਜਦਕਿ ਦੂਸਰਾ ਨੌਜਵਾਨ ਫ਼ਰਾਰ ਹੋ ਗਿਆ। ਉਨ੍ਹਾਂ ਦੱਸਿਆ ਕਿ ਫਤਿਆਬਾਦ ਵਾਸੀ ਰਵੀ ਨੂੰ ਉਸ ਦੇ ਸਾਥੀ ਜੋਬਨਜੀਤ ਨੇ ਆਪਸੀ ਪੈਸਿਆਂ ਦੀ ਵੰਡ ਕਾਰਨ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ।ਐੱਸ ਐੱਸ ਪੀ ਨੇ ਦੱਸਿਆ ਕਿ ਪੁਲਸ ਨੇ ਰਵੀ ਦੀ ਲਾਸ਼ ਕਬਜ਼ੇ ਵਿਚ ਲੈ ਲਈ ਹੈ ਜਿਸ ਦਾ ਪੋਸਟਮਾਰਟਮ ਸਿਵਲ ਹਸਪਤਾਲ ਵਿਖੇ ਹੋਵੇਗਾ ਜਦਕਿ ਜੋਬਨਜੀਤ ਦੀ ਭਾਲ ਲਈ ਪੁਲਸ ਟੀਮਾਂ ਦਾ ਗਠਨ ਕਰ ਦਿੱਤਾ ਗਿਆ ਹੈ ਜੋ ਕਿ ਜਲਦ ਪੁਲਸ ਦੀ ਹਿਰਾਸਤ ਵਿਚ ਹੋਵੇਗਾ।

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਮਾਂ ਨੂੰ ਸਮਰਪਿਤ ਦਿਵਸ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਮਾਂ ਦਿਵਸ ਮਨਾਇਆ ਗਿਆ ਜਿਸ ਵਿੱਚ ਨਰਸਰੀ ਕਲਾਸਾਂ ਦੇ ਵਿਦਿਆਰਥੀਆਂ ਦੀਆਂ ਮਾਵਾਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

ਰੰਗਾ-ਰੰਗ ਪ੍ਰੋਗਰਾਮ ਪੇਸ਼ ਕਰਕੇ ਆਏ ਹੋਏ ਮਹਿਮਾਨਾਂ ਦਾ ਮਨੋਰੰਜਨ ਕੀਤਾ ਗਿਆ।ਨਰਸਰੀ ਤੋਂ ਪਹਿਲੀ ਜਮਾਤ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਵੈੱਲਕਮ ਸੌਂਗ, ਫੋਕ ਡਾਂਸ, ਗਿੱਧਾ, ਧਾਰਮਿਕ ਸੌਂਗ, ਕਾਰਟੂਨ ਕਰੈਕਟਰ ਅਤੇ ਫੈਂਸੀ ਡਰੈੱਸ, ਐਕਸ਼ਨ ਸੌਂਗ, ਕੋਰੀਓਗਰਾਫੀ ਅਤੇ ਵੱਖ-ਵੱਖ ਗੀਤਾਂ ਰਾਹੀਂ ਮਹਿਮਾਨਾਂ ਦਾ ਮਨ ਮੋਹ ਲਿਆ।

ਬੱਚਿਆਂ ਦੀਆਂ ਮਾਵਾਂ ਦਾ ਖੇਡਾਂ ਖਿਡਾ ਕੇ ਮਨੋਰੰਜਨ ਕੀਤਾ ਗਿਆ ਅਤੇ ਉਨ੍ਹਾਂ ਵਿੱਚੋਂ ਚੁਣੀ ਗਈ ਬੈਸਟ ਮਾਂ ਨੂੰ ਸਕੂਲ ਵੱਲੋਂ ਸਨਮਾਨਿਤ ਕੀਤਾ ਗਿਆ।ਮੈਨੇਜਮੈਂਟ ਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਆਏ ਹੋਏ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਦੀ ਜ਼ਿੰਦਗੀ ਵਿੱਚ ਮਾਂ ਦੀ ਬੜੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ।ਮਾਂ ਬੱਚੇ ਦੀ ਪਹਿਲੀ ਅਧਿਆਪਕ ਹੈ ਜੋ ਬੱਚਿਆਂ ਨੂੰ ਚੰਗੇ-ਮਾੜੇ ਦੀ ਸੇਧ ਦੇ ਕੇ ਜੀਵਨ ਵਿੱਚ ਉਚੀਆਂ ਬੁਲੰਦੀਆਂ ਹਾਸਲ ਕਰਨ ਵਿੱਚ ਮਦਦ ਕਰਦੀ ਹੈ।ਇਸ ਲਈ ਸਾਰੇ ਬੱਚਿਆਂ ਨੂੰ ਆਪਣੇ ਮਾਪਿਆਂ ਦਾ ਆਦਰ ਸਤਿਕਾਰ ਕਰਨਾ ਚਾਹੀਦਾ ਹੈ।ਸਟੇਜ ਸੈਕਟਰੀ ਦੀ ਭੂਮਿਕਾ ਮੈਡਮ ਗੁਰਵਿੰਦਰ ਕੌਰ ਅਤੇ ਮੈਡਮ ਅੰਮ੍ਰਿਤਾ ਵੱਲੋਂ ਬਾਖੂਬੀ ਨਿਭਾਈ ਗਈ।

## 98% ਅੰਕਾਂ ਨਾਲ ਪਰਾਚੀ ਦਾ ਜ਼ਿਲਾ ਪੱਧਰ 'ਤੇ ਚੌਥਾ ਸਥਾਨ



ਗੁਰਦਾਸਪੁਰ (ਦਿਨੇਸ਼ ਕੁਮਾਰ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਟੈਗੋਰ ਸੈਂਟੇਨਰੀ ਸੀਨੀਅਰ ਸੈਕੰਡਰੀ ਸਕੂਲ, ਗੁਰਦਾਸਪੁਰ ਦੀ ਵਿਦਿਆਰਥਣ ਪਰਾਚੀ ਪੁੱਤਰੀ ਹਰੀਸ਼ ਕੁਮਾਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 98% ਅੰਕ ਪ੍ਰਾਪਤ ਕਰਕੇ ਸਟੇਟ ਪੱਧਰ 'ਤੇ 13ਵਾਂ ਅਤੇ ਜ਼ਿਲ੍ਹਾ ਪੱਧਰ 'ਤੇ ਚੌਥਾ ਸਥਾਨ ਹਾਸਲ ਕੀਤਾ ਹੈ। ਵਿਦਿਆਰਥਣ ਦੀ ਇਸ ਉਪਲਬਧੀ ਨਾਲ ਸਕੂਲ, ਮਾਪਿਆਂ ਅਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਸ ਮੌਕੇ ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਪਰਾਚੀ, ਉਸਦੇ ਮਾਪਿਆਂ ਅਤੇ ਸਕੂਲ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ।ਉਨ੍ਹਾਂ ਨੇ ਵਿਦਿਆਰਥਣ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਵੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਨਤੀਜਾ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਬਣੇਗਾ।

## ਅਨਮੋਲਦੀਪ ਕੌਰ ਨੇ 479 ਨੰਬਰ ਲੈ ਕੇ ਇਲਾਕੇ ਦਾ ਮਾਣ ਵਧਾਇਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਨਾਨ-ਮੈਡੀਕਲ ਵਿੱਚੋਂ ਅਨਮੋਲਦੀਪ ਕੌਰ ਤਰਸਿੱਕਾ ਨੇ 479 ਨੰਬਰ ਪ੍ਰਾਪਤ ਕਰਕੇ ਇਲਾਕੇ ਅਤੇ ਮਾਂ ਬਾਪ ਦਾ ਸਿਰ ਉੱਚਾ ਕੀਤਾ। ਇਸ ਸਮੇਂ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਅਨਮੋਲਦੀਪ ਕੌਰ ਦਾ ਮੂੰਹ ਮਿੱਠਾ ਕਰਵਾਉਂਦਿਆਂ ਕਿਹਾ ਕਿ ਧੀਆਂ ਮਾਂ ਬਾਪ ਦੇ ਸਿਰ ਦਾ ਤਾਜ ਹੁੰਦੀਆਂ ਹਨ। ਇਸ ਸਮੇਂ ਕਵਲਜੀਤ ਕੌਰ ਤਰਸਿੱਕਾ, ਅਨਮੋਲਜੀਤ ਸਿੰਘ, ਸੋਨੀਆ, ਹਰਪ੍ਰੀਤ ਸਿੰਘ, ਅਗਮਪ੍ਰੀਤ ਸਿੰਘ, ਗੁਰਮੇਜ ਸਿੰਘ, ਲਖਬੀਰ ਸਿੰਘ, ਕਰਮਜੀਤ ਕੌਰ ਆਦਿ ਨੇ ਅਨਮੋਲਦੀਪ ਕੌਰ ਨੂੰ ਵਧਾਈਆਂ ਦਿੱਤੀਆਂ।

## ਤੇਜ਼ ਝੱਖੜ ਨਾਲ ਪੋਲਟਰੀ ਫਾਰਮ ਦਾ ਸ਼ੈੱਡ ਹੋਇਆ ਤੀਲਾ-ਤੀਲਾ

ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਫਤਿਹਗੜ੍ਹ ਚੂੜੀਆਂ ਮਜੀਠਾ ਦੇ ਨਜ਼ਦੀਕ ਪਿੰਡ ਭੰਗਵਾਂ ਵਿਖੇ ਮੀਂਹ ਅਤੇ ਚਲੇ ਤੇਜ਼ ਝੱਖੜ ਨਾਲ ਪਰਫੈਕਟ ਪੋਲਟਰੀ ਪ੍ਰੋਡਕਟ ਬੀਬੀਆ ਬੀ ਵੀ ਆਈ, ਸੀ ਸੀ ਪੀ ਫਾਰਮ ਦੇ ਸ਼ੈੱਡ ਦਾ ਭਾਰੀ ਨੁਕਸਾਨ ਹੋਣ ਦੀ ਖਬਰ ਹੈ।

ਇਸ ਸਬੰਧੀ ਜਤਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੇ ਦਿਨੀਂ ਆਈ ਭਾਰੀ ਬਾਰਸ਼ ਅਤੇ ਚਲੇ ਤੇਜ਼ ਝੱਖੜ ਕਾਰਨ ਉਸ ਦੇ ਪੋਲਟਰੀ ਫਾਰਮ ਦੀਆਂ ਟੀਨਾਂ ਉੱਡ ਗਈਆਂ ਅਤੇ ਕੰਧਾਂ ਵੀ ਢਹਿ ਢੇਰੀ ਹੋ ਗਈਆਂ ਜਿਸ ਨਾਲ ਉਸ ਦਾ ਲੱਖਾਂ ਰੁਪਿਆਂ ਦਾ ਨੁਕਸਾਨ ਹੋਇਆ ਹੈ।ਜਤਿੰਦਰ ਸਿੰਘ ਨੇ ਮੁਆਵਜ਼ੇ ਦੀ ਮੰਗ ਕੀਤੀ ਹੈ।

## ਜੀ ਐੱਨ ਡੀ ਯੂ ਦੇ ਨਾਨ-ਟੀਚਿੰਗ ਕਰਮਚਾਰੀਆਂ ਵੱਲੋਂ ਰੋਸ ਮਾਰਚ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਬੁੱਧਵਾਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪ੍ਰਬੰਧਕੀ ਬਲਾਕ ਦੇ ਸਾਹਮਣੇ ਗੇਟ 'ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਤੇ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦੇ ਹੱਕ ਵਿਚ ਨਾਨ-ਟੀਚਿੰਗ ਐਸੋਸੀਏਸ਼ਨ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਨਾਨ-ਟੀਚਿੰਗ ਕਰਮਚਾਰੀਆਂ ਤੇ ਅਧਿਕਾਰੀਆਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਇਸ ਤੋਂ ਬਾਅਦ ਕਰਮਚਾਰੀਆਂ ਵੱਲੋਂ ਰੋਸ ਮਾਰਚ ਕੱਢਿਆ ਗਿਆ ਜੋ ਯੂਨੀਵਰਸਿਟੀ ਦੇ ਮੇਨ ਗੇਟ ਤਕ ਗਿਆ, ਜਿੱਥੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਰੋਸ ਮਾਰਚ ਦੀ ਪ੍ਰਧਾਨਗੀ ਨਾਨ-ਟੀਚਿੰਗ ਐਸੋਸੀਏਸ਼ਨ ਦੇ ਪ੍ਰਧਾਨ ਹਰਦੀਪ ਸਿੰਘ ਨਾਗਰਾ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਜਾ ਰਹੇ ਧੱਕੇ ਨੂੰ ਤੁਰੰਤ ਬੰਦ ਕਰਕੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕੀਤਾ ਜਾਵੇ।

ਐਸੋਸੀਏਸ਼ਨ ਵੱਲੋਂ ਮੁੱਖ ਤੌਰ 'ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, 18 ਫ਼ੀਸਦੀ ਡੀ. ਏ. ਤੁਰੰਤ ਜਾਰੀ ਕਰਨ, 4-9-14 ਸਕੀਮ ਲਾਗੂ ਕਰਨ, 15-1-15 ਦੀ ਚਿੱਠੀ ਵਾਪਸ ਲੈਣ, ਪੁਰਾਣੇ ਡੀ. ਏ. ਦਾ ਬਕਾਇਆ ਜ਼ਾਰੀ ਕਰਨ, ਪੇ-ਕਮਿਸ਼ਨ ਦੀਆਂ ਅਨੋਮਲੀਆਂ ਦੂਰ ਕਰਨ ਅਤੇ ਯੂਨੀਵਰਸਿਟੀਆਂ ਦੀਆਂ ਬਣਦੀਆਂ ਗ੍ਰਾਂਟਾਂ ਤੁਰੰਤ ਜ਼ਾਰੀ ਕਰਨ ਦੀ ਮੰਗ ਕੀਤੀ ਗਈ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਗੰਭੀਰਤਾ ਨਾਲ ਧਿਆਨ ਨਾ ਦਿੱਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਵਿਦਿਆਰਥੀ ਦਸ ਦਿਨਾ ਐੱਨਸੀਸੀ ਕੈਂਪ ਲਈ ਰਵਾਨਾ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੇ ਵਿਦਿਆਰਥੀ ਬੀਤੇ ਕੱਲ੍ਹ 11 ਪੰਜਾਬ ਬਟਾਲੀਅਨ ਵੱਲੋਂ ਰਾਮਤੀਰਥ ਅੰਮ੍ਰਿਤਸਰ ਵਿੱਚ ਆਯੋਜਿਤ ਕੀਤੇ ਜਾ ਰਹੇ ਦਸ ਦਿਨਾ ਐੱਨਸੀਸੀ ਕੈਂਪ ਲਈ ਰਵਾਨਾ ਹੋਏ।ਸਕੂਲ ਪ੍ਰਿੰਸੀਪਲ ਕੰਧਾਲ ਸਿੰਘ ਬਾਠ ਨੇ ਦੱਸਿਆ ਕਿ ਇਸ ਕੈਂਪ ਲਈ ਗੁਰਸ਼ਰਨ ਸਿੰਘ, ਗੁਰਪ੍ਰੀਤ ਸਿੰਘ ਜੋਬਨਪ੍ਰੀਤ ਸਿੰਘ, ਗੁਰਸ਼ੇਰ ਸਿੰਘ ਸਰਪ੍ਰੀਤ ਸਿੰਘ, ਗੁਰਤਾਜ ਸਿੰਘ, ਰਵੀਸ਼ੇਰ ਸਿੰਘ, ਨਵਰੂਪ ਸਿੰਘ, ਹਰਗੁਣ ਸਿੰਘ, ਸਿੱਖਦੀਪ ਸਿੰਘ, ਪ੍ਰੇਮਦੀਪ ਸਿੰਘ, ਅਨਮੋਲਦੀਪ ਸਿੰਘ ਤੇ ਅਰਨਬੀਰ ਸਿੰਘ ਨੂੰ ਸਕੂਲ ਤੋਂ ਰਵਾਨਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ 21 ਮਈ ਤੱਕ ਚੱਲਣ ਜਾ ਰਹੇ ਕੈਂਪ ਵਿੱਚ ਕੈਡੇਟਸ ਫੌਜੀ ਜੀਵਨ ਤੇ ਸਵੈ ਨਿਰਭਰਤਾ ਤੋਂ ਇਲਾਵਾ ਹੋਰ ਅਨੇਕਾਂ ਚੰਗੇ ਗੁਣ ਹਾਸਲ ਕਰਨਗੇ।ਉਨ੍ਹਾਂ ਕੈਂਪ ਵਿੱਚ ਭਾਗ ਲੈਣ ਜਾ ਰਹੇ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਸਿੱਖਣ ਦੇ ਹਰ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਸਲਾਹ ਦਿੱਤੀ।ਇਸ ਮੌਕੇ ਮੈਨੇਜਿੰਗ ਡਾਇਰੈਕਟਰ ਮੈਡਮ ਲਖਬੀਰ ਕੌਰ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।




## ਜੇ ਐੱਮ ਕੇ ਇੰਟਰਨੈਸ਼ਨਲ ਸਕੂਲ ਪਠਾਨਕੋਟ ਦਾ 12ਵੀਂ ਦਾ ਨਤੀਜਾ ਰਿਹਾ ਸੌ ਫੀਸਦੀ



ਪਠਾਨਕੋਟ (ਦਵਿੰਦਰ ਸਿੰਘ)-ਸੀਬੀਐੱਸਈ ਦੀ ਬਾਰ੍ਹਵੀਂ ਕਲਾਸ ਦੇ ਨਤੀਜਿਆਂ ਵਿੱਚ ਜੇ ਐੱਮ ਕੇ ਇੰਟਰਨੈਸ਼ਨਲ ਸਕੂਲ ਪਠਾਨਕੋਟ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ।ਸਕੂਲ ਦੇ ਸਾਰੇ ਵਿਦਿਆਰਥੀਆਂ ਦਾ ਨਤੀਜਾ ਸੌ ਫੀਸਦੀ ਰਿਹਾ।ਕਾਮਰਸ ਸਟ੍ਰੀਮ ਦੀ ਵਿਦਿਆਰਥਣ ਹਰਸ਼ਿਤਾ ਸੂਰੀ ਨੇ 98.4 ਫੀਸਦੀ ਅੰਕ ਲੈ ਕੇ ਪਹਿਲਾ, ਅਮਾਇਰਾ ਧੀਰ ਨੇ 97.6 ਫੀਸਦੀ ਅੰਕ ਲੈ ਕੇ ਦੂਜਾ ਅਤੇ ਨਿਸ਼ਾ ਰਾਜਪੁਰੋਹਿਤ ਨੇ 97.4 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ।

ਜੇ ਐੱਮ ਕੇ ਸਕੂਲ ਦੇ ਚੇਅਰਮੈਨ ਅਨੁਜ ਸੂਦ ਅਤੇ ਪ੍ਰਿੰਸੀਪਲ ਨੀਤੀ ਕੋਚਰ ਨੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਉਨ੍ਹਾਂ ਤੋਂ ਪ੍ਰੇਰਨਾ ਲੈਣ ਲਈ ਉਤਸ਼ਾਹਿਤ ਕੀਤਾ।ਪ੍ਰਿੰਸੀਪਲ ਨੀਤੀ ਕੋਚਰ ਨੇ ਦੱਸਿਆ ਕਿ ਬਾਰ੍ਹਵੀਂ ਕਲਾਸ ਦਾ ਨਤੀਜਾ ਸੌ ਫੀਸਦੀ ਰਿਹਾ ਹੈ।ਉਨ੍ਹਾਂ ਦੱਸਿਆ ਕਿ ਹਿਊਮੈਨਿਟੀਜ਼ ਸਟ੍ਰੀਮ ਦੀ ਵਿਦਿਆਰਥਣ ਅਮਿਤੋਜ ਕੌਰ ਨੇ 95 ਫੀਸਦੀ ਅੰਕ ਲੈ ਕੇ ਪਹਿਲਾ, ਸਾਂਚੀ ਰਵਗੋਤਰਾ ਨੇ 94 ਫੀਸਦੀ ਅੰਕ ਲੈ ਕੇ ਦੂਜਾ ਅਤੇ ਰਾਸ਼ੀ ਨੇ 93 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਮੈਡੀਕਲ ਸਟ੍ਰੀਮ ਵਿੱਚ ਮੰਨਤ ਕਲਕਤ ਅਤੇ ਮਯੂਖ ਮਹਾਜਨ ਨੇ ਸਾਂਝੇ ਤੌਰ 'ਤੇ 93.2 ਫੀਸਦੀ ਅੰਕ ਲੈ ਕੇ ਪਹਿਲਾ, ਮੰਨਤ ਸ਼ਰਮਾ ਨੇ 90.6 ਫੀਸਦੀ ਅੰਕ ਲੈ ਕੇ ਦੂਜਾ ਅਤੇ ਅਵਿਕਾ ਨੇ 89.4 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ, ਜਦਕਿ ਨਾਨ-ਮੈਡੀਕਲ ਸਟ੍ਰੀਮ ਵਿੱਚ ਯਸ਼ਿਕਾ ਨੇ 93 ਫੀਸਦੀ ਅੰਕ ਲੈ ਕੇ ਪਹਿਲਾ, ਰੱਬਾਨੀ ਨੇ 89.2 ਫੀਸਦੀ ਅੰਕ ਲੈ ਕੇ ਦੂਜਾ ਅਤੇ ਦਿਵਯਮ ਨੇ 86 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਨੀਤੀ ਕੋਚਰ, ਮਾਪੇ, ਵਿਦਿਆਰਥੀ ਅਤੇ ਸਕੂਲ ਅਧਿਆਪਕ ਮੌਜੂਦ ਸਨ।

## ਘੁਮਾਣ 'ਚ ਲੱਗੀ ਅੱਗ ਨੂੰ ਅਧਿਕਾਰੀਆਂ ਨੇ ਖੁਦ ਬੁਝਾਇਆ



ਘੁਮਾਣ/ਬਟਾਲਾ, (ਡਾ. ਮਲਵਿੰਦਰ ਸਿੰਘ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉਪਲ ਦੀ ਅਗਵਾਈ ਵਿੱਚ ਜ਼ਿਲੇ ਅੰਦਰ ਸਿਵਲ ਤੇ ਪੁਲਸ ਵਿਭਾਗ ਦੇ ਅਧਿਕਾਰੀਆਂ ਵੱਲੋਂ ਫੀਲਡ ਵਿੱਚ ਰਹਿ ਕੇ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਅਪੀਲ ਕਰਨ ਦੇ ਨਾਲ-ਨਾਲ ਖੇਤਾਂ ਵਿੱਚ ਲੱਗੀ ਅੱਗ ਨੂੰ ਬੁਝਾਇਆ ਵੀ ਜਾ ਰਿਹਾ ਹੈ ।ਬਲਾਕ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਨੋਡਲ ਅਫ਼ਸਰ ਰਜਿੰਦਰ ਕੁਮਾਰ ਨੇ ਦੱਸਿਆ ਕਿ ਪਿੰਡ ਘੁਮਾਣ ਦੇ ਨੇੜੇ ਖੇਤਾਂ ਵਿੱਚ ਲੱਗੀ ਅੱਗ 'ਤੇ ਮੌਕੇ 'ਤੇ ਪਹੁੰਚ ਕੇ ਕਾਬੂ ਪਾਇਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਡਾ. ਰਣਧੀਰ ਠਾਕਰ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਜਿਲ੍ਹੇ ਅੰਦਰ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਅਧਿਕਾਰੀਆਂ ਵੱਲੋਂ ਫੀਲਡ ਵਿੱਚ ਰਹਿ ਕੇ ਨਾੜ ਨੂੰ ਸਾੜਨ ਵਾਲਿਆਂ ਵਿਰੁੱਧ ਕਾਰਵਾਈ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਨਾੜ ਸਾੜਨ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘੱਟਦੀ ਹੈ ਅਤੇ ਵਾਤਾਵਰਣ ਨੂੰ ਭਾਰੀ ਨੁਕਸਾਨ ਪਹੁੰਚਦਾ ਹੈ।ਇਸ ਲਈ ਕਿਸਾਨ ਨਾੜ ਨੂੰ ਸਾੜਨ ਦੀ ਬਜਾਏ ਹੋਰ ਵਿਕਲਪਾਂ ਜਿਵੇਂ ਕਿ ਮਸ਼ੀਨਰੀ ਦੀ ਵਰਤੋਂ ਕਰਕੇ ਖੇਤ ਵਿੱਚ ਹੀ ਖ਼ਪਤ ਕਰਨ।

## ਪਹਿਲੇ ਦਿਨ ਕੋਈ ਨਾਮਜ਼ਦਗੀ ਪੱਤਰ ਦਾਖਲ ਨਹੀਂ ਹੋਇਆ : ਐੱਸ ਡੀ ਐੱਮ



ਬਟਾਲਾ, (ਡਾ. ਮਲਵਿੰਦਰ ਸਿੰਘ/ਤਰਲੋਕ ਬੱਗਾ)-ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਚੋਣ ਪ੍ਰੋਗਰਾਮ ਅਨੁਸਾਰ ਬਟਾਲਾ ਨਗਰ ਨਿਗਮ ਦੀ ਚੋਣਾਂ 26 ਮਈ ਨੂੰ ਹੋਣਗੀਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ -ਕਮ-ਰਿਟਰਨਿੰਗ ਅਫਸਰ ਬਟਾਲਾ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਐਲਾਨੇ ਗਏ ਚੋਣ ਪ੍ਰੋਗਰਾਮ ਅਨੁਸਾਰ ਨਾਮਜ਼ਦਗੀਆਂ ਭਰਨ ਦੇ ਅੱਜ ਪਹਿਲੇ ਦਿਨ ਕਿਸੇ ਵੀ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਨਹੀਂ ਭਰਿਆ ਗਿਆ।

ਉਨ੍ਹਾਂ ਅੱਗੇ ਦੱਸਿਆ ਕਿ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 16 ਮਈ ਦਿਨ ਸ਼ਨਿਚਰਵਾਰ ਹੋਵੇਗੀ।

ਨਾਮਜ਼ਦਗੀਆਂ ਪੱਤਰਾਂ ਦੀ ਜਾਂਚ 18 ਮਈ ਦਿਨ ਸੋਮਵਾਰ ਨੂੰ ਹੋਵੇਗੀ।ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 19 ਮਈ ਦਿਨ ਮੰਗਲਵਾਰ ਨੂੰ ਦੁਪਹਿਰ 3 ਵਜੇ ਤੱਕ ਹੈ। ਪੋਲਿੰਗ 26 ਮਈ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗੀ ਤੇ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

## ਪਬਲਿਕ ਸਕੂਲ ਗੁਰਦਾਸਪੁਰ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



ਗੁਰਦਾਸਪੁਰ, (ਦਿਨੇਸ਼ ਕੁਮਾਰ)- ਗੁਰਦਾਸਪੁਰ ਪਬਲਿਕ ਸਕੂਲ ਗੁਰਦਾਸਪੁਰ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਇਸ ਵਾਰ ਵੀ ਬਹੁਤ ਹੀ ਸ਼ਾਨਦਾਰ ਰਿਹਾ ਜਿਸ ਵਿੱਚ ਵਿਦਿਆਰਥੀ ਪਿਯੂਸ਼ ਵਰਮਾ ਪੁੱਤਰ ਹਰਿਸ਼ ਕੁਮਾਰ 90 ਫੀਸਦੀ ਅੰਕ ਲੈ ਕੇ ਕਾਮਰਸ ਸਟਰੀਮ ਅਤੇ ਸਕੂਲ ਵਿੱਚੋਂ ਪਹਿਲੇ ਸਥਾਨ 'ਤੇ ਰਿਹਾ।ਮ੍ਰਿਨਾਲ ਮਹਾਜਨ ਪੁੱਤਰੀ ਵਰਿੰਦਰ ਕੁਮਾਰ 88 ਫੀਸਦੀ ਅੰਕ ਲੈ ਕੇ ਨਾਨ-ਮੈਡੀਕਲ ਸਟਰੀਮ ਵਿੱਚ ਪਹਿਲੇ ਸਥਾਨ ਤੇ ਰਹੀ ।ਦਾਨਿਸ਼ ਵਿਰਦੀ ਪੁੱਤਰ ਪ੍ਰਵੀਨ ਕੁਮਾਰ 81 ਫੀਸਦੀ ਅੰਕ ਲੈ ਕੇ ਨਾਨ-ਮੈਡੀਕਲ ਸਟਰੀਮ ਵਿੱਚ ਦੂਜੇ ਸਥਾਨ 'ਤੇ ਰਿਹਾ ।ਯੁਵਰਾਜ ਪੁੱਤਰ ਰਾਜ ਕੁਮਾਰ 80 ਫੀਸਦੀ ਅੰਕ ਲੈ ਕੇ ਮੈਡੀਕਲ ਸਟਰੀਮ ਵਿੱਚ ਪਹਿਲੇ ਸਥਾਨ 'ਤੇ ਰਿਹਾ।ਕਾਰਤਿਕ ਪੁੱਤਰ ਰਵਿੰਦਰ ਕੁਮਾਰ 78 ਫੀਸਦੀ ਅੰਕ ਲੈ ਕੇ ਨਾਨ-ਮੈਡੀਕਲ ਸਟਰੀਮ ਵਿੱਚ ਤੀਜੇ ਸਥਾਨ 'ਤੇ ਰਿਹਾ ਅਤੇ ਸੁਖਮਨਪ੍ਰੀਤ ਕੌਰ ਪੁੱਤਰੀ ਗੁਰਜੀਤ ਸਿੰਘ 75 ਫੀਸਦੀ ਅੰਕ ਲੈ ਕੇ ਮੈਡੀਕਲ ਸਟਰੀਮ ਵਿੱਚ ਦੂਜੇ ਸਥਾਨ 'ਤੇ ਰਿਹਾ, ਬਾਕੀ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਅੰਕ ਹਾਸਿਲ ਕੀਤੇ।ਇਸ ਮੌਕੇ ਡਾਇਰੈਕਟਰ ਅਰਚਨਾ, ਚੇਅਰਮੈਨ ਰਮਨ ਬਹਿਲ ਅਤੇ ਪ੍ਰਿੰਸੀਪਲ ਸੰਦੀਪ ਅਰੋੜਾ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਲਗਨ ਸਦਕਾ ਹੀ ਸਕੂਲ ਸ਼ਾਨਦਾਰ ਨਤੀਜੇ ਦਿੰਦਾ ਹੈ।ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੀ ਤੰਦਰੁਸਤੀ ਨੂੰ ਮੁੱਖ ਰੱਖਦਿਆਂ ਖੇਡਾਂ ਜਿਵੇਂ ਕਰਾਟੇ, ਬੈਡਮਿੰਟਨ, ਬਾਸਕਿਟ ਬਾਲ, ਵਾਲੀਬਾਲ ਆਦਿ ਕਰਵਾਈਆਂ ਜਾਂਦੀਆਂ ਹਨ ਅਤੇ ਸੱਭਿਆਚਾਰਕ ਗਤੀਵਿਧੀਆਂ ਵੀ ਕਰਵਾਈਆਂ ਜਾਂਦੀਆਂ ਹਨ।

## ਸ਼ਿਵ ਸੈਨਾ ਦੇ ਰਾਸ਼ਟਰੀ ਸੁਪਰੀਮੋ ਰਾਕੇਸ਼ ਭਸੀਨ ਵੱਲੋਂ ਦਿਹਾਤੀ ਪ੍ਰਧਾਨ ਨਿਯੁਕਤ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਸ਼ਿਵ ਸੈਨਾ ਸੂਰਿਆਵੰਸ਼ੀ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਨੂੰ ਲੱਗਦੇ ਪਿੰਡ ਚਵਿੰਡਾ ਦੇਵੀ ਵਿੱਚ ਸੁਖਬੀਰ ਸਿੰਘ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਸੁਖਬੀਰ ਸਿੰਘ ਨੂੰ ਦਿਹਾਤੀ ਪ੍ਰਧਾਨ ਅੰਮ੍ਰਿਤਸਰ, ਪੰਕੂ ਬਾਵਾ ਨੂੰ ਦਿਹਾਤੀ ਜਨਰਲ ਸਕੱਤਰ, ਸਾਜਨ ਸ਼ਰਮਾ ਨੂੰ ਦਿਹਾਤੀ ਸੰਯੁਕਤ ਸਕੱਤਰ ਅੰਮ੍ਰਿਤਸਰ ਅਤੇ ਜਸਵੀਰ ਸਿੰਘ ਨੂੰ ਦਿਹਾਤੀ ਚੇਅਰਮੈਨ ਅੰਮ੍ਰਿਤਸਰ ਨਿਯੁਕਤ ਕੀਤਾ ਗਿਆ।ਸ਼ਿਵ ਸੈਨਾ ਸੂਰਿਆਵੰਸ਼ੀ ਦੇ ਰਾਸ਼ਟਰੀ ਸੁਪਰੀਮੋ ਰਾਕੇਸ਼ ਭਸੀਨ ਨੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਤੋਂ ਦੂਰ ਰਹਿਣ ਦੀ ਅਪੀਲ ਕੀਤੀ।

ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਪ੍ਰਸ਼ਾਸਨ ਨਸ਼ਿਆਂ ਅਤੇ ਗੈਂਗਸਟਰਵਾਦ ਵਿਰੁੱਧ ਜੋ ਕਾਰਵਾਈ ਕਰ ਰਿਹਾ ਹੈ ਉਸ ਦੀ ਸ਼ਲਾਘਾ ਕੀਤੀ।

ਇਸ ਮੌਕੇ ਰਾਸ਼ਟਰੀ ਚੇਅਰਮੈਨ ਸੁਨੀਲ ਭਸੀਨ, ਰਾਸ਼ਟਰੀ ਜਨਰਲ ਸਕੱਤਰ ਕਰਨ ਗਿੱਲ, ਰਾਸ਼ਟਰੀ ਇੰਚਾਰਜ ਪੰਡਿਤ ਸੰਜੀਵ ਸ਼ਰਮਾ, ਰਾਸ਼ਟਰੀ ਪ੍ਰਧਾਨ ਯੂਥ ਵਿੰਗ ਸੰਨੀ ਸਹੋਤਾ, ਪੰਜਾਬ ਪ੍ਰਧਾਨ ਪੁਨੀਤ ਸ਼ਰਮਾ, ਪੰਕਜ ਕਪੂਰ, ਜ਼ਿਲ੍ਹਾ ਪ੍ਰਧਾਨ ਮਨੋਰਥ ਰਾਏ, ਜ਼ੋਨ ਪ੍ਰਧਾਨ ਹਰਦੀਪ, ਉਪ ਚੇਅਰਮੈਨ ਜਲੰਧਰ ਅਤੇ ਸਮੂਹ ਇਲਾਕਾ ਨਿਵਾਸੀ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਸਕੂਲ ਭਿੱਖੀਵਿੰਡ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਹਾਲ ਹੀ ਵਿੱਚ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਹੀਦ ਭਗਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਦੱਸਣਯੋਗ ਹੈ ਕਿ ਸਾਹਿਲਪ੍ਰੀਤ ਸਿੰਘ ਨੇ 93 ਪ੍ਰਤੀਸ਼ਤ, ਕੋਮਲਪ੍ਰੀਤ ਕੌਰ ਨੇ 92 ਪ੍ਰਤੀਸ਼ਤ ਅਤੇ ਹਰਸਿਮਰਨ ਕੌਰ ਨੇ 90 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।

ਇਸ ਤੋਂ ਇਲਾਵਾ ਸਕੂਲ ਦੇ ਬਹੁ-ਗਿਣਤੀ ਵਿਦਿਆਰਥੀ 80 ਪ੍ਰਤੀਸ਼ਤ ਤੋਂ ਵੱਧ ਅੰਕਾਂ ਨਾਲ ਪਾਸ ਹੋਏ ਹਨ।ਪ੍ਰੀਖਿਆਵਾਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ 'ਤੇ ਸਕੂਲ ਚੇਅਰਪਰਸਨ ਮੈਡਮ ਮਨਪ੍ਰੀਤ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੰਦਿਆਂ ਭਵਿੱਖ ਵਿੱਚ ਹੋਰ ਉੱਚੀਆਂ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਆ।ਉਨ੍ਹਾਂ ਕਿਹਾ ਕਿ ਜ਼ਿੰਦਗੀ ਵਿੱਚ ਸਫ਼ਲਤਾ ਸਿਰਫ਼ ਚੰਗੇ ਅੰਕ ਹਾਸਲ ਕੀਤਿਆਂ ਨਹੀਂ, ਸਗੋਂ ਮਿਹਨਤ, ਅਨੁਸ਼ਾਸਨ ਅਤੇ ਚੰਗੇ ਸੰਸਕਾਰਾਂ ਨਾਲ ਮਿਲਦੀ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਸੁਪਨਿਆਂ ਨੂੰ ਉੱਚਾ ਰੱਖਣ ਅਤੇ ਜ਼ਿੰਦਗੀ ਵਿੱਚ ਹਮੇਸ਼ਾ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ ਅਤੇ ਮਾਪਿਆਂ ਨੇ ਵੀ ਵਿਦਿਆਰਥੀਆਂ ਦੀ ਵਿਲੱਖਣ ਪ੍ਰਾਪਤੀ 'ਤੇ ਖੁਸ਼ੀ ਪ੍ਰਗਟਾਈ।

# 12ਵੀਂ ਦੀ ਜਪਜੀਤ ਕੌਰ 99.2% ਅੰਕਾਂ ਨਾਨ-ਮੈਡੀਕਲ ਗਰੁੱਪ 'ਚ ਸਿਟੀ ਟਾਪਰ ਬਣੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ ਦੇ ਵਿਦਿਆਰਥੀਆਂ ਨੇ ਸੀ.ਬੀ.ਐੱਸ.ਈ. ਦੁਆਰਾ ਲਈ ਗਈ +2 ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਹਾਸਲ ਕੀਤੀਆਂ ਹਨ ।ਜਪਜੀਤ ਕੌਰ ਨੇ ਮੈਡੀਕਲ ਗਰੁੱਪ ਵਿੱਚੋ 99.2% ਅੰਕ ਲੈ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ ।ਜਪਜੀਤ ਕੌਰ ਨੇ ਆਪਣੀ ਇਸ ਸਫਲਤਾ ਤੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਉਸ ਨੇ ਇਸ ਲਈ ਬਹੁਤ ਮਿਹਨਤ ਕੀਤੀ ਅਤੇ ਇਸ ਦਾ ਸਿਹਰਾ ਉਸਦੇ ਮਾਤਾ ਪਿਤਾ ਅਤੇ ਅਧਿਆਪਕਾਂ ਸਿਰ ਜਾਂਦਾ ਹੈ ।ਅਸ਼ਮੀਤ ਸਿੰਘ ਨੇ ਕਾਮਰਸ ਗਰੁੱਪ ਵਿੱਚ 98.2% ਅੰਕ, ਏਕਮਦੀਪ ਸਿੰਘ ਸਿਕਰੀ ਨੇ ਨਾਨ-ਮੈਡੀਕਲ ਗਰੁੱਪ ਵਿੱਚ 97.4% ਹਾਸਲ ਕੀਤੇ ਜਦਕਿ ਮਹਿਕਪ੍ਰੀਤ ਕੌਰ ਨੇ ਹਿਊਮੈਨਿਟੀਜ਼ ਗਰੁੱਪ ਵਿੱਚ 97% ਅੰਕ ਹਾਸਲ ਕੀਤੇ ।

ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਸ੍. ਸੰਤੋਖ ਸਿੰਘ ਸੇਠੀ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸੱਕਤਰ ਰਮਨੀਕ ਸਿੰਘ, ਐਡੀ; ਆਨਰੇਰੀ ਸੱਕਤਰ ਅਤੇ ਮੈਂਬਰ ਇੰਚਾਰਜ ਮੁੱਖ ਦਫਤਰ ਹਰਵਿੰਦਰਪਾਲ ਸਿੰਘ ਚੁੱਗ, ਮੈਂਬਰ ਇੰਚਾਰਜ ਸਕੂਲ ਰਬਿੰਦਰਬੀਰ ਸਿੰਘ ਭੱਲਾ ਅਤੇ ਮੈਂਬਰ ਇੰਚਾਰਜ ਸਰਜੋਤ ਸਿੰਘ ਸਾਹਨੀ ਵਿਸ਼ੇਸ਼ ਤੌਰ ਤੇ ਬੱਚਿਆਂ ਨਾਲ ਖੁਸ਼ੀ ਸਾਂਝੀ ਕਰਨ ਪੁੱਜੇ ।ਉਨ੍ਹਾਂ ਵਿਦਿਆਰਥੀਆਂ ਨੂੰ ਇਸੇ ਤਰ੍ਹਾਂ ਹੀ ਮਿਹਨਤ ਅਤੇ ਲਗਨ ਨਾਲ ਭਵਿੱਖ ਵਿੱਚ ਤਰੱਕੀਆਂ ਕਰਨ ਦਾ ਆਸ਼ੀਰਵਾਦ ਦਿੱਤਾ ।ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ: ਇੰਦਰਬੀਰ ਸਿੰਘ ਨਿੱਜਰ ਮੀਤ ਪ੍ਰਧਾਨ ਜਗਜੀਤ ਸਿੰਘ ਅਤੇ ਆਨਰੇਰੀ ਸੱਕਤਰ ਸ੍. ਸਵਿੰਦਰ ਸਿੰਘ ਕੱਥੂਨੰਗਲ ਨੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਕਵਲਪ੍ਰੀਤ ਕੌਰ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੂੰ ਸੀ.ਬੀ.ਐੱਸ.ਈ. ਪ੍ਰੀਖਿਆ ਵਿੱਚ ਸਫਲਤਾ ਹਾਸਲ ਕਰਨ ਤੇ ਵਧਾਈ ਸੰਦੇਸ਼ ਦਿੱਤਾ । ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਕਵਲਪ੍ਰੀਤ ਕੌਰ ਨੇ ਦੱਸਿਆ ਕਿ ਸਕੂਲ ਦੇ ਕੁਲ 372 ਵਿਦਿਆਰਥੀਆਂ ਨੇ ਸੀ.ਬੀ.ਐੱਸ.ਈ. ਬੋਰਡ ਦੀ ਪ੍ਰੀਖਿਆ ਦਿੱਤੀ ਅਤੇ ਨਤੀਜਿਆ ਵਿੱਚ ਸ਼ਾਨਦਾਰ ਮੱਲਾਂ ਮਾਰੀਆਂ । ਸਕੂਲ ਦੇ ਮੈਂਬਰ ਇੰਚਾਰਜ ਸ੍. ਰਬਿੰਦਰਬੀਰ ਸਿੰਘ ਭੱਲਾ, ਸ੍. ਸਰਜੋਤ ਸਿੰਘ ਸਾਹਨੀ ਅਤੇ ਸ੍. ਆਦਰਸ਼ ਪਿੰਦਰ ਸਿੰਘ ਮਾਨ ਨੇ ਕਿਹਾ ਕਿ ਜੀ. ਟੀ. ਰੋਡ ਸਕੂਲ ਦਾ ਇਹ ਸ਼ਾਨਦਾਰ ਨਤੀਜਾ ਜਿੱਥੇ ਵਿਦਿਆਰਥੀਆਂ ਦੀ ਘਾਲਣਾ ਅਤੇ ਲਗਨ ਕਰਕੇ ਸੰਭਵ ਹੋਇਆ ਹੈ, ਉਥੇ ਹੀ ਸਕੂਲ ਦੇ ਅਧਿਆਪਕਾਂ ਵੱਲੋਂ ਕਰਵਾਈ ਜਾਂਦੀ ਸਖਤ ਮਿਹਨਤ ਅਤੇ ਸੁਚੱਜੀ ਅਗਵਾਈ ਦਾ ਵੀ ਇਸ ਵਿੱਚ ਮਹੱਤਵਪੂਰਨ ਯੋਗਦਾਨ ਹੈ ਜਿਸ ਕਰਕੇ ਉਹ ਵੀ ਵਧਾਈ ਦੇ ਪਾਤਰ ਹਨ ।

ਚੀਫ਼ ਖ਼ਾਲਸਾ ਦੀਵਾਨ ਦੇ ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸੱਕਤਰ ਰਮਨੀਕ ਸਿੰਘ, ਐਡੀ: ਆਨਰੇਰੀ ਸੱਕਤਰ ਅਤੇ ਮੈਂਬਰ ਇੰਚਾਰਜ ਮੁੱਖ ਦਫਤਰ ਹਰਵਿੰਦਰਪਾਲ ਸਿੰਘ ਚੁੱਗ, ਹਰਪ੍ਰੀਤ ਸਿੰਘ ਐਡਵੋਕੇਟ, ਮੈਂਬਰ ਇੰਚਾਰਜ ਸਕੂਲ ਰਬਿੰਦਰਬੀਰ ਸਿੰਘ ਭੱਲਾ, ਸਰਜੋਤ ਸਿੰਘ ਸਾਹਨੀ, ਆਦਰਸ਼ ਪਿੰਦਰ ਸਿੰਘ ਮਾਨ, ਡਾਇਰੈਕਟਰ ਉਪਰੇਸ਼ਨਜ਼ ਡਾ: ਅੰਮ੍ਰਿਤਪਾਲ ਸਿੰਘ ਚਾਵਲਾ, ਡਿਪਟੀ ਡਾਇਰੈਕਟਰ ਉਰਮਿੰਦਰ ਕੌਰ ਨੇ ਅੱਵਲ ਦਰਜੇ ਵਿੱਚ ਆਏ ਹੋਏ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਫਲਤਾ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ । ਇਸ ਸ਼ਾਨਦਾਰ ਨਤੀਜੇ ਦੀ ਖੁਸ਼ੀ ਵਿੱਚ ਵਿਦਿਆਰਥੀਆਂ ਵੱਲੋਂ ਸਕੂਲ ਵਿੱਚ ਮਠਿਆਈਆਂ ਅਤੇ ਭੰਗੜੇ ਦੀ ਥਾਪ ਤੇ ਜਸ਼ਨ ਮਨਾਇਆ ਗਿਆ ।


ਰੇਲਯਾਤਰੀ ਕਿਰਪਾ ਕਰਕੇ ਧਿਆਨ ਦੇਣ!

ਮਹੱਤਵਪੂਰਨ ਸੂਚਨਾ

ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਲਈ ਰੇਲਵੇ ਦੁਆਰਾ ਅੰਮ੍ਰਿਤਸਰ ਜੰ.-ਨਿਊ ਜਲਪਾਈਗੁੜੀ ਜੰ.- ਅੰਮ੍ਰਿਤਸਰ ਜੰ. ਦੇ ਵਿਚ ਅੰਮ੍ਰਿਤ ਭਾਰਤ ਐਕਸਪ੍ਰੈਸ ਰੇਲਗੱਡੀ ਦੀ ਰੈਗੂਲਰ ਸੇਵਾ ਮਿਤੀ 14.05.2026 ਤੋਂ ਸ਼ੁਰੂ ਕਰਨ ਦਾ ਫੈਸਲਾ ਲਿਆ ਗਿਆ ਹੈ, ਜਿਸ ਦਾ ਵੇਰਵਾ ਹੇਠਾਂ ਅਨੁਸਾਰ ਹੈ:

14664/14663 ਅੰਮ੍ਰਿਤਸਰ ਜੰ.-ਨਿਊ ਜਲਪਾਈਗੁੜੀ ਜੰ.-ਅੰਮ੍ਰਿਤਸਰ ਜੰ. ਅੰਮ੍ਰਿਤ ਭਾਰਤ ਐਕਸਪ੍ਰੈਸ ਰੇਲਗੱਡੀ (ਸਪਤਾਹਿਕ)

| ਰੇਲਗੱਡੀ ਨੰ. 14664 | | ↓ ਸਟੇਸ਼ਨ ↑ | ਰੇਲਗੱਡੀ ਨੰ. 14663 | |
|---|---|---|---|---|
| ਪਹੁੰਚ | ਰਵਾਨਗੀ | | ਪਹੁੰਚ | ਰਵਾਨਗੀ |
| ---- | 12:45 | ਅੰਮ੍ਰਿਤਸਰ ਜੰ. | 02:20 | ---- |
| 13:52 | 13:54 | ਜਲੰਧਰ ਸਿਟੀ | 00:50 | 00:52 |
| 14:52 | 14:57 | ਲੁਧਿਆਣਾ ਜੰ. | 23:46 | 23:51 |
| 16:40 | 16:45 | ਅੰਬਾਲਾ ਛਾਉਣੀ | 22:00 | 22:05 |
| 18:00 | 18:05 | ਸਹਾਰਨਪੁਰ ਜੰ. | 20:15 | 20:20 |
| 21:20 | 21:30 | ਮੁਰਾਦਾਬਾਦ ਜੰ. | 15:20 | 15:30 |
| 22:47 | 22:49 | ਬਰੇਲੀ (ਐਨ.ਆਰ.) | 13:45 | 13:47 |
| 00:06 | 00:08 | ਸ਼ਾਹਜਹਾਂਪੁਰ | 11:12 | 11:14 |
| 01:52 | 02:00 | ਸੀਤਾਪੁਰ ਜੰ. | 08:40 | 08:50 |
| 04:45 | 04:50 | ਗੋਂਡਾ ਜੰ. | 05:40 | 05:45 |
| 05:22 | 05:24 | ਬਲਰਾਮਪੁਰ | 04:48 | 04:50 |
| 06:50 | 06:52 | ਬੜਨੀ | 03:48 | 03:50 |
| 07:55 | 07:57 | ਸਿਧਾਰਥ ਨਗਰ | 02:58 | 03:00 |
| 08:25 | 08:27 | ਆਨੰਦ ਨਗਰ ਜੰ. | 02:33 | 02:35 |
| 09:55 | 10:05 | ਗੋਰਖਪੁਰ ਜੰ. | 01:35 | 01:45 |
| 11:03 | 11:05 | ਕਪਤਾਨਗੰਜ ਜੰ. | 00:50 | 00:52 |
| 11:23 | 11:25 | ਸਿਸਵਾ ਬਾਜਾਰ | 00:26 | 00:28 |
| 13:25 | 13:35 | ਨਰਕਟਿਯਾਗੰਜ ਜੰ. | 21:00 | 21:10 |
| 13:57 | 13:59 | ਸਿਕਟਾ | 19:48 | 19:50 |
| 14:25 | 14:30 | ਰਕਸੌਲ ਜੰ. | 19:25 | 19:30 |
| 15:21 | 15:23 | ਬੈਰਗਨਿਯਾਂ | 18:05 | 18:07 |
| 16:30 | 16:35 | ਸੀਤਾਮੜ੍ਹੀ ਜੰ. | 17:30 | 17:35 |
| 17:10 | 17:12 | ਜਨਕਪੁਰ ਰੋਡ | 16:38 | 16:40 |
| 17:46 | 17:48 | ਕਮਤੌਲ | 16:18 | 16:20 |
| 18:10 | 18:12 | ਸ਼ਿਸ਼ੋ ਐਚ | 15:55 | 15:57 |
| 19:08 | 19:10 | ਸਕਰੀ ਜੰ. | 15:10 | 15:12 |
| 19:33 | 19:35 | ਝੰਝਾਰਪੁਰ ਜੰ. | 14:33 | 14:35 |
| 20:00 | 20:02 | ਨਿਮ੍ਰਲੀ | 14:08 | 14:10 |
| 20:35 | 20:37 | ਸਰਾਯਗੜ੍ਹ ਜੰ. | 13:48 | 13:50 |
| 20:50 | 20:52 | ਰਾਘੋਪੁਰ | 13:30 | 13:32 |
| 22:28 | 22:30 | ਨਰਪਤਗੰਜ | 12:48 | 12:50 |
| 23:30 | 23:32 | ਫਾਰਬਿਸਗੰਜ ਜੰ. | 12:28 | 12:30 |
| 23:55 | 23:57 | ਅਰਰਿਯਾ | 11:30 | 11:32 |
| 01:25 | 01:27 | ਠਾਕੁਰਗੰਜ | 10:06 | 10:08 |
| 02:10 | 02:12 | ਬਾਗਡੋਗਰਾ | 09:18 | 09:20 |
| 02:30 | 02:40 | ਸਿਲੀਗੁੜੀ ਜੰ. | 08:40 | 08:50 |
| 04:15 | ---- | ਨਿਊ ਜਲਪਾਈਗੁੜੀ ਜੰ. | ---- | 08:00 |

ਚਲਣ ਦੇ ਦਿਨ : 14664 ਅੰਮ੍ਰਿਤਸਰ ਜੰ. ਤੋਂ ਹਰੇਕ ਵੀਰਵਾਰ ਨੂੰ ਮਿਤੀ 14.05.2026 ਤੋਂ ਅਤੇ 14663 ਨਿਊ ਜਲਪਾਈਗੁੜੀ ਜੰ. ਤੋਂ ਹਰੇਕ ਸ਼ਨੀਵਾਰ ਨੂੰ ਮਿਤੀ 16.05.2026 ਤੋਂ।
ਸਥਾਨ: ਸਲੀਪਰ ਅਤੇ ਜਨਰਲ।

ਉਪਰੋਕਤ ਰੇਲਗੱਡੀ ਦੇ ਰਸਤੇ ਵਿਚ ਆਉਣ ਵਾਲੇ ਸਟਾਪੇਜਾਂ ਅਤੇ ਟਾਈਮ-ਟੇਬਲ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਇਲ ਕਰੋ ਜਾਂ ਰੇਲਗੱਡੀ ਪੁਛਗਿਛ ਵੈਬਸਾਈਟ www.enquiry.indianrail.gov.in ਜਾਂ NTES ਐਪ ਵੇਖਣ।

ਰੇਲਮਦਦ ਹੈਲਪਲਾਈਨ ਨੰ. 139
ਰੇਲਮਦਦ ਵੈਬਸਾਈਟ ਵੇਖੋ:- www.railmadad.indianrailways.gov.in
ਰੇਲਮਦਦ ਐਪ ਡਾਊਨਲੋਡ ਕਰੋ

'ਤੇ ਸਾਨੂੰ ਫਾਲੋ ਕਰੋ
ਉੱਤਰ ਰੇਲਵੇ
ਸਦਾ ਤੁਹਾਡੀ ਸੇਵਾ ਵਿਚ
ਸਾਨੂੰ www.nr.indianrailways.gov.in 'ਤੇ ਮਿਲੋ
1606/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਗੋਲੀਆਂ ਮੇਰੇ ਪਿਤਾ ਦੀ ਅਵਾਜ਼ ਨੂੰ ਕਦੇ ਚੁੱਪ ਨਹੀਂ ਕਰਾ ਸਕੀਆਂ

1980 ਦੇ ਦਹਾਕੇ ਦੇ ਅੰਤ ਵਿੱਚ ਮੇਰੇ ਪਿਤਾ ਜੀ ਜੋ ਲੰਮੇ ਸਮੇਂ ਤੋਂ ਜ਼ਿਲ੍ਹਾ ਲੁਧਿਆਣਾ ਦੇ ਪੰਧੇਰ ਖੇੜੀ ਨਾਮਕ ਇੱਕ ਛੋਟੇ ਜਿਹੇ ਪਿੰਡ ਵਿੱਚ ਰਹਿੰਦੇ ਸਨ, ਨੂੰ ਅੱਤਵਾਦੀਆਂ ਨੇ ਸ਼ਹੀਦ ਕਰ ਦਿੱਤਾ ਸੀ। ਉਸੇ ਦਿਨ ਮੇਰੀ ਮਾਂ ਸੁਰੱਖਿਆ ਕਾਰਨਾਂ ਕਰਕੇ ਮੇਰੇ ਨਾਨਾ-ਨਾਨੀ ਦੇ ਘਰ (ਨਾਨਕਾ ਪਿੰਡ) ਚਲੀ ਗਈ।

ਮੇਰੇ ਨਾਨਾ ਜੀ ਨੇ ਮੇਰੇ ਪਿਤਾ ਜੀ ਦੀਆਂ ਕਈ ਕਹਾਣੀਆਂ ਸਾਂਝੀਆਂ ਕੀਤੀਆਂ, ਕਿਵੇਂ-ਕਿਵੇਂ ਮੇਰੇ ਪਿਤਾ ਨੂੰ ਅੱਤਵਾਦੀਆਂ ਦੁਆਰਾ ਮਾਰ ਦੇਣ ਦੀ ਧਮਕੀ ਦਿੱਤੀ ਗਈ ਸੀ, ਪਰ ਉਹ ਨਿਡਰ ਹੋ ਕੇ ਧਾਰਮਿਕ ਫਾਸ਼ੀਵਾਦ ਦੇ ਵਿਰੁੱਧ ਖੜੇ ਹੋਏ ਅਤੇ ਆਪਣੀ ਜ਼ਿੰਦਗੀ ਸਿਰਫ ਸਾਡੇ ਲਈ ਨਹੀਂ, ਬਲਕਿ ਸਾਰਿਆਂ ਲਈ ਲਾ ਦਿੱਤੀ। ਅੱਜ ਤੱਕ ਮੈਂ ਆਪਣੇ ਦਾਦਾ ਜੀ ਦੇ ਸ਼ਬਦਾਂ ਤੋਂ ਪ੍ਰੇਰਨਾ ਲੈਂਦਾ ਹਾਂ। ਇਹ ਤੋਪਾਂ ਅਤੇ ਗੋਲੀਆਂ ਤੁਹਾਡੇ ਪਿਤਾ ਦੀ ਅਵਾਜ਼ ਨੂੰ ਕਦੇ ਚੁੱਪ ਨਹੀਂ ਕਰਾ ਸਕੀਆਂ । ਮੇਰੇ ਪਿਤਾ ਦੀ ਦੁਖਦਾਈ ਮੌਤ ਨੇ ਮੇਰੇ ਪਿਤਾ ਦੀ ਹੱਤਿਆ ਕਰਨ ਵਾਲਿਆਂ ਖਿਲਾਫ ਬਦਲਾ ਲੈਣ ਦੀ ਮੇਰੀ ਸੋਚ ਨੂੰ ਵਧਾਇਆ।

ਪੰਜਾਬ ਵਿੱਚ ਅੱਤਵਾਦ ਨੇ ਸਿਰਫ ਮੇਰੇ ਪਰਵਾਰ ਨੂੰ ਹੀ ਨਹੀਂ ਬਲਕਿ ਹਰ ਘਰ ਨੂੰ ਸਿੱਧੇ ਜਾਂ ਅਸਿੱਧੇ ਤੌਰ ਉਤੇ ਪ੍ਰਭਾਵਿਤ ਕੀਤਾ। ਜਿਵੇਂ-ਜਿਵੇਂ ਮੈਂ ਵੱਡਾ ਹੋਇਆ ਤਾਂ ਮੈਨੂੰ ਪਤਾ ਲੱਗਿਆ ਕਿ ਇਸ ਦੌਰ ਵਿੱਚ ਬਹੁਤ ਸਾਰੇ ਪਰਵਾਰਾਂ ਦੇ ਆਪਣੇ ਬੱਚੇ, ਮਾਤਾ, ਪਿਤਾ ਜਾਂ ਹੋਰ ਨਜ਼ਦੀਕੀ ਸੰਬੰਧੀ ਤੇ ਕਈਆਂ ਦੇ ਤਾਂ ਰੋਟੀ ਕਮਾਉਣ ਵਾਲੇ ਇੱਕੋ-ਇੱਕ ਮੈਂਬਰ ਮਾਰੇ ਗਏ । ਇਹਨਾਂ ਹਾਲਾਤ ਵਿੱਚ ਅੱਤਵਾਦੀਆਂ ਅਤੇ ਸੁਰੱਖਿਆ ਬਲਾਂ ਨੇ ਹਜ਼ਾਰਾਂ ਲੋਕਾਂ ਦੀ ਜਾਨ ਲੈ ਲਈ। ਜਿਵੇਂ ਕਿ ਮੈਂ 4 ਸਾਲਾਂ ਦੀ ਬਹੁਤ ਛੋਟੀ ਉਮਰ ਵਿੱਚ ਆਪਣੇ ਪਿਤਾ ਨੂੰ ਗੁਆ ਲਿਆ, ਮੈਂ ਬਹੁਤ ਛੋਟਾ ਸੀ ਕਿ ਉਸ ਦੁਖਾਂਤ ਦੀ ਗੰਭੀਰਤਾ ਨੂੰ ਮਹਿਸੂਸ ਕਰ ਸਕਾਂ, ਜੋ ਉਸ ਸਮੇਂ ਮੇਰੇ ਪਰਵਾਰ ਨੂੰ ਦੁੱਖ ਸੀ, ਪਰ ਮੈਨੂੰ ਪਤਾ ਸੀ ਕਿ ਕੋਈ ਭਿਆਨਕ ਘਟਨਾ ਵਾਪਰ ਗਈ ਸੀ।

ਮੇਰੇ ਬਚਪਨ ਦੀਆਂ ਯਾਦਾਂ ਉਸ ਦੇ ਪਤੀ ਦੇ ਬਗੈਰ ਮੇਰੀ ਇਕਲੌਤੀ ਮਾਂ ਦੇ ਦੁਆਲੇ ਘੁੰਮਦੀਆਂ ਹਨ । ਮੈਂ ਆਪਣੀ ਮਾਂ ਦਾ ਸ਼ੁਕਰਗੁਜ਼ਾਰ ਹਾਂ, ਜਿਸ ਨੇ ਕਦੇ ਨੌਕਰੀ ਨਹੀਂ ਕੀਤੀ ਸੀ। ਚੁਣੌਤੀਆਂ ਦੇ ਬਾਵਜੂਦ ਉਸ ਨੇ ਵਧੇਰੇ ਕੱਪੜੇ ਸਿਲਾਈ ਕਰਨ ਦਾ ਕੰਮ ਕੀਤਾ ਅਤੇ ਇੱਕ ਖਤਰਨਾਕ ਵਾਤਾਵਰਣ ਤੋਂ ਬਚਣ ਵਿੱਚ ਮੇਰੀ ਮਦਦ ਕੀਤੀ । ਉਸ ਨੇ ਆਪਣੇ ਬੱਚਿਆਂ ਨੂੰ ਉਮੀਦ ਦੀ ਰੋਸ਼ਨੀ ਦੇਣ ਲਈ ਆਪਣੇ ਆਪ ਨੂੰ ਤਪਾਇਆ। ਜਦੋਂ ਮੇਰੇ ਪਿਤਾ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ, ਮੇਰੀ ਮਾਂ ਸਾਡੇ ਪਿਤਾ ਦੀ ਤਰ੍ਹਾਂ ਆਪਣੇ ਬੱਚਿਆਂ ਮੇਰੇ ਤੇ ਮੇਰੇ ਭਰਾ ਬਾਰੇ ਬਹੁਤ ਚਿੰਤਤ ਸੀ।

ਮੇਰੇ ਹਾਈ ਸਕੂਲ ਗ੍ਰੈਜੂਏਸ਼ਨ ਵੇਲੇ ਮੈਂ ਚੋਟੀ ਦੇ ਹੋਣਹਾਰ ਵਿਦਿਆਰਥੀਆਂ ਵਿਚੋਂ ਇਕ ਸੀ ਅਤੇ ਇਕ ਰਾਸ਼ਟਰੀ ਸਕਾਲਰਸ਼ਿਪ ਸਰਟੀਫਿਕੇਟ ਪ੍ਰਾਪਤ ਕੀਤਾ। ਮੇਰੇ ਵੱਡੇ ਭਰਾ ਯਾਦਵਿੰਦਰ ਨੇ ਸਮੇਂ-ਸਮੇਂ ਬੜਾ ਹੌਸਲਾ ਦਿੱਤਾ ਤੇ ਮੈਨੂੰ ਵਿਦੇਸ਼ ਜਾ ਕੇ ਉੱਚ ਸਿੱਖਿਆ ਲੈਣ ਲਈ ਪ੍ਰੇਰਿਆ।ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਇੰਜੀਨੀਅਰਿੰਗ ਦੀ ਪੜ੍ਹਾਈ ਖਤਮ ਕਰਨ ਤੋਂ



ਮਨਿੰਦਰ ਤੇ ਯਾਦਵਿੰਦਰ

ਬਾਅਦ 2007 ਵਿਚ ਮੈਂ ਬਹੁਤ ਖੁਸ਼ਕਿਸਮਤ ਸੀ ਕਿ ਉੱਚ ਪੜ੍ਹਾਈ ਕਰਨ ਲਈ ਸੰਯੁਕਤ ਰਾਜ ਅਮਰੀਕਾ ਵਿੱਚ ਦਾਖ਼ਲਾ ਮਿਲ ਗਿਆ। ਮੈਂ ਉਤਸ਼ਾਹਤ ਸੀ। ਇਹ ਇਕ ਅਸਲ ਸੁਪਨੇ ਦੀ ਤਰ੍ਹਾਂ ਮਹਿਸੂਸ ਹੋਇਆ, ਨਾ ਸਿਰਫ ਮੇਰੇ ਲਈ, ਬਲਕਿ ਹਿੰਸਾ ਨਾਲ ਭਰੇ ਹਰ ਬੱਚੇ ਲਈ।

ਲੰਮੇ ਸਮੇਂ ਤੋਂ ਗੁੰਮ ਹੋ ਚੁੱਕੇ ਪਿਤਾ ਦੀ ਭਾਲ ਵਿੱਚ ਇੱਕ ਛੋਟੇ ਜਿਹੇ ਪਿੰਡ ਤੋਂ ਇੱਕ ਵਿਸ਼ਵ ਦੀ ਰਾਜਧਾਨੀ ਤੱਕ ਦਾ ਸਫ਼ਰ - ਇਸ ਸਿਰਲੇਖ ਹੇਠ ਬੋਸਟਨ ਗਲੋਬ ਅਖਬਾਰ ਨੇ ਮੇਰੀ ਕਹਾਣੀ ਦਾ ਵਰਣਨ ਕੀਤਾ। ਇਹ ਮੇਰੀ ਮਾਂ ਲਈ ਇੱਕ ਮਾਣ ਵਾਲਾ ਪਲ ਸੀ, ਜਦੋਂ ਮੈਨੂੰ ਬੋਸਟਨ ਦੇ ਉਤਰ-ਪੂਰਬੀ ਯੂਨੀਵਰਸਿਟੀ ਵਿੱਚ ਇੱਕ ਗ੍ਰੈਜੂਏਟ ਦੀ ਸਫਲਤਾ ਦੀ ਕਹਾਣੀ ਵਿੱਚ ਪ੍ਰਦਰਸ਼ਿਤ ਕੀਤਾ ਗਿਆ ।

ਮੈਂ ਪਿਛਲੇ 10 ਸਾਲਾਂ ਤੋਂ ਇੱਕ ਇੰਜੀਨੀਅਰ ਵਜੋਂ ਕੰਮ ਕਰ ਰਿਹਾ ਹਾਂ। ਮੇਰੇ ਪਿਤਾ ਦੀ ਮੌਤ ਤੋਂ ਬਾਅਦ ਮੇਰੇ ਪਰਵਾਰ ਨੂੰ ਮੁੜ ਸਥਾਪਤ ਹੋਣ ਵਿਚ ਲਗਭਗ 30 ਸਾਲ ਲੱਗ ਗਏ । ਅਸੀਂ ਕਲਪਨਾ ਨਹੀਂ ਕਰ ਸਕਦੇ ਕਿ ਪੰਜਾਬ ਦੇ ਕਿੰਨੇ ਪਰਵਾਰਾਂ ਨੇ ਅੱਤਵਾਦ ਦੇ ਕਾਲੇ ਦਿਨਾਂ ਦੀ ਕੀਮਤ ਅਦਾ ਕੀਤੀ। ਮੇਰੇ ਜੀਵਨ ਦੇ ਤਜਰਬੇ ਨੇ ਮੈਨੂੰ ਸਿਖਾਇਆ ਹੈ ਕਿ ਬੰਦੂਕ ਤੇ ਹਿੰਸਾ ਤੋਂ ਕੁਝ ਪ੍ਰਾਪਤ ਨਹੀਂ ਹੁੰਦਾ ਤੇ ਅਨੇਕਾਂ ਪੀੜ੍ਹੀਆਂ ਕਿੰਨਾ ਕੁਝ ਗੁਆ ਬੈਠਦੀਆਂ ਹਨ, ਪਰ ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਅਸੀਂ ਸ਼ਾਂਤੀ ਰਾਹੀਂ ਸਭ ਕੁਝ ਪ੍ਰਾਪਤ ਕਰ ਸਕਦੇ ਹਾਂ।

ਅੱਜ ਮੈਂ ਇੱਕ ਸਫ਼ਲ ਇੰਜੀਨੀਅਰ ਅਤੇ ਵਿਸ਼ਵ ਯਾਤਰੀ ਹਾਂ। ਇੱਕ ਛੋਟੇ ਜਿਹੇ ਦੂਰ-ਦੁਰਾਡੇ ਪਿੰਡ ਤੋਂ ਸ਼ੁਰੂ ਕਰਦਿਆਂ ਮੈਂ ਉੱਤਰ ਤੋਂ ਦੱਖਣੀ ਅਮਰੀਕਾ, ਯੂਰਪ ਤੋਂ ਪੂਰਬੀ ਏਸ਼ੀਆ ਅਤੇ ਅਫਰੀਕਾ ਤੋਂ ਮਿਡਲ ਈਸਟ ਤੱਕ 40 ਦੇਸ਼ਾਂ ਦੀ ਯਾਤਰਾ ਕੀਤੀ ਹੈ।ਮੈਂ ਅੱਜ ਜੋ ਹਾਂ, ਸਭ ਆਪਣੀ ਮਾਂ ਕਰਕੇ ਹਾਂ । ਮੈਂ ਉਨ੍ਹਾਂ ਸਾਰਿਆਂ ਦਾ ਵੀ ਧੰਨਵਾਦੀ ਹਾਂ, ਜਿਨ੍ਹਾਂ ਪੰਜਾਬ ਵਿੱਚ ਸ਼ਾਂਤੀ ਬਹਾਲ ਕਰਨ ਵਿੱਚ ਸਹਾਇਤਾ ਕੀਤੀ । ਅੱਜ ਮੈਂ ਮਹਿਸੂਸ ਕਰਦਾ ਹਾਂ ਕਿ ਮੈਂ ਸਭ ਤੋਂ ਖੁਸ਼ਕਿਸਮਤ ਅਤੇ ਸਭ ਤੋਂ ਖੁਸ਼ ਹਾਂ ।ਮੈਂ ਉਨ੍ਹਾਂ ਵਿਅਕਤੀਆਂ ਪ੍ਰਤੀ ਨਫਰਤ ਨਹੀਂ ਕਰਦਾ, ਜਿਨ੍ਹਾਂ ਮੇਰੇ ਪਿਤਾ ਨੂੰ ਮਾਰਿਆ, ਕਿਉਂਕਿ ਉਨ੍ਹਾਂ ਨਫਰਤ ਨੂੰ ਦੂਰ ਕਰਨ ਲਈ ਸ਼ਾਂਤੀ ਦੀ ਸ਼ਕਤੀ ਨੂੰ ਸਮਝਣ ਵਿੱਚ ਮੇਰੀ ਸਹਾਇਤਾ ਕੀਤੀ । ਸਾਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ: ਡੇਸਮੰਡ ਟੂਟੂ ਅਨੁਸਾਰ, ਮੁਆਫ ਕੀਤੇ ਬਿਨਾਂ ਕੋਈ ਭਵਿੱਖ ਨਹੀਂ ਹੁੰਦਾ ।

ਧਾਰਮਿਕ ਕੱਟੜਤਾ, ਜਿਸ ਨੇ ਮੇਰੇ ਪਿਤਾ ਦੀ ਜਾਨ ਲੈ ਲਈ, ਉਹ ਵਧ ਰਹੀ ਹੈ, ਪਰ ਅਸੀਂ ਮਿਲ ਕੇ ਇਸ ਨਾਲ ਲੜ ਸਕਦੇ ਹਾਂ। ਇਹ ਪਹਿਲਾਂ ਨਾਲੋਂ ਵੀ ਮਹੱਤਵਪੂਰਨ ਹੈ ਕਿ ਸਾਨੂੰ ਸਾਰਿਆਂ ਨੂੰ ਇਕਜੁੱਟ ਹੋਣਾ ਚਾਹੀਦਾ ਹੈ ਅਤੇ ਧਾਰਮਿਕ ਕੱਟੜਵਾਦ ਦੇ ਵਿਰੁੱਧ ਉੱਠਣਾ ਚਾਹੀਦਾ ਹੈ। ਜੇ ਤੁਸੀਂ ਅੱਜ ਸਟੈਂਡ ਨਹੀਂ ਲੈਂਦੇ ਤਾਂ ਕੱਲ੍ਹ ਘਰ-ਘਰ ਧਾਰਮਿਕ ਨਫਰਤ ਦੀ ਅੱਗ ਫੈਲ ਜਾਵੇਗੀ। ਮੈਨੂੰ ਸੁਰਜੀਤ ਪਾਤਰ ਦੀਆਂ ਲਾਈਨਾਂ ਯਾਦ ਆਉਂਦੀਆਂ ਹਨ: 'ਲੱਗੀ ਜੇ ਤੇਰੇ ਕਲੇਜੇ ਅਜੇ ਛੁਰੀ ਨਹੀਂ ਹੈ, ਇਹ ਨਾ ਸਮਝੀਂ ਕਿ ਸ਼ਹਿਰ ਦੀ ਹਾਲਤ ਬੁਰੀ ਨਹੀਂ ਹੈ ।'

ਪੰਜਾਬ ਦੇ ਲੋਕਾਂ ਨੇ ਸ਼ਾਂਤੀ ਬਹਾਲ ਕਰਨ ਲਈ ਭਾਰੀ ਕੀਮਤ ਅਦਾ ਕੀਤੀ ਹੈ। ਆਓ, ਆਪਾਂ ਇਕ ਸ਼ਾਂਤੀ ਅਤੇ ਖੁਸ਼ਹਾਲ ਪੰਜਾਬ ਬਣਾਉਣ ਲਈ ਆਪਣੀਆਂ ਜ਼ਿੰਦਗੀਆਂ ਸਮਰਪਿਤ ਕਰਨ ਦਾ ਵਾਅਦਾ ਕਰੀਏ, ਇਹੋ ਹੀ ਹੈ ਸਾਡਾ ਸੁਖਾਵਾਂ ਭਵਿੱਖ।

**- ਮਨਿੰਦਰ ਸਿੰਘ (ਹੂੰਝਣ)**

# ਸਾਡਾ ਰਾਹ-ਦਸੇਰਾ ਸ਼ਹੀਦ ਕਾਮਰੇਡ ਗੁਰਮੇਲ ਸਿੰਘ ਹੂੰਝਣ

ਫ਼ਿਰਕਾਪ੍ਰਸਤ ਅਤੇ ਦਹਿਸ਼ਤਗਰਦ ਤਾਕਤਾਂ ਵੱਲੋਂ 14 ਮਈ 1989 ਸਵੇਰ ਦੇ ਲੱਗਭੱਗ 5.35 ਵਜੇ ਕਾਮਰੇਡ ਗੁਰਮੇਲ ਸਿੰਘ ਹੂੰਝਣ ਨੂੰ ਉਸ ਦੇ ਗੰਨਮੈਨ ਕਾਮਰੇਡ ਜੋਗਿੰਦਰ ਸਿੰਘ ਸਮੇਤ ਸ਼ਹੀਦ ਕਰ ਦਿੱਤਾ ਸੀ ਜਦੋਂ ਉਹ ਆਪਣੇ ਘਰ ਤੋਂ ਥੋੜ੍ਹੀ ਦੂਰ ਜੰਗਲ ਪਾਣੀ ਲਈ ਜਾ ਰਹੇ ਸਨ। ਕਾਫੀ ਵੱਡਾ ਸੁਆਲ ਸਾਡੇ ਦਿਮਾਗਾਂ ਵਿੱਚ ਆਉਂਦਾ ਹੈ ਕਿ ਉਨ੍ਹਾਂ ਸਿਰ ਫਿਰੇ ਲੋਕਾਂ ਦੀ ਕਾਮਰੇਡ ਗੁਰਮੇਲ ਨਾਲ ਕੀ ਲੜਾਈ ਸੀ ਜਿਨ੍ਹਾਂ ਨੇ ਉਨ੍ਹਾਂ ਨੂੰ ਸਦਾ ਦੀ ਨੀਂਦ ਸੁਆ ਦਿੱਤਾ। ਪੰਜਾਬ ਅੰਦਰ 1978 ਤੋਂ ਦਹਿਸਤਗਰਦ, ਫ਼ਿਰਕਾਪ੍ਰਸਤ, ਅਤਿਵਾਦੀ ਅਤੇ ਵੱਖਵਾਦੀ ਲੋਕਾਂ ਦਾ ਬੋਲਬਾਲਾ ਸ਼ੁਰੂ ਹੋ ਗਿਆ ਸੀ ਅਮਰੀਕਾ ਦੀ ਸ਼ਹਿ ਤੇ ਪਾਕਿਸਤਾਨ ਵਿੱਚ ਵੱਖਵਾਦੀਆਂ ਦੇ ਟ੍ਰੇਨਿੰਗ ਸੈਂਟਰ ਚਲਦੇ ਸਨ ।ਪੰਜਾਬ ਸੂਬੇ ਨੂੰ ਇਸ ਮਕਸਦ ਲਈ ਇਸ ਕਰਕੇ ਚੁਣਿਆ ਗਿਆ ਕਿਉਂਕਿ ਸਾਡੀ ਸਰਹੱਦ ਪਾਕਿਸਤਾਨ ਨਾਲ ਲੱਗਦੀ ਹੈ ਜਿੱਥੇ ਭਾਰਤ ਵਿੱਚ ਅਤਿਵਾਦੀਆਂ ਨੂੰ ਘੁਸਪੈਠ ਕਰਾਉਣਾ ਸੌਖਾ ਸੀ। ਵਿਦੇਸ਼ੀ ਤਾਕਤਾਂ (ਅਮਰੀਕਾ ਤੇ ਪਾਕਿਸਤਾਨ) ਭਾਰਤ ਨੂੰ ਕਮਜ਼ੋਰ ਕਰਨਾ ਚਾਹੁੰਦੀਆਂ ਸਨ। ਖ਼ਾਲਿਸਤਾਨ ਦੇ ਨਾਂ ਹੇਠ ਸਾਡੇ ਦੇਸ਼ ਨੂੰ ਵੰਡਣਾ ਚਾਹੁੰਦੇ ਸਨ ।

ਸਾਡਾ ਨਾਅਰਾ ਹੈ "ਨਾ ਹਿੰਦੂ ਰਾਜ ਨਾ ਖਾਲਿਸਤਾਨ ਜੁੱਗ ਜੁੱਗ ਜੀਵੇ ਹਿੰਦੋਸਤਾਨ"। ਜਿੱਥੇ ਹੋਰ ਲੋਕ ਇਨ੍ਹਾਂ ਕਾਲੀਆਂ ਕਰਤੂਤਾਂ ਦਾ ਵਿਰੋਧ ਕਰਦੇ ਸਨ ਉੱਥੇ ਕਈ ਰਾਜਨੀਤਕ ਪਾਰਟੀਆਂ ਵੀ ਇਸ ਦੀ ਵਿਰੋਧਤਾ ਕਰਦੀਆਂ ਸਨ, ਜਿਨ੍ਹਾਂ ਵਿੱਚ ਕਮਿਊਨਿਸਟ ਪਾਰਟੀਆਂ ਹਿੱਕ ਡਾਅ ਕੇ ਡਟਵੀਂ ਵਿਰੋਧਤਾ ਕਰਦੀਆਂ ਸਨ। ਕਮਿਊਨਿਸਟਾਂ ਵੱਲੋਂ ਆਪਣੇ ਵਰਕਰਾਂ ਅਤੇ ਲੀਡਰਾਂ ਨੂੰ ਚੇਤੰਨ ਕਰ ਕੇ ਇਕੱਠ ਕੀਤੇ ਜਾਂਦੇ ਸਨ ਜਿਨ੍ਹਾਂ ਇਕੱਠਾਂ ਵਿੱਚ ਹੋਰ ਲੋਕਾਂ ਨੂੰ ਅੱਤਵਾਦੀਆਂ ਵੱਖਵਾਦੀਆਂ ਫ਼ਿਰਕਾਪ੍ਰਸਤ ਤਾਕਤਾਂ ਦੇ ਖ਼ਿਲਾਫ਼ ਬੋਲਣ ਦਾ ਉਤਸ਼ਾਹ ਪੈਦਾ ਹੁੰਦਾ ਸੀ। ਕਮਿਊਨਿਸਟ ਪਾਰਟੀਆਂ ਨੂੰ ਇਸ ਲੜਾਈ ਨੂੰ ਹਰਾਉਣ ਲਈ ਭਾਰੀ ਮੁੱਲ ਤਾਰਨਾ ਪਿਆ ਜਿਸ ਵਿਚ ਲਗਪਗ 350 ਲੀਡਰ ਅਤੇ ਵਰਕਰ ਸ਼ਹੀਦ ਹੋਏ । ਇਨ੍ਹਾਂ ਵਿੱਚ ਜ਼ਿਲ੍ਹਾ ਲੁਧਿਆਣਾ ਦੇ ਕਸਬਾ ਮਲੌਦ ਤੋਂ ਚਾਰ ਕਿਲੋਮੀਟਰ ਦੀ ਦੂਰੀ ਤੇ ਛੋਟਾ ਜਿਹਾ ਪਿੰਡ ਪੰਧੇਰ ਖੇੜੀ ਜੋ ਕਿ ਦੇਸ਼ ਭਗਤ ਆਜ਼ਾਦੀ ਘੁਲਾਟੀਏ ਅਤੇ ਸੁਤੰਤਰਤਾ ਸੰਗਰਾਮੀਏ ਉੱਘੇ ਕਮਿਊਨਿਸਟ ਆਗੂ ਕਾਮਰੇਡ ਚੰਨਣ ਸਿੰਘ ਬਰੌਲਾ ਦਾ ਪਿੰਡ ਹੈ । ਉਨ੍ਹਾਂ ਦੇ ਚਾਰ ਪੁੱਤਰਾਂ ਚੋਂ ਸਭ ਤੋਂ ਛੋਟਾ ਪੁੱਤਰ ਬੜਾ ਹੀ ਹੋਣਹਾਰ ਨਿਧੜਕ ਕਮਿਊਨਿਸਟ ਲੀਡਰ, ਪਿੰਡ ਪੰਧੇਰ ਖੇੜੀ



ਗੁਰਮੇਲ ਸਿੰਘ ਹੂੰਝਣ ਤੇ ਸ਼ਰਨਜੀਤ ਕੌਰ

ਦਾ ਸਰਪੰਚ, ਸੀਪੀਆਈ ਜ਼ਿਲ੍ਹਾ ਲੁਧਿਆਣਾ ਦਾ ਜਾਇੰਟ ਸਕੱਤਰ, ਪੰਜਾਬ ਦੀ ਨੌਜਵਾਨ ਸਭਾ ਦਾ ਸੂਬਾ ਸਹਾਇਕ ਸਕੱਤਰ, ਪੰਜਾਬ ਦੇ ਚੋਟੀ ਦੇ ਆਗੂਆਂ ਵਿੱਚੋਂ ਇੱਕ ਕਾਮਰੇਡ ਗੁਰਮੇਲ ਸਿੰਘ ਹੂੰਝਣ ਆਪਣੇ ਗੰਨਮੈਨ ਕਾਮਰੇਡ ਜੋਗਿੰਦਰ ਸਿੰਘ ਪੰਧੇਰਖੇੜੀ ਸਮੇਤ ਸ਼ਹੀਦੀ ਦਾ ਜਾਮ ਪੀ ਗਿਆ । ਕਾਮਰੇਡ ਸ਼ਹੀਦ ਗੁਰਮੇਲ ਸਿੰਘ ਹੂੰਝਣ ਦਾ ਜਨਮ 15.10.1951 ਨੂੰ ਮਾਤਾ ਸਤਵੰਤ ਕੌਰ ਦੀ ਕੁੱਖੋਂ ਹੋਇਆ। ਮੁੱਢਲੀ ਪੜ੍ਹਾਈ ਪਿੰਡ ਪੰਧੇਰ ਖੇੜੀ ਤੋਂ ਕਰਕੇ ਦਸਵੀਂ ਗੌਰਮਿੰਟ ਹਾਈ ਸਕੂਲ ਮਲੌਦ ਤੋਂ ਕੀਤੀ। ਬੀ ਏ ਮਲੇਰਕੋਟਲਾ ਤੋਂ ਅਤੇ ਐਮ ਏ ਆਰੀਆ ਕਾਲਜ ਲੁਧਿਆਣਾ ਤੋਂ ਕੀਤੀ। ਵਿਦਿਆਰਥੀ ਜੀਵਨ ਮੌਕੇ ਵਿਦਿਆਰਥੀਆਂ ਦੇ ਬਹੁਤ ਮਸਲੇ ਸਨ ਜਿਨ੍ਹਾਂ ਨੂੰ ਕਾ ਹੂੰਝਣ ਨੇ ਅਗਵਾਈ ਕਰਕੇ ਸ਼ੰਘਰਸ਼ ਰਾਹੀਂ ਹੱਲ ਕਰਵਾਉਣ ਵਿੱਚ ਕਾਮਯਾਬੀ ਪ੍ਰਾਪਤ ਕੀਤੀ। ਭਾਵੇਂ ਕਈ ਵਾਰ ਪੁਲੀਸ ਤਸ਼ੱਦਦ ਵੀ ਝੱਲਣਾ ਪਿਆ । ਪੁਲੀਸ ਥਾਣਿਆਂ ਵਿੱਚ ਰਾਤਾਂ ਵੀ ਕੱਟਣੀਆਂ ਪਈਆਂ। ਸ਼ਹੀਦ ਗੁਰਮੇਲ ਸਿੰਘ ਹੂੰਝਣ ਦਾ ਵਿਆਹ ਬੀਬੀ ਸ਼ਰਨਜੀਤ ਕੌਰ ਜੋ ਲੁਧਿਆਣਾ ਸ਼ਹਿਰ ਦੀ ਹੈ ਨਾਲ ਹੋਇਆ ਜਿਨ੍ਹਾਂ ਦੀ ਕੁੱਖ ਚੋਂ ਦੋ ਬੇਟੇ ਯਾਦਵਿੰਦਰ ਸਿੰਘ ਅਤੇ ਮਨਿੰਦਰ ਸਿੰਘ ਪੈਦਾ ਹੋਏ ਜੋ ਕਿ ਅੱਜਕੱਲ੍ਹ ਆਸਟ੍ਰੇਲੀਆ ਅਤੇ ਅਮਰੀਕਾ ਵਿੱਚ ਸੈਟਲ ਹਨ। ਸ਼ਹੀਦ ਗੁਰਮੇਲ ਸਿੰਘ ਹੂੰਝਣ ਅਤੇ ਉਨ੍ਹਾਂ ਦੇ ਗੰਨਮੈਨ ਸ਼ਹੀਦ ਜੋਗਿੰਦਰ ਸਿੰਘ ਦੀ ਬਰਸੀ ਹਰ ਸਾਲ ਪਿੰਡ ਪੰਧੇਰ ਖੇੜੀ ਵਿਖੇ ਮਨਾਈ ਜਾਂਦੀ ਹੈ ਅਤੇ ਇਸ ਸਮੇਂ ਵੀ 14 ਮਈ ਨੂੰ ਦੋਨਾਂ ਸ਼ਹੀਦਾਂ ਦੀ ਬਰਸੀ ਬੜੇ ਉਤਸ਼ਾਹ ਨਾਲ ਮਨਾਈ ਜਾਵੇਗੀ।

ਇਸ ਸਮੇਂ ਪੰਜਾਬ ਦੇ ਰਾਜਨੀਤਕ ਆਗੂ ,ਭਾਰਤੀ ਕਮਿਊਨਿਸਟ ਪਾਰਟੀ ਦੇ ਵੱਡੇ ਲੀਡਰ, ਨਾਟਕਕਾਰਾਂ ਅਤੇ ਗੀਤਾਂ ਰਾਹੀਂ ਇਨ੍ਹਾਂ ਸ਼ਹੀਦ ਸਾਥੀਆਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆ ਜਾਣਗੀਆ। ਇਸ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ ਤੇ ਹਨ ਇਲਾਕੇ ਵਿੱਚੋਂ ਕਾਫੀ ਲੋਕ ਸ਼ਮੂਲੀਅਤ ਕਰਨਗੇ ਅਤੇ ਪ੍ਰਣ ਕੀਤਾ ਜਾਵੇਗਾ ਕਿ ਇਨ੍ਹਾਂ ਸ਼ਹੀਦ ਸਾਥੀਆਂ ਦੀ ਵਿਚਾਰਧਾਰਾ ਨੂੰ ਪ੍ਰਫੁੱਲਤ ਕੀਤਾ ਜਾਵੇ। ਦੇਸ਼ ਵਿੱਚ ਫ਼ਿਰਕਾਪ੍ਰਸਤ ਤਾਕਤਾਂ ਖਿਲਾਫ਼ ਡਟ ਕੇ ਖੜਿਆ ਜਾਵੇ ,ਦੇਸ਼ ਚੋਂ ਗ਼ਰੀਬੀ, ਭੁੱਖਮਰੀ, ਬੇਰੁਜਗਾਰੀ, ਅਨਪੜ੍ਹਤਾ, ਮਹਿੰਗਾਈ, ਬੇਇਨਸਾਫ਼ੀ, ਸਮਾਜਿਕ ਜਬਰ ਜੁਲਮ ਵੱਖਵਾਦ ,ਅਤਿਵਾਦ ਅਤੇ ਆਰਥਿਕ ਨਾ ਬਰਾਬਰੀ ਖਿਲਾਫ ਪੂਰੀ ਤਾਕਤ ਨਾਲ ਲੜਿਆ ਜਾਵੇ ਤਾਂ ਕਿ ਇਨ੍ਹਾਂ ਸ਼ਹੀਦ ਸਾਥੀਆਂ ਦੇ ਸੁਪਨੇ ਪੂਰੇ ਹੋ ਸਕਣ। 'ਸ਼ਹੀਦ ਸਾਥੀਆਂ ਦਾ ਜੋ ਪੈਗਾਮ ਜਾਰੀ ਰੱਖਾਂਗੇ ਸੰਗ੍ਰਾਮ'

**- ਭਗਵਾਨ ਸਿੰਘ ਸੋਮਲਖੇੜੀ**
ਸਕੱਤਰ, ਸੀ ਪੀ ਆਈ ਬਲਾਕ ਡੇਹਲੋਂ ਅਤੇ ਮਲੌਦ

## ਜਨਮ ਦਿਨ ਮੁਬਾਰਕ



ਮਾਨਵੀ
ਫਿਰੋਜ਼ਪੁਰ

## ਗੁਰਮਤਿ ਸਮਾਗਮ 17 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਭੁੰਗਰਨੀ ਵਿਖੇ ਸੰਤ ਬਾਬਾ ਹੀਰਾ ਸਿੰਘ ਜੀ ਕੁਟੀਆ ਦੇ ਅਸਥਾਨ ਤੇ ਸਮੂਹ ਇਲਾਕਾ ਨਿਵਾਸੀ, ਐਨ ਆਰ ਆਈ ਤੇ ਇਲਾਕੇ ਦੇ ਸਹਿਯੋਗ ਨਾਲ ਸੰਤ ਬਾਬਾ ਦੇਵ ਜੀ, ਸੰਤ ਬਾਬਾ ਭੂਪ ਜੀ ਦੀ ਸਲਾਨਾ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ 17 ਮਈ ਨੂੰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਮੁੱਖ ਸੇਵਾਦਾਰ ਜਗਤਾਰ ਸਿੰਘ ਭੁੰਗਰਨੀ ਪੱਤਰਕਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 17 ਮਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਹੁਸ਼ਿਆਰਪੁਰ ਵਾਲੇ ਕੀਰਤਨ ਕਰਨਗੇ।

## ਸਕੂਲ ਦੀ ਲਾਇਬ੍ਰੇਰੀ ਲਈ ਕਿਤਾਬਾਂ ਕੀਤੀਆਂ ਭੇਟ



**ਫਗਵਾੜਾ (ਡਾ. ਰਮਨ)**-ਉਸਾਰੂ ਸਾਹਿਤ ਅਤੇ ਸਾਫ ਸੁੱਥਰੇ ਸਮਾਜ ਲਈ ਕਾਰਜਸ਼ੀਲ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਵਲੋਂ ਪ੍ਰਧਾਨ ਰਵਿੰਦਰ ਸਿੰਘ ਰਾਏ ਅਤੇ ਡਾ. ਐਸ ਪੀ ਮਾਨ ਦੀ ਅਗਵਾਈ ਹੇਠ ਸਰਕਾਰੀ ਸੀ ਸੈ ਸਕੂਲ (ਲੜਕੀਆਂ) ਬੰਗਾ ਰੋਡ ਫਗਵਾੜਾ ਦੀ ਲਾਇਬ੍ਰੇਰੀ ਲਈ ਕਰੀਬ 100 ਕਿਤਾਬਾਂ ਭੇਟ ਕੀਤੀਆਂ ਗਈਆਂ। ਪ੍ਰਧਾਨ ਰਵਿੰਦਰ ਸਿੰਘ ਰਾਏ ਨੇ ਦੱਸਿਆ ਕਿ ਜੋ ਕਿਤਾਬਾਂ ਸਕੂਲ ਦੀ ਲਾਇਬ੍ਰੇਰੀ ਲਈ ਭੇਟ ਕੀਤੀਆਂ ਗਈਆਂ ਹਨ, ਉਹਨਾਂ ਵਿੱਚ ਧਾਰਮਿਕ, ਸਾਹਿਤਕ ਅਤੇ ਸਮਾਜ ਨੂੰ ਸੇਧ ਦੇਣ ਵਾਲੀਆਂ ਗਜ਼ਲਾਂ, ਕਵਿਤਾਵਾਂ ਦੀਆਂ ਕਿਤਾਬਾਂ ਤੋਂ ਇਲਾਵਾ ਬੱਚਿਆਂ ਲਈ ਜਾਣਕਾਰੀ ਭਰਪੂਰ ਕਿਤਾਬਾਂ ਸ਼ਾਮਲ ਹਨ। ਸਕੂਲ ਪ੍ਰਿੰਸੀਪਲ ਮੀਨੂ ਗੁਪਤਾ ਨੇ ਜਿੱਥੇ ਦੋਆਬਾ ਸਾਹਿਤ ਤੇ ਸਮਾਜਿਕ ਕੇਂਦਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਉੱਥੇ ਹੀ ਲੈਕਚਰਾਰ ਵਰਿੰਦਰ ਸਿੰਘ ਕੰਬੋਜ ਨੇ ਕਿਹਾ ਕਿ ਮੋਬਾਇਲ ਅਤੇ ਇੰਟਰਨੈਟ ਦੇ ਇਸ ਯੁਗ ਵਿੱਚ ਬੱਚੇ ਸਾਹਿਤ ਤੇ ਜਾਣਕਾਰੀ ਭਰਪੂਰ ਸਮੱਗਰੀ ਤੋਂ ਦੂਰ ਹੋ ਰਹੇ ਹਨ। ਓਮ ਪ੍ਰਕਾਸ਼ ਪਾਲ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੇਸ਼ਕ ਵੱਧਦੀ ਤਕਨੀਕ, ਮੋਬਾਇਲ ਫੋਨ, ਇੰਟਰਨੈਟ ਤੋਂ ਬਾਅਦ ਹੁਣ ਆਰਟੀਫਿਸ਼ਲ ਇੰਟੇਲੀਜੈਂਸ (ਏ.ਆਈ.), ਚੈਟ ਜੀਪੀਟੀ ਆਦਿ ਨੇ ਸਾਡੀ ਜਿੰਦਗੀ ਨੂੰ ਬਦਲ ਕੇ ਰੱਖ ਦਿੱਤਾ ਹੈ ਪਰ ਫਿਰ ਵੀ ਕਿਤਾਬਾਂ ਦਾ ਮਹੱਤਵ ਘੱਟ ਨਹੀਂ ਹੋ ਸਕਦਾ।ਇਸ ਮੌਕੇ ਡਾ. ਸਾਗਰ ਸਿੰਘ, ਸੀਨੀਅਰ ਮੀਤ ਪ੍ਰਧਾਨ ਗੁਰਨਾਮ ਸਿੰਘ ਸੈਣੀ, ਸਕੂਲ ਦੀ ਲਾਇਬ੍ਰੇਰੀਅਨ ਰਿਤੂ ਡੋਗਰਾ, ਸਕੂਲ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸਨ।

## ਨਗਰ ਕੌਂਸਲਾਂ ਚੋਣਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਤਿਆਰੀਆਂ ਆਰੰਭ

**ਨਵਾਂਸ਼ਹਿਰ (ਮਨੋਜ ਲਾਡੀ)**-ਸਟੇਟ ਚੋਣ ਕਮਿਸ਼ਨ ਪੰਜਾਬ ਦੀਆਂ ਹਦਾਇਤਾਂ 'ਤੇ 26 ਮਈ ਨੂੰ ਕਰਵਾਈਆਂ ਜਾ ਰਹੀਆਂ ਨਵਾਂ ਸ਼ਹਿਰ, ਰਾਹੋਂ ਤੇ ਬੰਗਾਂ ਨਗਰ ਕੌਂਸਲਾਂ ਨੂੰ ਸੁਚਾਰੂ ਤੇ ਨਿਰਵਿਘਨ ਢੰਗ ਨਾਲ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਤਿਆਰੀਆਂ ਆਰੰਭ ਦਿੱਤੀਆਂ ਹਨ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ ਨੇ ਦੱਸਿਆ ਕਿ ਨਗਰ ਕੌਂਸਲ ਨਵਾਂ ਸ਼ਹਿਰ ਦੀਆਂ 19, ਨਗਰ ਕੌਂਸਲ ਰਾਹੋਂ ਦੀਆਂ 13 ਵਾਰਡਾਂ ਅਤੇ ਨਗਰ ਕੌਂਸਲ ਬੰਗਾਂ ਦੀਆਂ 15 ਵਾਰਡਾਂ ਲਈ ਚੋਣਾਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਚੋਣਾਂ ਨਿਰਪੱਖ, ਸ਼ਾਂਤਮਈ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ।ਚੋਣ ਸ਼ਡਿਊਲ ਬਾਰੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 16 ਮਈ ਤੱਕ ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਨਾਮਜ਼ਦ ਰਿਟਰਨਿੰਗ ਅਫ਼ਸਰਾਂ ਪਾਸ ਨਾਮਜ਼ਦਗੀਆਂ ਭਰੀਆਂ ਜਾ ਸਕਣਗੀਆਂ। ਨਾਮਜ਼ਦਗੀ ਪੇਪਰਾਂ ਦੀ ਪੜਤਾਲ 18 ਮਈ ਨੂੰ ਹੋਵੇਗੀ ਤੇ 19 ਮਈ ਨੂੰ ਉਮੀਦਵਾਰ ਦੁਪਹਿਰ 3 ਵਜੇ ਤੱਕ ਨਾਮਜ਼ਦਗੀਆਂ ਵਾਪਸ ਲੈ ਸਕਣਗੇ। ਉਨ੍ਹਾਂ ਦੱਸਿਆ ਕਿ 26 ਮਈ ਨੂੰ ਵੋਟਾਂ ਸਵੇਰੇ 8 ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ ਨਿਰਧਾਰਿਤ ਗਿਣਤੀ ਕੇਂਦਰ ਉੱਤੇ 29 ਮਈ ਨੂੰ ਹੋਵੇਗੀ। ਉਨ੍ਹਾਂ ਦੱਸਿਆ ਕਿ ਸਮੁੱਚੀ ਚੋਣ ਪ੍ਰਕਿਰਿਆ 1 ਜੂਨ 2026 ਨੂੰ ਮੁਕੰਮਲ ਹੋਵੇਗੀ।

## ਵਿਦਿਆਰਥੀਆਂ ਨੇ ਸ਼ਾਨਦਾਰ ਪਲੇਸਮੈਂਟਾਂ ਹਾਸਲ ਕਰਕੇ 'ਵਰਸਿਟੀ ਕਾਲਜ ਦਾ ਨਾਂਅ ਕੀਤਾ ਰੌਸ਼ਨ



ਦੀਪਿਕਾ ਨਿਸ਼ਾਂਤ ਪਾਂਡੇ ਹਰਜੀਤ ਕੌਰ

**ਜਲੰਧਰ (ਕਮਲਜੀਤ ਥਾਬਲਕੇ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਲਾਡੋਵਾਲੀ ਰੋਡ ਦੇ ਐਮ ਬੀ ਏ ਕੋਰਸ ਦੇ ਵਿਦਿਆਰਥੀਆਂ ਨੇ ਅਕਾਦਮਿਕ ਸੈਸ਼ਨ 2025-26 ਦੌਰਾਨ ਸ਼ਾਨਦਾਰ ਪਲੇਸਮੈਂਟਾਂ ਹਾਸਲ ਕਰਕੇ ਕਾਲਜ ਅਤੇ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ ਹੈ। ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਕਾਲਜ ਦੇ ਵਿਦਿਆਰਥੀਆਂ ਨੇ ਦੇਸ਼ ਦੀਆਂ ਪ੍ਰਮੁੱਖ ਰਾਸ਼ਟਰੀ ਅਤੇ ਬਹੁਰਾਸ਼ਟਰੀ ਕੰਪਨੀਆਂ ਵਿੱਚ ਉੱਚ ਪੈਕੇਜਾਂ 'ਤੇ ਨੌਕਰੀਆਂ ਪ੍ਰਾਪਤ ਕਰਕੇ ਆਪਣੀ ਯੋਗਤਾ ਅਤੇ ਮਿਹਨਤ ਦਾ ਲੋਹਾ ਮਨਵਾਇਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੀ ਓ ਐਸ ਡੀ ਡਾ. ਨਵਜੋਤ ਨੇ ਦੱਸਿਆ ਕਿ ਮੌਜੂਦਾ ਸੈਸ਼ਨ ਦੌਰਾਨ ਵਿਦਿਆਰਥਣ ਦੀਪਿਕਾ ਨੇ ਕ੍ਰੇਸੈਂਡੋ ਗਲੋਬਲ ਲੀਡਰਸ਼ਿਪ ਹਾਇਰਿੰਗ ਇੰਡੀਆ ਪ੍ਰਾਈਵੇਟ ਲਿਮਿਟੇਡ ਵਿੱਚ 8 ਲੱਖ ਰੁਪਏ ਸਾਲਾਨਾ ਪੈਕੇਜ 'ਤੇ ਪਲੇਸਮੈਂਟ ਹਾਸਲ ਕੀਤੀ ਹੈ। ਇਸੇ ਤਰ੍ਹਾਂ ਨਿਸ਼ਾਂਤ ਪਾਂਡੇ ਦੀ ਚੋਣ ਐਚ ਡੀ ਐਫ ਸੀ ਲਾਈਫ ਇੰਸ਼ੋਰੈਂਸ ਕੰਪਨੀ ਲਿਮਿਟੇਡ ਵਿੱਚ 4.75 ਲੱਖ ਰੁਪਏ ਸਲਾਨਾ ਪੈਕੇਜ 'ਤੇ ਹੋਈ ਹੈ, ਜਦਕਿ ਹਰਜੀਤ ਕੌਰ ਨੂੰ ਬਜਾਜ ਆਟੋ ਕਰੈਡਿਟ ਲਿਮਿਟੇਡ ਵੱਲੋਂ ਨਿਯੁਕਤੀ ਪ੍ਰਾਪਤ ਹੋਈ ਹੈ।ਡਾ. ਨਵਜੋਤ ਨੇ ਦੱਸਿਆ ਕਿ ਕਾਲਜ ਦੇ ਪਲੇਸਮੈਂਟ ਡਰਾਈਵ ਵਿੱਚ ਵੱਖ-ਵੱਖ ਖੇਤਰਾਂ ਨਾਲ ਸੰਬੰਧਿਤ 30 ਤੋਂ ਵੱਧ ਪ੍ਰਸਿੱਧ ਕੰਪਨੀਆਂ ਨੇ ਭਾਗ ਲਿਆ ਅਤੇ ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਸੁਨਹਿਰੀ ਮੌਕੇ ਪ੍ਰਦਾਨ ਕੀਤੇ। ਇਨ੍ਹਾਂ ਵਿੱਚ ਗੁਜਰਾਤ ਗੈਸ ਲਿਮਿਟੇਡ, ਮੁਥੂਟ ਫਿਨਕਾਰਪ ਲਿਮਿਟੇਡ, ਪਲੈਨੇਟ ਸਪਾਰਕ, ਲਰਨਿੰਗ ਰੂਟਸ, ਟਾਟਾ ਏਆਈਜੀ ਜਨਰਲ ਇੰਸ਼ੋਰੈਂਸ, ਬਜਾਜ ਫਾਇਨੈਂਸ ਲਿਮਿਟੇਡ, ਪੀਡਬਲਯੂਸੀ ਐਕਸਲੇਰੇਸ਼ਨ ਸੈਂਟਰ ਇੰਡੀਆ, ਲਰਨਫਲੂ ਐਡੂਟੈਕ, ਏਅਰਟੈਲ, ਆਦਿਤਿਆ ਬਿਰਲਾ ਗਰੁੱਪ, ਡੀਮਾਰਟ, ਐਸਬੀਆਈ ਫੰਡਸ ਮੈਨੇਜਮੈਂਟ ਲਿਮਿਟੇਡ, ਹਰਿੰਦਰ ਫਾਰਮਜ਼, ਐਸਆਰਵੀਏ ਐਜੂਕੇਸ਼ਨ, ਇਨਫੋ ਐਜ, ਆਈਸੀਆਈਸੀਆਈ ਪ੍ਰੂਡੈਂਸ਼ਲ, ਟਾਟਾ ਕਨਸਲਟੈਂਸੀ ਸਰਵਿਸਿਜ਼, ਰਾਲਸਨ, ਜੈਪਟੋ, ਆਈਡੀਬੀਆਈ ਬੈਂਕ, ਫਲਿਪਕਾਰਟ, ਕੋਟਕ ਲਾਇਫ, ਇੰਡੀਆਮਾਰਟ, ਡਿਆਜੀਓ, ਆਈਸੀਆਈਸੀਆਈ ਬੈਂਕ ਅਤੇ ਏਸ਼ੀਅਨ ਪੇਂਟਸ ਵਰਗੀਆਂ ਨਾਮਵਰ ਕੰਪਨੀਆਂ ਸ਼ਾਮਲ ਰਹੀਆਂ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਲਗਾਤਾਰ ਪਲੇਸਮੈਂਟ ਕਾਲਜ ਦੇ ਉੱਚ ਮਿਆਰੀ ਅਕਾਦਮਿਕ ਮਾਹੌਲ, ਉਦਯੋਗ-ਕੇਂਦਰਿਤ ਸਿੱਖਿਆ ਪ੍ਰਣਾਲੀ ਅਤੇ ਵਿਦਿਆਰਥੀਆਂ ਦੀ ਕਠਿਨ ਮਿਹਨਤ ਦਾ ਪ੍ਰਤੀਕ ਹੈ। ਉਨ੍ਹਾਂ ਪਲੇਸਮੈਂਟ ਹਾਸਲ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਕਾਲਜ ਭਵਿੱਖ ਵਿੱਚ ਵੀ ਮੈਨੇਜਮੈਂਟ ਸਿੱਖਿਆ ਅਤੇ ਕਾਰਪੋਰੇਟ ਪਲੇਸਮੈਂਟ ਦੇ ਖੇਤਰ ਵਿੱਚ ਨਵੇਂ ਕੀਰਤੀਮਾਨ ਸਥਾਪਿਤ ਕਰਦਾ ਰਹੇਗਾ।ਡਾ. ਨਵਜੋਤ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਧੁਨਿਕ ਯੁੱਗ ਵਿੱਚ ਗੁਣਵੱਤਾ ਭਰੀ ਉੱਚ ਸਿੱਖਿਆ ਅਤੇ ਰੋਜ਼ਗਾਰਮੁੱਖੀ ਕੋਰਸਾਂ ਦੀ ਮਹੱਤਤਾ ਬਹੁਤ ਵੱਧ ਚੁੱਕੀ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਵਿਦਿਆਰਥੀਆਂ ਨੂੰ ਉੱਚ ਪੱਧਰੀ ਅਕਾਦਮਿਕ ਮਾਹੌਲ, ਤਜਰਬੇਕਾਰ ਫੈਕਲਟੀ, ਆਧੁਨਿਕ ਸਹੂਲਤਾਂ ਅਤੇ ਉਦਯੋਗਾਂ ਨਾਲ ਜੁੜੀ ਸਿੱਖਿਆ ਪ੍ਰਦਾਨ ਕਰ ਰਿਹਾ ਹੈ, ਜਿਸ ਕਾਰਨ ਕਾਲਜ ਦੇ ਵਿਦਿਆਰਥੀ ਹਰ ਸਾਲ ਨਾਮਵਰ ਕੰਪਨੀਆਂ ਵਿੱਚ ਸ਼ਾਨਦਾਰ ਪਲੇਸਮੈਂਟਾਂ ਹਾਸਲ ਕਰ ਰਹੇ ਹਨ।

## ਦਸਵੀ ਦਾ ਨਤੀਜਾ ਰਿਹਾ ਸ਼ਾਨਦਾਰ



**ਕਪੂਰਥਲਾ (ਮਨਜੀਤ ਮਾਨ)**-ਸੰਤ ਹੀਰਾ ਦਾਸ ਗਰਲ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਦੁਆਰਾ ਲਈ ਗਈ ਦਸਵੀਂ ਕਲਾਸ ਦੇ ਪ੍ਰੀਖਿਆ ਵਿੱਚ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਵਿੱਚ ਹਸ਼ਮੀਤ ਕੌਰ ਨੇ ਪਹਿਲਾ ਸਥਾਨ 555/650 (85%) ਪੂਰਨੀਮਾ ਨੇ ਦੂਸਰਾ ਸਥਾਨ 516/650 (80%) ਹਰਲੀਨ ਕੌਰ ਨੇ 501/650 (77%) ਆਦਿ ਪੁਜੀਸ਼ਨ ਹਾਸਲ ਕੀਤੀਆ। ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼ੀਤਲ ਸਿੰਘ ਸੰਘਾ ਡਾਇਰੈਕਟਰ ਡਾਕਟਰ ਰਾਮ ਮੂਰਤੀ ਪ੍ਰਿੰਸੀਪਲ ਰਜਿੰਦਰ ਕੌਰ ਨੇ ਪੁਜੀਸ਼ਨਾ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਜਿੱਥੇ ਤੁਸੀਂ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ ਉੱਥੇ ਆਪਣੇ ਮਾਂ ਬਾਪ ਦਾ ਮਾਣ ਵੀ ਵਧਾਇਆ ਹੈ।

## ਬੀ ਐਂਨ ਡੀ ਸੀ ਸੈ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫੀਸਦੀ



**ਅੱਡਾ ਸਰਾਂ (ਜਸਵੀਰ ਕਾਜਲ)**-ਬੀ ਐਂਨ ਡੀ ਸਕੂਲ ਦਾ ਹਰ ਸਾਲ ਦੀ ਤਰ੍ਹਾਂ ਦਸਵੀਂ ਜਮਾਤ ਦਾ ਨਤੀਜਾ 100% ਰਿਹਾ। ਸਕੂਲ ਦੇ ਕੁਲ 61 ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆ ਦਿੱਤੀ ਜਿਸ ਵਿੱਚ 40 ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ ਗਣਿਕਾ ਸ਼ਰਮਾ (576), ਧਰੂਵੀ (575), ਰੀਆ ਨੇ (557) ਅੰਕ ਪ੍ਰਾਪਤ ਕਰਕੇ ਕਰਮਵਾਰ ਪਹਿਲਾ ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਤੇ ਆਪਣਾ ਨਾਂਅ ਰੋਸ਼ਨ ਕੀਤਾ। ਇਸ ਤੋਂ ਇਲਾਵਾ ਗੁਰਜਾਪ ਕੌਰ (556), ਅਕ੍ਰਿਤੀ (549), ਗੁਰਲੀਨ ਕੌਰ (537) ਅਤੇ ਨਵਦੀਪ ਕੌਰ (535), ਸਿਮਰਦੀਪ ਕੌਰ (518), ਜਸਲੀਨ ਨੇ (514)ਅੰਕ ਪ੍ਰਾਪਤ ਕਰਕੇ ਸ਼ਾਨਦਾਰ ਨਤੀਜਾ ਪ੍ਰਾਪਤ ਕੀਤਾ। ਇਸ ਮੌਕੇ ਤੇ ਬੋਲਦਿਆਂ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਨੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ ਅਧਿਆਪਕਾਂ ਦੀ ਯੋਗ ਅਗਵਾਈ ਤੇ ਮਾਤਾ ਪਿਤਾ ਦੇ ਅਸ਼ੀਰਵਾਦ ਨੂੰ ਦਿੱਤਾ। ਇਸ ਮੌਕੇ ਤੇ ਇੰਜੀਨੀਅਰ ਅਨਿਲ ਮਹਿਤਾ, ਅਮਿਤ ਕੁਮਾਰ, ਰਕੇਸ਼ ਕੁਮਾਰ, ਗੁਰਪ੍ਰੀਤ ਸਿੰਘ, ਗੁਰਮੇਲ ਸਿੰਘ, ਕੋਮਲ, ਪਰਮਜੀਤ ਕੌਰ, ਮਨਦੀਪ ਕੌਰ, ਰਾਜਵਿੰਦਰ ਕੌਰ, ਅਮਨਜੀਤ ਕੌਰ, ਬੰਦਨਾ, ਜਸਵੀਰ ਕੌਰ, ਸਵਾਤੀ, ਜੀਨਤ, ਮਨਿੰਦਰ ਕੌਰ, ਗੁਰਬਖਸ਼ ਕੌਰ ਤੋਂ ਇਲਾਵਾ ਸਮੂਹ ਵਿਦਿਆਰਥੀ ਹਾਜ਼ਰ ਸਨ।

## 10ਵੀਂ ਦੇ ਨਤੀਜਿਆਂ 'ਚ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਲੋਹੀਆਂ ਖਾਸ (ਯੋਗੇਸ਼ਵਰ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਵਾੜਾ ਜੋਧ ਸਿੰਘ ਜਲੰਧਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਪ੍ਰਿੰਸੀਪਲ ਤੇ ਡਿਪਟੀ ਡਾਇਰੈਕਟਰ ਸਰਗਮ ਥਿੰਦ ਨੇ ਦੱਸਿਆ ਕਿ ਪਹਿਲਾ ਸਥਾਨ ਗੁਰਸ਼ਾਨਪ੍ਰੀਤ ਸਿੰਘ ਸਪੁੱਤਰ ਜਸਵਿੰਦਰ ਸਿੰਘ, ਦੂਸਰਾ ਸਥਾਨ ਜਸ਼ਨਦੀਪ ਸਿੰਘ ਸਪੁੱਤਰ ਤਰਸੇਮ ਸਿੰਘ, ਤੀਜਾ ਸਥਾਨ ਹਰਪ੍ਰੀਤ ਸਿੰਘ ਸਪੁੱਤਰ ਪਰਮਜੀਤ ਸਿੰਘ ਨੇ ਪ੍ਰਾਪਤ ਕੀਤਾ ਹੈ। ਸਾਰੀ ਮੈਨੇਜਮੈਂਟ ਨੇ ਵਿਦਿਆਰਥੀਆਂ, ਮਾਪਿਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੀ ਲਗਨ ਦਾ ਸਿੱਟਾ ਹੈ। ਇਸ ਸਫਲਤਾ ਵਿੱਚ ਅਧਿਆਪਕ ਸੰਦੀਪ, ਜਸਵਿੰਦਰ ਸਿੰਘ, ਰਮਨਪ੍ਰੀਤ ਕੌਰ, ਹਰਮਨ ਅਤੇ ਅਨਮੋਲ ਦੀ ਅਹਿਮ ਭੂਮਿਕਾ ਰਹੀ।

## ਸਾਈਂ ਉਮਰੇ ਸ਼ਾਹ ਕਾਦਰੀ ਧੂਣੇ ਦੀ ਸੇਵਾ ਤੋਂ ਬਾਅਦ ਸੰਗਤਾਂ ਦੇ ਰੂਬਰੂ ਹੋਏ

**ਬੰਗਾ (ਅਵਤਾਰ ਕਲੇਰ)**-ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਧੂਣੇ ਦੀ 11 ਦਿਨ ਦੀ ਸੇਵਾ ਤੋਂ ਇਲਾਵਾ ਸੰਗਤਾਂ ਦੇ ਰੂਬਰੂ ਹੋਏ। ਵੱਖ-ਵੱਖ ਦਰਬਾਰਾਂ ਤੋਂ ਸਾਈਂ ਫੱਕਰ ਸ਼ਾਹ ਦਾਦੂਵਾਲ, ਸਾਈਂ ਸੋਢੀ ਸ਼ਾਹ ਲਲਵਾਨ, ਸਾਈਂ ਜੀਤ ਸ਼ਾਹ ਰੁੜਕਾਂ ਕਲਾਂ, ਮਨੀ ਸਾਈਂ ਲੁਧਿਆਣਾ, ਮਾਈ ਕੰਮੋਂ ਮਹੰਤ ਲੁਧਿਆਣਾ, ਸਾਈਂ ਰਾਮੇ ਸ਼ਾਹ ਲੁਧਿਆਣੀ, ਸਾਈਂ ਸੋਨੂੰ ਸ਼ਾਹ ਮਿਆਣੀ, ਸਾਈਂ ਜਗਮਲ ਸ਼ਾਹ ਭਕਨਾ ਕਲਾਂ, ਬਾਬਾ ਬਿੱਟੂ ਫਿਲੌਰ, ਬਾਬਾ ਪਿਆਰਾ ਫਗਵਾੜਾ, ਬਾਬਾ ਕੁਲਰਾਜ ਮੁਹੰਮਦ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਸਾਈਂ ਉਮਰੇ ਸ਼ਾਹ ਕਾਦਰੀ ਵਲੋਂ ਸੰਗਤਾਂ ਨੂੰ ਉਪਦੇਸ਼ ਦਿੰਦਿਆਂ ਕਿਹਾ ਕਿ ਸਾਨੂੰ ਹਮੇਸ਼ਾ ਪ੍ਰਮਾਤਮਾ ਨੂੰ ਯਾਦ ਰੱਖਣਾ ਚਾਹੀਦਾ ਹੈ। ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ। ਸਾਈਂ ਉਮਰੇ ਸ਼ਾਹ ਕਾਦਰੀ ਵੱਲੋਂ ਪਹੁੰਚੇ ਸੰਤ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ। ਇਸ ਮੌਕੇ ਮੀਰਾ ਸ਼ਰਮਾ ਸਰਪੰਚ ਮੰਢਾਲੀ, ਮੁਹੰਮਦ ਆਸ਼ਿਕ ਨੀਲਾ, ਸੁਖਚੈਨ ਰਾਮ ਪਰਸੋਵਾਲ ਬੀਬੀ ਸੀਤਾ ਦੇਵੀ, ਨੂਰ ਮੁਹੰਮਦ, ਬਾਬਾ ਜੀਤ ਕੁਲਥਮ, ਸੋਨੂੰ ਜੱਸੋਮਜਾਰਾ, ਡਾ ਜਗਦੀਸ਼ ਮੁਹੰਮਦ, ਜੈ ਪਾਲ ਖੋਥੜਾਂ, ਚੰਨੀ ਖੋਥੜਾਂ, ਬਿੱਲਾ ਸੇਵਾਦਾਰ, ਰਜਿੰਦਰ ਥਾਪਰ ਲੁਧਿਆਣਾ, ਸੋਨੀ ਮੰਢਾਲੀ, ਗੱਗੀ, ਹਨੀ, ਮਨੀ, ਸੋਨੂੰ ਬਾਵਾ ਆਦਿ ਹਾਜ਼ਰ ਸਨ।



## ਸਕੂਲ ਆਫ਼ ਐਮੀਨੈਂਸ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ




**ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ / ਰਾਮ ਲਾਲ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਾਰਚ 2026 ਵਿੱਚ ਲਈ ਗਈ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ ਦੇ ਨਤੀਜੇ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਪ੍ਰੀਖਿਆ ਵਿੱਚ ਸਕੂਲ ਆਫ਼ ਐਮੀਨੈਂਸ ਮਹਿੰਦੀਪੁਰ ਦੇ ਵਿਦਿਆਰਥੀਆਂ ਨੇ ਵੱਡੀ ਸਫਲਤਾ ਹਾਸਲ ਕਰਦਿਆਂ ਸਕੂਲ ਅਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ਅਤੇ ਪ੍ਰੀਖਿਆ ਵਿੱਚ ਬੈਠੇ ਸਾਰੇ ਵਿਦਿਆਰਥੀ ਸਫਲਤਾਪੂਰਵਕ ਪਾਸ ਹੋਏ ਹਨ। ਜਿਸ ਵਿੱਚ ਪਹਿਲਾ ਸਥਾਨ ਪ੍ਰੀਤਿਆਗ ਸ਼ਰਮਾ ਨੇ 610 ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਸਾਕਸ਼ੀ ਨੇ 595 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ। ਖੁਸ਼ਪ੍ਰੀਤ ਕੌਰ ਨੇ 585 ਅੰਕ ਲੈ ਕੇ ਤੀਜਾ ਸਥਾਨ ਮੱਲਿਆ।ਸਕੂਲ ਦੇ 8 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਕੁੱਲ 72 ਵਿਦਿਆਰਥੀਆਂ ਵਿੱਚੋਂ 40 ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ, ਜੋ ਕਿ ਸਕੂਲ ਲਈ ਇੱਕ ਮਾਣ ਵਾਲੀ ਗੱਲ ਹੈ।ਸਕੂਲ ਮੁਖੀ ਜਗਮੋਹਨ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵਿੰਦਰ ਪਾਲ ਬੈਂਸ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਮੂਹ ਸਟਾਫ਼, ਮਿਹਨਤੀ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

## ਸੰਤ ਰਾਮ ਸਿੰਘ ਪਬਲਿਕ ਹਾਈ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫੀਸਦੀ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਸੰਤ ਰਾਮ ਸਿੰਘ ਪਬਲਿਕ ਹਾਈ ਸਕੂਲ ਤਾਜੇਵਾਲ ਦਾ ਦਸਵੀਂ ਕਲਾਸ ਬੋਰਡ ਦਾ ਨਤੀਜਾ 100% ਰਿਹਾ। ਕੁੱਲ 37 ਬੱਚਿਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ, ਜਿਹਨਾਂ ਵਿੱਚੋਂ 34 ਬੱਚੇ ਫਸਟ ਡਿਵੀਜ਼ਨ ਅਤੇ ਤਿੰਨ ਬੱਚੇ ਸੈਕਿੰਡ ਡਿਵੀਜ਼ਨ ਨਾਲ ਪਾਸ ਹੋਏ।ਸਕੂਲ ਦੀ ਵਿਦਿਆਰਥਣ ਲਵਪ੍ਰੀਤ ਕੌਰ ਨੇ 650 ਵਿੱਚੋਂ 620 ਨੰਬਰ ਲੈ ਕੇ ਸਕੂਲ ਵਿੱਚੋ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਤਰ੍ਹਾਂ ਸੋਨੀਆ ਅਤੇ ਰਾਧਿਕਾ ਨੇ ਦੂਜਾ ਸਥਾਨ ਅਤੇ ਬੰਧਨਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਵੱਧ ਤੋਂ ਵੱਧ ਬੱਚਿਆਂ ਨੇ 95% ਨੰਬਰ ਲੈ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਸਕੂਲ ਦੇ ਮਿਹਨਤੀ ਸਟਾਫ ਨੂੰ ਜਾਂਦਾ ਹੈ।ਇਸ ਮੌਕੇ ਪ੍ਰਧਾਨ ਸੰਤ ਮਹਾਂਵੀਰ ਸਿੰਘ, ਮੈਨੇਜਰ ਸਰਦਾਰ ਨਰਵੀਰ ਸਿੰਘ ਅਤੇ ਪ੍ਰਿੰਸੀਪਲ ਅੰਜਨਾ ਵੱਲੋ ਸਾਰੇ ਸਟਾਫ ਦਾ ਬੱਚਿਆਂ ਨੂੰ ਵਧੀਆ ਸਿੱਖਿਆ ਦੇਣ ਵਾਸਤੇ ਧੰਨਵਾਦ ਕੀਤਾ।

## ਸਾਬਕਾ ਸਰਪੰਚ ਗੁਰਦੀਪ ਸਿੰਘ ਸੰਘਵਾਲ ਦਾ ਦੇਹਾਂਤ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਉੱਘੇ ਕਾਂਗਰਸੀ ਆਗੂ, ਸਾਬਕਾ ਬਲਾਕ ਸੰਮਤੀ ਮੈਂਬਰ ਤੇ ਪਿੰਡ ਸੰਘਵਾਲ ਦੇ ਸਾਬਕਾ ਸਰਪੰਚ ਗੁਰਦੀਪ ਸਿੰਘ ਸੰਘਵਾਲ ਦਾ ਬੁੱਧਵਾਰ ਤੜਕੇ ਇੱਕ ਸੰਖੇਪ ਬਿਮਾਰੀ ਪਿੱਛੋਂ ਜਲੰਧਰ ਦੇ ਇੱਕ ਨਿੱਜੀ ਹਸਪਤਾਲ ਵਿਖੇ ਦਿਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸਸਕਾਰ ਉਹਨਾਂ ਦੇ ਪਰਵਾਰਕ ਮੈਂਬਰਾਂ ਦੇ ਵਿਦੇਸ਼ 'ਚੋਂ ਆਉਣ ਤੋਂ ਬਾਅਦ ਕੀਤਾ ਜਾਵੇਗਾ।

## ਨਿਊ ਚੰਡੀਗੜ੍ਹ ਕ੍ਰਿਕਟ ਅਕੈਡਮੀ ਨੇ ਕਰਵਾਇਆ ਪਹਿਲਾ ਕ੍ਰਿਕਟ ਕੱਪ 2026

**ਚੰਡੀਗੜ੍ਹ (ਸੁਰਜੀਤ ਸੁਮਨ)**

'ਖੇਡਾਂ ਮਨੁੱਖੀ ਜੀਵਨ ਵਿੱਚ ਨਵਾਂ ਉਤਸ਼ਾਹ ਤੇ ਖੇੜਾ ਲੈ ਕੇ ਆਉਂਦੀਆਂ ਹਨ, ਬਸ਼ਰਤੇ ਖੇਡ ਜਗਤ ਦੇ ਰਾਹ-ਦਸੇਰੇ ਦਿਆਨਤਦਾਰ, ਇਮਾਨਦਾਰ ਤੇ ਹਾਂ-ਪੱਖੀ ਊਰਜਾ ਨੂੰ ਪਰਣਾਏ ਹੋਣ। ਖੇਡਾਂ ਨੌਜਵਾਨ ਪੀੜ੍ਹੀ ਦਾ ਭਵਿੱਖ ਸਿਰਜਦੀਆਂ ਹਨ ਤੇ ਇਸੇ ਨੌਜਵਾਨ ਪੀੜ੍ਹੀ ਨੇ ਅੱਗੇ ਜਾ ਕੇ ਇੱਕ ਚੰਗੇ ਸਮਾਜ, ਰਾਜ ਤੇ ਦੇਸ਼ ਦੀ ਉੱਚ ਦੁਮਾਲੜੇ ਦੀ ਸ਼ਾਨ ਨੂੰ ਚਾਰ ਚੰਨ ਲਾਉਣੇ ਹੁੰਦੇ ਹਨ' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਿਊ ਚੰਡੀਗੜ੍ਹ ਕ੍ਰਿਕਟ ਅਕੈਡਮੀ ਦੇ ਰਹਿਨੁਮਾ ਗੁੰਨਤਾਸ਼ ਨੇ ਅਕੈਡਮੀ ਵੱਲੋਂ ਕਰਵਾਏ ਗਏ ਪਹਿਲੇ ਕ੍ਰਿਕਟ ਕੱਪ-2026 ਦੇ ਫਾਈਨਲ ਮੈਚ ਦੌਰਾਨ ਆਪਣੇ ਸੰਬੋਧਨ ਵਿੱਚ ਕੀਤਾ ਗਿਆ। ਉਨ੍ਹਾਂ ਕਿਹਾ ਕਿ ਖੇਡਾਂ ਬੱਚਿਆਂ ਤੇ ਨੌਜਵਾਨਾਂ ਨੂੰ ਇੱਕ ਚੰਗੇ ਸ਼ਹਿਰੀ ਬਣਾਉਣ ਦੇ ਨਾਲ ਨਾਲ ਮਾੜੀਆਂ ਅਲਾਮਤਾਂ ਜਿਵੇਂ ਨਸ਼ੇ ਆਦਿ ਤੋਂ ਦੂਰ ਰੱਖਦੀਆਂ ਹਨ ਅਤੇ ਨਾਲ ਹੀ ਸਮਾਜ ਵਿੱਚ ਰਲ-ਮਿਲ ਕੇ ਰਹਿਣਾ ਸਿਖਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਅਕੈਡਮੀ ਵੱਲੋਂ ਸੇਂਟ ਸਟੀਫਨ ਕ੍ਰਿਕਟ ਅਕੈਡਮੀ ਸੈਕਟਰ 45, ਚੰਡੀਗੜ੍ਹ ਅਤੇ ਹਿਮਾਚਲ ਕ੍ਰਿਕਟ ਅਕੈਡਮੀ ਸੈਕਟਰ 39, ਚੰਡੀਗੜ੍ਹ ਦਰਮਿਆਨ ਹੋਏ ਇਸ ਫਾਈਨਲ ਮੈਚ ਦੌਰਾਨ ਮੈਨ ਆਫ ਦਾ ਮੈਚ-ਦਕਸ਼ ਰੈਡੂ, ਫਾਈਟਰ ਆਫ ਦਾ ਮੈਚ-ਰਿਆਨ, ਮੈਨ ਆਫ ਦਾ ਸੀਰੀਜ਼-ਦਕਸ਼ ਰੈਡੂ, ਬੈੱਸਟ ਬੈਟਸਮੈਨ-ਅਸ਼ਮਿਤ, ਬੈੱਸਟ ਬਾਲਰ-ਸ਼ਿਵਅੰਸ ਗੋਇਲ, ਬੈੱਸਟ ਫੀਲਡਰ-ਜਸ਼ਨਦੀਪ ਸਿੰਘ ਤੇ ਬੈੱਸਟ ਵਿਕਟ ਕੀਪਰ-ਫਲਿਤ ਸ਼ਰਮਾ ਨੂੰ ਐਲਾਨਿਆ ਗਿਆ।



## 10ਵੀਂ ਦਾ ਨਤੀਜਾ ਰਿਹਾ 100 ਫੀਸਦੀ




**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 10ਵੀਂ ਦੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੱਦੀ ਸੂਰਾ ਸਿੰਘ ਨੇ ਆਪਣੀ ਸਫਲ ਅਕਾਦਮਿਕ ਵਿਰਾਸਤ ਨੂੰ ਕਾਇਮ ਰੱਖਦਿਆਂ ਇੱਕ ਵਾਰ ਫਿਰ ਤੋਂ ਸਾਬਤ ਕਰ ਦਿੱਤਾ ਕਿ ਸਕੂਲ ਦਾ ਪੂਰੇ ਇਲਾਕੇ ਵਿੱਚ ਨਾਂਅ ਕਿਉਂ ਪ੍ਰਫੁੱਲਤ ਹੈ। ਇਹਨਾਂ ਨਤੀਜਿਆਂ ਵਿੱਚ ਸਕੂਲ ਦਾ ਰਿਜਲਟ 100 ਫੀਸਦੀ ਰਿਹਾ ਹੈ। ਸਾਰੇ ਹੀ ਵਿਦਿਆਰਥੀ ਵਧੀਆ ਅੰਕ ਲੈ ਕੇ ਪਾਸ ਹੋਏ ਹਨ। ਜਿਨਾਂ ਵਿੱਚੋਂ ਕਾਫੀ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਸਕੂਲ ਵਿੱਚੋਂ ਯੁਵਰਾਜ ਚੌਧਰੀ ਪੁੱਤਰ ਵਿਜੇ ਕੁਮਾਰ ਨੇ 91% ਅੰਕ ਲੈ ਕੇ ਪਹਿਲਾਂ ਸਥਾਨ, ਮਨਪ੍ਰੀਤ ਸਿੰਘ ਪੁੱਤਰ ਸਰਬਜੋਤ ਸਿੰਘ ਅਤੇ ਰਮਨਦੀਪ ਕੌਰ ਪੁੱਤਰੀ ਕਮਲੇਸ਼ ਸਿੰਘ ਨੇ ਸਾਂਝੇ ਤੌਰ ਤੇ 89.2% ਫੀਸਦੀ ਅੰਕ ਲੈ ਕੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹੇਜ਼ਲ ਪੁੱਤਰੀ ਰਾਮ ਲੁਭਾਇਆ ਨੇ 89.0% ਫੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਹਰਬਲਾਸ ਬੰਗਾ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਵਿਦਿਆਰਥੀਆਂ ਨੇ ਇੰਨਾ ਵਧੀਆ ਰਿਜਲਟ ਦੇ ਕੇ ਸਕੂਲ ਦਾ, ਮਾਪਿਆਂ ਦਾ ਅਤੇ ਪੂਰੇ ਇਲਾਕੇ ਦਾ ਮਾਣ ਵਧਾਇਆ ਹੈ। ਇਸ ਮੌਕੇ ਲੈਕਚਰਰ ਮਨੋਜ ਕੁਮਾਰ ਬੰਗਾ, ਸੁਨੀਤਾ ਕੁਮਾਰੀ,ਕਿਰਨ ਬਾਲਾ, ਰਾਜ ਕੁਮਾਰ,ਜਸਵੀਰ ਸਿੰਘ, ਮਾਸਟਰ ਕਾਡਰ ਵਿੱਚੋਂ ਸਾਇੰਸ ਅਧਿਆਪਕ ਰਾਜਵੀਰ ਕੌਰ, ਸੁਨੀਤਾ ਦੇਵੀ, ਗੁਰਿੰਦਰ ਸਿੰਘ ਮੈਥ ਮਾਸਟਰ, ਰਣਜੀਤ ਸਿੰਘ, ਰੁਪਿੰਦਰ ਕੌਰ, ਪ੍ਰਦਾ, ਪੰਜਾਬੀ ਅਧਿਆਪਕ ਰਿਤੂ, ਮਹਿੰਦਰ ਕੌਰ, ਹਰਵਿੰਦਰ ਕੌਰ, ਹਿੰਦੀ ਅਧਿਆਪਕ ਪ੍ਰਵੀਨ ਭੱਲਾ, ਐਸ ਐਸ ਟੀ ਅਧਿਆਪਕ ਕੁਲਦੀਪ ਕੌਰ, ਅੰਗਰੇਜ਼ੀ ਅਧਿਆਪਕ ਨਿਸ਼ਾ, ਮਮਤਾ ਆਦਿ ਸਾਰੇ ਹੀ ਅਧਿਆਪਕ ਮੌਜੂਦ ਸਨ।

## ਸਕਿੱਲ ਡਿਵੈੱਲਪਮੈਂਟ ਸੈਮੀਨਾਰ ਕਰਵਾਇਆ

**ਜਲੰਧਰ (ਰਾਜੇਸ਼ ਥਾਪਾ)**

ਏ ਜੀ ਆਈ ਗਲੋਬਲ ਸਕੂਲ ਵਿੱਚ ਸਕਿੱਲ ਡਿਵੈਲਪਮੈਂਟ ਤੇ ਬਹਿਸ ਅਤੇ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ।ਸੈਮੀਨਾਰ ਦੌਰਾਨ ਏ ਜੀ ਆਈ ਇੰਫਰਾ ਲਿਮਿਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਪ੍ਰੈਕਟੀਕਲ ਗਿਆਨ ਅਤੇ ਹੁਨਰ ਸਿਖਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਬਹੁਤ ਪੜ੍ਹੇ-ਲਿਖੇ ਲੋਕ ਵੀ ਘਰ ਦੇ ਛੋਟੇ ਕੰਮ ਜਿਵੇਂ ਬਿਜਲੀ ਦਾ ਬਲਬ ਬਦਲਣਾ ਨਹੀਂ ਕਰ ਸਕਦੇ। ਇਸ ਲਈ ਬੱਚਿਆਂ ਨੂੰ ਆਤਮ ਵਿਸ਼ਵਾਸੀ ਅਤੇ ਖੁਦਮੁਖਤਿਆਰ ਬਣਾਉਣਾ ਲਈ ਸਕਿੱਲ ਵਿਕਾਸ ਵੀ ਲਾਜ਼ਮੀ ਹੈ।ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਆਰਟੀਫੀਸ਼ਲ ਇੰਟੈਲੀਜੈਂਸ (ਏ ਆਈ) ਬਹੁਤ ਮਹੱਤਵਪੂਰਨ ਹੈ ਅਤੇ ਇਸ ਦਾ ਸਹੀ ਇਸਤੇਮਾਲ ਸਿੱਖਿਆ ਵਿੱਚ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਏ ਜੀ ਆਈ ਗਲੋਬਲ ਸਕੂਲ ਵਿੱਚ ਬੱਚਿਆਂ ਨੂੰ ਏ ਆਈ ਦੀ ਸਿੱਖਿਆ ਵੀ ਦਿੱਤੀ ਜਾ ਰਹੀ ਹੈ ਤਾਂ ਜੋ ਉਹ ਨਵੀਂ ਤਕਨਾਲੋਜੀ ਨਾਲ ਜੁੜੇ ਰਹਿਣ।ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਕਿਹਾ ਕਿ ਸਕਿੱਲ ਡਿਵੈਲਪਮੈਂਟ ਨਾਲ ਬੱਚਿਆਂ ਨੂੰ ਭਵਿੱਖ ਵਿੱਚ ਚੰਗੇ ਰੋਜ਼ਗਾਰ ਦੇ ਮੌਕੇ ਮਿਲਣਗੇ ਅਤੇ ਦੇਸ਼ ਵਿੱਚ ਕੁਸ਼ਲ ਲੋਕਾਂ ਦੀ ਘਾਟ ਵੀ ਪੂਰੀ ਹੋਵੇਗੀ।



## ਕਲਾਸ ਰੂਮ ਡੈਕੋਰੇਸ਼ਨ ਪ੍ਰਤੀਯੋਗਤਾ ਕਰਵਾਈ



**ਕਪੂਰਥਲਾ (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿੱਚ ਕਲਾਸ ਰੂਮ ਡੈਕੋਰੇਸ਼ਨ ਪ੍ਰਤੀਯੋਗਤਾ ਕਰਵਾਈ ਗਈ ਜਿਸ ਵਿੱਚ ਕੇ ਜੀ ਵਿੰਗ ਤੋਂ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਭਾਗ ਲਿਆ। ਕੇ ਜੀ ਵਿੰਗ 'ਚੋਂ ਪਹਿਲੀ ਬੀ ਜਮਾਤ ਪਹਿਲੇ, ਨਰਸਰੀ ਰੋਜ਼ ਦੂਜੇ ਅਤੇ ਐੱਲ ਕੇ ਜੀ ਜੈਸਮੀਨ ਤੀਜੇ ਸਥਾਨ 'ਤੇ ਰਹੀ। ਪ੍ਰਾਇਮਰੀ ਵਿੰਗ 'ਚੋਂ ਤੀਸਰੀ ਬੀ ਪਹਿਲੇ, ਚੌਥੀ ਬੀ ਦੂਜੇ ਅਤੇ ਚੌਥੀ ਏ ਤੀਜੇ ਸਥਾਨ 'ਤੇ ਰਹੀ। ਸੀਨੀਅਰ ਵਿੰਗ 'ਚੋਂ ਸੱਤਵੀਂ ਏ ਪਹਿਲੇ, ਛੇਵੀਂ ਬੀ ਦੂਜੇ ਅਤੇ ਅੱਠਵੀਂ ਏ ਤੀਜੇ ਸਥਾਨ 'ਤੇ ਰਹੀ। ਨੌਂਵੀਂ ਤੋਂ ਬਾਰਵੀਂ ਜਮਾਤ 'ਚੋਂ ਗਿਆਰਵੀਂ ਸਾਇੰਸ ਪਹਿਲੇ, ਬਾਰਵੀਂ ਸਾਇੰਸ ਦੂਜੇ, ਨੌਂਵੀਂ ਏ ਅਤੇ ਗਿਆਰਵੀਂ ਕਾਮਰਸ ਜਮਾਤ ਸਾਂਝੇ ਤੌਰ 'ਤੇ ਤੀਜੇ ਸਥਾਨ ਤੇ ਰਹੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜ. ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ ਅਤੇ ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਜੇਤੂ ਰਹੀਆਂ ਕਲਾਸਾਂ ਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ।